ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 98
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 10 April, 2026) ਸ਼ੁੱਕਰਵਾਰ, 10 ਅਪ੍ਰੈਲ, 2026, 28 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


**ਪੰਜਾਬ ਦੇ ਸਾਬਕਾ ਮੰਤਰੀ**
**ਸ੍ਰ: ਲਾਲ ਸਿੰਘ**
ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਟਿਆਲਾ ਵਿਖੇ ਹੋਵੇਗੀ, ਜਿਸ ਦਾ ਸਿੱਧਾ ਪ੍ਰਸਾਰਣ ਚੜ੍ਹਦੀਕਲਾ ਟਾਈਮ ਟੀ.ਵੀ. 'ਤੇ ਹੋਵੇਗਾ।
(ਇਸ ਸੰਬੰਧੀ ਵਿਸ਼ੇਸ਼ ਲੇਖ ਸਫ਼ਾ 12 'ਤੇ ਪੜ੍ਹੋ)

# ਅਮਰੀਕਾ ਨੇ ਜੰਗਬੰਦੀ ਦੀਆਂ ਸ਼ਰਤਾਂ 'ਤੇ ਅਮਲ ਨਹੀਂ ਕੀਤਾ: ਈਰਾਨ



ਚੜ੍ਹਦੀਕਲਾ ਬਿਊਰੋ

ਤਹਿਰਾਨ, 9 ਅਪ੍ਰੈਲ : ਈਰਾਨ ਨੇ ਅਮਰੀਕਾ 'ਤੇ ਜੰਗਬੰਦੀ ਦੀਆਂ ਤਿੰਨ ਮੁੱਖ ਸ਼ਰਤਾਂ ਦੀ ਉਲੰਘਣਾ ਕਰਨ ਦਾ ਗੰਭੀਰ ਦੋਸ਼ ਲਗਾਇਆ ਹੈ। ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਕਿਰ ਗਾਲੀਬਾਫ ਨੇ ਕਿਹਾ ਹੈ ਕਿ ਅਮਰੀਕਾ ਨੇ 10-ਨੁਕਾਤੀ ਪ੍ਰਸਤਾਵ ਦੀਆਂ ਬੁਨਿਆਦੀ ਸ਼ਰਤਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਈਰਾਨ ਨੇ ਸਾਫ਼ ਲਫ਼ਜ਼ਾਂ ਵਿੱਚ ਕਿਹਾ ਹੈ ਕਿ ਜਿਸ ਬੁਨਿਆਦ 'ਤੇ ਗੱਲਬਾਤ ਸ਼ੁਰੂ ਹੋਣੀ ਸੀ, ਉਹ ਹੁਣ ਖ਼ਤਮ ਹੋ ਚੁੱਕੀ ਹੈ, ਜਿਸ ਕਾਰਨ ਅੱਗੇ ਦੀ ਗੱਲਬਾਤ ਜਾਂ ਜੰਗਬੰਦੀ ਦੀ ਹੁਣ ਕੋਈ ਤੁਕ ਨਹੀਂ ਰਹਿ ਜਾਂਦੀ। ਇਸ ਦੇ ਉਲਟ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਈਰਾਨ ਨਾਲ ਹੋਇਆ ਸਮਝੌਤਾ ਪੂਰੀ ਤਰ੍ਹਾਂ ਅਮਲ ਵਿੱਚ ਨਹੀਂ ਆਉਂਦਾ,ਉਦੋਂ ਤੱਕ ਅਮਰੀਕੀ ਫੌਜ ਈਰਾਨ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਤਾਇਨਾਤ ਰਹੇਗੀ। ਟਰੰਪ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੁਥ ਸੋਸ਼ਲ' 'ਤੇ ਲਿਖਿਆ ਕਿ ਅਮਰੀਕਾ ਪੂਰੀ ਤਰ੍ਹਾਂ ਤਿਆਰ ਹੈ ਅਤੇ ਇਸ ਮਾਮਲੇ 'ਤੇ ਨਜ਼ਰ ਰੱਖ ਰਿਹਾ ਹੈ। ਡੋਨਾਲਡ ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਸ ਸਮਝੌਤੇ ਦੀ ਪਾਲਣਾ ਨਹੀਂ ਕੀਤੀ ਗਈ ਤਾਂ ਮੁੜ ਹਮਲੇ ਸ਼ੁਰੂ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਹੁੰਦਾ ਹੈ ਤਾਂ ਇਹ ਜੰਗ ਪਹਿਲਾਂ ਦੇ ਮੁਕਾਬਲੇ ਕਿਤੇ ਜ਼ਿਆਦਾ ਵੱਡੀ, ਸ਼ਕਤੀਸ਼ਾਲੀ ਅਤੇ ਵਿਨਾਸ਼ਕਾਰੀ ਸਾਬਤ ਹੋਵੇਗੀ। ਹਾਲਾਂਕਿ, ਉਨ੍ਹਾਂ ਨੇ ਇਹ ਉਮੀਦ ਵੀ ਜਤਾਈ ਕਿ ਅਜਿਹਾ ਹੋਣ ਦੀ ਸੰਭਾਵਨਾ ਬਹੁਤ ਘੱਟ ਹੈ ਪਰ ਅਮਰੀਕਾ ਕਿਸੇ ਵੀ ਸਥਿਤੀ ਨਾਲ ਨਿਪਟਣ ਲਈ ਪੂਰੀ ਤਰ੍ਹਾਂ ਤਿਆਰ ਹੈ। ਅਮਰੀਕਾ ਅਤੇ ਈਰਾਨ ਵਿਚਕਾਰ ਜੰਗਬੰਦੀ ਦੇ ਬਾਵਜੂਦ ਹੋਰਮੁਜ਼ (ਬਾਕੀ ਸਫਾ 2 'ਤੇ)

*ਕੋਟਕਪੂਰਾ ਗੋਲ਼ੀਕਾਂਡ ਮਾਮਲਾ*

## ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਮਾਮਲੇ ਦੀ ਸੁਣਵਾਈ ਫ਼ਰੀਦਕੋਟ ਤੋਂ ਚੰਡੀਗੜ੍ਹ ਤਬਦੀਲ

**ਬਹਿਬਲ ਕਲਾਂ ਮਾਮਲਾ ਵੀ ਪਹਿਲਾਂ ਹੀ ਹੋ ਚੁੱਕਾ ਹੈ ਸ਼ਿਫਟ**



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 9 ਅਪ੍ਰੈਲ :ਪੰਜਾਬ ਵਿੱਚ ਸਾਲ 2015 ਦੇ ਬੇਅਦਬੀ ਕਾਂਡ ਤੋਂ ਬਾਅਦ ਹੋਏ ਕੋਟਕਪੂਰਾ ਗੋਲੀਕਾਂਡ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਇੱਕ ਅਹਿਮ ਫੈਸਲਾ ਸੁਣਾਇਆ ਗਿਆ ਹੈ।

ਅਦਾਲਤ ਨੇ ਇਸ ਕੇਸ ਦੀ ਸੁਣਵਾਈ ਨੂੰ ਫਰੀਦਕੋਟ ਦੀ ਜ਼ਿਲ੍ਹਾ ਅਦਾਲਤ ਤੋਂ ਤਬਦੀਲ ਕਰਕੇ ਚੰਡੀਗੜ੍ਹ ਦੀ ਜ਼ਿਲ੍ਹਾ ਅਦਾਲਤ ਵਿੱਚ ਭੇਜ ਦਿੱਤਾ ਹੈ। ਇਸ ਤੋਂ ਪਹਿਲਾਂ ਜੁਲਾਈ, 2024 'ਚ ਬਹਿਬਲ ਕਲਾਂ ਗੋਲੀਕਾਂਡ ਦਾ ਮਾਮਲਾ ਵੀ ਹਾਈਕੋਰਟ ਵੱਲੋਂ ਚੰਡੀਗੜ੍ਹ ਸ਼ਿਫਟ ਕੀਤਾ ਜਾ ਚੁੱਕਾ ਹੈ। 14 ਅਕਤੂਬਰ, 2015 ਨੂੰ ਹੀ ਕੋਟਕਪੂਰਾ ਘਟਨਾ ਤੋਂ ਕੁਝ ਘੰਟਿਆਂ ਬਾਅਦ ਬਹਿਬਲ ਕਲਾਂ ਵਿੱਚ ਪੁਲਿਸ ਨੇ ਪ੍ਰਦਰਸ਼ਨਕਾਰੀਆਂ 'ਤੇ ਗੋਲੀ ਚਲਾਈ ਸੀ, ਜਿਸ ਵਿੱਚ ਦੋ ਸਿੱਖ ਨੌਜਵਾਨ– ਭਾਈ ਕ੍ਰਿਸ਼ਨ ਭਗਵਾਨ ਸਿੰਘ ਅਤੇ ਭਾਈ ਗੁਰਜੀਤ ਸਿੰਘ ਸ਼ਹੀਦ ਹੋ ਗਏ ਸਨ।

ਕੋਟਕਪੂਰਾ ਵਿਖੇ ਹੋਈ ਫਾਇਰਿੰਗ 'ਚ ਨੌਜਵਾਨ ਅਜੀਤ ਸਿੰਘ ਦੇ ਪੱਟ 'ਚ ਵੱਜੀ ਸੀ ਗੋਲੀ। ਇਸ ਫੈਸਲੇ ਨੂੰ ਸਿੱਖ ਸੰਗਤ ਅਤੇ ਇਨਸਾਫ਼ ਦੀ ਉਡੀਕ ਕਰ ਰਹੇ ਪੀੜਤ ਪਰਿਵਾਰਾਂ ਲਈ ਇੱਕ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ। ਇਹ ਮਾਮਲੇ ਇਸ ਲਈ ਵੀ ਚਰਚਾ ਵਿੱਚ ਹਨ ਕਿਉਂਕਿ ਇਸ ਵਿੱਚ ਪੰਜਾਬ ਦੇ ਕਈ ਪ੍ਰਭਾਵਸ਼ਾਲੀ ਚਿਹਰੇ ਸ਼ਾਮਲ ਹਨ। ਸਿਆਸੀ ਲੀਡਰ: ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਸਮੇਤ ਕਈ ਆਗੂ ਜਾਂਚ ਦੇ ਘੇਰੇ ਵਿੱਚ ਰਹੇ। ਪੁਲਿਸ ਅਧਿਕਾਰੀ: ਸਾਬਕਾ ਡੀ.ਜੀ.ਪੀ. ਸੁਮੇਧ ਸਿੰਘ ਸੈਣੀ, ਆਈ.ਜੀ. ਪਰਮਰਾਜ ਸਿੰਘ ਉਮਰਾਨੰਗਲ, ਸਾਬਕਾ ਐਸ.ਐਸ.ਪੀ. ਚਰਨਜੀਤ ਸ਼ਰਮਾ ਅਤੇ ਹੋਰ ਕਈ ਆਈ.ਪੀ.ਐਸ. ਅਧਿਕਾਰੀਆਂ ਦੇ ਨਾਮ ਇਸ ਕੇਸ ਵਿੱਚ ਮੁਲਜ਼ਮ ਵਜੋਂ ਸ਼ਾਮਲ ਹਨ।

*ਟਰੰਪ ਵੱਲੋਂ ਈਰਾਨ ਨੂੰ ਧਮਕੀ*

## 'ਜੇ ਜੰਗਬੰਦੀ ਤੋੜੀ ਗਈ ਤਾਂ ਹਮਲੇ ਪਹਿਲਾਂ ਨਾਲੋਂ ਵੱਧ ਹੋਣਗੇ ਘਾਤਕ'

ਚੜ੍ਹਦੀਕਲਾ ਬਿਊਰੋ

ਵਾਸ਼ਿੰਗਟਨ, 9 ਅਪ੍ਰੈਲ : ਇਕ ਮਹੀਨੇ ਤੋਂ ਵਧ ਸਮੇਂ ਤੋਂ ਜਾਰੀ ਅਮਰੀਕਾ-ਇਜ਼ਰਾਈਲ ਤੇ ਈਰਾਨ ਵਿਚ ਤਣਾਅਪੂਰਨ ਜੰਗ ਹੁਣ ਅਜਿਹੇ ਮੋੜ 'ਤੇ ਆ ਗਈ ਹੈ ਜਿਥੇ ਜੰਗ ਤੇ ਸ਼ਾਂਤੀ ਦੋਵਾਂ ਦੀਆਂ ਸੰਭਾਵਨਾਵਾਂ ਨਾਲ-ਨਾਲ ਚੱਲ ਰਹੀਆਂ ਹਨ। ਵਿਚ-ਵਿਚ ਸੀਜ਼ਫਾਇਰ ਦੀ ਗੱਲ ਜ਼ਰੂਰ ਸਾਹਮਣੇ ਆਈ ਪਰ ਹਮਲਿਆਂ ਦਾ ਸਿਲਸਿਲਾ ਪੂਰੀ ਤਰ੍ਹਾਂ ਰੁਕਿਆ ਨਹੀਂ ਹੈ। ਹਾਲਾਤ ਅਜੇ ਵੀ ਨਾਜ਼ੁਕ ਬਣੇ ਹੋਏ ਹਨ। ਇਸੇ ਵਿਚ ਟਰੰਪ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਟਰੰਪ ਨੇ ਈਰਾਨ ਨੂੰ ਧਮਕੀ ਦਿੱਤੀ ਹੈ। ਟਰੰਪ ਨੇ ਕਿਹਾ ਕਿ ਜੇ ਜੰਗਬੰਦੀ ਤੋੜੀ ਗਈ ਤਾਂ ਈਰਾਨ 'ਤੇ ਮੁੜ ਹਮਲੇ ਹੋਣਗੇ ਤੇ ਇਸ ਵਾਰ ਪਹਿਲਾਂ ਨਾਲੋਂ ਹਮਲੇ ਜ਼ਿਆਦਾ ਸ਼ਕਤੀਸ਼ਾਲੀ ਹੋਣਗੇ। ਵ੍ਹਾਈਟ ਹਾਊਸ ਦੀ ਪ੍ਰੈੱਸ ਸੈਕ੍ਰੇਟਰੀ ਕੈਰੋਲੀਨ ਲੇਵਿਟ ਨੇ ਦੱਸਿਆ ਕਿ ਟਰੰਪ ਦੀ ਪਹਿਲ ਇਸ ਸਮੇਂ ਖੇਤਰ ਵਿਚ ਸਥਿਰਤਾ ਬਹਾਲ ਕਰਨਾ ਹੈ। ਖਾਸ ਤੌਰ 'ਤੇ ਸਟ੍ਰੇਟ ਆਫ ਹੋਰਮੁਜ਼ ਨੂੰ ਲੈ ਕੇ ਅਮਰੀਕਾ ਬੇਹੱਦ ਅਲਰਟ ਹੈ। ਇਹ ਸਮੁੰਦਰੀ ਰਸਤਾ ਵਿਸ਼ਵ ਤੇਲ ਸਪਲਾਈ (ਬਾਕੀ ਸਫਾ 2 'ਤੇ)

### ਪੰਜਾਬ ਕੈਬਨਿਟ ਦੀ ਮੀਟਿੰਗ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਭਲਕੇ



ਚੰਡੀਗੜ੍ਹ , 9 ਅਪ੍ਰੈਲ (ਚ.ਨ.ਸ.):ਪੰਜਾਬ ਵਿਧਾਨ ਸਭਾ ਦੇ ਸਪੈਸ਼ਲ ਸੈਸ਼ਨ ਤੋਂ ਪਹਿਲਾਂ ਕੈਬਨਿਟ ਦੀ ਮੀਟਿੰਗ ਸੱਦੀ ਗਈ ਹੈ। 11 ਅਪ੍ਰੈਲ ਨੂੰ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਹੋਵੇਗੀ। ਇਹ ਬੈਠਕ ਬਾਅਦ ਦੁਪਹਿਰ 03:00 ਵਜੇ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼, ਕੋਠੀ ਨੰ: 45, ਸੈਕਟਰ-2, ਚੰਡੀਗੜ੍ਹ ਵਿਖੇ ਹੋਵੇਗੀ। ਮੀਟਿੰਗ ਦਾ ਏਜੰਡਾ ਬਾਅਦ ਵਿੱਚ ਜਾਰੀ ਕੀਤਾ ਜਾਵੇਗਾ। ਪਰ ਇਸ ਮੀਟਿੰਗ ਵਿੱਚ ਫਸਲਾਂ ਦੇ ਹੋਏ ਨੁਕਸਾਨ ਦੀ ਗਿਰਦਾਵਰੀ ਤੇ ਸੈਸ਼ਨ ਸਬੰਧੀ ਚਰਚਾ ਹੋਣ ਦੀ ਸੰਭਾਵਨਾ ਹੈ।

## ਭਾਰਤ 2028 'ਚ ਸੰਯੁਕਤ ਰਾਸ਼ਟਰ ਜਲਵਾਯੂ ਸੰਮੇਲਨ ਦੀ ਨਹੀਂ ਕਰੇਗਾ ਮੇਜ਼ਬਾਨੀ



ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 9 ਅਪ੍ਰੈਲ :ਭਾਰਤ ਨੇ 2028 ਵਿੱਚ ਹੋਣ ਵਾਲੇ ਸੰਯੁਕਤ ਰਾਸ਼ਟਰ ਦੇ 33ਵੇਂ ਜਲਵਾਯੂ ਸੰਮੇਲਨ ਦੀ ਮੇਜ਼ਬਾਨੀ ਕਰਨ ਦੀ ਆਪਣੀ ਪੇਸ਼ਕਸ਼ ਵਾਪਸ ਲੈ ਲਈ ਹੈ, ਅਧਿਕਾਰਤ ਸੂਤਰਾਂ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ।

ਭਾਵੇਂ ਭਾਰਤ ਨੇ ਇਸ ਸੰਮੇਲਨ ਦੀ ਮੇਜ਼ਬਾਨੀ ਨਾ ਕਰਨ ਦੇ ਆਪਣੇ ਫੈਸਲੇ ਬਾਰੇ ਜਾਣੂ ਕਰ ਦਿੱਤਾ ਹੈ, ਪਰ ਇਸ ਤੋਂ ਪਿੱਛੇ ਹਟਣ ਦੇ ਅਸਲ ਕਾਰਨਾਂ ਬਾਰੇ ਅਜੇ ਤੱਕ ਕੁਝ ਵੀ ਸਾਫ਼ ਨਹੀਂ ਹੋ ਸਕਿਆ ਹੈ।

ਦਸੰਬਰ 2023 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਲਵਾਯੂ ਸੰਮੇਲਨ ਦੀ ਮੇਜ਼ਬਾਨੀ ਕਰਨ ਦਾ ਪ੍ਰਸਤਾਵ ਦਿੱਤਾ ਸੀ। ਉਦੋਂ ਸਰਕਾਰ ਦੇ ਇਸ ਫੈਸਲੇ ਨੂੰ ਇੱਕ ਵੱਡਾ ਕਦਮ ਮੰਨਿਆ ਗਿਆ ਸੀ ਕਿਉਂਕਿ ਇਹ ਐਲਾਨ 2023 ਵਿੱਚ ਨਵੀਂ ਦਿੱਲੀ ਵਿੱਚ ਜੀ-20 ਸੰਮੇਲਨ ਦੀ ਸਫਲਤਾਪੂਰਵਕ ਮੇਜ਼ਬਾਨੀ ਤੋਂ ਬਾਅਦ ਆਇਆ ਸੀ।

ਪ੍ਰਧਾਨ ਮੰਤਰੀ ਮੋਦੀ ਨੇ 2023 ਵਿੱਚ 28ਵੇਂ ਜਲਵਾਯੂ ਸੰਮੇਲਨ ਵਿੱਚ ਕਿਹਾ ਸੀ, 'ਭਾਰਤ ਜਲਵਾਯੂ ਪਰਿਵਰਤਨ ਬਾਰੇ ਸੰਯੁਕਤ ਰਾਸ਼ਟਰ ਦੇ ਨਿਯਮਾਂ ਨੂੰ ਨਿਭਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਲਈ, ਅੱਜ ਇਸ ਮੰਚ ਤੋਂ, ਮੈਂ 2028 'ਚ ਭਾਰਤ ਵਿੱਚ 33ਵੇਂ ਜਲਵਾਯੂ ਸੰਮੇਲਨ ਦੀ ਮੇਜ਼ਬਾਨੀ ਕਰਨ ਦਾ ਪ੍ਰਸਤਾਵ ਵੀ ਰੱਖਦਾ ਹਾਂ।'

## ਨਾਰੀ ਸ਼ਕਤੀ ਦੇ ਸਹਿਯੋਗ ਨਾਲ ਪੂਰਾ ਹੋਵੇਗਾ ਵਿਕਸਤ ਭਾਰਤ ਦਾ ਟੀਚਾ: ਮੋਦੀ

**ਔਰਤਾਂ ਲਈ 33 ਫ਼ੀਸਦੀ ਰਾਖਵਾਂਕਰਨ ਲਾਗੂ ਕਰਨ ਨੂੰ ਲੈ ਕੇ ਪ੍ਰਧਾਨ ਮੰਤਰੀ ਨੇ ਵੀਡੀਓ ਸੰਦੇਸ਼ ਕੀਤਾ ਜਾਰੀ**



ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 9 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੱਕ ਔਰਤਾਂ ਲਈ 33 ਫ਼ੀਸਦੀ ਰਾਖਵਾਂਕਰਨ ਲਾਗੂ ਕਰਨ ਨੂੰ ਲੈ ਕੇ ਇੱਕ ਵੀਡੀਓ ਸੰਦੇਸ਼ ਜਾਰੀ ਕੀਤਾ ਹੈ। ਇਸ ਸੰਦੇਸ਼ ਵਿੱਚ ਮਾਵਾਂ, ਧੀਆਂ ਅਤੇ ਆਮ ਔਰਤਾਂ ਨੂੰ ਸਿੱਧਾ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੇ ਇਹ ਤੈਅ ਕਰ ਲਿਆ ਹੈ ਕਿ ਸਾਲ 2047 ਵਿੱਚ ਜਦੋਂ ਉਹ ਆਪਣੀ ਆਜ਼ਾਦੀ ਦੀ 100ਵੀਂ ਵਰ੍ਹੇਗੰਢ ਮਨਾਏਗਾ, ਉਦੋਂ ਤੱਕ ਦੇਸ਼ ਇੱਕ ਵਿਕਸਤ ਰਾਸ਼ਟਰ ਬਣ ਜਾਵੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਕਾਰ ਦੇ ਮੁਖੀ ਵਜੋਂ ਉਨ੍ਹਾਂ ਦੇ ਇੰਨੇ ਸਾਲਾਂ ਦੇ ਤਜ਼ਰਬੇ ਇਹ ਦੱਸਦੇ ਹਨ ਕਿ ਜੇਕਰ ਅਸੀਂ ਵਿਕਸਤ ਭਾਰਤ ਦਾ ਟੀਚਾ ਪੂਰਾ ਕਰਨਾ ਚਾਹੁੰਦੇ ਹਾਂ, ਤਾਂ ਸਾਨੂੰ ਔਰਤਾਂ ਦੀ ਤਾਕਤ ਨੂੰ ਪਛਾਣਨਾ ਹੋਵੇਗਾ ਅਤੇ ਦੇਸ਼ ਦੀ ਤਰੱਕੀ ਲਈ ਇਸ ਦੀ ਵਰਤੋਂ ਕਰਨੀ ਪਵੇਗੀ।

ਉਨ੍ਹਾਂ ਨੇ 2023 ਦੇ 'ਨਾਰੀ ਸ਼ਕਤੀ ਵੰਦਨ ਕਾਨੂੰਨ' (128ਵੀਂ ਸੰਵਿਧਾਨਕ ਸੋਧ) ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਰਾਹੀਂ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਫੀਸਦੀ ਸੀਟਾਂ ਰਾਖਵੀਆਂ ਕੀਤੀਆਂ ਗਈਆਂ ਹਨ ਅਤੇ ਇਹ ਅਹਿਮ ਫੈਸਲਾ ਸਾਰਿਆਂ ਦੀ ਸਹਿਮਤੀ ਨਾਲ ਪਾਸ ਹੋਇਆ ਸੀ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਹੁਣ ਹਰ ਕੋਈ ਇਹ ਚਾਹੁੰਦਾ ਹੈ ਕਿ 2029 ਦੀਆਂ ਚੋਣਾਂ ਦੌਰਾਨ ਔਰਤਾਂ ਨੂੰ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ 33 ਫੀਸਦੀ ਰਾਖਵਾਂਕਰਨ ਮਿਲੇ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸਿਆਸੀ ਪਾਰਟੀਆਂ ਨਾਲ ਗੱਲਬਾਤ ਚੱਲ ਰਹੀ ਹੈ ਅਤੇ ਕਈ ਪਾਰਟੀਆਂ ਨੇ ਇਸ ਦਾ ਸਮਰਥਨ ਵੀ ਕੀਤਾ ਹੈ, ਜਿਸ ਨਾਲ ਇੱਕ ਚੰਗਾ ਮਾਹੌਲ ਬਣ ਰਿਹਾ ਹੈ। (ਬਾਕੀ ਸਫਾ 2 'ਤੇ)

## ਲੇਬਨਾਨ 'ਚ ਇਜ਼ਰਾਈਲੀ ਹਮਲਿਆਂ ਦੌਰਾਨ ਇੱਕ ਦਿਨ ਵਿੱਚ 254 ਮੌਤਾਂ



ਚੜ੍ਹਦੀਕਲਾ ਬਿਊਰੋ

ਬੇਰੂਤ 9 ਅਪ੍ਰੈਲ : ਲੇਬਨਾਨ ਵਿੱਚ ਇਜ਼ਰਾਈਲੀ ਹਮਲਿਆਂ ਵਿੱਚ ਇੱਕ ਦਿਨ ਵਿੱਚ 254 ਲੋਕ ਮਾਰੇ ਗਏ ਹਨ, ਅਤੇ 1,165 ਤੋਂ ਵੱਧ ਜ਼ਖ਼ਮੀ ਹੋਏ ਹਨ। ਇਸ ਤੋਂ ਬਾਅਦ, ਦੇਸ਼ ਵਿੱਚ ਇੱਕ ਰਾਸ਼ਟਰੀ ਸੋਗ ਦਿਵਸ ਦਾ ਐਲਾਨ ਕੀਤਾ ਗਿਆ ਹੈ। ਲੇਬਨਾਨ ਦੇ ਪ੍ਰਧਾਨ ਮੰਤਰੀ ਨਵਾਫ਼ ਸਲਾਮ ਨੇ ਕਿਹਾ ਕਿ ਉਹ ਇਜ਼ਰਾਈਲੀ ਹਮਲਿਆਂ ਨੂੰ ਰੋਕਣ ਲਈ ਦੇਸ਼ ਦੇ ਸਾਰੇ ਰਾਜਨੀਤਿਕ ਅਤੇ ਕੂਟਨੀਤਕ ਸਰੋਤਾਂ ਨੂੰ ਜੁਟਾ ਰਹੇ ਹਨ। ਸਿਹਤ ਮੰਤਰੀ ਰਾਕਾਨ ਨਸੇਰੇਦੀਨ ਨੇ ਅੰਤਰਰਾਸ਼ਟਰੀ ਸਹਾਇਤਾ ਦੀ ਅਪੀਲ ਕੀਤੀ। ਜ਼ਖ਼ਮੀਆਂ ਦੀ ਵੱਡੀ ਗਿਣਤੀ ਸਿਹਤ ਪ੍ਰਣਾਲੀ 'ਤੇ ਭਾਰੀ ਦਬਾਅ ਪਾ ਰਹੀ ਹੈ। ਇਸ ਦੌਰਾਨ, ਜੰਗਬੰਦੀ ਨੂੰ ਲੈ ਕੇ ਵਿਵਾਦ ਹੋਰ ਡੂੰਘਾ ਹੋ ਗਿਆ ਹੈ। ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਅਮਰੀਕੀ ਉਪ ਰਾਸ਼ਟਰਪਤੀ ਜੇ.ਡੀ. ਵੈਂਸ ਨੇ ਕਿਹਾ ਹੈ ਕਿ ਲੇਬਨਾਨ ਸਮਝੌਤੇ ਦਾ ਹਿੱਸਾ ਨਹੀਂ ਹੈ। ਇਸ ਦੌਰਾਨ, ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਕਿਹਾ ਕਿ ਅਮਰੀਕਾ ਨੂੰ (ਬਾਕੀ ਸਫਾ 2 'ਤੇ)

### ਨਸ਼ਾ ਤਸਕਰ ਦੀ ਮਦਦ ਕਰਨ ਦੇ ਦੋਸ਼ 'ਚ ਪੰਜ ਪੁਲਿਸ ਅਧਿਕਾਰੀਆਂ ਖ਼ਿਲਾਫ਼ ਕੇਸ ਦਰਜ

ਤਰਨ ਤਾਰਨ, 9 ਅਪ੍ਰੈਲ (ਚ.ਨ.ਸ.): ਇੱਥੋਂ ਦੀ ਸਦਰ ਪੁਲਿਸ ਨੇ ਇੱਕ ਅੰਤਰਰਾਸ਼ਟਰੀ ਨਸ਼ਾ ਤਸਕਰ ਸ਼ਾਹਪਿੰਦਰ ਸਿੰਘ ਉਰਫ਼ ਸ਼ੈਨ ਭਿੰਡਰ ਨੂੰ ਧੋਖਾਧੜੀ ਦੇ ਸਾਧਨਾਂ ਰਾਹੀਂ ਪਾਸਪੋਰਟ ਕਲੀਅਰੈਂਸ ਦੀ ਸਹੂਲਤ ਦੇਣ ਦੇ ਕਥਿਤ ਦੋਸ਼ ਵਿੱਚ ਸੀ.ਆਈ.ਏ. ਸਟਾਫ਼ ਦੇ ਇੰਚਾਰਜ ਪ੍ਰਭਜੀਤ ਸਿੰਘ ਸਮੇਤ ਪੰਜ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਅਪਰਾਧਿਕ ਮਾਮਲਾ ਦਰਜ ਕੀਤਾ ਹੈ। ਨਾਮਜ਼ਦ ਕੀਤੇ ਗਏ ਹੋਰ ਪੁਲਿਸ ਅਧਿਕਾਰੀਆਂ ਵਿੱਚ ਦੋ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈਜ਼.) ਲਖਵਿੰਦਰ ਸਿੰਘ ਅਤੇ ਗੁਰਵਿੰਦਰ ਸਿੰਘ, ਇੱਕ ਹੈੱਡ ਕਾਂਸਟੇਬਲ ਹਰਕਮਲ ਸਿੰਘ ਅਤੇ ਇੱਕ ਕਾਂਸਟੇਬਲ ਧਰਮਿੰਦਰ ਸਿੰਘ ਸ਼ਾਮਲ ਹਨ। ਪੁਲਿਸ ਅਨੁਸਾਰ ਅਧਿਕਾਰੀਆਂ 'ਤੇ ਸ਼ੈਨ ਭਿੰਡਰ ਦੇ ਪਾਸਪੋਰਟ ਨੂੰ ਜਾਰੀ ਕਰਵਾਉਣ ਦੇ ਯੋਗ (ਬਾਕੀ ਸਫਾ 2 'ਤੇ)

*ਡੀ.ਐੱਮ. ਗਗਨਦੀਪ ਰੰਧਾਵਾ ਖ਼ੁਦਕੁਸ਼ੀ ਮਾਮਲਾ*

## ਲਾਲਜੀਤ ਭੁੱਲਰ ਖ਼ਿਲਾਫ਼ ਸਬੂਤ ਨਸ਼ਟ ਕਰਨ ਦੀ ਧਾਰਾ ਕੀਤੀ ਗਈ ਦਰਜ



ਚੜ੍ਹਦੀਕਲਾ ਬਿਊਰੋ

ਅੰਮ੍ਰਿਤਸਰ, 9 ਅਪ੍ਰੈਲ : ਲਾਲਜੀਤ ਭੁੱਲਰ ਦੀਆਂ ਮੁਸ਼ਕਲਾਂ ਹੋਰ ਵੱਧ ਗਈਆਂ ਹਨ। ਡੀ.ਐੱਮ. ਗਗਨਦੀਪ ਰੰਧਾਵਾ ਖੁਦਕੁਸ਼ੀ ਮਾਮਲੇ 'ਚ ਭੁੱਲਰ ਦੇ ਖਿਲਾਫ਼ ਇੱਕ ਹੋਰ ਧਾਰਾ ਦਰਜ ਕੀਤੀ ਗਈ। ਸਬੂਤ ਨੂੰ ਮਿਟਾਉਣ ਦੀ ਕੋਸ਼ਿਸ਼ ਕਰਨ ਵਾਲੀ ਧਾਰਾ 238 ਵਿੱਚ ਜੋੜੀ ਗਈ ਹੈ। ਭੁੱਲਰ 'ਤੇ ਸਬੂਤ ਨਸ਼ਟ ਕਰਨ ਦਾ ਦੋਸ਼ ਹੈ। ਦਰਅਸਲ ਪੁਲਿਸ ਨੇ ਭੁੱਲਰ ਦਾ ਸੱਤ ਦਿਨਾਂ ਦਾ ਰਿਮਾਂਡ ਲਿਆ ਸੀ ਪਰ ਉਸ ਦੌਰਾਨ ਪੁਲਿਸ ਉਸ ਦਾ ਮੋਬਾਈਲ, ਸਿਮ ਕਾਰਡ ਅਤੇ ਡੀਵੀਆਰ ਬਰਾਮਦ ਨਹੀਂ ਕਰ ਸਕੀ। ਗਗਨਦੀਪ ਰੰਧਾਵਾ ਕੇਸ ਨੂੰ ਪਹਿਲਾਂ ਹੀ ਸੰਵੇਦਨਸ਼ੀਲ ਮੰਨਿਆ ਜਾ ਰਿਹਾ ਸੀ। ਜਾਂਚ ਦੌਰਾਨ, ਹੁਣ ਇਹ ਸਾਹਮਣੇ ਆਇਆ ਹੈ ਕਿ ਮਹੱਤਵਪੂਰਨ ਸਬੂਤਾਂ ਨਾਲ ਛੇੜਛਾੜ ਕਰਨ ਜਾਂ ਨਸ਼ਟ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਦੇ ਆਧਾਰ 'ਤੇ, ਪੁਲਿਸ ਨੇ ਭੁੱਲਰ ਵਿਰੁੱਧ ਸਬੂਤਾਂ ਨੂੰ ਨਸ਼ਟ ਕਰਨ ਨਾਲ ਸਬੰਧਤ ਦੋਸ਼ ਜੋੜੇ ਹਨ। ਪੰਜਾਬ ਪੁਲਿਸ ਪੂਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ (ਬਾਕੀ ਸਫਾ 2 'ਤੇ)

### ਰੰਧਾਵਾ ਦੇ ਪਰਿਵਾਰ ਵੱਲੋਂ ਸੀ.ਬੀ.ਆਈ. ਜਾਂਚ ਦੀ ਮੰਗ

ਅੰਮ੍ਰਿਤਸਰ , 9 ਅਪ੍ਰੈਲ (ਚ.ਨ.ਸ.):ਡੀ.ਐਮ. ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ 'ਚ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਕਈ ਗੰਭੀਰ ਦੋਸ਼ ਲਗਾਏ ਗਏ ਹਨ। ਪਰਿਵਾਰ ਨੇ ਮੀਡੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਆਵਾਜ਼ ਲੋਕਾਂ ਤੱਕ ਪਹੁੰਚਾਉਣ ਵਿੱਚ ਮੀਡੀਆ ਦਾ ਯੋਗਦਾਨ ਮਹੱਤਵਪੂਰਨ ਹੈ। ਪਰਿਵਾਰ ਨੇ ਦੱਸਿਆ ਕਿ ਸਰਕਾਰ ਵੱਲੋਂ ਸੈਕਟਰੀ ਪੱਧਰ ਦੀ (ਬਾਕੀ ਸਫਾ 2 'ਤੇ)

### ਨਿਤੀਸ਼ ਕੁਮਾਰ ਅੱਜ ਰਾਜ ਸਭਾ ਮੈਂਬਰ ਵਜੋਂ ਚੁੱਕਣਗੇ ਸਹੁੰ



ਪਟਨਾ, 9 ਅਪ੍ਰੈਲ (ਚ.ਨ.ਸ.): : ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਵੀਰਵਾਰ ਨੂੰ ਦਿੱਲੀ ਰਵਾਨਾ ਹੋਏ, ਜਿੱਥੇ ਉਹ 10 ਅਪ੍ਰੈਲ ਨੂੰ ਰਾਜ ਸਭਾ ਮੈਂਬਰ ਵਜੋਂ ਸਹੁੰ ਚੁੱਕਣਗੇ। ਇਸ ਤੋਂ ਬਾਅਦ ਉਨ੍ਹਾਂ ਦੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸੀਨੀਅਰ ਲੀਡਰਸ਼ਿਪ ਨਾਲ ਮੁਲਾਕਾਤ ਦੀ ਸੰਭਾਵਨਾ ਹੈ, ਜਿਸ 'ਚ ਬਿਹਾਰ ਦੀ ਰਾਜਨੀਤਕ ਦਿਸ਼ਾ ਅਤੇ ਨਵੀਂ ਸਰਕਾਰ ਦੇ ਗਠਨ ਨੂੰ ਲੈ ਕੇ ਅਹਿਮ ਚਰਚਾ ਹੋ ਸਕਦੀ ਹੈ। ਸੂਤਰਾਂ ਅਨੁਸਾਰ, ਅਗਲੇ 2 ਦਿਨਾਂ ਤੱਕ ਬਿਹਾਰ ਦੀ ਰਾਜਨੀਤੀ ਦਾ ਕੇਂਦਰ ਦਿੱਲੀ ਰਹਿਣ ਵਾਲਾ ਹੈ। ਸ਼ੁੱਕਰਵਾਰ ਨੂੰ ਨਿਤੀਸ਼ ਕੁਮਾਰ ਦੇ ਰਾਜ ਸਭਾ ਮੈਂਬਰ (ਬਾਕੀ ਸਫਾ 2 'ਤੇ)

## ਆਸਾਮ 'ਚ ਚੋਣਾਂ ਦੌਰਾਨ ਪੋਲਿੰਗ ਸਟੇਸ਼ਨਾਂ 'ਤੇ ਹੋਈ ਝੜਪ, ਹਿਰਾਸਤ ਵਿੱਚ ਲਏ 7 ਲੋਕ




ਚੜ੍ਹਦੀਕਲਾ ਬਿਊਰੋ

ਗੁਹਾਟੀ, 9 ਅਪ੍ਰੈਲ : ਆਸਾਮ ਵਿਚ ਵੀਰਵਾਰ ਵਾਲੇ ਦਿਨ 2 ਥਾਵਾਂ 'ਤੇ ਚੋਣਾਂ ਨੂੰ ਲੈ ਕੇ ਹੋਈ ਹਿੰਸਾ ਦੇ ਸਬੰਧ ਵਿਚ 7 ਲੋਕਾਂ ਨੂੰ ਹਿਰਾਸਤ ਵਿਚ ਲਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਸਵੇਰੇ ਵੋਟਿੰਗ ਸ਼ੁਰੂ ਹੋਣ ਤੋਂ ਬਾਅਦ ਕਈ ਪੋਲਿੰਗ ਸਟੇਸ਼ਨਾਂ 'ਤੇ ਮਾਮੂਲੀ ਝੜਪਾਂ ਹੋਈਆਂ, ਜਿਸ ਕਾਰਨ ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ। ਪੁਲਿਸ ਇੰਸਪੈਕਟਰ ਜਨਰਲ (ਕਾਨੂੰਨ ਅਤੇ ਵਿਵਸਥਾ), ਅਖਿਲੇਸ਼ ਕੁਮਾਰ ਸਿੰਘ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਲਈ ਸਵੇਰੇ 7 ਵਜੇ ਵੋਟਿੰਗ ਸ਼ੁਰੂ ਹੋਣ ਤੋਂ ਕੁਝ ਘੰਟੇ ਪਹਿਲਾਂ ਬੁੱਧਵਾਰ ਰਾਤ ਨੂੰ ਤਾਮੁਲਪੁਰ ਅਤੇ ਸ਼ਿਵਸਾਗਰ ਵਿੱਚ ਹਿੰਸਾ ਭੜਕ ਗਈ। ਉਨ੍ਹਾਂ ਕਿਹਾ, 'ਸਾਨੂੰ ਕੱਲ੍ਹ ਰਾਤ ਤਾਮੁਲਪੁਰ ਵਿੱਚ ਦੋ ਸਮੂਹਾਂ ਵਿਚਕਾਰ ਝੜਪ ਹੋਣ ਦੀ (ਬਾਕੀ ਸਫਾ 2 'ਤੇ)

### ਪਠਾਣਮਾਜਰਾ ਨੂੰ ਸੁਰੱਖਿਆ ਕਾਰਨਾਂ ਕਰਕੇ ਭੇਜਿਆ ਪਟਿਆਲਾ ਤੋਂ ਬਠਿੰਡਾ ਜੇਲ੍ਹ

ਪਟਿਆਲਾ, 9 ਅਪ੍ਰੈਲ (ਚ.ਨ.ਸ.): ਸਨੌਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਪਟਿਆਲਾ ਕੇਂਦਰੀ ਜੇਲ੍ਹ ਤੋਂ ਬਠਿੰਡਾ ਕੇਂਦਰੀ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪਠਾਣਮਾਜਰਾ ਬਲਾਤਕਾਰ ਦੇ ਇੱਕ ਮਾਮਲੇ ਵਿੱਚ ਨਿਆਂਇਕ ਰਿਮਾਂਡ 'ਤੇ ਪਟਿਆਲਾ ਕੇਂਦਰੀ ਜੇਲ੍ਹ ਵਿੱਚ ਬੰਦ ਸਨ। ਰਿਪੋਰਟਾਂ ਅਨੁਸਾਰ, ਪਠਾਣਮਾਜਰਾ ਨੂੰ ਸੁਰੱਖਿਆ ਕਾਰਨਾਂ ਕਰਕੇ ਬਠਿੰਡਾ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਬਠਿੰਡਾ ਕੇਂਦਰੀ ਜੇਲ੍ਹ ਨੂੰ ਬਹੁਤ ਸੁਰੱਖਿਅਤ ਮੰਨਿਆ ਜਾਂਦਾ ਹੈ ਅਤੇ ਇਸ ਅਤਿ-ਆਧੁਨਿਕ ਸੁਰੱਖਿਆ ਉਪਕਰਨਾਂ ਨਾਲ ਲੈਸ ਕੀਤਾ ਗਿਆ ਹੈ। ਹਾਲਾਂਕਿ, ਬਠਿੰਡਾ ਕੇਂਦਰੀ ਜੇਲ੍ਹ ਵਿੱਚ ਕਈ ਉੱਚ-ਮਾਨੇ ਦੇ ਅਪਰਾਧੀ ਵੀ ਹਨ। ਪਠਾਣਮਾਜਰਾ ਨੂੰ ਤਿੰਨ ਦਿਨ ਪਹਿਲਾਂ (ਬਾਕੀ ਸਫਾ 2 'ਤੇ)

## ਰੂਸ-ਯੂਕ੍ਰੇਨ ਜੰਗ 'ਚ ਹੁਣ ਤਕ ਮਾਰੇ ਗਏ 32 ਭਾਰਤੀ ਨੌਜਵਾਨ



ਚੜ੍ਹਦੀਕਲਾ ਬਿਊਰੋ

ਮਾਸਕੋ , 9 ਅਪ੍ਰੈਲ : ਅਮਰੀਕਾ ਤੇ ਈਰਾਨ ਵਿਚਾਲੇ ਪਿਛਲੇ 40 ਦਿਨਾਂ ਤੋਂ ਚਲਦੀ ਆ ਰਹੀ ਭਿਆਨਕ ਜੰਗ 'ਤੇ ਆਖ਼ਰਕਾਰ 14 ਦਿਨਾਂ ਲਈ ਰੋਕ ਲੱਗ ਗਈ ਹੈ ਪਰ ਪਿਛਲੇ ਕਰੀਬ 4 ਸਾਲਾਂ ਤੋਂ ਰੂਸ ਅਤੇ ਯੂਕ੍ਰੇਨ ਵਿਚਾਲੇ ਚੱਲ ਰਹੀ ਜੰਗ ਹਾਲੇ ਵੀ ਚਲਦੀ ਜਾ ਰਹੀ ਹੈ। ਭਾਰਤੀ ਨੌਜਵਾਨ, ਜਿਨ੍ਹਾਂ ਨੂੰ ਇੱਥੋਂ ਰੂਸ 'ਚ ਨੌਕਰੀ ਦੇਣ ਦਾ ਝਾਂਸਾ ਦੇ ਕੇ ਲਿਜਾਇਆ ਗਿਆ ਸੀ, ਨੂੰ ਜ਼ਬਰਦਸਤੀ ਯੂਕ੍ਰੇਨ ਵਿਰੁਧ ਜੰਗ 'ਚ ਧੱਕ ਦਿਤਾ ਗਿਆ। ਇਸ ਜੰਗ 'ਚ ਹੁਣ ਤਕ ਰੂਸੀ ਫ਼ੌਜ ਵਲੋਂ ਲੜ ਰਹੇ 32 ਭਾਰਤੀ ਨਾਗਰਿਕਾਂ ਦੀ ਮੌਤ ਹੋ ਚੁੱਕੀ ਹੈ। ਅਧਿਕਾਰੀਆਂ ਨੇ ਦਸਿਆ ਕਿ 35 ਹੋਰ ਭਾਰਤੀਆਂ ਨੂੰ ਰੂਸੀ ਫ਼ੌਜ ਤੋਂ ਮੁਕਤ ਕਰਵਾਉਣ ਅਤੇ ਵਾਪਸ ਲਿਆਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਅਧਿਕਾਰੀਆਂ ਅਨੁਸਾਰ ਭਾਰਤੀ ਨਾਗਰਿਕਾਂ ਨੂੰ ਅਜੇ ਵੀ ਏਜੰਟਾਂ ਵਲੋਂ ਕਈ ਬਹਾਨਿਆਂ ਨਾਲ ਲਾਲਚ ਦਿਤਾ ਜਾ ਰਿਹਾ ਹੈ। ਇਨ੍ਹਾਂ ਵਿਚ ਮੋਟੀਆਂ ਤਨਖ਼ਾਹਾਂ, ਭਾਰੀ ਬੋਨਸ ਅਤੇ ਰੂਸੀ ਨਾਗਰਿਕਤਾ ਦਿਵਾਉਣ ਦੇ ਝੂਠੇ ਵਾਅਦੇ ਸ਼ਾਮਲ ਹਨ। ਭਾਰਤੀ ਨਾਗਰਿਕਾਂ ਦੀ (ਬਾਕੀ ਸਫਾ 2 'ਤੇ)

### ਰੂਸ ਵੱਲੋਂ ਭਾਰਤ ਸਮੇਤ ਦੱਖਣੀ ਏਸ਼ੀਆਈ ਦੇਸ਼ਾਂ ਨੂੰ 40 ਫ਼ੀਸਦੀ ਸਸਤੀ ਗੈਸ ਦੇਣ ਦੀ ਪੇਸ਼ਕਸ਼

ਨਵੀਂ ਦਿੱਲੀ, 9 ਅਪ੍ਰੈਲ (ਚ.ਨ.ਸ.):ਵਿਸ਼ਵ ਪੱਧਰ 'ਤੇ ਜਾਰੀ ਊਰਜਾ ਸੰਕਟ ਦਾ ਫਾਇਦਾ ਉਠਾਉਂਦਿਆਂ ਰੂਸ ਨੇ ਭਾਰਤ ਸਮੇਤ ਦੱਖਣੀ ਏਸ਼ੀਆਈ ਦੇਸ਼ਾਂ ਲਈ ਇੱਕ ਬੇਹੱਦ ਆਕਰਸ਼ਕ ਪੇਸ਼ਕਸ਼ ਕੀਤੀ ਹੈ। ਰੂਸ ਆਪਣੀਆਂ ਉਨ੍ਹਾਂ ਸਹੂਲਤਾਂ ਤੋਂ ਤਰਲ ਕੁਦਰਤੀ ਗੈਸ (ਐਲ.ਐਨ.ਜੀ.) ਵੇਚਣ ਦੀ ਕੋਸ਼ਿਸ਼ ਕਰ ਰਿਹਾ ਹੈ, ਜਿਨ੍ਹਾਂ 'ਤੇ ਅਮਰੀਕਾ ਨੇ ਪਾਬੰਦੀਆਂ ਲਗਾਈਆਂ ਹੋਈਆਂ ਹਨ। ਰੂਸ ਵੱਲੋਂ ਇਹ ਗੈਸ ਸ਼ਿਪਮੈਂਟਾਂ ਮੌਜੂਦਾ ਬਾਜ਼ਾਰ ਕੀਮਤ 'ਤੇ 40 ਫੀਸਦੀ ਦੀ ਭਾਰੀ ਛੋਟ ਨਾਲ ਪੇਸ਼ ਕੀਤੀਆਂ ਜਾ ਰਹੀਆਂ ਹਨ। ਇਹ ਕਦਮ ਖਾਸ ਤੌਰ 'ਤੇ ਦੱਖਣੀ ਏਸ਼ੀਆ ਦੇ ਉਨ੍ਹਾਂ ਦੇਸ਼ਾਂ ਨੂੰ ਨਿਸ਼ਾਨਾ ਬਣਾ ਕੇ ਚੁੱਕਿਆ ਗਿਆ ਹੈ ਜੋ ਊਰਜਾ ਦੀ ਕਿੱਲਤ ਨਾਲ ਜੂਝ ਰਹੇ ਹਨ ਅਤੇ ਸਸਤੇ ਬਾਲਣ ਦੀ ਤਲਾਸ਼ ਵਿੱਚ ਹਨ। ਇਸ ਦੇ (ਬਾਕੀ ਸਫਾ 2 'ਤੇ)

*ਰਾਜਨੀਤੀ, ਚੋਣਾਂ ਤੇ ਸਿਆਸਤ ਦੀ ਭਾਸ਼ਾ ਦਾ ਰੌਲਾ ਰੱਪਾ ਦੇਸ਼ ਭਰ ਵਿੱਚ*

## ਕੀ ਭਾਸ਼ਾ ਦਾ ਸੰਕਟ ਸਿਰਫ਼ ਸ਼ਬਦਾਂ ਦਾ ਹੈ ਜਾਂ ਸੰਸਕਾਰਾਂ ਦਾ ਵੀ ?

**ਦੇਸ਼ 'ਚ ਮੀਡੀਆ ਭਾਸ਼ਾ ਤੇ ਪਹਿਲੇ ਖੋਜ ਕਰਨ ਵਾਲੇ ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ ਨੇ ਇਸ ਨੂੰ ਬਦਲਦੇ ਸਮੇਂ ਸਿਆਸਤ ਤੇ ਸਮਾਜ ਦੀ ਨਵੀਂ ਭਾਸ਼ਾ ਕਿਹਾ**

**ਪ੍ਰੋ.ਡਾ.ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਅੱਜ ਮੀਡੀਆ ਭਾਸ਼ਾ ਵਿੱਚ ਜੋ ਚਲਨ ਹੈ ਉਸ ਨੂੰ ਆਸਾਮ ਦੇ ਮੁੱਖ ਮੰਤਰੀ ਹਿੰਮਤਾ ਬਿਸਵਾ ਸਰਮਾ ਤੇ ਲੱਲਨਟਾਪ ਦੀ ਬਹਿਸ ਨੇ ਇੱਕ ਨਵਾਂ ਜਨਮ ਦਿੱਤਾ ਹੈ । ਹੁਣ ਪ੍ਰਸ਼ਨ ਪੈਦਾ ਹੁੰਦਾ ਹੈ ਕਿ ਅੱਜ ਕਿਹੜੀ ਭਾਸ਼ਾ ਟਕਸਾਲੀ ਹੈ ਤੇ ਕਿਹੜੀ ਭਾਰਤ ਦੀ ਤਹਿਜ਼ੀਬ ਅਤੇ ਰਾਜਨੀਤੀ ਦੀ ਸ਼ੁੱਧਤਾ ਦੀ ਭਾਸ਼ਾ ਹੈ । ਅੱਜ ਜਿਸ ਨੂੰ ਭਾਰਤੀਆਂ ਦੀ ਭਾਸ਼ਾ ਕਿਹਾ ਜਾ ਸਕੇ।

ਇਹ ਟਿੱਪਣੀ ਕਰਦਿਆਂ ਹੋਇਆਂ ਦੇਸ਼ ਦੇ ਉੱਘੇ ਲੇਖਕ ਅਤੇ ਭਾਸ਼ਾ 'ਤੇ ਪਹਿਲੀ ਖੋਜ ਕਰਨ ਵਾਲੇ ਲੇਖਕ, ਪੱਤਰਕਾਰ ਡਾ. ਕ੍ਰਿਸ਼ਨ ਕੁਮਾਰ ਰੱਤੂ ਦਾ ਮੰਨਣਾ ਹੈ ਕਿ ਹੁਣ ਦੁਨੀਆਂ ਬਦਲ ਗਈ ਹੈ ਤੇ ਆਉਣ ਵਾਲੇ ਦਿਨਾਂ ਦੇ ਵਿੱਚ ਇਹ ਭਾਸ਼ਾ ਦਾ ਟਕਰਾਵ ਆਮ ਦੇਖਿਆ ਜਾਏਗਾ । ਅੱਜ ਲਲਨ ਟੈਪ ਯੂਟਿਊਬ ਅਤੇ ਟੈਲੀਵਿਜ਼ਨ ਦੀ ਭਾਸ਼ਾ ਅਤੇ ਸੋਸ਼ਲ ਮੀਡੀਆ ਦੀ ਭਾਸ਼ਾ ਇੱਕ ਨਵੀਂ ਤਹਿਜੀਬ ਨੂੰ ਜਨਮ ਦੇ ਰਹੀ ਹੈ ਤੇ ਇਹ ਹੀ ਅੱਜ ਭਵਿੱਖ ਦੀ ਭਾਸ਼ਾ ਹੈ।

ਉਨ੍ਹਾਂ ਕਿਹਾ ਕਿ ਇਹ ਸਮਾਂ ਸਿਰਫ਼ ਰਾਜਨੀਤਿਕ ਟਕਰਾਅ ਦਾ ਨਹੀਂ, ਭਾਸ਼ਾ ਦੇ ਟੁੱਟਦੇ ਸੰਤੁਲਨ ਦਾ ਵੀ ਸਮਾਂ ਹੈ। ਪ੍ਰੈੱਸ ਕਾਨਫਰੰਸਾਂ ਤੋਂ ਲੈ ਕੇ ਸੰਸਦ ਅਤੇ ਵਿਧਾਨ ਸਭਾਵਾਂ ਤੱਕ, ਅਤੇ ਟੈਲੀਵਿਜ਼ਨ ਸਕ੍ਰੀਨਾਂ ਤੋਂ ਲੈ ਕੇ ਸੋਸ਼ਲ ਮੀਡੀਆ ਦੇ ਪਲੇਟਫਾਰਮਾਂ ਤੱਕ—ਭਾਸ਼ਾ ਇੱਕ ਨਵੇਂ ਰੂਪ ਵਿੱਚ ਸਾਹਮਣੇ ਆ ਰਹੀ ਹੈ। ਇਹ ਰੂਪ ਕਈ ਵਾਰ ਤਿੱਖਾ, ਕਈ ਵਾਰ ਅਪਮਾਨਜਨਕ ਅਤੇ ਕਈ ਵਾਰ ਖੁੱਲ੍ਹੀ ਨਫਰਤ ਨਾਲ ਭਰਪੂਰ ਦਿਖਾਈ ਦਿੰਦਾ ਹੈ।

ਅੱਜ ਸਵਾਲ ਇਹ ਨਹੀਂ ਕਿ ਕੌਣ ਕੀ ਕਹਿ ਰਿਹਾ ਹੈ; ਸਵਾਲ ਇਹ ਹੈ ਕਿ ਅਸੀਂ ਇੱਕ ਸਮਾਜ ਵਜੋਂ ਕਿੱਥੇ ਪਹੁੰਚ ਰਹੇ ਹਾਂ। ਭਾਸ਼ਾ ਵਿੱਚ ਤਮੀਜ਼ ਅਤੇ ਸੰਯਮ ਲਿਆਉਣਾ ਸਿਰਫ਼ ਨੇਤਾਵਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਮੀਡੀਆ ਅਤੇ ਸਮਾਜ ਦੀ ਵੀ ਹੈ। ਜਦੋਂ ਤੱਕ ਦਰਸ਼ਕ ਤਾਲੀਆਂ ਵਜਾਉਂਦੇ ਰਹਿਣਗੇ, ਤਿੱਖੀ ਭਾਸ਼ਾ ਨੂੰ ਉਤਸ਼ਾਹ ਮਿਲਦਾ ਰਹੇਗਾ। ਜਦੋਂ ਤੱਕ ਟੀ.ਆਰ.ਪੀ. ਅਤੇ ਵਾਇਰਲ ਹੋਣ ਦੀ ਦੌੜ ਜਾਰੀ ਰਹੇਗੀ, ਸੰਵੇਦਨਸ਼ੀਲਤਾ ਪਿੱਛੇ ਰਹੇਗੀ।

ਦੇਸ਼ ਦੇ ਉੱਘੇ ਮੀਡੀਆ ਵਿਸ਼ਲੇਸ਼ਕ ਡਾਕਟਰ ਰੱਤੂ ਦਾ ਇਹ ਵੀ ਕਹਿਣਾ ਹੈ ਕਿ ਪਿਛਲੇ ਕੁਝ ਦਿਨਾਂ ਵਿੱਚ ਜਿਹੜੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਉਹ ਸਿਰਫ਼ ਵਿਅਕਤੀਗਤ ਤਕਰਾਰ ਨਹੀਂ ਹਨ, ਸਗੋਂ ਇਹ ਇੱਕ ਵੱਡੇ ਭਾਸ਼ਾਈ ਸੰਕਟ ਦੀ ਨਿਸ਼ਾਨੀ ਹਨ। ਨੇਤਾਵਾਂ ਦੀ ਭਾਸ਼ਾ ਵਿੱਚ ਆ ਰਹੀ ਕੜਵਾਹਟ ਅਤੇ ਮੀਡੀਆ ਦੇ ਸਵਾਲਾਂ ਵਿੱਚ ਦਿਖ ਰਹੀ ਤੀਖਣਤਾ, (ਬਾਕੀ ਸਫਾ 2 'ਤੇ)

### ਨਸ਼ੇ ਦੀ ਓਵਰਡੋਜ਼ ਕਾਰਨ ਇੱਕੋ ਪਿੰਡ ਦੇ 2 ਨੌਜਵਾਨਾਂ ਦੀ ਮੌਤ

ਕਪੂਰਥਲਾ, 9 ਅਪ੍ਰੈਲ (ਚ.ਨ.ਸ.): ਕਪੂਰਥਲਾ ਵਿਚ ਨਸ਼ੇ ਦੀ ਓਵਰਡੋਜ਼ ਨਾਲ ਦੋ ਨੌਜਵਾਨਾਂ ਦੀ ਮੌਤ ਹੋਣ ਦੀ ਖ਼ਬਰ ਹੈ। ਥਾਣਾ ਢਿੱਲਵਾਂ ਦੇ ਪਿੰਡ ਰਾਏਪੁਰ ਅਰਾਈਆਂ 'ਚ ਨਸ਼ੇ ਨੇ ਦੋ ਘਰਾਂ 'ਚ ਸੱਥਰ ਵਿਛਾ ਦਿੱਤੇ ਹਨ, ਜਿੱਥੇ ਇਕੋ-ਦਿਨ ਚਿੱਟੇ ਦੀ ਓਵਰਡੋਜ਼ ਕਾਰਨ ਦੋ ਨੌਜਵਾਨਾਂ ਦੀ ਮੌਤ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਦਰਸ਼ਨ ਸਿੰਘ ਪੁੱਤਰ ਫੌਜਾ ਸਿੰਘ ਨੇ ਦੱਸਿਆ ਕਿ ਬਲਬੀਰ ਸਿੰਘ ਬਿੱਲਾ (35) ਪੁੱਤਰ ਸਤਪਾਲ ਸਿੰਘ ਨਸ਼ੇ ਕਰਨ ਦਾ ਆਦੀ ਸੀ। ਉਸ ਦੇ ਮਾਂ-ਪਿਓ ਅਤੇ ਭਰਾ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਇਸ ਦੀ ਭੈਣ ਵਿਆਹੀ ਹੋਈ ਹੈ ਅਤੇ ਹੁਣ ਘਰ 'ਚ ਬਲਬੀਰ ਸਿੰਘ ਇਕੱਲਾ ਹੀ ਰਹਿੰਦਾ ਸੀ। ਅੱਜ ਸਵੇਰੇ ਸਾਢੇ 8 ਵਜੇ ਜਦੋਂ ਇਸ ਦਾ ਸਾਥੀ ਉਸ ਨੂੰ ਕੰਮ 'ਤੇ ਨਾਲ ਲੈ ਕੇ ਜਾਣ ਲਈ (ਬਾਕੀ ਸਫਾ 2 'ਤੇ)

# ਈ.ਟੀ.ਓ. ਨੇ ਲੋਕ ਨਿਰਮਾਣ ਵਿਭਾਗ ਵੱਲੋਂ ਬਣਵਾਈਆਂ ਜਾ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਸਮੀਖਿਆ ਮੀਟਿੰਗ ਕੀਤੀ



ਚੰਡੀਗੜ੍ਹ, 9 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ ਸੂਬੇ ਵਿੱਚ ਬਣਵਾਈਆਂ ਜਾਂ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਅੱਜ ਪੰਜਾਬ ਭਵਨ ਵਿਖੇ ਵਿਸਥਾਰਤ ਸਮੀਖਿਆ ਮੀਟਿੰਗ ਕੀਤੀ ਗਈ।

ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਦੀਆਂ ਸੜਕਾਂ ਦੇ ਨਿਰਮਾਣ ਸਬੰਧੀ ਮਿੱਥੇ ਟੀਚਿਆਂ ਨੂੰ ਹਰ ਹਾਲਤ ਵਿੱਚ ਹਾਸਲ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਰਸਾਤੀ ਮੌਸਮ ਤੋਂ ਪਹਿਲਾਂ ਸੜਕੀ ਨਿਰਮਾਣ ਸਬੰਧੀ ਕਾਰਜ ਮੁਕੰਮਲ ਕਰ ਲਿਆ ਜਾਵੇ।

ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਅਧੀਨ ਸੜਕਾਂ ਦੇ ਨਿਰਮਾਣ ਵਿੱਚ ਨਵੀਂ ਤਕਨੀਕ ਫੁੱਲ ਡੇਪਥ ਰੈਕਲਾਮੇਸ਼ਨ ਨਾਲ ? ਪੇਂਡੂ ਸੜਕਾਂ ਦੇ ਮੁੜ ਨਿਰਮਾਣ ਦਾ ਕੰਮ ਕੀਤਾ ਜਾ ਰਿਹਾ ਹੈ। ਪਹਿਲੇ ਗੇੜ ਵਿੱਚ 410 ਕਿ ਮੀ ਸੜਕਾਂ ਨੂੰ ਇਸ ਤਕਨੀਕ ਰਾਹੀਂ ਮੁੜ ਉਸਾਰਿਆ ਜਾਵੇਗਾ। ਇਸ ਤਕਨੀਕ ਰਾਹੀਂ ਸੜਕ ਵਿੱਚ ਪਹਿਲਾਂ ਤੋਂ ਹੀ ਮੌਜੂਦ ਰੋਡ ਮੈਟਲ ਦਾ ਇਸਤੇਮਾਲ ਕਰਕੇ ਹੋਰ ਖਣਨ ਕਰਨ ਦੀ ਲੋੜ ਤੋਂ ਬਚਿਆ ਜਾ ਸਕੇਗਾ। ਇਸ ਨਾਲ ਵਾਤਾਵਰਨ ਦੇ ਪ੍ਰਦੂਸ਼ਣ ਤੋਂ ਬਚਾਅ ਵੀ ਹੋਵੇਗਾ ਅਤੇ ਸੜਕਾਂ ਦੇ ਲੈਵਲ ਨੂੰ ਬੇਲੋੜੇ ਚੁੱਕਣ ਤੋਂ ਵੀ ਬਚਿਆ ਜਾ ਸਕੇਗਾ।

ਕੈਬਨਿਟ ਮੰਤਰੀ ਨੇ ਹਦਾਇਤ ਦਿੱਤੀ ਕਿ ਬੀਤੇ ਦਿਨੀਂ ਹੋਈ ਬੇਮੌਸਮੀ ਬਾਰਿਸ਼ ਨਾਲ ? ਕੰਮ ਵਿੱਚ ਹੋਈ ਦੇਰੀ ਨੂੰ ਖ਼ਤਮ ਕਰਨ ਲਈ ਹੋਰ ਤੇਜ਼ੀ ਨਾਲ ਕੰਮ ਕਰਕੇ ਪ੍ਰਗਤੀ ਨੂੰ ਵਧਾਇਆ ਜਾਵੇ।

ਮੀਟਿੰਗ ਦੌਰਾਨ ਅਧਿਕਾਰੀਆ ਵਲੋਂ ਦਸਿਆ ਗਿਆ ਕਿ ਸੂਬਾ ਵਿਚ ਹੌਟ ਮਿਕਸ ਪਲਾਂਟਾਂ ਨੇ ਆਪਣੀ ਪੂਰੀ ਸਮਰੱਥਾ ਅਨੁਸਾਰ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਜਿਸ ਸਦਕਾ ਸੂਬੇ ਵਿੱਚ ਰੋਜ਼ਾਨਾ 200 ਕਿਲੋਮੀਟਰ ਤੋਂ ਵੱਧ ਸੜਕ ਉਸਾਰੀ ਦਾ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਰਾਜ ਵਿਚ 30 ਜੂਨ, 2026 ਤੱਕ ਲਗਭਗ 45000 ਕਿਲੋਮੀਟਰ ਸੜਕਾਂ ਦੀ ਉਸਾਰੀ ਦਾ ਕੰਮ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਖਾੜੀ ਦੇਸ਼ਾਂ ਵਿੱਚ ਚਲ ਰਹੀ ਜੰਗ ਕਾਰਨ ਬਿਟੂਮਨ ਦੀ ਕੁਝ ਘਾਟ ਪੈਦਾ ਹੋ ਰਹੀ ਹੈ, ਪ੍ਰੰਤੂ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਸ ਸਮੱਸਿਆਂ ਨਾਲ ਨਜਿੱਠਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ।

ਇਸ ਦੌਰਾਨ ਵਿਭਾਗ ਦੇ ਪ੍ਰਬੰਧਕੀ ਸਕੱਤਰ ਸ਼੍ਰੀ ਰਵੀ ਭਗਤ, ਸੰਯੁਕਤ ਸਕੱਤਰ ਸ਼੍ਰੀ ਅਮਰਬੀਰ ਸਿੱਧੂ, ਇੰਜੀਨਅਰ ਇਨ ਚੀਫ਼ ਗਗਨਦੀਪ ਸਿੰਘ, ਮੁੱਖ ਇੰਜੀਨੀਅਰ ਅਨਿਲ ਗੁਪਤਾ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਵਾਲ ਉਠਾਉਣਾ ਪੰਥ 'ਤੇ ਸਿੱਧਾ ਹਮਲਾ, ਸੁਖਬੀਰ ਬਾਦਲ ਨੂੰ ਇਸ ਹਮਲੇ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦੈ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 9 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਸੁਖਬੀਰ ਸਿੰਘ ਬਾਦਲ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ 2 ਦਸੰਬਰ, 2024 ਦੇ ਹੁਕਮਾਂ ਸਬੰਧੀ ਟਿੱਪਣੀਆਂ 'ਤੇ ਆਲੋਚਨਾ ਕਰਦਿਆਂ ਕਿਹਾ ਕਿ ਅਜਿਹੇ ਬਿਆਨ ਸਿੱਖ ਪੰਥ ਦੀ ਸਰਵਉੱਚ ਤਾਕਤ ਨੂੰ ਢਾਹ ਲਗਾਉਂਦੇ ਹਨ ਅਤੇ ਇਸਦੀ ਪਵਿੱਤਰਤਾ ਅਤੇ ਭਾਈਚਾਰੇ ਦੀਆਂ ਸਮੂਹਿਕ ਭਾਵਨਾਵਾਂ 'ਤੇ ਸਿੱਧਾ ਹਮਲਾ ਹਨ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਪੰਥ ਦਾ ਸਰਵਉੱਚ ਅਧਿਆਤਮਿਕ ਕੇਂਦਰ ਹੈ ਅਤੇ ਇਸ ਤੋਂ ਜਾਰੀ ਹਰ ਹੁਕਮਨਾਮਾ ਅਕਾਲ ਪੁਰਖ ਦਾ ਬ੍ਰਹਮ ਹੁਕਮ ਹੈ, ਇਸ 'ਤੇ ਕੋਈ ਵੀ ਸਵਾਲ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਤਖਤ ਸਾਹਿਬ ਦੀ ਤਾਕਤ ਨੂੰ ਚੁਣੌਤੀ ਦਿੰਦੇ ਹਨ, ਉਹ ਪੰਥ ਦੀ ਨੁਮਾਇੰਦਗੀ ਕਰਨ ਦਾ ਦਾਅਵਾ ਨਹੀਂ ਕਰ ਸਕਦੇ।

ਤੁਰੰਤ ਦਖਲ ਦੀ ਮੰਗ ਕਰਦਿਆਂ



ਉਨ੍ਹਾਂ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਤਖ਼ਤ ਸਾਹਿਬ 'ਤੇ ਇਸ ਹਮਲੇ ਦਾ ਸਖ਼ਤ ਨੋਟਿਸ ਲੈਣ ਦੀ ਅਪੀਲ ਕੀਤੀ। ਇਸੇ ਸੰਦਰਭ ਵਿੱਚ, ਹਰਜੋਤ ਸਿੰਘ ਬੈਂਸ ਨੇ ਧਾਰਮਿਕ ਅਤੇ ਵਿਰਾਸਤੀ ਮਾਮਲਿਆਂ ਵਿੱਚ ਸਿਆਸੀ ਦਖਲਅੰਦਾਜ਼ੀ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਐਸਜੀਪੀਸੀ ਨੇ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਨੂੰ ਸ੍ਰੀ ਅਨੰਦਪੁਰ ਸਾਹਿਬ ਹੈਰੀਟੇਜ ਸਟਰੀਟ ਪ੍ਰੋਜੈਕਟ ਦਾ ਸਿਹਰਾ ਨਾ ਦੇਣ ਲਈ ਇਸ ਪ੍ਰੋਜੈਕਟ ਦਾ ਲੱਗਭੱਗ 90 ਫੀਸਦ ਹਿੱਸਾ ਬਦਲ ਦਿੱਤਾ। ਉਨ੍ਹਾਂ ਕਿਹਾ ਕਿ ਲੋਕ ਯਾਦ ਰੱਖਣਗੇ ਕਿ ਇਸ ਧਾਰਮਿਕ ਅਤੇ ਸੱਭਿਆਚਾਰਕ ਮਹੱਤਤਾ ਵਾਲੇ ਪ੍ਰੋਜੈਕਟ ਨੂੰ ਕਿਸਨੇ ਰੋਕਿਆ ਸੀ।

ਉਨ੍ਹਾਂ ਅੱਗੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਲਈ ਸਰਬੋਤਮ ਅਧਿਆਤਮਕ ਅਤੇ ਦੁਨਿਆਵੀ ਕੇਂਦਰ ਹੈ। ਉੱਥੋਂ ਜਾਰੀ ਹੋਇਆ ਹਰ ਹੁਕਮਨਾਮਾ ਇੱਕ ਬ੍ਰਹਮ ਹੁਕਮ ਹੁੰਦਾ ਹੈ ਅਤੇ ਇਸ 'ਤੇ ਕੋਈ ਸਵਾਲ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਜੋ ਕੋਈ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮਨਾਮੇ 'ਤੇ ਸਵਾਲ ਉਠਾਉਂਦਾ ਹੈ, ਤਾਂ ਉਹ ਗੁਰੂ ਸਾਹਿਬ ਨੂੰ ਜਵਾਬਦੇਹ ਹੋਵੇਗਾ।

ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਆਪਣੇ ਸ਼ਬਦਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕੀਤਾ ਹੈ। ਇਹ ਸਾਡੇ ਵਿਸ਼ਵਾਸ 'ਤੇ ਹਮਲਾ ਹੈ। ਕੋਈ ਵੀ ਸਿੱਖ ਜੋ ਅਕਾਲ ਤਖ਼ਤ ਦੇ ਹੁਕਮਨਾਮੇ ਨੂੰ ਨਹੀਂ ਮੰਨਦਾ ਜਾਂ ਇਸਦੀ ਅਥਾਰਟੀ 'ਤੇ ਸਵਾਲ ਉਠਾਉਂਦਾ ਹੈ, ਉਹ ਸਿੱਖ ਕਹਾਉਣ ਦੇ ਆਪਣੇ ਅਧਿਕਾਰ ਨੂੰ ਗੁਆ ਦਿੰਦਾ ਹੈ। ਇਸ ਲਈ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਵੀ ਸੁਖਬੀਰ ਸਿੰਘ ਬਾਦਲ ਦੇ ਬਿਆਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਥ ਨੂੰ ਤਖ਼ਤ ਦੀ ਅਥਾਰਟੀ 'ਤੇ ਸਵਾਲ ਉਠਾਉਣ ਦੀ ਕਿਸੇ ਵੀ ਕੋਸ਼ਿਸ਼ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ ਹੈ।

ਸ੍ਰੀ ਆਨੰਦਪੁਰ ਸਾਹਿਬ ਹੈਰੀਟੇਜ ਸਟਰੀਟ ਪ੍ਰੋਜੈਕਟ ਸਬੰਧੀ ਮੀਡੀਆ ਦੇ ਸਵਾਲ ਦਾ ਜਵਾਬ ਦਿੰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨੇ ਇਸ ਪ੍ਰੋਜੈਕਟ 'ਤੇ ਇਸ ਡਰੋਂ ਰੋਕ ਲਗਾ ਦਿੱਤੀ ਸੀ ਕਿ ਇਸਦਾ ਸਿਹਰਾ ਦੂਜਿਆਂ ਨੂੰ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਮੈਨੂੰ ਦੋ ਮਹੀਨਿਆਂ ਲਈ ਸੈਰ-ਸਪਾਟਾ ਵਿਭਾਗ ਦਾ ਕਾਰਜਭਾਰ ਸੰਭਾਲਿਆ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਪੂਰੇ ਉਤਸ਼ਾਹ ਨਾਲ ਸ੍ਰੀ ਆਨੰਦਪੁਰ ਸਾਹਿਬ ਲਈ ਹੈਰੀਟੇਜ ਸਟਰੀਟ ਪ੍ਰੋਜੈਕਟ ਤਿਆਰ ਕੀਤਾ। ਇਸਦੀ ਸ਼੍ਰੋਮਣੀ ਕਮੇਟੀ ਦੁਆਰਾ ਜਾਂਚ ਵੀ ਕੀਤੀ ਗਈ ਸੀ। ਅੱਜ ਵੀ ਪ੍ਰੋਜੈਕਟ ਦਾ ਇੱਕ ਮਾਡਲ, ਜਿਸ ਵਿੱਚ ਇੱਕ ਡਿਊਡੀ ਵੀ ਸ਼ਾਮਲ ਹੈ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਹਮਣੇ ਰੱਖਿਆ ਹੋਇਆ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਵਿਰਾਸਤੀ ਗਲੀ ਪ੍ਰੋਜੈਕਟ ਦੇ ਮੂਲ ਡਿਜ਼ਾਈਨ ਦਾ 90 ਫੀਸਦ ਹਿੱਸਾ ਰਾਜਨੀਤਿਕ ਕਾਰਨਾਂ ਕਰਕੇ ਬਦਲ ਦਿੱਤਾ, ਕਿਉਂਕਿ ਸ਼੍ਰੋਮਣੀ ਕਮੇਟੀ ਨਹੀਂ ਚਾਹੁੰਦੀ ਸੀ ਕਿ ਇਸਦਾ ਸਿਹਰਾ ਹਰਜੋਤ ਸਿੰਘ ਬੈਂਸ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਾਂ ਕਿਸੇ ਹੋਰ ਨੂੰ ਮਿਲੇ।

ਉਨ੍ਹਾਂ ਅੱਗੇ ਕਿਹਾ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਹਿਲਾਂ ਹੀ ਇਸੇ ਤਰ੍ਹਾਂ ਦੀ ਡਿਓੜੀ ਬਣੀ ਹੋਈ ਹੈ। ਫਿਰ ਪ੍ਰਵਾਨਿਤ ਡਿਜ਼ਾਈਨ ਦਾ 90 ਫੀਸਦ ਹਿੱਸਾ ਕਿਉਂ ਬਦਲਿਆ ਗਿਆ? ਪਰ ਜਿਵੇਂ ਕਿ ਮੈਂ ਕਿਹਾ ਹੈ ਸ਼੍ਰੋਮਣੀ ਕਮੇਟੀ ਪ੍ਰਧਾਨ ਜਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਜੋ ਵੀ ਫੈਸਲਾ ਲੈਣ, ਉਹ ਸਾਡੇ ਲਈ ਪੰਥ ਦੇ ਹੁਕਮ ਸਮਾਨ ਹੈ। ਉਨ੍ਹਾਂ ਕਿਹਾ ਕਿ ਉਕਤ ਪ੍ਰੋਜੈਕਟ ਨੂੰ ਮੁਕੰਮਲ ਹੁੰਦਾ ਦੇਖਣਾ ਮੇਰੀ ਦਿਲੀ ਇੱਛਾ ਸੀ।

ਉਨ੍ਹਾਂ ਦੱਸਿਆ ਕਿ ਪ੍ਰਸਤਾਵਿਤ ਲਾਂਘੇ ਦਾ ਉਦੇਸ਼ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ, ਉਹ ਪਵਿੱਤਰ ਅਸਥਾਨ ਜਿੱਥੇ ਨੌਵੇਂ ਪਾਤਸ਼ਾਹ ਦੇ ਪਵਿੱਤਰ ਸੀਸ ਦਾ ਸਸਕਾਰ ਕੀਤਾ ਗਿਆ ਸੀ ਅਤੇ ਜਿੱਥੇ ਗੁਰੂ ਗੋਬਿੰਦ ਸਿੰਘ ਜੀ ਸ੍ਰੀ ਆਨੰਦਪੁਰ ਸਾਹਿਬ ਵਿੱਚ ਰਹਿੰਦੇ ਸਮੇਂ ਰੋਜ਼ਾਨਾ ਮੱਥਾ ਟੇਕਦੇ ਸਨ, ਨਾਲ ਜੋੜਨਾ ਸੀ। ਅਸੀਂ ਸਿੱਖ ਸੰਸਥਾ ਦੇ ਫੈਸਲੇ ਨੂੰ ਪੂਰੇ ਦਿਲ ਨਾਲ ਸਵੀਕਾਰ ਕਰਦੇ ਹਾਂ। ਉਨ੍ਹਾਂ ਕਿਹਾ ਕਿ ਹੁਣ ਫੈਸਲਾ ਕੌਮ ਅਤੇ ਸ੍ਰੀ ਅਨੰਦਪੁਰ ਸਾਹਿਬ ਦੇ ਲੋਕ ਕਰਨਗੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਹਮੇਸ਼ਾ ਯਾਦ ਰੱਖੇਗੀ ਕਿ ਸ਼੍ਰੋਮਣੀ ਕਮੇਟੀ ਨੇ ਅਜਿਹਾ ਨਹੀਂ ਹੋਣ ਦਿੱਤਾ।

ਇਨ੍ਹਾਂ ਤਬਦੀਲੀਆਂ 'ਤੇ ਨਿਰਾਸ਼ਾ ਪ੍ਰਗਟ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵੱਲ ਮੌਜੂਦਾ ਝੁਕਾਅ ਬਹੁਤ ਜ਼ਿਆਦਾ ਹੈ। ਮੈਂ ਇਸ ਸਬੰਧੀ ਪੌੜੀਆਂ, ਇੱਕ ਲਿਫਟ ਅਤੇ ਨਗਰ ਕੀਰਤਨ ਲਈ ਇੱਕ ਖੁੱਲ੍ਹੇ ਰਸਤੇ ਦੀ ਯੋਜਨਾ ਬਣਾਈ ਸੀ। ਅੱਜ ਨਾ ਤਾਂ ਬਜ਼ੁਰਗ ਅਤੇ ਨਾ ਹੀ ਹੋਰ ਬਹੁਤ ਸਾਰੇ ਲੋਕ ਢਲਾਣ 'ਤੇ ਚੜ੍ਹ ਸਕਦੇ ਹਨ, ਪਰ ਸ਼੍ਰੋਮਣੀ ਕਮੇਟੀ ਦਾ ਜੋ ਵੀ ਹੁਕਮ ਹੋਵੇ, ਅਸੀਂ ਮੰਨਣ ਲਈ ਤਿਆਰ ਹਾਂ। ਉਨ੍ਹਾਂ ਪੁਸ਼ਟੀ ਕੀਤੀ ਕਿ ਇਹ ਪ੍ਰੋਜੈਕਟ ਹੁਣ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਗੁਰਦੁਆਰਾ ਸੀਸ ਗੰਜ ਸਾਹਿਬ ਅਤੇ ਕਿਲ੍ਹਾ ਅਨੰਦਗੜ੍ਹ ਸਾਹਿਬ ਤੱਕ ਚਲਾਇਆ ਜਾਵੇਗਾ।

# ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ 245 ਕਰੋੜ ਦੀ ਰਾਸ਼ੀ ਜਾਰੀ, 2.45 ਲੱਖ ਵਿਦਿਆਰਥੀਆਂ ਨੂੰ ਵਡੀ ਰਾਹਤ : ਡਾ. ਬਲਜੀਤ ਕੌਰ

ਚੰਡੀਗੜ੍ਹ, 9 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਿਦਿਆਰਥੀਆਂ ਦੀ ਉੱਚ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੱਤੀ ਕਿ ਵਿੱਤੀ ਸਾਲ 2025-26 ਦੌਰਾਨ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਪੰਜਾਬ ਸਰਕਾਰ ਦੇ ਹਿੱਸੇ ਵਜੋਂ 245 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਸਕੀਮ ਤਹਿਤ 2 ਲੱਖ 45 ਹਜ਼ਾਰ ਤੋਂ ਵੱਧ ਯੋਗ ਵਿਦਿਆਰਥੀਆਂ ਦਾ ਡਾਟਾ ਪ੍ਰਾਪਤ ਹੋਇਆ ਹੈ, ਜਿਨ੍ਹਾਂ ਨੂੰ ਇਸ ਰਕਮ ਨਾਲ ਸਿੱਧਾ ਲਾਭ ਮਿਲੇਗਾ।



ਉਨ੍ਹਾਂ ਕਿਹਾ ਕਿ ਇਹ ਸਕਾਲਰਸ਼ਿਪ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ ਅਤੇ ਇਸ ਨਾਲ ਹਜ਼ਾਰਾਂ ਪਰਿਵਾਰਾਂ 'ਤੇ ਪੜ੍ਹਾਈ ਦਾ ਵਿੱਤੀ ਬੋਝ ਘਟਿਆ ਹੈ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਕੋਈ ਵੀ ਯੋਗ ਵਿਦਿਆਰਥੀ ਸਿਰਫ ਆਰਥਿਕ ਤੰਗੀ ਕਾਰਨ ਆਪਣੀ ਪੜ੍ਹਾਈ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਹਜ਼ਾਰਾਂ ਵਿਦਿਆਰਥੀਆਂ ਲਈ ਉਮੀਦ ਦੀ ਨਵੀਂ ਕਿਰਣ ਬਣ ਰਹੀ ਹੈ, ਜਿਸ ਨਾਲ ਉਹ ਆਪਣੇ ਭਵਿੱਖ ਨੂੰ ਨਵੀਂ ਦਿਸ਼ਾ ਦੇ ਸਕਦੇ ਹਨ।

ਡਾ. ਬਲਜੀਤ ਕੌਰ ਨੇ ਹੋਰ ਕਿਹਾ ਕਿ ਜਦੋਂ ਗਰੀਬ ਪਰਿਵਾਰਾਂ ਦੇ ਬੱਚੇ ਉੱਚ ਸਿੱਖਿਆ ਹਾਸਲ ਕਰਕੇ ਅੱਗੇ ਵਧਦੇ ਹਨ ਤਾਂ ਇਹ ਨਾ ਸਿਰਫ ਉਨ੍ਹਾਂ ਦੇ ਪਰਿਵਾਰਾਂ, ਸਗੋਂ ਪੂਰੇ ਸਮਾਜ ਦੀ ਤਰੱਕੀ ਦਾ ਰਾਹ ਖੋਲ੍ਹਦਾ ਹੈ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਸਮਾਜਿਕ ਨਿਆਂ, ਸਮਾਨ ਮੌਕਿਆਂ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਵਚਨਬੱਧ ਹੈ।

# ਪਹਿਲੇ ਸਫ਼ੇ ਦੀ ਬਾਕੀ

## ਅਮਰੀਕਾ ਨੇ ਜੰਗਬੰਦੀ ਦੀਆਂ

ਜਲ ਮਾਰਗ ਵਿੱਚ ਜਹਾਜ਼ਾਂ ਦੀ ਆਵਾਜਾਈ ਹਾਲੇ ਤਕ ਰੁਕੀ ਹੋਈ ਹੈ। ਰਿਪੋਰਟਾਂ ਮੁਤਾਬਕ ਪਿਛਲੇ 24 ਘੰਟਿਆਂ ਵਿੱਚ ਇਸ ਰਸਤੇ ਤੋਂ ਸਿਰਫ਼ ਇਕ ਤੇਲ ਟੈਂਕਰ ਅਤੇ ਪੰਜ ਮਾਲਵਾਹਕ ਜਹਾਜ਼ ਹੀ ਲੰਘ ਸਕੇ ਹਨ। ਸੰਘਰਸ਼ ਸ਼ੁਰੂ ਹੋਣ ਤੋਂ ਪਹਿਲਾਂ ਇਸ ਮਹੱਤਵਪੂਰਨ ਜਲ ਮਾਰਗ ਰਾਹੀਂ ਰੋਜ਼ਾਨਾ ਤਕਰੀਬਨ 140 ਜਹਾਜ਼ ਗੁਜ਼ਰਦੇ ਸਨ, ਪਰ ਫਰਵਰੀ ਦੇ ਅਖੀਰ ਵਿੱਚ ਈਰਾਨ ਅਤੇ ਅਮਰੀਕਾ ਵਿਚਾਲੇ ਸ਼ੁਰੂ ਹੋਈ ਜੰਗ ਕਾਰਨ ਇਹ ਗਿਣਤੀ ਬਹੁਤ ਜ਼ਿਆਦਾ ਘਟ ਗਈ ਹੈ। ਜੰਗਬੰਦੀ ਤੋਂ ਬਾਅਦ ਵੀ ਹਾਲਾਤ ਹਾਲੇ ਆਮ ਵਰਗੇ ਨਹੀਂ ਹੋਏ ਹਨ ਅਤੇ ਸਮੁੰਦਰੀ ਵਪਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।

ਜੰਗਬੰਦੀ ਦੇ ਬਾਵਜੂਦ ਹੋਰਮੁਜ਼ ਜਲ ਮਾਰਗ ਵਿੱਚ ਜਹਾਜ਼ਾਂ ਦੀ ਆਵਾਜਾਈ ਠੱਪ: ਅਮਰੀਕਾ ਅਤੇ ਈਰਾਨ ਵਿਚਕਾਰ ਜੰਗਬੰਦੀ ਦੇ ਬਾਵਜੂਦ ਹੋਰਮੁਜ਼ ਜਲ ਮਾਰਗ ਵਿੱਚ ਜਹਾਜ਼ਾਂ ਦੀ ਆਵਾਜਾਈ ਹਾਲੇ ਤਕ ਰੁਕੀ ਹੋਈ ਹੈ। ਰਿਪੋਰਟਾਂ ਮੁਤਾਬਕ ਪਿਛਲੇ 24 ਘੰਟਿਆਂ ਵਿੱਚ ਇਸ ਰਸਤੇ ਤੋਂ ਸਿਰਫ਼ ਇਕ ਤੇਲ ਟੈਂਕਰ ਅਤੇ ਪੰਜ ਮਾਲਵਾਹਕ ਜਹਾਜ਼ ਹੀ ਲੰਘ ਸਕੇ ਹਨ। ਸੰਘਰਸ਼ ਸ਼ੁਰੂ ਹੋਣ ਤੋਂ ਪਹਿਲਾਂ ਇਸ ਮਹੱਤਵਪੂਰਨ ਜਲ ਮਾਰਗ ਰਾਹੀਂ ਰੋਜ਼ਾਨਾ ਤਕਰੀਬਨ 140 ਜਹਾਜ਼ ਗੁਜ਼ਰਦੇ ਸਨ, ਪਰ ਫਰਵਰੀ ਦੇ ਅਖੀਰ ਵਿੱਚ ਈਰਾਨ ਅਤੇ ਅਮਰੀਕਾ ਵਿਚਾਲੇ ਸ਼ੁਰੂ ਹੋਈ ਜੰਗ ਕਾਰਨ ਇਹ ਗਿਣਤੀ ਬਹੁਤ ਜ਼ਿਆਦਾ ਘਟ ਗਈ ਹੈ। ਜੰਗਬੰਦੀ ਤੋਂ ਬਾਅਦ ਵੀ ਹਾਲਾਤ ਹਾਲੇ ਆਮ ਵਰਗੇ ਨਹੀਂ ਹੋਏ ਹਨ ਅਤੇ ਸਮੁੰਦਰੀ ਵਪਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ।

## 'ਜੇ ਜੰਗਬੰਦੀ ਤੋੜੀ ਗਈ ਤਾਂ ਹਮਲੇ

ਲਈ ਬੇਹੱਦ ਖਾਸ ਮੰਨਿਆ ਜਾਂਦਾ ਹੈ ਤੇ ਅਮਰੀਕਾ ਚਾਹੁੰਦਾ ਹੈ ਕਿ ਇੱਥੋਂ ਲੰਘਣ ਵਾਲੇ ਤੇਲ ਟੈਂਕਰਾਂ ਤੇ ਹੋਰ ਜਹਾਜ਼ਾਂ ਦੀ ਆਵਾਜਾਈ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਣ ਦਿੱਤਾ ਜਾਵੇ। ਹਾਲਾਂਕਿ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਇਹ ਆਸਾਨ ਨਹੀਂ ਦਿਖ ਰਿਹਾ। ਇਹ ਵੀ ਖਬਰ ਹੈ ਕਿ ਟਰੰਪ ਨੇ ਈਰਾਨ ਦੇ 10 ਨੁਕਾਤੀ ਪ੍ਰਸਤਾਵ ਨੂੰ ਨਾ ਮਨਜ਼ੂਰ ਕਰ ਦਿੱਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ ਪ੍ਰਸਤਾਵ ਕੂੜੇਦਾਨ ਵਿਚ ਸੁੱਟ ਦਿੱਤਾ ਗਿਆ ਤੇ ਇਸ ਨੂੰ ਸਵੀਕਾਰ ਕਰਨ ਦਾ ਕੋਈ ਸਵਾਲ ਹੀ ਨਹੀਂ ਹੈ। ਉਨ੍ਹਾਂ ਮੁਤਾਬਕ ਈਰਾਨ ਵੱਲੋਂ ਜੋ ਪ੍ਰਸਤਾਵ ਆਇਆ ਹੈ, ਉਸ ਨੂੰ ਸਿਰਫ ਗੱਲਬਾਤ ਦੇ ਇਕ ਵਿਵਹਾਰਕ ਆਧਾਰ ਵਜੋਂ ਦੇਖਿਆ ਜਾ ਰਿਹਾ ਹੈ ਨਾ ਕਿ ਕਿਸੇ ਤਰ੍ਹਾਂ ਦੀ ਸਹਿਮਤੀ ਵਜੋਂ।

## ਲੇਬਨਾਨ 'ਚ ਇਜ਼ਰਾਈਲੀ ਹਮਲਿਆਂ

ਫੈਸਲਾ ਕਰਨਾ ਪਵੇਗਾ ਕਿ ਉਹ ਜੰਗਬੰਦੀ ਲਾਗੂ ਕਰਦਾ ਹੈ ਜਾਂ ਇਜ਼ਰਾਈਲ ਰਾਹੀਂ ਜੰਗ ਜਾਰੀ ਰੱਖਦਾ ਹੈ, ਕਿਉਂਕਿ ਦੋਵੇਂ ਇਕੱਠੇ ਨਹੀਂ ਚੱਲ ਸਕਦੇ।' ਈਰਾਨ ਯੁੱਧ ਦਾ ਹੁਣ ਵਿਸ਼ਵਵਿਆਪੀ ਖੁਰਾਕ ਸੁਰੱਖਿਆ 'ਤੇ ਅਸਰ ਪੈ ਰਿਹਾ ਹੈ। ਵਿਸ਼ਵ ਬੈਂਕ, ਅੰਤਰਰਾਸ਼ਟਰੀ ਮੁਦਰਾ ਫੰਡ, ਅਤੇ ਸੰਯੁਕਤ ਰਾਸ਼ਟਰ ਵਿਸ਼ਵ ਖੁਰਾਕ ਪ੍ਰੋਗਰਾਮ ਨੇ ਇੱਕ ਸਾਂਝਾ ਬਿਆਨ ਜਾਰੀ ਕਰਕੇ ਚੇਤਾਵਨੀ ਦਿੱਤੀ ਹੈ ਕਿ ਤੇਲ, ਕੁਦਰਤੀ ਗੈਸ ਅਤੇ ਖਾਦ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਭੋਜਨ ਨੂੰ ਹੋਰ ਮਹਿੰਗਾ ਬਣਾ ਦੇਵੇਗਾ ਅਤੇ ਭੋਜਨ ਤੱਕ ਪਹੁੰਚ ਹੋਰ ਵੀ ਮੁਸ਼ਕਲ ਹੋ ਜਾਵੇਗੀ। ਇਨ੍ਹਾਂ ਵਿਸ਼ਵਵਿਆਪੀ ਸੰਗਠਨਾਂ ਨੇ ਕਿਹਾ ਕਿ ਮੱਧ ਪੂਰਬ ਵਿੱਚ ਜੰਗ ਨਾ ਸਿਰਫ਼ ਇਸ ਖੇਤਰ ਵਿੱਚ ਸਗੋਂ ਪੂਰੀ ਦੁਨੀਆ ਦੇ ਲੋਕਾਂ ਦੇ ਜੀਵਨ ਅਤੇ ਰੋਜ਼ੀ-ਰੋਟੀ ਨੂੰ ਪ੍ਰਭਾਵਿਤ ਕਰ ਰਹੀ ਹੈ।

## ਨਾਰੀ ਸ਼ਕਤੀ ਦੇ ਸਹਿਯੋਗ ਨਾਲ ਪੂਰਾ

ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸਾਰੀਆਂ ਪਾਰਟੀਆਂ ਨੂੰ ਅਪੀਲ ਕਰਨੀ ਚਾਹੀਦੀ ਹੈ ਕਿ 16 ਤੋਂ 18 ਅਪਰੈਲ ਤੱਕ ਹੋਣ ਵਾਲੇ ਬਜਟ ਸੈਸ਼ਨ ਵਿੱਚ ਜਦੋਂ ਉਨ੍ਹਾਂ ਦੇ ਸੰਸਦ ਮੈਂਬਰ ਸੈਸ਼ਨ ਵਿੱਚ ਸ਼ਾਮਲ ਹੋਣ ਤਾਂ ਉਹ 2029 ਤੱਕ ਮਹਿਲਾ ਰਾਖਵਾਂਕਰਨ ਨੂੰ ਪਾਸ ਕਰਨ ਦੇ ਏਜੰਡੇ ਨੂੰ ਮਨਜ਼ੂਰੀ ਦੇਣ।

ਦੱਸ ਦਈਏ ਕਿ ਸੱਤਾਧਾਰੀ ਭਾਜਪਾ ਮਹਿਲਾ ਰਾਖਵਾਂਕਰਨ ਦੇ ਇਸ ਮੁੱਦੇ ਨੂੰ ਇੱਕ ਵੱਡੀ ਰਾਸ਼ਟਰੀ ਮੁਹਿੰਮ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ।

## ਨਸ਼ਾ ਤਸਕਰ ਦੀ ਮੱਦਦ ਕਰਨ ਦੇ ਦੋਸ਼ 'ਚ ਪੰਜ ਪੁਲਿਸ

ਬਣਾਉਣ ਲਈ ਸਰਕਾਰੀ ਰਿਕਾਰਡ ਨਾਲ ਛੇੜਛਾੜ ਕਰਨ ਅਤੇ ਨੋ ਆਬਜੈਕਸ਼ਨ ਸਰਟੀਫਿਕੇਟ (ਐੱਨ.ਓ.ਸੀ.) ਜਾਰੀ ਕਰਨ ਦੇ ਦੋਸ਼ ਹਨ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਨੇ ਕਥਿਤ ਤੌਰ 'ਤੇ ਭੇਸ ਬਦਲ ਕੇ ਐੱਨ.ਓ.ਸੀ. ਉੱਤੇ ਏ.ਐੱਸ.ਆਈ. ਬਲਬੀਰ ਸਿੰਘ ਦੇ ਜਾਅਲੀ ਦਸਤਖਤ ਕੀਤੇ ਸਨ, ਜਿਸ ਨਾਲ ਖੇਤਰੀ ਪਾਸਪੋਰਟ ਦਫ਼ਤਰ (ਰੂ+) ਦੁਆਰਾ ਲੋੜੀਂਦੀਆਂ ਲਾਜ਼ਮੀ ਤਸਦੀਕ ਪ੍ਰਕਿਰਿਆਵਾਂ ਨੂੰ ਬਾਈਪਾਸ (ਨਜ਼ਰਅੰਦਾਜ਼) ਕੀਤਾ ਗਿਆ ਸੀ। ਰਿਪੋਰਟ ਅਨੁਸਾਰ ਇਹ ਧੋਖਾਧੜੀ ਵਾਲੀ ਕਲੀਅਰੈਂਸ ਲਗਪਗ ਇੱਕ ਸਾਲ ਪਹਿਲਾਂ ਹੋਈ ਸੀ। ਪ੍ਰਭਜੀਤ ਨੂੰ ਇਸ ਕੇਸ ਵਿੱਚ 6 ਅਪ੍ਰੈਲ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ ਅਤੇ ਬਾਕੀ ਚਾਰ ਪੁਲਿਸ ਮੁਲਾਜ਼ਮਾਂ ਨੂੰ 8 ਅਪ੍ਰੈਲ ਨੂੰ ਮੁਅੱਤਲ ਕੀਤਾ ਗਿਆ। ਸ਼ੌਨ ਭਿੰਡਰ, ਅੰਤਰਰਾਸ਼ਟਰੀ ਨਸ਼ਾ ਤਸਕਰੀ ਵਿੱਚ ਵੱਡਾ ਨਾਮ ਹੈ ਅਤੇ ਉਸ ਨੂੰ ਪਿਛਲੇ ਸਾਲ ਸਦਰ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ। ਉਸ ਸਮੇਂ, ਰਿਪੋਰਟਾਂ ਅਨੁਸਾਰ ਉਹ ਕਰੋੜਾਂ ਡਾਲਰ ਦੇ ਨਸ਼ਾ ਤਸਕਰੀ ਨੈੱਟਵਰਕ ਦੇ ਸਬੰਧ ਵਿੱਚ ਸੰਯੁਕਤ ਰਾਜ ਅਮਰੀਕਾ ਸਥਿਤ ਫੈਡਰਲ ਬਿਊਰੋ ਆਫ ਇਨਵੈਸਟੀਗੇਸ਼ਨ (629) ਨੂੰ ਲੋੜੀਂਦਾ ਸੀ। ਅਧਿਕਾਰੀਆਂ ਨੇ ਦੋਸ਼ ਲਾਇਆ ਸੀ ਕਿ ਭਿੰਡਰ ਕੋਲੰਬੀਆ ਤੋਂ ਅਮਰੀਕਾ ਅਤੇ ਕੈਨੇਡਾ ਸਮੇਤ ਹੋਰ ਦੇਸ਼ਾਂ ਵਿੱਚ ਵੱਡੀ ਮਾਤਰਾ ਵਿੱਚ ਕੋਕੀਨ ਦੀ ਸਮਗਲਿੰਗ ਦਾ ਤਾਲਮੇਲ ਕਰਦਾ ਸੀ। ਉਸ ਦੀ ਗ੍ਰਿਫ਼ਤਾਰੀ ਦੇ ਬਾਵਜੂਦ ਭਿੰਡਰ ਨੂੰ ਬਾਅਦ ਵਿੱਚ ਇੱਕ ਸਥਾਨਕ ਅਦਾਲਤ ਨੇ ਬਰੀ ਕਰ ਦਿੱਤਾ ਸੀ। ਉਸ ਦਾ ਪਾਸਪੋਰਟ, ਜੋ ਕੇਸ ਦੀ ਜਾਇਦਾਦ ਵਜੋਂ ਜ਼ਬਤ ਕਰਕੇ ਪੁਲਿਸ ਕੋਲ ਜਮ੍ਹਾਂ ਕਰਵਾਇਆ ਗਿਆ ਸੀ, ਉਸ ਵਲੋਂ ਐੱਨ.ਓ.ਸੀ. ਪੇਸ਼ ਕਰਨ ਤੋਂ ਬਾਅਦ ਵਾਪਸ ਕਰ ਦਿੱਤਾ ਗਿਆ ਸੀ—ਜੋ ਐੱਨ.ਓ.ਸੀ. ਹੁਣ ਕਥਿਤ ਜਾਅਲਸਾਜ਼ੀ ਲਈ ਜਾਂਚ ਦੇ ਘੇਰੇ ਵਿੱਚ ਹੈ। ਫਿਰੋਜ਼ਪੁਰ ਰੇਂਜ ਦੀ ਡਿਪਟੀ ਇੰਸਪੈਕਟਰ ਜਨਰਲ (ਡੀ.ਆਈ.ਜੀ.) ਸਨੇਹ ਸ਼ਰਮਾ ਨੇ ਦੱਸਿਆ ਕਿ ਸਾਰੇ ਪੰਜੇ ਮੁਲਜ਼ਮ ਅਧਿਕਾਰੀ ਫਿਲਹਾਲ ਫਰਾਰ ਹਨ। ਪੁਲਿਸ ਟੀਮਾਂ ਨੇ ਉਨ੍ਹਾਂ ਨੂੰ ਸ਼ੱਕੀ ਟਿਕਾਣਿਆਂ ਤੋਂ ਗ੍ਰਿਫ਼ਤਾਰ ਕਰਨ ਲਈ ਕਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਵਿਰੁੱਧ ਭਾਰਤੀ ਨਿਆ ਸੰਹਿਤਾ ਦੀਆਂ ਧਾਰਾਵਾਂ 256, 336(2), 336(3), 339, 340(2), ਅਤੇ 61(2) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

## ਨਿਤੀਸ਼ ਕੁਮਾਰ ਅੱਜ ਰਾਜ ਸਭਾ ਮੈਂਬਰ ਵਜੋਂ

ਵਜੋਂ ਸਹੁੰ ਚੁੱਕਣ ਦੇ ਨਾਲ ਹੀ ਭਾਜਪਾ ਕੋਰ ਗਰੁੱਪ ਦੀ ਬੈਠਕ ਵੀ ਦਿੱਲੀ 'ਚ ਪ੍ਰਸਤਾਵਿਤ ਹੈ। ਬੈਠਕ 'ਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਨਾਲ-ਨਾਲ ਬਿਹਾਰ ਪ੍ਰਦੇਸ਼ ਪ੍ਰਧਾਨ ਸੰਜੇ ਸਰਾਵਗੀ, ਉੱਪ ਮੁੱਖ ਮੰਤਰੀ ਸਮਰਾਟ ਚੌਧਰੀ ਅਤੇ ਵਿਜੇ ਕੁਮਾਰ ਸਿਨਹਾ ਅਤੇ ਸੀਨੀਅਰ ਨੇਤਾ ਸ਼ਾਮਲ ਹੋਣਗੇ।

ਮੰਨਿਆ ਜਾ ਰਿਹਾ ਹੈ ਕਿ ਇਸੇ ਬੈਠਕ 'ਚ ਰਾਜ ਦੇ ਨਵੇਂ ਮੁੱਖ ਮੰਤਰੀ ਦੇ ਨਾਂ 'ਤੇ ਲੱਗਭੱਗ ਸਹਿਮਤੀ ਬਣ ਸਕਦੀ ਹੈ। ਜਨਤਾ ਦਲ ਯੂਨਾਈਟੇਡ (ਜੇਡੀਯੂ) ਦੇ ਇਕ ਸੀਨੀਅਰ ਨੇਤਾ ਨੇ ਦੱਸਿਆ ਕਿ 14 ਅਪ੍ਰੈਲ ਨੂੰ ਨਿਤੀਸ਼ ਕੁਮਾਰ ਮੁੱਖ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਸਕਦੇ ਹਨ। ਅਸਤੀਫ਼ੇ ਦੇ ਤੁਰੰਤ ਬਾਅਦ ਰਾਸ਼ਟਰੀ ਜਨਤਾਂਤਰਿਕ ਗੱਠਜੋੜ (ਰਾਜਗ) ਦੇ ਵਿਧਾਨਮੰਡਲ ਦਲ ਦੀ ਬੈਠਕ ਹੋਵੇਗੀ, ਜਿਸ 'ਚ ਨਵੇਂ ਨੇਤਾ ਦੀ ਚੋਣ ਕਰ ਕੇ ਬਿਹਾਰ ਦੇ ਅਗਲੇ ਮੁੱਖ ਮੰਤਰੀ ਦੇ ਨਾਂ 'ਤੇ ਮੋਹਰ ਲਗਾਈ ਜਾਵੇਗੀ। ਜਨਤਾ ਦਲ (ਯੂ) ਦੇ ਸੀਨੀਅਰ ਨੇਤਾ ਅਤੇ ਸੰਸਦੀ ਕਾਰਜ ਮੰਤਰੀ ਵਿਜੇ ਕੁਮਾਰ ਚੌਧਰੀ ਨੇ ਬੁੱਧਵਾਰ ਨੂੰ ਪੁਸ਼ਟੀ ਕੀਤੀ ਕਿ ਮੁੱਖ ਮੰਤਰੀ 9 ਅਪ੍ਰੈਲ ਨੂੰ ਦਿੱਲੀ ਰਵਾਨਾ ਹੋਣਗੇ ਅਤੇ 11 ਅਪ੍ਰੈਲ ਤੱਕ ਉਨ੍ਹਾਂ ਦੇ ਪਟਨਾ ਆਉਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਇਹ ਨਿਤੀਸ਼ ਕੁਮਾਰ ਦਾ ਨਿੱਜੀ ਅਤੇ ਰਾਜਨੀਤਕ ਫੈਸਲਾ ਹੈ ਅਤੇ ਰਾਜਗ ਦੇ ਸਾਰੇ ਘਟਕ ਦਲ ਇਸ ਦਾ ਸਨਮਾਨ ਕਰਦੇ ਹਨ। ਚੌਧਰੀ ਨੇ ਕਿਹਾ,"ਭਾਜਪਾ ਵੱਡੀ ਪਾਰਟੀ ਹੈ, ਇਸ ਲਈ ਲੀਡਰਸ਼ਿਪ ਦੀ ਭੂਮਿਕਾ ਉਸੇ ਕੋਲ ਰਹਿੰਦੀ ਹੈ ਅਤੇ ਫੈਸਲੇ ਵੀ ਸਮੂਹਿਕ ਰੂਪ ਨਾਲ ਲਏ ਜਾਣਗੇ।" ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਰਾਜਗ ਪੂਰੀ ਤਰ੍ਹਾਂ ਇਕਜੁਟ ਹੈ ਅਤੇ ਅੱਗੇ ਦੀ ਰਣਨੀਤੀ ਮਿਲ ਕੇ ਤੈਅ ਕੀਤੀ ਜਾਵੇਗੀ।

## ਲਾਲਜੀਤ ਭੁੱਲਰ ਖਿਲਾਫ਼ ਸਬੂਤ ਨਸ਼ਟ

ਸੱਚਾਈ ਦਾ ਪਰਦਾਫਾਸ਼ ਕਰਨ ਲਈ ਮਾਮਲੇ ਦੇ ਹਰ ਪਹਿਲੂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ, ਅੰਮ੍ਰਿਤਸਰ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਵੱਲੋਂ ਖ਼ੁਦਕੁਸ਼ੀ ਕਰ ਲਈ ਗਈ ਸੀ ਤੇ ਖ਼ੁਦਕੁਸ਼ੀ ਤੋਂ ਪਹਿਲਾਂ ਵੀਡੀਓ ਬਣਾ ਕੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਇਸ ਲਈ ਜ਼ਿੰਮੇਵਾਰ ਠਹਿਰਾਇਆ ਗਿਆ ਸੀ। ਇਸ ਮਾਮਲੇ ਵਿਚ ਪੀੜਤ ਪਰਿਵਾਰ ਤੇ ਵਿਰੋਧੀ ਧਿਰਾਂ ਦੀ ਜੱਦੋ-ਜਹਿਦ ਮਗਰੋਂ ਪਹਿਲਾਂ ਲਾਲਜੀਤ ਸਿੰਘ ਭੁੱਲਰ ਵੱਲੋਂ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦਿੱਤਾ ਗਿਆ ਤੇ ਅੰਮ੍ਰਿਤਸਰ ਪੁਲਿਸ ਨੇ ਫਤਿਹਗੜ੍ਹ ਸਾਹਿਬ ਪੁਲਿਸ ਦੀ ਮੱਦਦ ਨਾਲ ਭੁੱਲਰ ਨੂੰ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫ਼ਤਾਰ ਕੀਤਾ ਸੀ। ਪਰਿਵਾਰ ਵਾਲੇ ਸੀ.ਬੀ.ਆਈ. ਜਾਂਚ ਦੀ ਮੰਗ ਕਰ ਰਹੇ ਸਨ। ਪਰ ਅਤੇ ਲਾਲਜੀਤ ਭੁੱਲਰ ਖ਼ਿਲਾਫ਼ ਇੱਕ ਹੋਰ ਧਾਰਾ ਜੋੜ ਲਈ ਗਈ, ਜਿਸ ਨਾਲ ਉਨ੍ਹਾਂ ਦੀਆਂ ਮੁਸ਼ਕਿਲਾਂ ਹੁਣ ਵਧੀਆਂ ਨਜ਼ਰ ਆ ਰਹੀ ਹਨ।

## ਰੰਧਾਵਾ ਦੇ ਪਰਿਵਾਰ ਵੱਲੋਂ

ਜਾਂਚ ਦਾ ਐਲਾਨ ਕੀਤਾ ਗਿਆ ਸੀ, ਪਰ ਅਜੇ ਤੱਕ ਉਸ ਦਾ ਕੋਈ ਨਤੀਜਾ ਸਾਹਮਣੇ ਨਹੀਂ ਆਇਆ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਨਾ ਤਾਂ ਸਰਕਾਰ ਵੱਲੋਂ ਪਰਿਵਾਰ ਨਾਲ ਸੰਪਰਕ ਕੀਤਾ ਅਤੇ ਨਾ ਹੀ ਉਨ੍ਹਾਂ ਨੂੰ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਗਿਆ। ਪਰਿਵਾਰ ਦੇ ਅਨੁਸਾਰ ਇਹ ਮਾਮਲਾ ਵਿੱਤੀ ਗੜਬੜ ਅਤੇ ਭ੍ਰਿਸ਼ਟਾਚਾਰ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਕੁਝ ਵਿਅਕਤੀਆਂ ਨੇ ਮਿਲ ਕੇ ਗਗਨਦੀਪ ਸਿੰਘ ਰੰਧਾਵਾ ਨੂੰ ਟੈਂਡਰਾਂ ਦੇ ਮਾਮਲੇ ਵਿੱਚ ਤੰਗ ਕੀਤਾ ਅਤੇ ਆਖ਼ਿਰਕਾਰ ਉਨ੍ਹਾਂ ਨੂੰ ਅਜਿਹੇ ਹਾਲਾਤ ਵਿੱਚ ਧੱਕਿਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਖ਼ੁਦਕੁਸ਼ੀ ਕਰ ਲਈ। ਇਸ ਮਾਮਲੇ ਵਿੱਚ ਈਡੀ ਜਾਂਚ ਦੀ ਵੀ ਮੰਗ ਕੀਤੀ ਗਈ ਹੈ ਤਾਂ ਜੋ ਪੈਸੇ ਦੇ ਲੈਣ ਦੇਣ ਅਤੇ ਜਾਇਦਾਦ ਦੀ ਪੂਰੀ ਜਾਂਚ ਹੋ ਸਕੇ। ਪਰਿਵਾਰ ਨੇ ਦੱਸਿਆ ਕਿ ਹੁਣ ਤੱਕ ਸਿਰਫ਼ ਇੱਕ ਵਿਅਕਤੀ ਦੀ ਗ੍ਰਿਫ਼ਤਾਰੀ ਹੋਈ ਹੈ, ਜਦਕਿ ਬਾਕੀ ਦੋਸ਼ੀ ਅਜੇ ਵੀ ਆਜ਼ਾਦ ਘੁੰਮ ਰਹੇ ਹਨ। ਉਨ੍ਹਾਂ ਨੇ ਇਹ ਵੀ ਦੋਸ਼ ਲਗਾਇਆ ਕਿ ਦੋਸ਼ੀਆਂ ਦੇ ਪਰਿਵਾਰ ਵੱਲੋਂ ਰਾਜੀਨਾਮੇ ਲਈ ਦਬਾਅ ਬਣਾਇਆ ਜਾ ਰਿਹਾ ਹੈ ਅਤੇ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਕੁਝ ਕਾਰਵਾਈ ਕੀਤੀ ਗਈ ਹੈ ਅਤੇ ਕੁਝ ਨਵੀਆਂ ਧਾਰਾਵਾਂ ਵੀ ਜੋੜੀਆਂ ਗਈਆਂ ਹਨ, ਪਰ ਇਹ ਕਾਫ਼ੀ ਨਹੀਂ ਹੈ। ਪਰਿਵਾਰ ਦਾ ਕਹਿਣਾ ਹੈ ਕਿ ਜੇ ਸਰਕਾਰ ਨੂੰ ਮੁਲਜ਼ਮ ਦੀ ਬੇਗੁਨਾਹੀ 'ਤੇ ਯਕੀਨ ਸੀ ਤਾਂ ਤੁਰੰਤ ਸੀ.ਬੀ.ਆਈ. ਜਾਂਚ ਲਈ ਸਹਿਮਤੀ ਦੇਣੀ ਚਾਹੀਦੀ ਸੀ। ਪਰਿਵਾਰ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਵਿੱਚ ਸੀ.ਬੀ.ਆਈ. ਜਾਂਚ ਕਰਵਾਈ ਜਾਵੇ ਅਤੇ ਸਾਰੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇ ਇਨਸਾਫ ਨਾ ਮਿਲਿਆ ਤਾਂ ਉਹ ਸੜਕਾਂ 'ਤੇ ਉਤਰ ਕੇ ਧਰਨਾ ਦੇਣਗੇ ਅਤੇ ਜਨਤਾ ਤੋਂ ਵੀ ਸਾਥ ਦੀ ਅਪੀਲ ਕਰਨਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਨਾ ਹੋਈ ਤਾਂ ਭਵਿੱਖ ਵਿੱਚ ਕਿਸੇ ਵੀ ਸਰਕਾਰੀ ਅਧਿਕਾਰੀ ਨੂੰ ਇਨਸਾਫ ਮਿਲਣਾ ਮੁਸ਼ਕਿਲ ਹੋ ਸਕਦਾ ਹੈ।

## ਆਸਾਮ 'ਚ ਚੋਣਾਂ ਦੌਰਾਨ ਪੋਲਿੰਗ ਸਟੇਸ਼ਨਾਂ

ਸੂਚਨਾ ਮਿਲੀ। ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਭੀੜ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ। ਜਦੋਂ ਭੀੜ ਨੇ ਗੱਲ ਨਹੀਂ ਮੰਨੀ ਤਾਂ ਉਨ੍ਹਾਂ ਨੂੰ ਖਿੰਡਾਉਣ ਲਈ ਹਵਾ ਵਿੱਚ ਗੋਲੀਆਂ ਚਲਾਈਆਂ ਗਈਆਂ।' ਉਨ੍ਹਾਂ ਕਿਹਾ ਕਿ ਮੌਕੇ ਤੋਂ ਚਾਰ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀ) ਨੇ ਕਿਹਾ ਕਿ ਇੱਕ ਹੋਰ ਘਟਨਾ ਵਿੱਚ ਸ਼ਿਵਸਾਗਰ ਵਿੱਚ ਇੱਕ ਰਾਜਨੀਤਿਕ ਪਾਰਟੀ ਦੇ ਦੋ ਤੋਂ ਤਿੰਨ ਮੈਂਬਰਾਂ 'ਤੇ ਹਮਲਾ ਕੀਤਾ ਗਿਆ।

ਉਨ੍ਹਾਂ ਕਿਹਾ, 'ਅਸੀਂ ਉੱਥੋਂ ਤਿੰਨ ਲੋਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਜਾਂਚ ਜਾਰੀ ਹੈ।' ਸ਼ਿਵਸਾਗਰ ਸੀਟ ਤੋਂ ਦੁਬਾਰਾ ਚੋਣ ਲੜਨ ਦੀ ਮੰਗ ਕਰ ਰਹੇ ਅਖਿਲ ਗੋਗੋਈ ਨੇ ਦੋਸ਼ ਲਗਾਇਆ ਕਿ ਇਸ ਘਟਨਾ ਪਿੱਛੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਕੁਸ਼ਲ ਦੋਵਾਰੀ ਦਾ ਹੱਥ ਹੈ। ਸੋਸ਼ਲ ਮੀਡੀਆ 'ਤੇ ਕਈ ਪੋਸਟਾਂ ਵਿੱਚ ਗੋਗੋਈ ਨੇ ਦਾਅਵਾ ਕੀਤਾ ਕਿ ਹਮਲੇ ਵਿੱਚ ਦੋ ਲੋਕ ਜ਼ਖਮੀ ਹੋਏ ਹਨ ਅਤੇ ਉਨ੍ਹਾਂ ਦੇ ਵਾਹਨਾਂ ਨੂੰ ਨੁਕਸਾਨ ਪਹੁੰਚਿਆ ਹੈ। ਬੋਡੋਲੈਂਡ ਟੈਰੀਟੋਰੀਅਲ ਕੌਂਸਲ (ਬੀਟੀਸੀ) ਦੇ ਮੁੱਖ ਕਾਰਜਕਾਰੀ ਮੈਂਬਰ ਹਗਰਾਮਾ ਮੋਹਿਲਰੀ ਨੇ ਕਿਹਾ ਕਿ ਇੱਕ ਵਿਸਥਾਰਤ ਜਾਂਚ ਤੋਂ ਤਾਮੁਲਪੁਰ ਵਿੱਚ ਹੋਏ ਝੜਪ ਦੇ ਕਾਰਨ ਦਾ ਪਤਾ ਲੱਗੇਗਾ। ਉਨ੍ਹਾਂ ਕਿਹਾ, 'ਹਾਲਾਤ ਹੁਣ ਆਮ ਹਨ। ਅਸੀਂ ਸਥਿਤੀ 'ਤੇ ਨਜ਼ਰ ਰੱਖ ਰਹੇ ਹਾਂ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਣ ਲਈ ਢੁਕਵੇਂ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।'

126 ਮੈਂਬਰੀ ਅਸਾਮ ਵਿਧਾਨ ਸਭਾ ਲਈ ਵੋਟਿੰਗ ਜਾਰੀ ਹੈ, ਜੋ 722 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰੇਗੀ। ਵੋਟਿੰਗ ਸ਼ਾਮ 5 ਵਜੇ ਤੱਕ ਜਾਰੀ ਰਹੇਗੀ ਅਤੇ ਗਿਣਤੀ 4 ਮਈ ਨੂੰ ਹੋਵੇਗੀ। ਸ਼੍ਰੀਭੂਮੀ, ਗੋਲਾਘਾਟ ਅਤੇ ਨਾਗਾਓਂ ਜ਼ਿਲ੍ਹਿਆਂ ਦੇ ਕਈ ਪੋਲਿੰਗ ਸਟੇਸ਼ਨਾਂ 'ਤੇ ਮਾਮੂਲੀ ਝੜਪਾਂ ਹੋਣ ਦੀ ਰਿਪੋਰਟ ਮਿਲੀ। ਇਕ ਅਧਿਕਾਰੀ ਨੇ ਦੱਸਿਆ, 'ਜ਼ਿਆਦਾਤਰ ਝੜਪਾਂ ਭੀੜ-ਭੜੱਕੇ ਕਾਰਨ ਹੋਈਆਂ, ਜਿਸ ਵਿਚ ਲੋਕ ਲਾਈਨਾਂ ਤੋੜਨ ਨੂੰ ਲੈ ਕੇ ਆਪਸ ਵਿੱਚ ਲੜ ਪਏ।' ਉਨ੍ਹਾਂ ਕਿਹਾ ਕਿ ਪਥਰਕੰਡੀ, ਮੇਰਾਪਾਣੀ ਅਤੇ ਰਾਹਾ ਵਰਗੇ ਸਥਾਨਾਂ 'ਤੇ ਕੁਝ ਪੋਲਿੰਗ ਸਟੇਸ਼ਨਾਂ 'ਤੇ ਸੱਤਾਧਾਰੀ ਅਤੇ ਵਿਰੋਧੀ ਪਾਰਟੀਆਂ ਦੇ ਸਮਰਥਕਾਂ ਵਿਚਕਾਰ ਝੜਪਾਂ ਹੋਈਆਂ। ਹਾਲਾਂਕਿ, ਪੁਲਿਸ ਉਨ੍ਹਾਂ ਇਲਾਕਿਆਂ ਵਿੱਚ ਪਹਿਲਾਂ ਹੀ ਮੌਜੂਦ ਸੀ ਅਤੇ ਸਥਿਤੀ ਨੂੰ ਤੁਰੰਤ ਕਾਬੂ ਵਿੱਚ ਕਰ ਲਿਆ ਗਿਆ। ਵੋਟਿੰਗ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਹੈ। ਇਨ੍ਹਾਂ ਚੋਣਾਂ ਵਿੱਚ ਭਾਜਪਾ ਦੀ ਅਗਵਾਈ ਵਾਲਾ ਰਾਸ਼ਟਰੀ ਲੋਕਤੰਤਰੀ ਗਠਜੋੜ (ਐਨਡੀਏ) ਲਗਾਤਾਰ ਤੀਜੀ ਵਾਰ ਸੱਤਾ ਵਿੱਚ ਆਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਕਾਂਗਰਸ ਉਸ ਸੂਬੇ ਨੂੰ ਵਾਪਸ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਉਸ ਨੇ ਇੱਕ ਦਹਾਕਾ ਪਹਿਲਾਂ ਗੁਆ ਦਿੱਤਾ ਸੀ।

## ਪਠਾਣਮਾਜਰਾ ਨੂੰ ਸੁਰੱਖਿਆ ਕਾਰਨਾਂ ਕਰਕੇ ਭੇਜਿਆ

ਅਦਾਲਤ ਨੇ ਨਿਆਂਇਕ ਰਿਮਾਂਡ 'ਤੇ ਪਟਿਆਲਾ ਕੇਂਦਰੀ ਜੇਲ੍ਹ ਭੇਜ ਦਿੱਤਾ ਸੀ। ਜੇਲ੍ਹ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਹੁਕਮਾਂ 'ਤੇ ਪਠਾਣਮਾਜਰਾ ਨੂੰ ਪਟਿਆਲਾ ਤੋਂ ਬਠਿੰਡਾ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪਟਿਆਲਾ ਜੇਲ੍ਹ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਦਾ ਕਹਿਣਾ ਹੈ ਕਿ ਇਹ ਕਾਰਵਾਈ ਸੁਰੱਖਿਆ ਕਾਰਨਾਂ ਕਰਕੇ ਕੀਤੀ ਗਈ ਸੀ। ਇਸ ਦੌਰਾਨ, ਪਠਾਣਮਾਜਰਾ ਦੇ ਪਰਿਵਾਰ ਦਾ ਦਾਅਵਾ ਹੈ ਕਿ ਇਹ ਉਨ੍ਹਾਂ ਨੂੰ ਤੰਗ ਕਰਨ ਲਈ ਕੀਤਾ ਗਿਆ। ਹਰਮੀਤ ਸਿੰਘ ਪਠਾਣਮਾਜਰਾ ਨੂੰ 25 ਮਾਰਚ ਨੂੰ ਸਵੇਰੇ ਸ਼ਿਵਪੁਰੀ, ਗਵਾਲੀਅਰ ਤੋਂ ਪੁਲਿਸ ਨੇ ਗ੍ਰਿਫ਼ਤਾਰ ਕੀਤਾ ਸੀ। ਫਿਰ ਪਟਿਆਲਾ ਪੁਲਿਸ ਉਸ ਨੂੰ ਪੰਜਾਬ ਲੈ ਆਈ। ਪਠਾਣਮਾਜਰਾ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਪੁੱਛਗਿੱਛ ਲਈ ਰਿਮਾਂਡ 'ਤੇ ਲਿਆ ਗਿਆ।ਪੁਲਿਸ ਰਿਮਾਂਡ ਖ਼ਤਮ ਹੋਣ ਤੋਂ ਬਾਅਦ, ਉਸ ਨੂੰ ਪਟਿਆਲਾ ਕੇਂਦਰੀ ਜੇਲ੍ਹ ਵਿੱਚ ਰੱਖਿਆ ਗਿਆ। 8 ਅਪ੍ਰੈਲ ਨੂੰ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਸੁਰੱਖਿਆ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ ਪਠਾਣਮਾਜਰਾ ਨੂੰ ਪਟਿਆਲਾ ਤੋਂ ਬਠਿੰਡਾ ਕੇਂਦਰੀ ਜੇਲ੍ਹ ਵਿੱਚ ਤਬਦੀਲ ਕਰਨ ਦੇ ਹੁਕਮ ਦਿੱਤੇ। ਜੇਲ੍ਹ ਸੁਪਰਡੈਂਟ ਨੇ ਤੁਰੰਤ ਪਠਾਣਮਾਜਰਾ ਨੂੰ ਬਠਿੰਡਾ ਤਬਦੀਲ ਕਰ ਦਿੱਤਾ।

## ਨਸ਼ੇ ਦੀ ਓਵਰਡੋਜ਼ ਕਾਰਨ ਇੱਕੋ ਪਿੰਡ ਦੇ

ਆਇਆ ਤਾਂ ਇਸ ਨੇ ਦਰਵਾਜ਼ਾ ਨਹੀਂ ਖੋਲ੍ਹਿਆ ਤਾਂ ਇਸ ਦੇ ਦੋਸਤ ਨੇ ਕੰਧ ਟੱਪ ਕੇ ਅੰਦਰ ਵੇਖਿਆ ਤਾਂ ਇਸ ਦੀ ਲਾਸ਼ ਰਸੋਈ ਵਿੱਚ ਪਈ ਸੀ। ਲਾਸ਼ ਦੇ ਨੇੜੇ ਹੀ ਸਰਿੰਜਾਂ ਅਤੇ ਕੁਝ ਪੁੜੀਆਂ ਪਈਆਂ ਹੋਈਆਂ ਸਨ ਅਤੇ ਫਿਰ ਇਸ ਨੂੰ ਚੁੱਕ ਕੇ ਰਸੋਈ 'ਚੋਂ ਬਾਹਰ ਲਿਆਂਦਾ ਗਿਆ। ਇਸੇ ਤਰ੍ਹਾਂ ਘਟਨਾ ਤੋਂ ਕੁਝ ਘੰਟੇ ਬਾਅਦ ਹੀ ਇਕ ਹੋਰ ਨੌਜਵਾਨ ਨਸ਼ਿਆਂ ਦੀ ਭੇਟ ਚੜ੍ਹ ਗਿਆ। ਜਾਣਕਾਰੀ ਦਿੰਦੇ ਪਿੰਡ ਦੇ ਮੁਹਤਬਰ ਸਟੀਫਨ ਕਾਲਾ ਨੇ ਦੱਸਿਆ ਕਿ ਉਨ੍ਹਾਂ ਨੂੰ ਕਿਸੇ ਦਾ ਆਇਆ ਕਿ ਸ਼ੈਲੀ ਪੁੱਤਰ ਹੰਸ ਰਾਜ ਪਿੰਡ ਦੇ ਟਿੱਬੀ ਪੀਰ ਵਾਲੇ ਪਾਸੇ ਟੀਕਾ ਲਾਕੇ ਬੇਹੋਸ਼ ਪਿਆ, ਇਸ ਦੇ ਘਰਦਿਆਂ ਨੂੰ ਸੂਚਿਤ ਕਰੋ। ਇਸ ਦੌਰਾਨ ਉਕਤ ਨੌਜਵਾਨ ਨੂੰ ਚੁੱਕ ਕੇ ਸੁਭਾਨਪੁਰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਿਊਟੀ 'ਤੇ ਤਾਇਨਾਤ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਮਾਮਲੇ ਤੋਂ ਬਾਅਦ ਪਿੰਡ ਵਾਸੀਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਨੇ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਨਾਰਾਜ਼ਗੀ ਜ਼ਾਹਰ ਕਰਦੇ ਹੋਏ ਕਿਹਾ ਕਿ ਇਲਾਕੇ 'ਚ ਚਿੱਟੇ ਦੀ ਵਿਕਰੀ ਬੇਰੋਕ-ਟੋਕ ਚੱਲ ਰਹੀ ਹੈ, ਜਿਸ ਕਾਰਨ ਨੌਜਵਾਨ ਪੀੜ੍ਹੀ ਬਰਬਾਦ ਹੋ ਰਹੀ ਹੈ। ਪਿੰਡ ਦੇ ਵਸਨੀਕਾਂ ਨੇ ਮੰਗ ਕੀਤੀ ਹੈ ਕਿ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਇਲਾਕੇ 'ਚ ਚੱਲ ਰਹੇ ਨਸ਼ੇ ਦੇ ਗੋਰਖਧੰਦੇ ਨੂੰ ਤੁਰੰਤ ਬੰਦ ਕੀਤਾ ਜਾਵੇ।

## ਰੂਸ-ਯੂਕ੍ਰੇਨ ਜੰਗ 'ਚ ਹੁਣ ਤਕ ਮਾਰੇ

ਰੂਸੀ ਫ਼ੌਜ ਵਿਚ ਭਰਤੀ ਨਵੀਂ ਦਿੱਲੀ ਅਤੇ ਮਾਸਕੋ ਦੇ ਮਜ਼ਬੂਤ ਸਬੰਧਾਂ ਵਿਚ ਇਕ ਵੱਡੀ ਰੁਕਾਵਟ ਬਣੀ ਹੋਈ ਹੈ। ਭਾਰਤ ਸਰਕਾਰ ਨੇ ਕਈ ਵਾਰ ਰੂਸ ਕੋਲ ਇਹ ਮੁੱਦਾ ਉਠਾਇਆ ਹੈ ਕਿ ਭਾਰਤੀਆਂ ਨੂੰ ਜੰਗ ਦੇ ਮੈਦਾਨ ਵਿਚੋਂ ਤੁਰਤ ਵਾਪਸ ਭੇਜਿਆ ਜਾਵੇ। ਜਾਣਕਾਰੀ ਅਨੁਸਾਰ 35 ਦੇ ਕਰੀਬ ਭਾਰਤੀ ਅਜੇ ਵੀ ਰੂਸੀ ਫ਼ੌਜ ਦੀਆਂ ਫ਼ਰੰਟ ਲਾਈਨਾਂ 'ਤੇ ਤਾਇਨਾਤ ਹਨ। ਭਾਰਤ ਉਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਰੂਸੀ ਅਧਿਕਾਰੀਆਂ ਨਾਲ ਲਗਾਤਾਰ ਗੱਲਬਾਤ ਕਰ ਰਿਹਾ ਹੈ। ਇਸ ਦੌਰਾਨ ਵਿਦੇਸ਼ ਮੰਤਰਾਲੇ ਨੇ ਵਾਰ-ਵਾਰ ਭਾਰਤੀ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਰੂਸ ਵਿਚ ਵਧੀਆ ਨੌਕਰੀਆਂ ਦੇ ਨਾਂ 'ਤੇ ਦਿਤੇ ਜਾਣ ਵਾਲੇ ਝਾਂਸੇ 'ਚ ਨਾ ਫਸਣ। ਅਕਸਰ ਨੌਜਵਾਨਾਂ ਨੂੰ ਇਹ ਕਹਿ ਕੇ ਲਿਜਾਇਆ ਜਾਂਦਾ ਹੈ ਕਿ ਉਨ੍ਹਾਂ ਨੂੰ ਰੂਸ 'ਚ ਚੰਗੀ ਨੌਕਰੀ, ਜਿਵੇਂ ਹੋਟਲ, ਮਾਲ ਜਾਂ ਫ਼ੈਕਟਰੀ ਆਦਿ 'ਚ ਲਵਾਇਆ ਜਾਵੇਗਾ ਪਰ ਬਾਅਦ ਵਿਚ ਉਨ੍ਹਾਂ ਨੂੰ ਜੰਗੀ ਮੋਰਚਿਆਂ 'ਤੇ ਤਾਇਨਾਤ ਕਰ ਦਿਤਾ ਜਾਂਦਾ ਹੈ।

## ਰੂਸ ਵੱਲੋਂ ਭਾਰਤ ਸਮੇਤ ਦੱਖਣੀ ਏਸ਼ੀਆਈ ਦੇਸ਼ਾਂ ਨੂੰ 40 ਫ਼ੀਸਦੀ

ਨਾਲ ਹੀ ਰੂਸੀ ਵਿਕਰੇਤਾਵਾਂ ਨੇ ਪਾਬੰਦੀਆਂ ਦੇ ਖ਼ਤਰੇ ਤੋਂ ਬਚਣ ਲਈ ਇੱਕ ਨਵੀਂ ਚਾਲ ਚੱਲੀ ਹੈ। ਰਿਪੋਰਟਾਂ ਅਨੁਸਾਰ ਰੂਸ ਅਜਿਹੇ ਦਸਤਾਵੇਜ਼ ਮੁਹੱਈਆ ਕਰਵਾਉਣ ਦੀ ਪੇਸ਼ਕਸ਼ ਵੀ ਕਰ ਰਿਹਾ ਹੈ ਜਿਸ ਨਾਲ ਇਹ ਦਿਖਾਇਆ ਜਾ ਸਕੇ ਕਿ ਇਹ ਗੈਸ ਰੂਸ ਤੋਂ ਨਹੀਂ, ਸਗੋਂ ਓਮਾਨ ਜਾਂ ਨਾਈਜੀਰੀਆ ਵਰਗੇ ਗੈਰ-ਰੂਸੀ ਸਰੋਤਾਂ ਤੋਂ ਆਈ ਹੈ। ਇਸ ਤਰ੍ਹਾਂ ਖਰੀਦਦਾਰ ਦੇਸ਼ ਅੰਤਰਰਾਸ਼ਟਰੀ ਪਾਬੰਦੀਆਂ ਦੇ ਉਲੰਘਣ ਦੇ ਦੋਸ਼ਾਂ ਤੋਂ ਬਚ ਸਕਦੇ ਹਨ। ਇਹ ਸਾਰਾ ਕਾਰੋਬਾਰ ਸਿੱਧੇ ਤੌਰ 'ਤੇ ਨਹੀਂ, ਸਗੋਂ ਚੀਨ ਅਤੇ ਰੂਸ ਵਿੱਚ ਸਥਿਤ ਛੋਟੀਆਂ ਅਤੇ ਗੁੰਮਨਾਮ ਵਿਚੋਲਗੀ ਕੰਪਨੀਆਂ ਰਾਹੀਂ ਚਲਾਇਆ ਜਾ ਰਿਹਾ ਹੈ। ਮਾਹਰਾਂ ਅਨੁਸਾਰ, ਰੂਸ ਦਾ ਇਹ ਕਦਮ ਨਾ ਸਿਰਫ਼ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਹੈ, ਸਗੋਂ ਪੱਛਮੀ ਦੇਸ਼ਾਂ ਦੁਆਰਾ ਲਗਾਈਆਂ ਗਈਆਂ ਪਾਬੰਦੀਆਂ ਨੂੰ ਬੇਅਸਰ ਕਰਨ ਦੀ ਇੱਕ ਵੱਡੀ ਕੋਸ਼ਿਸ਼ ਵੀ ਹੈ।

## ਕੀ ਭਾਸ਼ਾ ਦਾ ਸੰਕਟ ਸਿਰਫ਼ ਸ਼ਬਦਾਂ ਦਾ ਹੈ

ਦੋਵੇਂ ਮਿਲ ਕੇ ਇੱਕ ਅਜਿਹਾ ਮਾਹੌਲ ਤਿਆਰ ਕਰ ਰਹੇ ਹਨ ਜਿੱਥੇ ਸੰਵਾਦ ਦੀ ਥਾਂ ਮੁਕਾਬਲਾ ਅਤੇ ਮਰਯਾਦਾ ਦੀ ਥਾਂ ਮਾਨਸਿਕ ਹਿੰਸਾ ਨੇ ਲੈ ਲਈ ਹੈ।

ਅੱਜ ਭਾਸ਼ਾ ਵਿਦਾਂ ਨੇ ਇਸਨੂੰ ਸਫਲਤਾ, ਨਾਕਾਮੀ ਅਤੇ ਨਫਰਤ ਦੀ ਭਾਸ਼ਾ ਦਾ ਨਵਾਂ ਸੰਕਲਪ ਕਿਹਾ ਹੈ। ਅੱਜ ਜਿਹੜੀ ਭਾਸ਼ਾ ਜ਼ੋਰ ਨਾਲ ਬੋਲੀ ਜਾਂਦੀ ਹੈ, ਉਹੀ ਲੋਕਪ੍ਰਿਯ ਹੋ ਜਾਂਦੀ ਹੈ। ਇਹ ਗੱਲ ਕਈ ਸਾਲ ਪਹਿਲਾਂ ਹੀ ਉੱਘੇ ਭਾਸ਼ਾ ਵਿਦਾਂ ਨੇ ਕਹੀ ਸੀ ਕਿ ਸਕ੍ਰੀਨ ਤੇ ਬੋਲੀ ਜਾਣ ਵਾਲੀ ਭਾਸ਼ਾ ਹੀ ਜਨ-ਭਾਸ਼ਾ ਬਣ ਜਾਵੇਗੀ। ਅੱਜ ਇਹ ਭਵਿੱਖਵਾਣੀ ਸਿਰਫ਼ ਸੱਚ ਨਹੀਂ ਹੋਈ, ਸਗੋਂ ਇਸਨੇ ਇੱਕ ਨਵੀਂ ਚਿੰਤਾ ਵੀ ਪੈਦਾ ਕਰ ਦਿੱਤੀ ਹੈ—ਜੇ ਸਕ੍ਰੀਨ 'ਤੇ ਨਫਰਤ ਹੈ, ਤਾਂ ਕੀ ਜਨ-ਭਾਸ਼ਾ ਵੀ ਨਫਰਤ ਦੀ ਬਣ ਰਹੀ ਹੈ?

ਆਪਣੀ ਗੱਲ ਸਪੱਸ਼ਟ ਕਰਦੇ ਇੱਥੇ ਟਿੱਪਣੀ ਕਰਦਿਆਂ ਹੋਇਆਂ ਡਾਕਟਰ ਰੱਤੂ ਨੇ ਕਿਹਾ ਕਿ ਅਸੀਂ ਵੇਖ ਰਹੇ ਹਾਂ ਕਿ ਚੋਣਾਂ ਦੇ ਦਿਨਾਂ ਵਿੱਚ ਨੇਤਾਵਾਂ ਦੀ ਭਾਸ਼ਾ ਹੋਰ ਵੀ ਜ਼ਿਆਦਾ ਉਗਰ ਹੋ ਜਾਂਦੀ ਹੈ। ਵਿਰੋਧੀਆਂ 'ਤੇ ਤੰਜ, ਨਿੱਜੀ ਟਿੱਪਣੀਆਂ ਅਤੇ ਕਈ ਵਾਰ ਹਿੰਸਕ ਲਹਿਜ਼ਾ—ਇਹ ਸਭ ਕੁਝ ਹੁਣ ਆਮ ਗੱਲ ਬਣ ਚੁੱਕੀ ਹੈ। ਮਸਲਾ ਇਹ ਨਹੀਂ ਕਿ ਰਾਜਨੀਤੀ ਵਿੱਚ ਟਕਰਾਅ ਹੈ; ਮਸਲਾ ਇਹ ਹੈ ਕਿ ਇਸ ਟਕਰਾਅ ਨੂੰ ਪ੍ਰਗਟ ਕਰਨ ਲਈ ਕਿਹੜੀ ਭਾਸ਼ਾ ਵਰਤੀ ਜਾ ਰਹੀ ਹੈ।

ਭਾਰਤ ਵਿਚ ਅੱਜ ਮੀਡੀਆ, ਜੋ ਕਿ ਲੋਕਤੰਤਰ ਦਾ ਚੌਥਾ ਖੰਭ ਮੰਨਿਆ ਜਾਂਦਾ ਹੈ, ਉਹ ਵੀ ਇਸ ਦੌੜ ਵਿੱਚ ਪਿੱਛੇ ਨਹੀਂ। ਸਵਾਲ ਪੁੱਛਣ ਦੀ ਆਜ਼ਾਦੀ ਜ਼ਰੂਰੀ ਹੈ, ਪਰ ਸਵਾਲ ਪੁੱਛਣ ਦੀ ਸ਼ੈਲੀ ਵੀ ਉਤਨੀ ਹੀ ਮਹੱਤਵਪੂਰਨ ਹੈ। ਜਦੋਂ ਸਵਾਲ ਤੀਖੇ ਹੁੰਦੇ ਹਨ, ਤਾਂ ਜਵਾਬ ਵੀ ਅਕਸਰ ਉਨ੍ਹਾਂ ਦੀ ਹੀ ਤਰ੍ਹਾਂ ਆਉਂਦੇਹਨ। ਇਸ ਤਰ੍ਹਾਂ ਇੱਕ ਅਜਿਹਾ ਚੱਕਰ ਬਣ ਜਾਂਦਾ ਹੈ ਜਿੱਥੇ ਸੰਵਾਦ ਦੀ ਗੁੰਜਾਇਸ਼ ਘੱਟ ਅਤੇ ਟਕਰਾਅ ਦੀ ਸੰਭਾਵਨਾ ਵੱਧ ਜਾਂਦੀ ਹੈ।

ਅੱਜ ਭਾਸ਼ਾ ਸਿਰਫ਼ ਸੰਚਾਰ ਦਾ ਸਾਧਨ ਨਹੀਂ ਹੁੰਦੀ; ਇਹ ਸੰਸਕਾਰਾਂ ਦਾ ਦਰਪਣ ਵੀ ਹੁੰਦੀ ਹੈ। ਜਦੋਂ ਭਾਸ਼ਾ ਵਿੱਚ ਸ਼ਾਲੀਨਤਾ ਘਟਦੀ ਹੈ, ਤਾਂ ਇਹ ਸਿਰਫ਼ ਸ਼ਬਦਾਂ ਦੀ ਗਿਰਾਵਟ ਨਹੀਂ ਹੁੰਦੀ, ਸਗੋਂ ਇਹ ਸਮਾਜਕ ਮੂਲਿਆਂ ਦੀ ਵੀ ਗਿਰਾਵਟ ਹੁੰਦੀ ਹੈ। ਅੱਜ ਜਦੋਂ ਅਸੀਂ ਸੁਣਦੇ ਹਾਂ ਕਿ ਪੇਲ ਦਿਆਂਗਾ ਜਾਂ ਮੈਂ ਦਿਖਾ ਦਿਆਂਗਾ, ਤਾਂ ਇਹ ਸਿਰਫ਼ ਰਾਜਨੀਤਿਕ ਬਿਆਨ ਨਹੀਂ ਰਹਿੰਦੇ—ਇਹ ਇੱਕ ਮਨੋਵਿਰਤੀ ਦਾ ਪ੍ਰਗਟਾਵਾ ਬਣ ਜਾਂਦੇ ਹਨ।

ਇਹ ਸਥਿਤੀ ਹੋਰ ਵੀ ਖਤਰਨਾਕ ਹੋ ਜਾਂਦੀ ਹੈ ਜਦੋਂ ਇਹ ਭਾਸ਼ਾ ਆਮ ਲੋਕਾਂ ਤੱਕ ਪਹੁੰਚਦੀ ਹੈ। ਨੌਜਵਾਨ ਪੀੜ੍ਹੀ, ਜੋ ਮੀਡੀਆ ਅਤੇ ਸੋਸ਼ਲ ਮੀਡੀਆ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੁੰਦੀ ਹੈ, ਉਹ ਇਸ ਭਾਸ਼ਾ ਨੂੰ ਆਪਣੇ ਰੋਜ਼ਾਨਾ ਦੇ ਜੀਵਨ ਵਿੱਚ ਅਪਣਾ ਲੈਂਦੀ ਹੈ। ਇਸ ਤਰ੍ਹਾਂ ਇੱਕ ਅਜਿਹਾ ਮਾਹੌਲ ਬਣਦਾ ਹੈ ਜਿੱਥੇ ਗੱਲਬਾਤ ਦੀ ਥਾਂ ਗਾਲਬਾਤ ਹੋ ਜਾਂਦੀ ਹੈ।

ਡਾਕਟਰ ਰੱਤੂ ਅਨੁਸਾਰ ਅੱਜ ਲੋੜ ਹੈ ਕਿ ਅਸੀਂ ਆਪਣੇ ਆਪ ਤੋਂ ਪੁੱਛੀਏ—ਕੀ ਅਸੀਂ ਇਸੇ ਦਿਸ਼ਾ ਵਿੱਚ ਜਾਣਾ ਚਾਹੁੰਦੇ ਹਾਂ? ਕੀ ਇੱਕ ਅਜਿਹਾ ਦੇਸ਼, ਜੋ ਆਪਣੀ ਤਹਿਜੀਬ, ਸੰਸਕਾਰ ਅਤੇ ਸ਼ਾਂਤੀ ਲਈ ਜਾਣਿਆ ਜਾਂਦਾ ਸੀ, ਹੁਣ ਨਫਰਤ ਦੀ ਭਾਸ਼ਾ ਵਿੱਚ ਡੁੱਬਦਾ ਜਾ ਰਿਹਾ ਹੈ? ਕੀ ਸੰਵਿਧਾਨਿਕ ਮਰਯਾਦਾਵਾਂ ਸਿਰਫ਼ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਣਗੀਆਂ?

ਇਸ ਮੌਕੇ 'ਤੇ ਸਾਨੂੰ ਉਸ ਵਿਚਾਰਧਾਰਾ ਵੱਲ ਵਾਪਸ ਜਾਣ ਦੀ ਲੋੜ ਹੈ ਜਿੱਥੇ ਭਾਸ਼ਾ ਨੂੰ ਸਿਰਫ਼ ਹਥਿਆਰ ਨਹੀਂ, ਸਾਧਨ ਮੰਨਿਆ ਜਾਂਦਾ ਸੀ—ਸਮਝ ਬਣਾਉਣ ਦਾ, ਸੰਬੰਧ ਬਣਾਉਣ ਦਾ ਅਤੇ ਸਮਾਜ ਨੂੰ ਜੋੜਨ ਦਾ ਸਾਧਨ।

ਅੱਜ, ਇਹ ਵੱਡਾ ਸਵਾਲ ਸਾਡੇ ਸਾਹਮਣੇ ਖੜ੍ਹਾ ਹੈ—

ਕੀ ਅਸੀਂ ਤਿੱਖੀ ਅਤੇ ਨਫਰਤੀ ਭਾਸ਼ਾ ਨੂੰ ਹੀ ਨਵੀਂ ਜਨ-ਭਾਸ਼ਾ ਬਣਨ ਦੇਵਾਂਗੇ? ਜਾਂ ਫਿਰ ਅਸੀਂ ਇੱਕ ਅਜਿਹੀ ਭਾਸ਼ਾ ਦੀ ਪੱਖਦਾਰੀ ਕਰਾਂਗੇ ਜੋ ਸਨਮਾਨ, ਸੰਵਾਦ ਅਤੇ ਸ਼ਾਂਤੀ ਨੂੰ ਅੱਗੇ ਵਧਾਏ? ਫੈਸਲਾ ਅਜੇ ਵੀ ਸਾਡੇ ਹੱਥ ਵਿੱਚ ਹੈ—ਪਰ ਸਮਾਂ ਬਹੁਤ ਘੱਟ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972


ਗੈਂਗਸਟਰ-ਮੁਕਤ ਪੰਜਾਬ
ਤੁਹਾਡੀ ਜਾਣਕਾਰੀ, ਸਾਡੀ ਕਾਰਵਾਈ
ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ
ਪੰਜਾਬ ਵਿੱਚ ਪਹਿਲੀ ਵਾਰ
ਗ੍ਰਿਫ਼ਤਾਰੀ ਵਿੱਚ ਸਹਾਇਤਾ ਕਰਨ ਵਾਲੀ ਪੁਖ਼ਤਾ ਅਤੇ ਭਰੋਸੇਮੰਦ ਸੂਚਨਾ ਦੇਣ ਵਾਲਿਆਂ ਲਈ ਇਨਾਮ ਦਾ ਐਲਾਨ
ਵਾਂਟਡ ਅਪਰਾਧੀ
ਇਨਾਮ 10 ਲੱਖ
ਸਤਿੰਦਰਜੀਤ ਸਿੰਘ
ਮਕਾਨ ਨੰ. 970, ਗਲੀ ਨੰ- 2, ਆਦੇਸ਼ ਨਗਰ, ਪੁਲੀਸ ਥਾਣਾ ਸ਼ਹਿਰੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਪੰਜਾਬ
ਇਨਾਮ 10 ਲੱਖ
ਲਖਬੀਰ ਸਿੰਘ
ਪਿੰਡ ਹਰੀਕੇ, ਪੁਲੀਸ ਥਾਣਾ ਹਰੀਕੇ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 10 ਲੱਖ
ਹਰਵਿੰਦਰ ਸਿੰਘ ਸੰਧੂ
ਗਲੀ ਨੰ. 5, ਗੁਰਦੁਆਰਾ ਸਚਖੰਡ ਸ੍ਰੀ ਹਜ਼ੂਰ ਸਾਹਿਬ, ਨੰਦੇੜ, ਮਹਾਰਾਸ਼ਟਰ
ਇਨਾਮ 10 ਲੱਖ
ਸਤਬੀਰ ਸਿੰਘ
ਨੌਸ਼ਹਿਰਾ ਪੰਨੂਆਂ, ਜ਼ਿਲ੍ਹਾ ਤਰਨ ਤਾਰਨ ਪੰਜਾਬ
ਇਨਾਮ 10 ਲੱਖ
ਬਲਵਿੰਦਰ ਸਿੰਘ ਦੋਨੀ
ਪਿੰਡ ਪੱਤੀ ਬਲੇਲ, ਸਠਿਆਲਾ, ਪੁਲੀਸ ਥਾਣਾ ਬਿਆਸ, ਜ਼ਿਲ੍ਹਾ ਅੰਮ੍ਰਿਤਸਰ, ਪੇਂਡੂ ਪੰਜਾਬ
ਇਨਾਮ 10 ਲੱਖ
ਪ੍ਰਭਦੀਪ ਸਿੰਘ
ਪਿੰਡ ਦਾਸੂਵਾਲ, ਪੁਲੀਸ ਥਾਣਾ ਸਦਰ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 10 ਲੱਖ
ਗੌਰਵ ਪਟਿਆਲ
ਪਿੰਡ ਖੁੱਡਾ ਲਹੌਰਾ, ਪੁਲੀਸ ਥਾਣਾ ਸਾਰੰਗਪੁਰ, ਚੰਡੀਗੜ੍ਹ (ਯੂ.ਟੀ.)
ਇਨਾਮ 10 ਲੱਖ
ਸਰਵਣ ਸਿੰਘ
ਸਹਿਜਾਦਾ ਕਲਾਂ, ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 10 ਲੱਖ
ਰੋਹਿਤ ਗੋਦਰਾ
ਕਪੂਰੀਸਰ, ਪੁਲੀਸ ਥਾਣਾ ਕਾਲੂ, ਜ਼ਿਲ੍ਹਾ ਬੀਕਾਨੇਰ, ਰਾਜਸਥਾਨ
ਇਨਾਮ 5 ਲੱਖ
ਹੈਰੀ ਬੌਕਸਰ ਹਰੀਚੰਦ
ਚਿਤਰਪੁਰਾ, ਪੁਲੀਸ ਥਾਣਾ ਬੰਸੁਰ, ਜ਼ਿਲ੍ਹਾ ਅਲਵਰ, ਰਾਜਸਥਾਨ
ਇਨਾਮ 5 ਲੱਖ
ਗੁਰਵਿੰਦਰ ਸਿੰਘ
ਤੂਤ, ਪੁਲੀਸ ਥਾਣਾ ਸਦਰ ਪੱਟੀ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 5 ਲੱਖ
ਅਦਿੱਤਿਆ ਕਪੂਰ
1045/8 ਗਲੀ ਤਾਰਾ ਸਿੰਘ, ਕਟੜਾ ਸੁਫੈਦ, ਲਾਹੌਰੀ ਗੇਟ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ
ਇਨਾਮ 5 ਲੱਖ
ਅਮਰਜੀਤ ਸਿੰਘ
ਪਿੰਡ ਖੱਬੇ ਰਾਜਪੂਤਾਂ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ
ਮਨਪ੍ਰੀਤ ਸਿੰਘ
ਪਿੰਡ ਘਣਸ਼ਾਮਪੁਰ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ
ਜੋਬਨਜੀਤ ਸਿੰਘ
ਪਿੰਡ ਅਰਜੁਨ ਮੰਗਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ
ਵਰਿੰਦਰ ਸਿੰਘ
ਸੈਦੋ ਕੇ, ਪੁਲੀਸ ਥਾਣਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ ਪੇਂਡੂ, ਪੰਜਾਬ
ਇਨਾਮ 5 ਲੱਖ
ਸੁਪ੍ਰੀਤ ਸਿੰਘ
ਚੱਠਾ, ਪੁਲੀਸ ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 5 ਲੱਖ
ਨਵੀਨ ਕੁਮਾਰ
ਵੀ.ਪੀ.ਓ. ਰਜਵਾਲੀ, ਪੁਲੀਸ ਥਾਣਾ ਸ਼ਹੀਰੀ-1 ਅਬੋਹਰ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ
ਗੁਰਪ੍ਰੀਤ ਸਿੰਘ
ਬਾਬਾ ਦੀਪ ਸਿੰਘ ਕਲੋਨੀ ਨੇੜੇ ਗਗਨ ਚੌਂਕ ਰਾਜਪੁਰਾ, ਜ਼ਿਲ੍ਹਾ- ਪਟਿਆਲਾ, ਪੰਜਾਬ
ਇਨਾਮ 5 ਲੱਖ
ਮੁਹੰਮਦ ਯਾਸੀਨ ਅਖਤਰ
ਸ਼ੰਕਰ ਪੱਤੀ, ਗੁਜਰਾਤੀਕੇ, ਪੁਲੀਸ ਥਾਣਾ ਸਦਰ ਨਕੋਦਰ, ਜ਼ਿਲ੍ਹਾ ਜਲੰਧਰ ਪੇਂਡੂ, ਪੰਜਾਬ
ਇਨਾਮ 5 ਲੱਖ
ਨਿਸ਼ਾਨ ਸਿੰਘ ਜੌੜੀਆਂ
ਜੌੜੀਆਂ ਕਲਾਂ, ਡੇਰਾ ਬਾਬਾ ਨਾਨਕ, ਜ਼ਿਲ੍ਹਾ ਬਟਾਲਾ, ਪੰਜਾਬ
ਇਨਾਮ 5 ਲੱਖ
ਗੁਰਦੇਵ ਸਿੰਘ
ਪਿੰਡ ਚੰਬਲ, ਜ਼ਿਲ੍ਹਾ ਤਰਨ ਤਾਰਨ, ਪੰਜਾਬ
ਇਨਾਮ 5 ਲੱਖ
ਰਾਜੇਸ਼ ਕੁਮਾਰ
ਰਕੜਾਂ ਢਾਹਾਂ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪੰਜਾਬ
ਇਨਾਮ 5 ਲੱਖ
ਜਸਵਿੰਦਰ ਸਿੰਘ
ਅਗਵਾਂ, ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ
ਇਨਾਮ 5 ਲੱਖ
ਗੁਰਪ੍ਰੀਤ ਸਿੰਘ
ਵੈਰੋਵਾਲ, ਪੁਲੀਸ ਥਾਥਾ ਸਦਰ ਨਵਾਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਪੰਜਾਬ
ਇਨਾਮ 5 ਲੱਖ
ਜਸਕਰਨ ਸਿੰਘ
ਚਕਰਵਾਲੇ ਝੁੱਗੇ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ
ਰਜਿੰਦਰ ਸਿੰਘ
ਪਿੰਡ ਬੱਲੂਆਣਾ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਇਨਾਮ 5 ਲੱਖ
ਸ਼ਕਤੀ ਕੁਮਾਰ
ਅਜੀਮਗੜ੍ਹ, ਅਬੋਹਰ, ਪੁਲੀਸ ਥਾਣਾ ਸ਼ਹਿਰੀ 2 ਅਬੋਹਰ, ਜ਼ਿਲ੍ਹਾ ਫ਼ਾਜ਼ਿਲਕਾ, ਪੰਜਾਬ
ਜਾਣਕਾਰੀ ਦੇਣ ਲਈ 93946-93946
ਤੁਹਾਡੀ ਪਛਾਣ ਅਤੇ ਜਾਣਕਾਰੀ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਸੰਪਾਦਕੀ

# ਆਸ ਦੀ ਕਿਰਨ

ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਸ਼ਾਂਤੀ ਦਾ ਰਸਤਾ ਖੁੱਲ੍ਹਣ ਨਾਲ ਨਵੀਆਂ ਉਮੀਦਾਂ ਜਗਾਈਆਂ ਹਨ। ਇੱਕ ਮਹੀਨੇ ਤੋਂ ਵੱਧ ਸਮੇਂ ਤੱਕ ਅੱਗੇ-ਪਿੱਛੇ ਰਹਿਣ ਤੋਂ ਬਾਅਦ, ਦੋਵੇਂ ਧਿਰਾਂ ਆਖ਼ਰਕਾਰ ਦੋ ਹਫ਼ਤਿਆਂ ਦੀ ਜੰਗਬੰਦੀ ਲਈ ਸਹਿਮਤ ਹੋ ਗਈਆਂ ਹਨ। ਸੰਕੇਤ ਮਿਲ ਰਹੇ ਹਨ ਕਿ ਦੋਵਾਂ ਧਿਰਾਂ ਵਿਚਕਾਰ ਸਮਝੌਤੇ 'ਤੇ ਗੱਲਬਾਤ ਸ਼ੁੱਕਰਵਾਰ ਨੂੰ ਪਾਕਿਸਤਾਨ ਦੇ ਇਸਲਾਮਾਬਾਦ ਵਿੱਚ ਸ਼ੁਰੂ ਹੋ ਸਕਦੀ ਹੈ। ਇਸ ਫੈਸਲੇ ਨਾਲ ਉਨ੍ਹਾਂ ਦੇਸ਼ਾਂ ਨੂੰ ਰਾਹਤ ਮਿਲੀ ਹੈ ਜੋ ਸਿੱਧੇ ਤੌਰ 'ਤੇ ਟਕਰਾਅ ਵਿੱਚ ਸ਼ਾਮਲ ਨਹੀਂ ਹਨ, ਪਰ ਹੋਰਮੁਜ਼ ਜਲਡਮਰੂ ਦੀ ਰੁਕਾਵਟ ਨੇ ਉਨ੍ਹਾਂ ਲਈ ਤੇਲ ਅਤੇ ਗੈਸ ਸੰਕਟ ਪੈਦਾ ਕਰ ਦਿੱਤਾ ਹੈ। ਜੰਗਬੰਦੀ ਦੇ ਐਲਾਨ ਦਾ ਤੁਰੰਤ ਪ੍ਰਭਾਵ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਉੱਚੀਆਂ ਕੀਮਤਾਂ ਵਿੱਚ ਅਠਾਰਾਂ ਪ੍ਰਤੀਸ਼ਤ ਦੀ ਗਿਰਾਵਟ ਸੀ। ਇਹ ਯਕੀਨੀ ਤੌਰ 'ਤੇ ਤੇਲ ਅਤੇ ਗੈਸ ਦੀਆਂ ਕੀਮਤਾਂ ਨੂੰ ਕੰਟਰੋਲ ਕਰਨ ਵਿੱਚ ਮਦਦ ਕਰੇਗਾ, ਪਰ ਸਵਾਲ ਇਹ ਹੈ ਕਿ ਕੀ ਜੰਗਬੰਦੀ ਇੱਕ ਸਥਾਈ ਸ਼ਾਂਤੀ ਵਿੱਚ ਅਨੁਵਾਦ ਕਰੇਗੀ। ਇਹ ਸਵਾਲ ਮਹੱਤਵਪੂਰਨ ਹੈ ਕਿਉਂਕਿ, ਰਿਪੋਰਟਾਂ ਦੇ ਅਨੁਸਾਰ, ਈਰਾਨ ਦੁਆਰਾ ਆਪਣੇ ਪ੍ਰਸਤਾਵ ਵਿੱਚ ਰੱਖੀਆਂ ਗਈਆਂ ਸ਼ਰਤਾਂ 'ਤੇ ਸਹਿਮਤੀ ਪ੍ਰਾਪਤ ਕਰਨਾ ਆਸਾਨ ਨਹੀਂ ਹੋਵੇਗਾ। ਇਹ ਧਿਆਨ ਦੇਣ ਯੋਗ ਹੈ ਕਿ 28 ਫਰਵਰੀ ਨੂੰ ਈਰਾਨ 'ਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਮਲੇ ਨੇ ਯੁੱਧ ਦੀ ਸ਼ੁਰੂਆਤ ਕੀਤੀ ਸੀ। ਇਸਦਾ ਪ੍ਰਭਾਵ ਸਿਰਫ਼ ਲੜਾਕੂ ਧਿਰਾਂ ਤੱਕ ਸੀਮਤ ਨਹੀਂ ਸੀ। ਜਦੋਂ ਕਿ ਖਾੜੀ ਦੇਸ਼ਾਂ ਨੂੰ ਈਰਾਨੀ ਮਿਜ਼ਾਈਲ ਹਮਲਿਆਂ ਦਾ ਸਾਹਮਣਾ ਕਰਨਾ ਪਿਆ, ਭਾਰਤ ਸਮੇਤ ਕਈ ਹੋਰ ਦੇਸ਼ਾਂ ਨੂੰ ਤੇਲ ਅਤੇ ਗੈਸ ਦੀ ਕਮੀ ਦਾ ਸਾਹਮਣਾ ਕਰਨਾ ਪਿਆ। ਈਰਾਨ ਨੇ ਰਣਨੀਤਕ ਤੌਰ 'ਤੇ ਹੋਰਮੁਜ਼ ਜਲਡਮਰੂ ਨੂੰ ਰੋਕ ਦਿੱਤਾ, ਜਿਸ ਨਾਲ ਵਿਸ਼ਵਵਿਆਪੀ ਸਪਲਾਈ ਚੇਨ 'ਚ ਵਿਘਨ ਪਿਆ । ਇਸ ਦੇ ਨਤੀਜੇ ਵਜੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ, ਜਿਸ ਕਾਰਨ ਕਈ ਦੇਸ਼ਾਂ ਵਿੱਚ ਪੈਟਰੋਲ, ਡੀਜ਼ਲ, ਐਲਪੀਜੀ ਅਤੇ ਹਵਾਬਾਜ਼ੀ ਬਾਲਣ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ। ਜਦੋਂ ਕਿ ਐਲਾਨੀ ਗਈ ਦੋ ਹਫ਼ਤਿਆਂ ਦੀ ਜੰਗਬੰਦੀ ਨਿਸ਼ਚਤ ਤੌਰ 'ਤੇ ਕੁਝ ਰਾਹਤ ਪ੍ਰਦਾਨ ਕਰੇਗੀ, ਪਰ ਇਸ ਬਾਰੇ ਅਨਿਸ਼ਚਿਤਤਾ ਬਣੀ ਹੋਈ ਹੈ ਕਿ ਕੀ ਉਸ ਤੋਂ ਬਾਅਦ ਸਥਿਤੀ ਆਮ ਵਾਂਗ ਵਾਪਸ ਆਵੇਗੀ। ਇਹ ਇਸ ਲਈ ਹੈ ਕਿਉਂਕਿ ਕਿਸੇ ਵੀ ਧਿਰ ਨੇ ਅਜੇ ਤੱਕ ਗੱਲਬਾਤ ਦੀਆਂ ਸ਼ਰਤਾਂ ਸਪੱਸ਼ਟ ਨਹੀਂ ਕੀਤੀਆਂ ਹਨ। ਗੱਲਬਾਤ ਵਿੱਚ ਹਿੱਸਾ ਲੈਣ ਵਾਲੇ ਪ੍ਰਤੀਨਿਧੀਆਂ ਦੇ ਪੱਧਰ ਦਾ ਵੀ ਖੁਲਾਸਾ ਨਹੀਂ ਕੀਤਾ ਗਿਆ ਹੈ। ਇਹ ਵੀ ਮਹੱਤਵਪੂਰਨ ਹੈ ਕਿ ਈਰਾਨ ਨੇ ਪਹਿਲਾਂ ਅਮਰੀਕਾ ਦੀ ਸਮਝੌਤੇ ਦੀ ਪੇਸ਼ਕਸ਼ ਨੂੰ ਰੱਦ ਕਰ ਦਿੱਤਾ ਸੀ। ਜਿਸ ਜੰਗਬੰਦੀ ਪ੍ਰਸਤਾਵ 'ਤੇ ਸਹਿਮਤੀ ਹੋਈ ਸੀ, ਉਹ ਈਰਾਨ ਦੁਆਰਾ ਪੇਸ਼ ਕੀਤਾ ਗਿਆ ਸੀ। ਰਿਪੋਰਟਾਂ ਦੇ ਅਨੁਸਾਰ, ਈਰਾਨ ਨੇ ਮੰਗ ਕੀਤੀ ਹੈ ਕਿ ਉਹ ਯੂਰੇਨੀਅਮ ਸੰਸ਼ੋਧਨ ਜਾਰੀ ਰੱਖੇ, ਜੋ ਪ੍ਰਮਾਣੂ ਹਥਿਆਰ ਵਿਕਸਤ ਕਰਨ ਲਈ ਮਹੱਤਵਪੂਰਨ ਹੈ। ਹਾਲਾਂਕਿ, ਅਮਰੀਕਾ ਅਤੇ ਇਜ਼ਰਾਈਲੀ ਹਮਲਿਆਂ ਦਾ ਮੁੱਖ ਕਾਰਨ ਈਰਾਨ ਨੂੰ ਪ੍ਰਮਾਣੂ ਹਥਿਆਰ ਵਿਕਸਤ ਕਰਨ ਤੋਂ ਰੋਕਣਾ ਸੀ। ਇਸ ਲਈ, ਸਵਾਲ ਉੱਠਦਾ ਹੈ ਕਿ ਕੀ ਅਮਰੀਕਾ ਇਸ ਸ਼ਰਤ ਨੂੰ ਸਵੀਕਾਰ ਕਰੇਗਾ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਈਰਾਨ ਨੇ ਖੇਤਰ ਤੋਂ ਅਮਰੀਕੀ ਫੌਜੀ ਬਲਾਂ ਦੀ ਵਾਪਸੀ, ਪਾਬੰਦੀਆਂ ਹਟਾਉਣ ਅਤੇ ਆਪਣੀਆਂ ਜ਼ਬਤ ਕੀਤੀਆਂ ਜਾਇਦਾਦਾਂ ਦੀ ਵਾਪਸੀ ਦੀ ਵੀ ਸ਼ਰਤ ਰੱਖੀ ਹੈ। ਇਸ ਤੋਂ ਇਲਾਵਾ, ਈਰਾਨ ਹੋਰਮੁਜ਼ ਜਲਡਮਰੂ ਨੂੰ ਖੋਲ੍ਹਣ ਲਈ ਸਿਰਫ ਇਸ ਸ਼ਰਤ 'ਤੇ ਸਹਿਮਤ ਹੋਇਆ ਹੈ ਕਿ ਉਹ ਲੰਘਣ ਵਾਲੇ ਜਹਾਜ਼ਾਂ ਤੋਂ ਫੀਸ ਲਵੇਗਾ ਅਤੇ ਇਸ ਰਕਮ ਦੀ ਵਰਤੋਂ ਯੁੱਧ ਵਿੱਚ ਹੋਏ ਨੁਕਸਾਨ ਦੀ ਭਰਪਾਈ ਲਈ ਕੀਤੀ ਜਾਵੇਗੀ। ਜੇਕਰ ਅਜਿਹਾ ਹੁੰਦਾ ਹੈ, ਤਾਂ ਇਸਦਾ ਤੇਲ ਅਤੇ ਗੈਸ ਦੀਆਂ ਕੀਮਤਾਂ 'ਤੇ ਅਸਰ ਪਵੇਗਾ। ਇਹ ਦੇਖਣਾ ਬਾਕੀ ਹੈ ਕਿ ਕੀ ਅਮਰੀਕਾ ਇਨ੍ਹਾਂ ਸ਼ਰਤਾਂ ਨੂੰ ਸਵੀਕਾਰ ਕਰੇਗਾ ਜਾਂ ਕੋਈ ਵਿਚਕਾਰਲਾ ਰਸਤਾ ਲੱਭਣ ਦੀ ਕੋਸ਼ਿਸ਼ ਕਰੇਗਾ। ਇੱਕ ਵੱਡੇ ਫੈਸਲੇ ਵਿੱਚ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਵਿਰੁੱਧ ਸੰਭਾਵੀ ਫੌਜੀ ਕਾਰਵਾਈ ਨੂੰ ਦੋ ਹਫ਼ਤਿਆਂ ਲਈ ਮੁਲਤਵੀ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ, ਦੋਵਾਂ ਦੇਸ਼ਾਂ ਵਿਚਕਾਰ ਇੱਕ ਅਸਥਾਈ ਜੰਗਬੰਦੀ ਹੋਵੇਗੀ, ਜਿਸਦਾ ਅਰਥ ਹੈ ਕਿ ਨਾ ਤਾਂ ਅਮਰੀਕਾ ਹਮਲਾ ਕਰੇਗਾ ਅਤੇ ਨਾ ਹੀ ਈਰਾਨ ਕੋਈ ਹਮਲਾਵਰ ਕਾਰਵਾਈ ਕਰੇਗਾ। ਈਰਾਨ ਨੇ ਵੀ ਇਸਦੀ ਪੁਸ਼ਟੀ ਕੀਤੀ ਹੈ। ਹਾਲਾਂਕਿ, ਇੱਕ ਮਹੱਤਵਪੂਰਨ ਸ਼ਰਤ ਲਗਾਈ ਗਈ ਹੈ: ਈਰਾਨ ਨੂੰ ਤੁਰੰਤ ਅਤੇ ਸੁਰੱਖਿਅਤ ਢੰਗ ਨਾਲ ਹੋਰਮੁਜ਼ ਜਲਡਮਰੂ ਨੂੰ ਖੋਲ੍ਹਣਾ ਚਾਹੀਦਾ ਹੈ ਤਾਂ ਜੋ ਇਸ ਵਿੱਚੋਂ ਲੰਘਣ ਵਾਲੇ ਜਹਾਜ਼ਾਂ ਦੀ ਆਵਾਜਾਈ ਆਮ ਵਾਂਗ ਹੋ ਸਕੇ। ਟਰੰਪ ਨੇ ਇਹ ਵੀ ਕਿਹਾ ਕਿ ਅਮਰੀਕਾ ਪਹਿਲਾਂ ਹੀ ਆਪਣੇ ਬਹੁਤ ਸਾਰੇ ਫੌਜੀ ਉਦੇਸ਼ ਪ੍ਰਾਪਤ ਕਰ ਚੁੱਕਾ ਹੈ ਅਤੇ ਹੁਣ ਗੱਲਬਾਤ ਰਾਹੀਂ ਸਥਾਈ ਹੱਲ ਲੱਭਣ 'ਤੇ ਧਿਆਨ ਕੇਂਦਰਿਤ ਕਰ ਰਿਹਾ ਹੈ।

-ਜਗਜੀਤ ਸਿੰਘ ਦਰਦੀ

## ਅੱਜ ਖਾੜੀ ਯੁੱਧ ਸੀਜ਼ਫਾਇਰ ਤੇ ਸ਼ਾਂਤੀ ਲਈ ਇਸਲਾਮਾਬਾਦ ਮੀਟਿੰਗ

# ਈਰਾਨ ਯੁੱਧ ਸੰਕਟ ਅਤੇ ਇਸਲਾਮਾਬਾਦ ਸ਼ਾਂਤੀ ਵਾਰਤਾ: ਇੱਕ ਅਮਨਯੋਗ ਮੌਕਾ ਜਾਂ ਡੂੰਘੀ ਅਸਫ਼ਲਤਾ ਦੀ ਸ਼ੁਰੂਆਤ ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੂਰੀ ਦੁਨੀਆ ਦੀਆਂ ਨਜ਼ਰਾਂ ਇਸ ਵੇਲੇ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਉੱਤੇ ਟਿਕੀਆਂ ਹੋਈਆਂ ਹਨ । 10 ਅਪ੍ਰੈਲ 2026 ਨੂੰ ਅਮਰੀਕਾ ਅਤੇ ਈਰਾਨ ਵਿਚਾਲੇ ਸ਼ਾਂਤੀ ਵਾਰਤਾ ਸ਼ੁਰੂ ਹੋ ਰਹੀ ਹੈ, ਜੋ ਫਰਵਰੀ 2026 ਤੋਂ ਚੱਲ ਰਹੀ ਖ਼ੂਨੀ ਜੰਗ ਨੂੰ ਖਤਮ ਕਰਨ ਦੀ ਇੱਕ ਆਖਰੀ ਕੂਟਨੀਤਕ ਕੋਸ਼ਿਸ਼ ਹੈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਵੱਲੋਂ ਵਿਚੋਲਗੀ ਨਾਲ 8 ਅਪ੍ਰੈਲ ਨੂੰ ਦੋ ਹਫ਼ਤਿਆਂ ਦੀ ਜੰਗਬੰਦੀ ਕੀਤੀ ਗਈ ਸੀ, ਪਰ ਇਸ ਤੋਂ ਕੁਝ ਘੰਟਿਆਂ ਬਾਅਦ ਹੀ ਲੇਬਨਾਨ ਉੱਤੇ ਇਜ਼ਰਾਈਲੀ ਹਮਲਿਆਂ ਅਤੇ ਹੋਰਮੁਜ਼ ਜਲਡਮਰੂ ਦੇ ਮੁੜ ਬੰਦ ਹੋਣ ਨੇ ਸਥਿਤੀ ਨੂੰ ਫਿਰ ਤੋਂ ਤਣਾਅ ਭਰੀ ਬਣਾ ਦਿੱਤਾ ਹੈ।

ਅੱਜ ਹੁਣ ਇਹ ਵਾਰਤਾ ਸਿਰਫ਼ ਇੱਕ ਗੱਲਬਾਤ ਨਹੀਂ, ਸਗੋਂ ਵਿਸ਼ਵ ਸ਼ਾਂਤੀ ਅਤੇ ਗਲੋਬਲ ਊਰਜਾ ਸਥਿਰਤਾ ਲਈ ਇੱਕ ਨਾਜ਼ੁਕ ਟੈਸਟ ਹੈ। ਜੇਕਰ ਇਹ ਸਫਲ ਹੋਈ ਤਾਂ ਮੱਧ ਪੂਰਬ ਵਿਚ ਇੱਕ ਨਵੀਂ ਸ਼ਾਂਤੀ ਦੀ ਸ਼ੁਰੂਆਤ ਹੋ ਸਕਦੀ ਹੈ। ਉਲਟ, ਅਸਫਲਤਾ ਦਾ ਮਤਲਬ ਹੋਰ ਵੱਡੀ ਤਬਾਹੀ, ਊਰਜਾ ਸੰਕਟ ਅਤੇ ਆਰਥਿਕ ਮੰਦੀ ਹੋ ਸਕਦਾ ਹੈ। ਦੋਵਾਂ ਧਿਰਾਂ ਵਿਚਾਲੇ ਡੂੰਘੇ ਅਣਸੁਲਝੇ ਮੁੱਦੇ ਅਤੇ ਹੰਕਾਰ ਇਸ ਮੌਕੇ ਨੂੰ ਅਮਨਯੋਗ ਬਣਾ ਰਹੇ ਹਨ।

ਅੱਜ ਇਸ ਯੁੱਧ ਦਾ ਇਤਿਹਾਸਕ ਪਿਛੋਕੜ ਅਤੇ ਤਬਾਹੀ ਦਾ ਇਹ ਸੰਕਟ ਫਰਵਰੀ 28, 2026 ਨੂੰ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਵੱਡੇ ਪੱਧਰ 'ਤੇ ਹਵਾਈ ਹਮਲਿਆਂ ਨਾਲ ਸ਼ੁਰੂ ਹੋਇਆ ਸੀ । ਇਸ ਆਪ੍ਰੇਸ਼ਨ ਵਿਚ ਈਰਾਨੀ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਮੇਨੀ ਸਮੇਤ ਉੱਚ ਅਧਿਕਾਰੀਆਂ, ਪ੍ਰਮਾਣੂ ਟਿਕਾਣਿਆਂ ਅਤੇ ਫੌਜੀ ਢਾਂਚਿਆਂ ਨੂੰ ਨਿਸ਼ਾਨਾ ਬਣਾਇਆ ਗਿਆ। ਈਰਾਨ ਨੇ ਵੀ ਤੀਬਰ ਜਵਾਬੀ ਹਮਲੇ ਕੀਤੇ, ਜਿਨ੍ਹਾਂ ਵਿਚ ਇਜ਼ਰਾਈਲ, ਅਮਰੀਕੀ ਫੌਜੀ ਬੇਸਾਂ ਅਤੇ ਖਾੜੀ ਦੇਸ਼ਾਂ ਉੱਤੇ ਮਿਜ਼ਾਈਲ ਅਤੇ ਡਰੋਨ ਵਰਸਾਏ ਗਏ। ਇਸ ਤੋਂ ਇਲਾਵਾ, ਈਰਾਨ ਨੇ ਹੋਰਮੁਜ਼ ਜਲਡਮਰੂ ਨੂੰ ਬੰਦ ਕਰ ਦਿੱਤਾ, ਜਿਸ ਨਾਲ ਵਿਸ਼ਵ ਦੇ ਤੇਲ ਆਵਾਜਾਈ ਦਾ ਲਗਭਗ 20% ਪ੍ਰਭਾਵਿਤ ਹੋਇਆ। ਅੱਜ ਇਸ ਯੁੱਧ ਨੇ ਹਜ਼ਾਰਾਂ ਲੋਕਾਂ ਦੀਆਂ ਜਾਨਾਂ ਲਈਆਂ ਹਨ ਅਤੇ ਲੱਖਾਂ ਨੂੰ ਵਿਸਥਾਪਤ ਕੀਤਾ ਹੈ। ਲੇਬਨਾਨ ਵਿਚ ਹਿਜ਼ਬੁੱਲਾਹ ਨਾਲ ਜੁੜੀ ਲੜਾਈ ਨੇ ਖੇਤਰੀ ਯੁੱਧ ਨੂੰ ਹੋਰ ਫੈਲਾਇਆ ਹੈ। ਇਸ ਸੰਕਟ ਨੇ ਦੁਨੀਆ ਨੂੰ ਯਾਦ ਦਿਵਾਇਆ ਹੈ ਕਿ ਆਧੁਨਿਕ ਯੁੱਧ ਸਿਰਫ਼ ਫੌਜੀ ਨਹੀਂ, ਸਗੋਂ ਆਰਥਿਕ ਅਤੇ ਊਰਜਾ ਯੁੱਧ ਵੀ ਹੈ।

ਅੱਜ ਮੁੱਖ ਵਿਵਾਦ ਵਿਚ ਪ੍ਰਮਾਣੂ ਪ੍ਰੋਗਰਾਮ ਅਤੇ ਯੂਰੇਨੀਅਮ ਅਮੀਰ ਬਣਾਉਣਾ ਸ਼ਾਂਤੀ ਵਾਰਤਾ ਦਾ ਸਭ ਤੋਂ ਵੱਡਾ ਅੜਿੱਕਾ ਈਰਾਨ ਦਾ ਪ੍ਰਮਾਣੂ ਪ੍ਰੋਗਰਾਮ ਹੈ। ਅਮਰੀਕਾ ਇਸ ਨੂੰ ਵਿਸ਼ਵ ਸੁਰੱਖਿਆ ਲਈ ਖ਼ਤਰਾ ਮੰਨਦਾ ਹੈ ਅਤੇ ਈਰਾਨ ਤੋਂ ਯੂਰੇਨੀਅਮ ਅਮੀਰ ਬਣਾਉਣਾ ਪੂਰੀ ਤਰ੍ਹਾਂ ਬੰਦ ਕਰਵਾਉਣਾ ਚਾਹੁੰਦਾ ਹੈ। ਉਸ ਨੇ ਈਰਾਨ ਤੋਂ ਆਪਣੇ ਉੱਚ ਅਮੀਰ ਯੂਰੇਨੀਅਮ ਸਟਾਕ ਆਈਏਈਏ ਨੂੰ ਸੌਂਪਣ ਦੀ ਮੰਗ ਰੱਖੀ ਹੈ।ਦੂਜੇ ਪਾਸੇ ਈਰਾਨ ਇਸ ਨੂੰ ਆਪਣੇ ਸੁਤੰਤਰ ਰਾਸ਼ਟਰੀ ਅਧਿਕਾਰ ਵਜੋਂ ਦੇਖਦਾ ਹੈ। ਈਰਾਨ ਦੀ ਪ੍ਰਮਾਣੂ ਏਜੰਸੀ ਦੇ ਮੁਖੀ ਮੁਹੰਮਦ ਇਸਲਾਮੀ ਨੇ ਸਾਫ਼ ਕਿਹਾ ਹੈ ਕਿ ਜੰਗਬੰਦੀ ਗੱਲਬਾਤ ਲਈ ਯੂਰੇਨੀਅਮ ਅਮੀਰ ਬਣਾਉਣ ਦਾ ਅਧਿਕਾਰ ਛੱਡਣਾ ਅਸੰਭਵ ਹੈ।

ਇਸ ਮੌਕੇ 'ਤੇ ਈਰਾਨ ਨੇ ਆਪਣਾ 10-ਪੁਆਇੰਟ ਪਲਾਨ ਪੇਸ਼ ਕੀਤਾ ਹੈ, ਜਿਸ ਵਿਚ ਯੂਰੇਨੀਅਮ ਅਮੀਰ ਬਣਾਉਣ ਦੀ ਮਨਜ਼ੂਰੀ, ਸਾਰੀਆਂ ਪਾਬੰਦੀਆਂ ਹਟਾਉਣ ਅਤੇ ਹੋਰਮੁਜ਼ ਉੱਤੇ ਆਪਣਾ ਕੰਟਰੋਲ ਬਰਕਰਾਰ ਰੱਖਣਾ ਸ਼ਾਮਲ ਹੈ। ਅਮਰੀਕਾ ਵੱਲੋਂ ਪੇਸ਼ 15-ਪੁਆਇੰਟ ਪਲਾਨ ਵਿਚ ਇਸਦਾ ਬਿਲਕੁਲ ਉਲਟ ਹੈ - ਪੂਰੀ ਤਰ੍ਹਾਂ ਜ਼ੀਰੋ ਐਨਰਿਚਮੈਂਟ ਅਤੇ ਮਿਜ਼ਾਈਲ ਪ੍ਰੋਗਰਾਮ ਉੱਤੇ ਰੋਕ।ਇਹ ਵਿਵਾਦ ਸਿਰਫ਼ ਤਕਨੀਕੀ ਨਹੀਂ, ਸਗੋਂ ਰਾਜਨੀਤਿਕ ਅਤੇ ਵਿਚਾਰਧਾਰਕ ਵੀ ਹੈ। ਈਰਾਨ ਇਸ ਨੂੰ ਆਪਣੀ ਰਾਸ਼ਟਰੀ ਗਰੁੱਪ ਅਤੇ ਬਚਾਅ ਦਾ ਮੁੱਦਾ ਮੰਨਦਾ ਹੈ, ਜਦਕਿ ਅਮਰੀਕਾ ਇਸ ਨੂੰ ਇੱਕ ਲਾਲ ਲਾਈਨ ਵਜੋਂ ਵੇਖਦਾ ਹੈ। ਇਸ ਵਿਚਾਲੇ ਲਚਕਤਾ ਦੀ ਘਾਟ ਗੱਲਬਾਤ ਨੂੰ ਮੁਸ਼ਕਲ ਬਣਾ ਰਹੀ ਹੈ।

ਅੱਜ ਹੋਰਮੁਜ਼ ਜਲਡਮਰੂ ਅਤੇ ਊਰਜਾ ਸੰਕਟ ਦੀ ਭਿਆਨਕ ਤਸਵੀਰ ਵਿਸ਼ਵ ਆਰਥਿਕਤਾ ਲਈ ਹੋਰਮੁਜ਼ ਜਲਡਮਰੂ ਇੱਕ ਗਲਘੋਟੂ ਹੈ। ਇਸ ਰਾਹੀਂ ਵਿਸ਼ਵ ਦਾ ਲਗਭਗ 20% ਤੇਲ ਆਵਾਜਾਈ ਹੁੰਦੀ ਹੈ। ਯੁੱਧ ਦੌਰਾਨ ਈਰਾਨ ਨੇ ਇਸ ਨੂੰ ਬੰਦ ਕਰ ਦਿੱਤਾ ਸੀ, ਜਿਸ ਨਾਲ ਬ੍ਰੈਂਟ ਕਰੂਡ ਆਇਲ ਦੀਆਂ ਕੀਮਤਾਂ £120 ਪ੍ਰਤੀ ਬੈਰਲ ਤੋਂ ਵੀ ਵੱਧ ਗਈਆਂ। ਏਸ਼ੀਆ ਵਿਚ ਐਲਐਨਜੀ ਕੀਮਤਾਂ 143% ਤੱਕ ਵਧੀਆਂ ਅਤੇ ਗਲੋਬਲ ਇਨਫਲੇਸ਼ਨ ਵਧੀ।ਜੰਗਬੰਦੀ ਤੋਂ ਬਾਅਦ ਵੀ ਈਰਾਨ ਨੇ ਇਸ ਨੂੰ ਪੂਰੀ ਤਰ੍ਹਾਂ ਨਾ ਖੋਲ੍ਹਿਆ। ਲੇਬਨਾਨ ਉੱਤੇ ਇਜ਼ਰਾਈਲੀ ਹਮਲਿਆਂ ਦੇ ਜਵਾਬ ਵਜੋਂ ਈਰਾਨ ਨੇ ਇਸ ਨੂੰ ਮੁੜ ਬੰਦ ਕਰ ਦਿੱਤਾ ਹੈ ਅਤੇ ਰੋਜ਼ਾਨਾ ਸਿਰਫ਼ 15 ਜਹਾਜ਼ਾਂ ਨੂੰ ਲੰਘਣ ਦੀ ਇਜਾਜ਼ਤ ਦਿੱਤੀ ਹੈ। ਇਸ ਨਾਲ ਤੇਲ ਟੈਂਕਰ ਵਾਪਸ ਮੁੜ ਰਹੇ ਹਨ ਅਤੇ ਵਿਸ਼ਵ ਬਾਜ਼ਾਰ ਵਿਚ ਅਸਥਿਰਤਾ ਵਧ ਰਹੀ ਹੈ।

ਅੱਜ ਜੇਕਰ ਵਾਰਤਾ ਅਸਫਲ ਹੋਈ ਤਾਂ ਤੇਲ ਕੀਮਤਾਂ £140 ਤੋਂ £200 ਤੱਕ ਪਹੁੰਚਣ ਦਾ ਖਤਰਾ ਹੈ, ਜਿਸ ਨਾਲ ਗਲੋਬਲ ਮੰਦੀ ਆ ਸਕਦੀ ਹੈ। ਭਾਰਤ ਵਰਗੇ ਆਯਾਤ-ਨਿਰਭਰ ਦੇਸ਼ਾਂ ਉੱਤੇ ਇਸਦਾ ਸਭ ਤੋਂ ਵੱਡਾ ਅਸਰ ਪਵੇਗਾ - ਮਹਿੰਗਾਈ ਵਧੇਗੀ, ਖੇਤੀਬਾੜੀ ਅਤੇ ਉਦਯੋਗ ਪ੍ਰਭਾਵਿਤ ਹੋਣਗੇ।ਲੇਬਨਾਨ ਉੱਤੇ ਹਮਲਾ: ਜੰਗਬੰਦੀ ਦੀ ਉਲੰਘਣਾ ਜਾਂ ਖੇਤਰੀ ਯੁੱਧ ?

ਅੱਜ ਇਹ ਸਵਾਲ ਹੈ ਕਿ ਸਭ ਤੋਂ ਵੱਡੀ ਰੁਕਾਵਟ ਲੇਬਨਾਨ ਵਿਚ ਚੱਲ ਰਹੀ ਹਿੰਸਾ ਹੈ। ਜੰਗਬੰਦੀ ਘੋਸ਼ਿਤ ਹੋਣ ਤੋਂ ਕੁਝ ਘੰਟਿਆਂ ਬਾਅਦ ਹੀ ਇਜ਼ਰਾਈਲ ਨੇ ਲੇਬਨਾਨ ਉੱਤੇ ਵੱਡੇ ਹਮਲੇ ਕੀਤੇ, ਜਿਨ੍ਹਾਂ ਵਿਚ ਲਗਭਗ 254 ਲੋਕ ਮਾਰੇ ਗਏ ਅਤੇ 1,165 ਤੋਂ ਵੱਧ ਜ਼ਖਮੀ ਹੋਏ। ਇਜ਼ਰਾਈਲ ਇਸ ਨੂੰ ਹਿਜ਼ਬੁੱਲਾਹ ਟਿਕਾਣਿਆਂ ਉੱਤੇ ਹਮਲਾ ਦੱਸਦਾ ਹੈ ਅਤੇ ਕਹਿੰਦਾ ਹੈ ਕਿ ਯੂਐੱਸ-ਈਰਾਨ ਜੰਗਬੰਦੀ ਲੇਬਨਾਨ ਉੱਤੇ ਲਾਗੂ ਨਹੀਂ ਹੁੰਦੀ। ਈਰਾਨ ਅਤੇ ਲੇਬਨਾਨ ਇਸ ਨੂੰ ਸਾਫ਼ ਉਲੰਘਣਾ ਮੰਨਦੇ ਹਨ ਅਤੇ ਇਸ ਨੇ ਵਾਰਤਾ ਲਈ ਡੂੰਘਾ ਸਵਾਲ ਖੜ੍ਹਾ ਕਰ ਦਿੱਤਾ ਹੈ।

ਹੁਣ ਇਸ ਤੋਂ ਸਪੱਸ਼ਟ ਹੈ ਕਿ ਯੁੱਧ ਸਿਰਫ਼ ਅਮਰੀਕਾ ਅਤੇ ਈਰਾਨ ਤੱਕ ਸੀਮਤ ਨਹੀਂ ਰਿਹਾ । ਇਹ ਖੇਤਰੀ ਤਾਕਤਾਂ ਨੂੰ ਵੀ ਸ਼ਾਮਲ ਕਰ ਰਿਹਾ ਹੈ ਅਤੇ ਇੱਕ ਛੋਟੀ ਜਿਹੀ ਚਿੰਗਾਰੀ ਵੱਡੀ ਲਾਟ ਬਣ ਸਕਦੀ ਹੈ।ਵਾਰਤਾ ਦੀਆਂ ਸੰਭਾਵਨਾਵਾਂ ਅਤੇ ਚੁਣੌਤੀਆਂ ਇਸਲਾਮਾਬਾਦ ਵਾਰਤਾ ਵਿਚ ਅਮਰੀਕੀ ਡੈਲੀਗੇਸ਼ਨ ਦੀ ਅਗਵਾਈ ਉਪ ਰਾਸ਼ਟਰਪਤੀ ਜੇਡੀ ਵੈਂਸ ਅਤੇ ਈਰਾਨੀ ਡੈਲੀਗੇਸ਼ਨ ਦੀ ਅਗਵਾਈ ਸਪੀਕਰ ਮੁਹੰਮਦ ਬਾਕਰ ਗਾਲੀਬਾਫ ਵੱਲੋਂ ਕੀਤੀ ਜਾ ਰਹੀ ਹੈ। ਈਰਾਨ ਆਪਣੇ 10-ਪੁਆਇੰਟ ਪਲਾਨ ਉੱਤੇ ਅੜਿਆ ਹੋਇਆ ਹੈ, ਜਦਕਿ ਅਮਰੀਕਾ ਆਪਣੀਆਂ ਲਾਲ ਲਾਈਨਾਂ ਤੋਂ ਪਿੱਛੇ ਹਟਣ ਲਈ ਤਿਆਰ ਨਜ਼ਰ ਨਹੀਂ ਆ ਰਿਹਾ। ਅੱਜ ਇਸ ਦੀ ਸਫਲਤਾ ਲਈ ਦੋਵਾਂ ਧਿਰਾਂ ਨੂੰ ਹੰਕਾਰ ਤਿਆਗ ਕੇ ਲਚਕਤਾ ਵਿਖਾਉਣੀ ਪਵੇਗੀ। ਚੀਨ, ਸਾਊਦੀ ਅਰਬ, ਤੁਰਕੀ ਅਤੇ ਕਤਰ ਵਰਗੀਆਂ ਦੇਸ਼ਾਂ ਵੱਲੋਂ ਵਿਚੋਲਗੀ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਪਾਕਿਸਤਾਨ ਨੇ ਇਸ ਵਿਚੋਲਗੀ ਰਾਹੀਂ ਆਪਣੀ ਖੇਤਰੀ ਡਿਪਲੋਮੈਟਿਕ ਭੂਮਿਕਾ ਨੂੰ ਮਜ਼ਬੂਤ ਕੀਤਾ ਹੈ।

ਅੱਜ ਇਸ ਨਾਲ ਅਸਫਲਤਾ ਦੇ ਭਿਆਨਕ ਨਤੀਜੇ ਸਾਹਮਣੇ ਆ ਸਕਦੇ ਜੇਕਰ ਵਾਰਤਾ ਅਸਫਲ ਹੋਈ ਤਾਂ ਨਤੀਜੇ ਭਿਆਨਕ ਹੋਣਗੇ। ਹੋਰਮੁਜ਼ ਪੂਰੀ ਤਰ੍ਹਾਂ ਬੰਦ ਹੋਣ ਨਾਲ ਤੇਲ ਕੀਮਤਾਂ ਅਸਮਾਨ ਨੂੰ ਛੂ ਲੈਣਗੀਆਂ ਅਤੇ ਗਲੋਬਲ ਇਨਫਲੇਸ਼ਨ ਵਧੇਗੀ। ਖੇਤਰੀ ਯੁੱਧ ਫੈਲਣ ਦਾ ਖਤਰਾ ਵਧੇਗਾ, ਜਿਸ ਨਾਲ ਲੱਖਾਂ ਹੋਰ ਲੋਕ ਵਿਸਥਾਪਿਤ ਹੋਣਗੇ। ਆਰਥਿਕ ਮੰਦੀ ਏਸ਼ੀਆ ਅਤੇ ਯੂਰਪ ਨੂੰ ਭਾਰੀ ਨੁਕਸਾਨ ਪਹੁੰਚਾਵੇਗੀ। ਵਿਸ਼ਵ ਸੁਰੱਖਿਆ ਵਿਵਸਥਾ ਹੋਰ ਕਮਜ਼ੋਰ ਹੋਵੇਗੀ।

ਹੁਣ ਇਸ ਲਈ ਅੰਤਰਰਾਸ਼ਟਰੀ ਭਾਈਚਾਰੇ ਨੂੰ ਇਸ ਮੌਕੇ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਸ਼ਾਂਤੀ ਲਈ ਹੰਕਾਰ ਤਿਆਗਣਾ ਅਤੇ ਵਿਵਹਾਰਕ ਸਮਝੌਤਾ ਲੱਭਣਾ ਲਾਜ਼ਮੀ ਹੈ। ਯੁੱਧ ਕਦੇ ਵੀ ਕੋਈ ਟਿਕਾਊ ਹੱਲ ਨਹੀਂ ਹੁੰਦਾ। ਡਿਪਲੋਮੈਸੀ, ਸੰਵਾਦ ਅਤੇ ਲਚਕਤਾ ਹੀ ਇਸ ਸੰਕਟ ਤੋਂ ਬਾਹਰ ਨਿਕਲਣ ਦਾ ਇੱਕੋ ਇੱਕ ਰਾਹ ਹੈ।ਇਸਲਾਮਾਬਾਦ ਵਾਰਤਾ ਨੂੰ ਸਫਲ ਬਣਾਉਣ ਲਈ ਸਾਰੀਆਂ ਧਿਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਅੱਜ ਇਹ ਨਾ ਸਿਰਫ਼ ਮੱਧ ਪੂਰਬ ਲਈ, ਸਗੋਂ ਪੂਰੀ ਦੁਨੀਆ ਲਈ ਇੱਕ ਚੇਤਾਵਨੀ ਹੈ ਕਿ ਤਣਾਅ ਅਤੇ ਹਿੰਸਾ ਦੀ ਬਜਾਏ ਸੰਵਾਦ ਅਤੇ ਸਹਿਯੋਗ ਹੀ ਟਿਕਾਊ ਸ਼ਾਂਤੀ ਲਿਆ ਸਕਦਾ ਹੈ।

## ਆਖ਼ਰਕਾਰ, ਜੰਗ ਕੀ ਲੈ ਕੇ ਆਈ ?

# ਸਭਿਅਤਾ, ਸੰਤੁਲਨ ਅਤੇ ਮਨੁੱਖਤਾ ਖ਼ਤਰੇ ਵਿੱਚ



ਡਾ.ਸਤਿਆਵਾਨ ਸੌਰਭ,
ਮੋ. 9466526148

**ਅੱਜ ਯੁੱਧ ਦਾ ਇੱਕ ਹੋਰ ਮਹੱਤਵਪੂਰਨ ਪਹਿਲੂ ਜਾਣਕਾਰੀ ਅਤੇ ਪ੍ਰਚਾਰ ਹੈ। ਯੁੱਧ ਹੁਣ ਜੰਗ ਦੇ ਮੈਦਾਨ ਤੱਕ ਸੀਮਤ ਨਹੀਂ ਹੈ, ਸਗੋਂ ਮੀਡੀਆ ਅਤੇ ਡਿਜੀਟਲ ਪਲੇਟਫਾਰਮਾਂ ਵਿੱਚ ਵੀ ਲੜਿਆ ਜਾਂਦਾ ਹੈ। ਜਾਣਕਾਰੀ ਨਿਯੰਤਰਣ, ਅਫਵਾਹਾਂ ਦਾ ਫੈਲਾਅ ਅਤੇ ਜਨਤਕ ਰਾਏ ਨੂੰ ਪ੍ਰਭਾਵਿਤ ਕਰਨ ਦੀਆਂ ਕੋਸ਼ਿਸ਼ਾਂ ਇਸ ਟਕਰਾਅ ਦੇ ਅਨਿੱਖੜਵੇਂ ਅੰਗ ਬਣ ਗਈਆਂ ਹਨ। ਇਸ ਨਾਲ ਸੱਚ ਅਤੇ ਝੂਠ ਵਿੱਚ ਫਰਕ ਕਰਨਾ ਹੋਰ ਵੀ ਮੁਸ਼ਕਲ ਹੋ ਗਿਆ ਹੈ। ਸੋਸ਼ਲ ਮੀਡੀਆ ਦੇ ਯੁੱਗ ਵਿੱਚ, ਥੋੜ੍ਹੀ ਜਿਹੀ ਗਲਤ ਜਾਣਕਾਰੀ ਵੀ ਵਿਆਪਕ ਉਲਝਣ ਅਤੇ ਤਣਾਅ ਪੈਦਾ ਕਰ ਸਕਦੀ ਹੈ।**

ਦੁਨੀਆ ਇੱਕ ਵਾਰ ਫਿਰ ਇੱਕ ਅਜਿਹੇ ਮੋੜ 'ਤੇ ਖੜ੍ਹੀ ਜਾਪਦੀ ਹੈ ਜਿੱਥੇ ਮਨੁੱਖਤਾ ਦੀ ਆਵਾਜ਼ ਸ਼ਕਤੀ ਦੇ ਪ੍ਰਦਰਸ਼ਨ, ਧਮਕੀਆਂ ਅਤੇ ਫੌਜੀ ਗਤੀਵਿਧੀਆਂ ਦੁਆਰਾ ਦੱਬੀ ਹੋਈ ਹੈ। ਹਾਲੀਆ ਘਟਨਾਵਾਂ ਨੇ ਇਸ ਸਵਾਲ ਨੂੰ ਮੁੜ ਸੁਰਜੀਤ ਕੀਤਾ ਹੈ ਕਿ ਯੁੱਧ ਅਸਲ ਵਿੱਚ ਕੀ ਪ੍ਰਾਪਤ ਕਰਦਾ ਹੈ। ਕੀ ਇਹ ਸਿਰਫ਼ ਤਾਕਤ ਦਾ ਪ੍ਰਦਰਸ਼ਨ ਹੈ, ਜਾਂ ਕੀ ਇਸਦਾ ਕੋਈ ਸਥਾਈ ਹੱਲ ਹੈ ? ਇਤਿਹਾਸ ਅਤੇ ਅਨੁਭਵ ਦੋਵੇਂ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਯੁੱਧ ਕਿਸੇ ਵੀ ਸਮੱਸਿਆ ਨੂੰ ਖਤਮ ਨਹੀਂ ਕਰਦਾ, ਸਗੋਂ ਨਵੀਆਂ ਸਮੱਸਿਆਵਾਂ ਦੀ ਇੱਕ ਬੇਅੰਤ ਲੜੀ ਨੂੰ ਜਨਮ ਦਿੰਦਾ ਹੈ।ਅੱਜ, ਜਿਵੇਂ-ਜਿਵੇਂ ਵਿਸ਼ਵਵਿਆਪੀ ਦ੍ਰਿਸ਼ ਵਿੱਚ ਅਸਥਿਰਤਾ ਵਧਦੀ ਜਾ ਰਹੀ ਹੈ, ਇਹ ਸਵਾਲ ਹੋਰ ਵੀ ਗੰਭੀਰ ਹੁੰਦਾ ਜਾ ਰਿਹਾ ਹੈ। ਜੰਗ ਅਕਸਰ ਰਾਸ਼ਟਰੀ ਸੁਰੱਖਿਆ, ਸਵੈ-ਰੱਖਿਆ, ਜਾਂ ਸਨਮਾਨ ਦੇ ਨਾਮ 'ਤੇ ਸ਼ੁਰੂ ਕੀਤੀ ਜਾਂਦੀ ਹੈ, ਪਰ ਇਸਦੇ ਨਤੀਜੇ ਕਿਤੇ ਜ਼ਿਆਦਾ ਵਿਆਪਕ ਅਤੇ ਵਿਨਾਸ਼ਕਾਰੀ ਹੁੰਦੇ ਹਨ। ਜੰਗ ਤੋਂ ਬਾਅਦ, ਅਖੌਤੀ ਜੇਤੂ ਵੀ ਅੰਦਰੋਂ ਕਮਜ਼ੋਰ ਹੋ ਜਾਂਦੇ ਹਨ। ਉਨ੍ਹਾਂ ਦੀਆਂ ਆਰਥਿਕਤਾਵਾਂ ਬੁਰੀ ਤਰ੍ਹਾਂ ਤਣਾਅਪੂਰਨ ਹੋ ਜਾਂਦੀਆਂ ਹਨ, ਸਰੋਤ ਬਰਬਾਦ ਹੋ ਜਾਂਦੇ ਹਨ ਅਤੇ ਸਮਾਜਿਕ ਢਾਂਚੇ ਢਹਿ-ਢੇਰੀ ਹੋਣ ਲੱਗਦੇ ਹਨ। ਇਸਦਾ ਸਿੱਖਿਆ, ਸਿਹਤ ਅਤੇ ਵਿਕਾਸ ਵਰਗੇ ਖੇਤਰਾਂ 'ਤੇ ਸਿੱਧਾ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਦੂਜੇ ਪਾਸੇ ਹਾਰੇ ਹੋਏ ਦੇਸ਼ ਪਹਿਲਾਂ ਹੀ ਤਬਾਹੀ ਦੇ ਮਲਬੇ ਹੇਠ ਦੱਬੇ ਹੋਏ ਹਨ, ਜਿੱਥੇ ਪੁਨਰ ਨਿਰਮਾਣ ਦੀ ਪ੍ਰਕਿਰਿਆ ਸਾਲਾਂ ਤੱਕ ਚੱਲ ਸਕਦੀ ਹੈ ਅਤੇ ਪੀੜ੍ਹੀਆਂ ਇਸਦੀ ਕੀਮਤ ਅਦਾ ਕਰਦੀਆਂ ਹਨ। ਇਸ ਪੂਰੀ ਪ੍ਰਕਿਰਿਆ ਵਿੱਚ ਆਮ ਨਾਗਰਿਕ ਸਭ ਤੋਂ ਵੱਧ ਨੁਕਸਾਨ ਝੱਲਦੇ ਹਨ, ਜਿਨ੍ਹਾਂ ਨੇ ਨਾ ਤਾਂ ਸਿੱਧੇ ਤੌਰ 'ਤੇ ਯੁੱਧ ਵਿੱਚ ਯੋਗਦਾਨ ਪਾਇਆ ਅਤੇ ਨਾ ਹੀ ਫੈਸਲਾ ਲੈਣ ਦੀ ਪ੍ਰਕਿਰਿਆ 'ਤੇ ਕੋਈ ਪ੍ਰਭਾਵ ਪਾਇਆ।

ਜੰਗ ਨਾ ਸਿਰਫ਼ ਸਰੀਰਕ ਤਬਾਹੀ ਲਿਆਉਂਦੀ ਹੈ, ਸਗੋਂ ਇਹ ਮਨੋਵਿਗਿਆਨਕ ਅਤੇ ਸੱਭਿਆਚਾਰਕ ਪੱਧਰ 'ਤੇ ਡੂੰਘੇ ਜ਼ਖ਼ਮ ਵੀ ਛੱਡਦੀ ਹੈ। ਵਿਸਥਾਪਨ, ਡਰ, ਅਸੁਰੱਖਿਆ ਅਤੇ ਮਾਨਸਿਕ ਸਦਮਾ ਅਜਿਹੀਆਂ ਸਥਿਤੀਆਂ ਹਨ ਜੋ ਯੁੱਧ ਤੋਂ ਬਹੁਤ ਬਾਅਦ ਸਮਾਜਾਂ ਨੂੰ ਪ੍ਰਭਾਵਿਤ ਕਰਦੀਆਂ ਹਨ। ਬੱਚੇ, ਔਰਤਾਂ ਅਤੇ ਬਜ਼ੁਰਗ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਉਨ੍ਹਾਂ ਦੇ ਆਮ ਜੀਵਨ ਢੰਗ ਵਿੱਚ ਵਿਘਨ ਪੈਂਦਾ ਹੈ ਅਤੇ ਉਹ ਇੱਕ ਅਨਿਸ਼ਚਿਤ ਭਵਿੱਖ ਵਿੱਚ ਧੱਕੇ ਜਾਂਦੇ ਹਨ। ਹਜ਼ਾਰਾਂ ਸਾਲਾਂ ਤੋਂ ਵਿਕਸਤ ਹੋਣ ਵਾਲੀਆਂ ਸੱਭਿਅਤਾਵਾਂ ਕੁਝ ਦਿਨਾਂ ਜਾਂ ਮਹੀਨਿਆਂ ਵਿੱਚ ਢਹਿ ਸਕਦੀਆਂ ਹਨ।

ਹਾਲੀਆ ਘਟਨਾਵਾਂ ਇਹ ਵੀ ਦਰਸਾਉਂਦੀਆਂ ਹਨ ਕਿ ਬਾਹਰੀ ਹਮਲੇ ਅਤੇ ਦਬਾਅ, ਕਿਸੇ ਦੇਸ਼ ਨੂੰ ਕਮਜ਼ੋਰ ਕਰਨ ਦੀ ਬਜਾਏ, ਇਸਨੂੰ ਹੋਰ ਸੰਗਠਿਤ ਅਤੇ ਹਮਲਾਵਰ ਬਣਾ ਸਕਦੇ ਹਨ। ਜਦੋਂ ਕੋਈ ਰਾਸ਼ਟਰ ਲਗਾਤਾਰ ਦਬਾਅ ਹੇਠ ਰਹਿੰਦਾ ਹੈ ਤਾਂ ਰਾਸ਼ਟਰਵਾਦ ਮਜ਼ਬੂਤ ਹੋ ਜਾਂਦਾ ਹੈ। ਲੋਕ ਆਪਣੇ ਅੰਦਰੂਨੀ ਮਤਭੇਦਾਂ ਨੂੰ ਪਾਸੇ ਰੱਖ ਕੇ ਬਾਹਰੀ ਖ਼ਤਰੇ ਦੇ ਵਿਰੁੱਧ ਇੱਕਜੁੱਟ ਹੋ ਜਾਂਦੇ ਹਨ। ਇਸ ਤਰ੍ਹਾਂ ਕਿਸੇ ਦੇਸ਼ ਨੂੰ ਆਪਣੇ ਅਧੀਨ ਕਰਨ ਲਈ ਅਪਣਾਈ ਗਈ ਰਣਨੀਤੀ ਅੰਤ ਵਿੱਚ ਇਸਨੂੰ ਸ਼ਕਤੀਸ਼ਾਲੀ ਬਣਾ ਸਕਦੀ ਹੈ। ਇਹ ਯੁੱਧ ਦੀ ਸਭ ਤੋਂ ਵੱਡੀ ਵਿਡੰਬਨਾ ਹੈ ਕਿ ਇਹ ਅਕਸਰ ਆਪਣੇ ਦੱਸੇ ਗਏ ਉਦੇਸ਼ਾਂ ਨੂੰ ਵੀ ਪ੍ਰਾਪਤ ਕਰਨ ਵਿੱਚ ਅਸਫਲ ਰਹਿੰਦਾ ਹੈ।

ਜੰਗ ਦਾ ਪ੍ਰਭਾਵ ਸਿਰਫ਼ ਜੰਗਜੂ ਦੇਸ਼ਾਂ ਤੱਕ ਸੀਮਤ ਨਹੀਂ ਹੈ; ਇਸਦੇ ਪ੍ਰਭਾਵ ਵਿਸ਼ਵ ਪੱਧਰ 'ਤੇ ਮਹਿਸੂਸ ਕੀਤੇ ਜਾਂਦੇ ਹਨ। ਅੰਤਰਰਾਸ਼ਟਰੀ ਅਰਥਵਿਵਸਥਾ, ਵਪਾਰਕ ਰਸਤੇ ਅਤੇ ਊਰਜਾ ਸਪਲਾਈ ਵਰਗੇ ਮਹੱਤਵਪੂਰਨ ਖੇਤਰ ਸਿੱਧੇ ਤੌਰ 'ਤੇ ਪ੍ਰਭਾਵਿਤ ਹੁੰਦੇ ਹਨ। ਹੋਰਮੁਜ਼ ਜਲਡਮਰੂ ਵਰਗੇ ਸੰਵੇਦਨਸ਼ੀਲ ਸਮੁੰਦਰੀ ਮਾਰਗਾਂ ਵਿੱਚ ਸੰਕਟ ਵਿਸ਼ਵ ਆਰਥਿਕ ਸਥਿਰਤਾ ਨੂੰ ਪ੍ਰਭਾਵਤ ਕਰ ਸਕਦਾ ਹੈ। ਇਸਦੇ ਨਤੀਜੇ ਜਿਵੇਂ ਕਿ ਤੇਲ ਦੀਆਂ ਕੀਮਤਾਂ ਵਿੱਚ ਉਤਰਾਅ-ਚੜ੍ਹਾਅ, ਸਪਲਾਈ ਲੜੀ ਵਿੱਚ ਵਿਘਨ ਅਤੇ ਨਿਵੇਸ਼ ਅਨਿਸ਼ਚਿਤਤਾ, ਵਿਸ਼ਵ ਪੱਧਰ 'ਤੇ ਮਹਿਸੂਸ ਕੀਤੇ ਜਾਂਦੇ ਹਨ। ਵਿਕਾਸਸ਼ੀਲ ਦੇਸ਼ਾਂ ਲਈ ਪ੍ਰਭਾਵ ਹੋਰ ਵੀ ਗੰਭੀਰ ਹੈ, ਜਿਨ੍ਹਾਂ ਦੀਆਂ ਅਰਥਵਿਵਸਥਾਵਾਂ ਪਹਿਲਾਂ ਹੀ ਸੀਮਤ ਸਰੋਤਾਂ 'ਤੇ ਨਿਰਭਰ ਹਨ।

ਜਦੋਂ ਮਹਾਂਸ਼ਕਤੀਆਂ ਕਿਸੇ ਟਕਰਾਅ ਵਿੱਚ ਸ਼ਾਮਲ ਹੋ ਜਾਂਦੀਆਂ ਹਨ, ਤਾਂ ਸਥਿਤੀ ਹੋਰ ਵੀ ਗੁੰਝਲਦਾਰ ਹੋ ਜਾਂਦੀ ਹੈ। ਉਨ੍ਹਾਂ ਦਾ ਦਖਲ ਸਿਰਫ਼ ਫੌਜ ਤੱਕ ਸੀਮਤ ਨਹੀਂ ਹੁੰਦਾ ਸਗੋਂ ਕੂਟਨੀਤਕ, ਆਰਥਿਕ ਅਤੇ ਰਣਨੀਤਕ ਪਹਿਲੂਆਂ ਨੂੰ ਵੀ ਅਪਣਾਉਂਦਾ ਹੈ। ਇਸ ਨਾਲ ਛੋਟੇ ਅਤੇ ਦਰਮਿਆਨੇ ਆਕਾਰ ਦੇ ਦੇਸ਼ਾਂ ਲਈ ਆਪਣੇ ਸਟੈਂਡ ਨੂੰ ਸਪੱਸ਼ਟ ਕਰਨਾ ਮੁਸ਼ਕਲ ਹੋ ਜਾਂਦਾ ਹੈ। ਉਹ ਅਕਸਰ ਇੱਕ ਅਜਿਹਾ ਸੰਤੁਲਨ ਚਾਹੁੰਦੇ ਹਨ ਜੋ ਉਨ੍ਹਾਂ ਦੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਕਰੇ ਅਤੇ ਵੱਡੇ ਟਕਰਾਅ ਵਿੱਚ ਸ਼ਾਮਲ ਹੋਣ ਤੋਂ ਬਚੇ। ਹਾਲਾਂਕਿ, ਇਸ ਸੰਤੁਲਨ ਨੂੰ ਬਣਾਈ ਰੱਖਣਾ ਆਸਾਨ ਨਹੀਂ ਹੈ, ਕਿਉਂਕਿ ਹਰ ਫੈਸਲੇ ਦੇ ਦੂਰਗਾਮੀ ਨਤੀਜੇ ਹੁੰਦੇ ਹਨ।

ਪੱਛਮੀ ਏਸ਼ੀਆ ਅਜਿਹੇ ਗੁੰਝਲਦਾਰ ਟਕਰਾਵਾਂ ਦੀ ਇੱਕ ਪ੍ਰਮੁੱਖ ਉਦਾਹਰਣ ਹੈ, ਜਿੱਥੇ ਰਾਜਨੀਤਿਕ, ਧਾਰਮਿਕ ਅਤੇ ਰਣਨੀਤਕ ਕਾਰਨਾਂ ਕਰਕੇ ਤਣਾਅ ਬਣਿਆ ਰਹਿੰਦਾ ਹੈ। ਇੱਥੇ ਸਥਿਤੀ ਇਹ ਦੱਸਦੀ ਹੈ ਕਿ ਇੱਕ ਛੋਟੀ ਜਿਹੀ ਚੰਗਿਆੜੀ ਵੀ ਇੱਕ ਵਿਆਪਕ ਟਕਰਾਅ ਵਿੱਚ ਬਦਲ ਸਕਦੀ ਹੈ। ਵੱਖ-ਵੱਖ ਦੇਸ਼ਾਂ ਅਤੇ ਸੰਗਠਨਾਂ ਦੀ ਸ਼ਮੂਲੀਅਤ ਨੇ ਇਸ ਖੇਤਰ ਨੂੰ ਹੋਰ ਵੀ ਸੰਵੇਦਨਸ਼ੀਲ ਬਣਾ ਦਿੱਤਾ ਹੈ। ਇੱਥੇ ਕਿਸੇ ਵੀ ਵਿਕਾਸ ਦਾ ਪ੍ਰਭਾਵ ਨਾ ਸਿਰਫ਼ ਖੇਤਰੀ ਤੌਰ 'ਤੇ ਸਗੋਂ ਵਿਸ਼ਵ ਪੱਧਰ 'ਤੇ ਵੀ ਮਹਿਸੂਸ ਕੀਤਾ ਜਾਂਦਾ ਹੈ। ਇਸ ਸੰਦਰਭ ਵਿੱਚ, ਕੁਝ ਦੇਸ਼ਾਂ ਨੇ ਸੰਤੁਲਿਤ ਅਤੇ ਪਰਿਪੱਕ ਕੂਟਨੀਤੀ ਦਾ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਨੇ ਨਾ ਸਿਰਫ਼ ਆਪਣੇ ਰਾਸ਼ਟਰੀ ਹਿੱਤਾਂ ਨੂੰ, ਸਗੋਂ ਵਿਸ਼ਵ ਸ਼ਾਂਤੀ ਅਤੇ ਸਥਿਰਤਾ ਨੂੰ ਵੀ ਤਰਜੀਹ ਦਿੱਤੀ। ਇਹ ਇਸ ਗੱਲ ਦਾ ਸਬੂਤ ਹੈ ਕਿ ਗੁੰਝਲਦਾਰ ਸਥਿਤੀਆਂ ਦੇ ਹੱਲ ਗੱਲਬਾਤ ਅਤੇ ਕੂਟਨੀਤੀ ਰਾਹੀਂ ਲੱਭੇ ਜਾ ਸਕਦੇ ਹਨ। ਹਾਲਾਂਕਿ ਇਹ ਪ੍ਰਕਿਰਿਆ ਹੌਲੀ ਅਤੇ ਚੁਣੌਤੀਪੂਰਨ ਹੋ ਸਕਦੀ ਹੈ, ਇਹ ਸਥਾਈ ਸ਼ਾਂਤੀ ਵੱਲ ਸਭ ਤੋਂ ਭਰੋਸੇਮੰਦ ਰਸਤਾ ਹੈ।

ਅੱਜ ਯੁੱਧ ਦਾ ਇੱਕ ਹੋਰ ਮਹੱਤਵਪੂਰਨ ਪਹਿਲੂ ਜਾਣਕਾਰੀ ਅਤੇ ਪ੍ਰਚਾਰ ਹੈ। ਯੁੱਧ ਹੁਣ ਜੰਗ ਦੇ ਮੈਦਾਨ ਤੱਕ ਸੀਮਤ ਨਹੀਂ ਹੈ, ਸਗੋਂ ਮੀਡੀਆ ਅਤੇ ਡਿਜੀਟਲ ਪਲੇਟਫਾਰਮਾਂ ਵਿੱਚ ਵੀ ਲੜਿਆ ਜਾਂਦਾ ਹੈ। ਜਾਣਕਾਰੀ ਨਿਯੰਤਰਣ, ਅਫਵਾਹਾਂ ਦਾ ਫੈਲਾਅ ਅਤੇ ਜਨਤਕ ਰਾਏ ਨੂੰ ਪ੍ਰਭਾਵਿਤ ਕਰਨ ਦੀਆਂ ਕੋਸ਼ਿਸ਼ਾਂ ਇਸ ਟਕਰਾਅ ਦੇ ਅਨਿੱਖੜਵੇਂ ਅੰਗ ਬਣ ਗਈਆਂ ਹਨ। ਇਸ ਨਾਲ ਸੱਚ ਅਤੇ ਝੂਠ ਵਿੱਚ ਫਰਕ ਕਰਨਾ ਹੋਰ ਵੀ ਮੁਸ਼ਕਲ ਹੋ ਗਿਆ ਹੈ। ਸੋਸ਼ਲ ਮੀਡੀਆ ਦੇ ਯੁੱਗ ਵਿੱਚ, ਥੋੜ੍ਹੀ ਜਿਹੀ ਗਲਤ ਜਾਣਕਾਰੀ ਵੀ ਵਿਆਪਕ ਉਲਝਣ ਅਤੇ ਤਣਾਅ ਪੈਦਾ ਕਰ ਸਕਦੀ ਹੈ।

ਇਸ ਤੋਂ ਇਲਾਵਾ ਯੁੱਧ ਦਾ ਵਾਤਾਵਰਣ 'ਤੇ ਗੰਭੀਰ ਪ੍ਰਭਾਵ ਪੈਂਦਾ ਹੈ। ਬੰਬਾਰੀ, ਰਸਾਇਣਕ ਹਥਿਆਰਾਂ ਦੀ ਵਰਤੋਂ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਦੀ ਤਬਾਹੀ ਲੰਬੇ ਸਮੇਂ ਲਈ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਂਦੀ ਹੈ। ਪਾਣੀ, ਹਵਾ ਅਤੇ ਜ਼ਮੀਨ ਪ੍ਰਦੂਸ਼ਣ ਕੁਦਰਤੀ ਸੰਤੁਲਨ ਨੂੰ ਵਿਗਾੜਦਾ ਹੈ। ਇਸਦਾ ਜੈਵ ਵਿਭਿੰਨਤਾ 'ਤੇ ਨਕਾਰਾਤਮਕ ਪ੍ਰਭਾਵ ਪੈਂਦਾ ਹੈ ਅਤੇ ਇਹ ਨੁਕਸਾਨ ਅਕਸਰ ਅਟੱਲ ਹੁੰਦਾ ਹੈ। ਇਸ ਤਰ੍ਹਾਂ ਯੁੱਧ ਨਾ ਸਿਰਫ਼ ਮੌਜੂਦਾ ਪੀੜ੍ਹੀ ਨੂੰ ਪ੍ਰਭਾਵਿਤ ਕਰਦਾ ਹੈ ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਪ੍ਰਭਾਵਿਤ ਕਰਦਾ ਹੈ। ਅੰਤ ਵਿੱਚ, ਇਹ ਸਪੱਸ਼ਟ ਹੈ ਕਿ ਜੰਗ ਕਿਸੇ ਵੀ ਸਮੱਸਿਆ ਦਾ ਸਥਾਈ ਹੱਲ ਨਹੀਂ ਹੈ। ਇਹ ਸਿਰਫ਼ ਅਸਥਾਈ ਜਿੱਤਾਂ ਪ੍ਰਦਾਨ ਕਰਦੀ ਹੈ ਅਤੇ ਸਥਾਈ ਦਾਗ ਛੱਡਦੀ ਹੈ। ਮਨੁੱਖਤਾ, ਵਿਕਾਸ ਅਤੇ ਸ਼ਾਂਤੀ ਨੂੰ ਅੱਗੇ ਵਧਾਉਣ ਲਈ, ਦੇਸ਼ਾਂ ਨੂੰ ਗੱਲਬਾਤ, ਸਹਿਯੋਗ ਅਤੇ ਆਪਸੀ ਸਮਝ ਨੂੰ ਤਰਜੀਹ ਦੇਣੀ ਚਾਹੀਦੀ ਹੈ। ਅੰਤਰਰਾਸ਼ਟਰੀ ਸੰਸਥਾਵਾਂ ਦੀ ਭੂਮਿਕਾ ਨੂੰ ਵੀ ਮਜ਼ਬੂਤ ਕਰਨ ਦੀ ਲੋੜ ਹੈ ਤਾਂ ਜੋ ਉਹ ਟਕਰਾਵਾਂ ਨੂੰ ਰੋਕਣ ਅਤੇ ਹੱਲ ਲੱਭਣ ਵਿੱਚ ਵਧੇਰੇ ਪ੍ਰਭਾਵਸ਼ਾਲੀ ਹੋ ਸਕਣ।

ਅੱਜ ਦੀ ਦੁਨੀਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਸੱਚੀ ਸ਼ਕਤੀ ਵਿਨਾਸ਼ ਵਿੱਚ ਨਹੀਂ, ਸਗੋਂ ਸਿਰਜਣਾ ਵਿੱਚ ਹੈ। ਸਿਰਫ਼ ਉਹੀ ਦੇਸ਼ ਅਤੇ ਸਮਾਜ ਜੋ ਇਸ ਸੱਚਾਈ ਨੂੰ ਸਵੀਕਾਰ ਕਰਦੇ ਹਨ, ਭਵਿੱਖ ਵਿੱਚ ਸਥਾਈ ਸ਼ਾਂਤੀ ਅਤੇ ਖੁਸ਼ਹਾਲੀ ਦਾ ਰਾਹ ਪੱਧਰਾ ਕਰ ਸਕਣਗੇ। ਯੁੱਧ ਦਾ ਧੂੰਆਂ ਸ਼ਾਇਦ ਪਲ ਭਰ ਦੀ ਜਿੱਤ ਦਾ ਭਰਮ ਪੇਸ਼ ਕਰ ਸਕਦਾ ਹੈ, ਪਰ ਜਦੋਂ ਉਹ ਧੂੰਆਂ ਸਾਫ਼ ਹੋ ਜਾਂਦਾ ਹੈ ਤਾਂ ਸਿਰਫ਼ ਤਬਾਹੀ, ਪਛਤਾਵਾ ਅਤੇ ਅਨਿਸ਼ਚਿਤਤਾ ਹੀ ਰਹਿੰਦੀ ਹੈ। ਇਹ ਯੁੱਧ ਦਾ ਸਭ ਤੋਂ ਵੱਡਾ ਸੱਚ ਹੈ-ਇੱਕ ਸੱਚ ਜਿਸਨੂੰ ਅੱਜ ਸਮਝਣਾ ਅਤੇ ਸਵੀਕਾਰ ਕਰਨਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮਹੱਤਵਪੂਰਨ ਹੈ।

**(ਡਾ. ਸਤਿਆਵਾਨ ਸੌਰਭ, ਪੀਐਚਡੀ (ਰਾਜਨੀਤੀ ਵਿਗਿਆਨ), ਇੱਕ ਕਵੀ ਅਤੇ ਸਮਾਜਿਕ ਚਿੰਤਕ ਹਨ।)**

ਕਮਲਜੀਤ ਸਿੰਘ ਬਨਵੈਤ
98147 34035



# ਸੁਖਬੀਰ ਬਾਦਲ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ

- ☛ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਸਿੰਘ ਬਾਦਲ ਨੂੰ ਦੋ ਦਸੰਬਰ ਹੁਕਮਨਾਮੇ ਨੂੰ ਸਾਜ਼ਿਸ਼ ਸਿੱਧ ਕਰਨ ਲਈ ਵੰਗਾਰਿਆ
- ☛ ਸੁਖਬੀਰ ਸਿੰਘ ਬਾਦਲ ਪੰਜਾਬ ਬਚਾਓ ਰੈਲੀਆਂ ਵਿੱਚ ਪੰਜ ਸਿੰਘ ਸਾਹਿਬਾਨ ਉੱਤੇ ਸਾਜ਼ਿਸ਼ ਰਚਣ ਦੇ ਲਾ ਰਹੇ ਹਨ ਦੋਸ਼
- ☛ ਬਾਦਲ ਤੋਂ ਆਪਣੇ ਰਾਹ ਵਿੱਚ ਪਹਿਲਾਂ ਖਿਲਾਰੇ ਕੰਡ ਨਹੀਂ ਜਾ ਰਹੇ ਹਨ ਚੁਗੇ, ਉੱਪਰ ਤੋਂ ਹੁਣ ਬੀਜ ਦਿੱਤੇ ਹੋਰ ਕੰਡੇ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਆਪਣੇ ਰਾਹ ਵਿੱਚ ਖੰਡੇ ਖਿੰਡਾਣ ਤੋਂ ਬਾਜ਼ ਨਹੀਂ ਆ ਰਹੇ ਹਨ। ਉਹਨਾਂ ਵੱਲੋਂ ਪਹਿਲਾਂ ਖਿੰਡਾਏ ਕੰਡੇ ਹਾਲੇ ਚੁਗੇ ਨਹੀਂ ਗਏ ਹਨ ਕਿ ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਕੇ ਆਪਣੇ ਰਾਹ ਵਿੱਚ ਨਵੇਂ ਕੰਡੇ ਬੀਜ ਲਏ ਹਨ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਉਹਨਾਂ ਵੱਲੋਂ 2 ਦਸੰਬਰ ਦੇ ਹੁਕਮਨਾਮੇ ਨੂੰ ਲੈ ਕੇ ਪੰਜ ਸਿੰਘ ਸਾਹਿਬਾਨਾਂ ਉੱਤੇ ਲਾਏ ਦੋਸ਼ਾਂ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਮੂਹਰੇ ਮੁੜ ਤੋਂ ਖੜ੍ਹੇ ਹੋ ਕੇ ਸਿੱਧ ਕਰਨ ਦੀ ਚੁਣੌਤੀ ਦੇ ਦਿੱਤੀ ਹੈ। ਸਾਬਕਾ ਜਥੇਦਾਰ ਜਿਹੜੇ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਵੀ ਰਹੇ ਹਨ, ਨੇ ਸੁਖਬੀਰ ਸਿੰਘ ਬਾਦਲ ਨੂੰ ਚੁਣੌਤੀ ਦਿੰਦਿਆਂ ਕਿਹਾ ਹੈ ਕਿ ਜਿਸ ਤਰ੍ਹਾਂ ਉਹਨਾਂ ਨੇ 2 ਦਸੰਬਰ ਨੂੰ ਸਾਰੇ ਗੁਨਾਹ ਆਪਣੀ ਝੋਲੀ ਪਾਏ ਸਨ, ਹੁਣ ਉਸੇ ਤਰ੍ਹਾਂ ਮੁੜ ਤੋਂ ਪੇਸ਼ ਹੋ ਕੇ ਹੁਕਮਨਾਮੇ ਨੂੰ ਝੂਠਿਆਂ ਨਾ ਪਾਉਣ।

ਸੁਖਬੀਰ ਸਿੰਘ ਬਾਦਲ ਵੱਲੋਂ ਲਗਾਤਾਰ ਬਿਆਨ ਦਿੱਤੇ ਜਾ ਰਹੇ ਹਨ ਕਿ ਦੋ ਦਸੰਬਰ ਦੇ ਹੁਕਮਨਾਮੇ ਵਿੱਚ ਉਹਨਾਂ ਨੂੰ ਇੱਕ ਸਾਜ਼ਿਸ਼ ਤਹਿਤ ਦੋਸ਼ੀ ਕਰਾਰ ਦਿੱਤਾ ਗਿਆ ਸੀ। ਉਹ ਇੱਥੋਂ ਤੱਕ ਕਹਿ ਗਏ ਕਿ ਉਹਨਾਂ ਨੂੰ ਚੋਬਦਾਰ ਦੀ ਸਜ਼ਾ ਵੀ ਸਾਜ਼ਿਸ਼ ਤਹਿਤ ਲਾਈ ਗਈ ਸੀ। ਇਸ ਤੋਂ ਵੀ ਅੱਗੇ ਜਾਂਦਿਆਂ ਉਹ ਕਹਿੰਦੇ ਹਨ ਕਿ ਸਿੰਘ ਸਾਹਿਬਾਨ ਆਪਣਾ ਕੰਮ ਸਰਕਾਰੀ ਏਜੰਸੀਆਂ ਦੇ ਕਹੇ 'ਤੇ ਕਰਦੇ ਰਹੇ ਹਨ।

ਪੰਜ ਸਿੰਘ ਸਾਹਿਬਾਨ ਵੱਲੋਂ 2 ਦਸੰਬਰ ਨੂੰ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਫ਼ੈਸਲਾ ਸੁਣਾਇਆ ਗਿਆ ਸੀ ਤਾਂ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਹੈਸੀਅਤ ਵਿੱਚ ਸਿੰਘ ਸਾਹਿਬਾਨ ਦੀ ਅਗਵਾਈ ਕੀਤੀ ਸੀ। ਦੂਜੇ ਸਿੰਘ ਸਾਹਿਬਾਨਾਂ ਵਿੱਚੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਹਾਜ਼ਰ ਸਨ । ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਭ ਤੋਂ ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਲਾਂਭੇ ਕੀਤਾ ਗਿਆ, ਉਸ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਨੂੰ ਇਹ ਕਹਿ ਕੇ ਹਟਾ ਦਿੱਤਾ ਗਿਆ ਕਿ ਉਹ ਅਹੁਦੇ ਦੇ ਕਾਬਿਲ ਹੀ ਨਹੀਂ ਹਨ। ਉਸ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਵਜੋਂ ਸੇਵਾ ਨਿਭਾਉਂਦੇ ਰਹੇ ਪਰ ਅੰਤ ਵਿੱਚ ਮੈਨੂੰ ਇਹ ਅਹੁਦਾ ਵੀ ਛੱਡਣਾ ਪਿਆ ਸੀ।

ਉਦੋਂ ਸੁਖਬੀਰ ਸਿੰਘ ਬਾਦਲ ਨੇ ਸਿੰਘ ਸਾਹਿਬਾਨ ਵੱਲੋਂ ਲਾਈ ਧਾਰਮਿਕ ਸਜ਼ਾ ਭੁਗਤ ਲਈ ਸੀ ਪਰ ਰਾਜਨੀਤਕ ਤਨਖ਼ਾਹ ਪੂਰੀ ਕਰਨ ਤੋਂ ਪਹਿਲਾਂ ਹੀ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲ ਨੂੰ ਪਿੱਠ ਕਰ ਲਈ ਸੀ। ਸੁਖਬੀਰ ਸਿੰਘ ਬਾਦਲ ਜਦੋਂ ਤਨਖ਼ਾਹ ਵਜੋਂ ਸ੍ਰੀ ਹਰਿਮੰਦਰ ਸਾਹਿਬ ਦੀ ਦਰਸ਼ਨੀ ਡਿਓੜੀ ਵਿਖੇ ਚੋਭਦਾਰ ਵਜੋਂ ਸੇਵਾ ਨਿਭਾ ਰਹੇ ਸਨ ਤਾਂ ਉਨ੍ਹਾਂ ਉੱਤੇ ਗਰਮ ਖਿਆਲੀ ਨਰਾਇਣ ਸਿੰਘ ਚੌੜਾ ਵੱਲੋਂ ਹਮਲਾ ਕਰ ਦਿੱਤਾ ਗਿਆ ਸੀ ਪਰ ਉਹ ਬਚ ਗਏ ਸਨ। ਸਿੰਘ ਸਾਹਿਬਾਨ ਨੇ ਜਾਰੀ ਕੀਤੇ ਹੁਕਮਨਾਮੇ ਵਿੱਚ ਉਹਨਾਂ ਦੇ ਪਿਤਾ ਅਤੇ ਪੰਜਾਬ ਦੇ ਪੰਜ ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਤੋਂ ਫ਼ਖ਼ਰ ਏ ਕੌਮ ਵੀ ਵਾਪਸ ਲੈ ਲਿਆ ਸੀ।

ਹੁਣ ਜਦੋਂ ਸੁਖਬੀਰ ਸਿੰਘ ਬਾਦਲ ਪੰਜਾਬ ਬਚਾਓ ਰੈਲੀਆਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਹੁਕਮਨਾਮੇ ਨੂੰ ਵਾਰ-ਵਾਰ ਚੁਣੌਤੀ ਦੇ ਰਹੇ ਹਨ ਤਾਂ ਗਿਆਨੀ ਰਘਬੀਰ ਸਿੰਘ ਨੇ ਉਹਨਾਂ ਨੂੰ ਚੁਣੌਤੀ ਦੇ ਦਿੱਤੀ ਹੈ। ਗਿਆਨੀ ਰਘਬੀਰ ਸਿੰਘ ਇਹ ਵੀ ਦਾਅਵਾ ਕਰਦੇ ਹਨ ਕਿ ਪੰਜ ਸਿੰਘ ਸਾਹਿਬਾਨ ਵੱਲੋਂ ਸਿੱਖ ਮਰਿਆਦਾ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੀਆਂ ਰਵਾਇਤਾਂ ਅਨੁਸਾਰ ਹੀ ਦੋ ਦਸੰਬਰ ਨੂੰ ਹੁਕਮਨਾਮਾ ਜਾਰੀ ਕੀਤਾ ਗਿਆ ਸੀ। ਉਹਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਕਿਹਾ ਹੈ ਕਿ ਰੈਲੀਆਂ ਵਿੱਚ ਅਜਿਹੇ ਦੋਸ਼ ਲਾਉਣ ਦੀ ਥਾਂ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਮੂਹਰੇ ਖੜ੍ਹੇ ਹੋ ਕੇ ਸੰਗਤ ਦੀ ਹਾਜ਼ਰੀ ਵਿੱਚ ਦੋਸ਼ ਦੁਹਰਾਉਣ ਅਤੇ ਇਹ ਕਹਿਣ 'ਤੇ ਉਹਨਾਂ ਨੇ ਸਾਰੇ ਗੁਨਾਹ ਕਿਸੇ ਦਬਾਅ ਹੇਠਾਂ ਕਬੂਲ ਕੀਤੇ ਸਨ।

ਅਸਲ ਵਿੱਚ ਸੁਖਬੀਰ ਸਿੰਘ ਬਾਦਲ ਵੱਲੋਂ ਸਿੰਘ ਸਾਹਿਬਾਨ ਉੱਤੇ ਲਾਏ ਦੋਸ਼ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੀ ਸਰਬਉੱਚ ਸੰਸਥਾ ਹੈ। ਸਿੱਖਾਂ ਦੇ ਉੱਚ ਧਾਰਮਿਕ ਅਸਥਾਨਾਂ ਉੱਤੇ ਸੁਸ਼ੋਭਿਤ ਸ਼ਖਸੀਅਤਾਂ ਵੀ ਸਰਬਉੱਚ ਧਾਰਮਿਕ ਹਸਤੀਆਂ ਹਨ।

ਸੁਖਬੀਰ ਸਿੰਘ ਬਾਦਲ ਸ਼ਾਇਦ ਭੁੱਲ ਗਏ ਹਨ ਕਿ ਉਹਨਾਂ ਵਿਰੁੱਧ ਸਿੰਘ ਸਾਹਿਬਾਨ ਵੱਲੋਂ ਤਾਂ ਸਾਜ਼ਿਸ਼ ਪਤਾ ਨਹੀਂ ਰੱਖੀ ਗਈ ਹੋਵੇ ਕਿ ਜਾਂ ਨਾ ਪਰ ਇੱਕ ਗੱਲ ਪੱਕੀ ਹੈ ਕਿ ਜਦੋਂ ਡੇਰਾ ਸਿਰਸਾ ਦੇ ਮੁਖੀ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਵਾਂਗ ਰਚਾਇਆ ਗਿਆ ਸੀ, ਅੰਮ੍ਰਿਤ ਦੇ ਬਰਾਬਰ ਜਾਮ ਏ ਇੰਨਸਾਂ ਤਿਆਰ ਕੀਤਾ ਗਿਆ ਸੀ, ਇਕ ਜੂਨ 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੱਤਰੇ ਪਾੜ ਕੇ ਗਲੀਆਂ ਵਿੱਚ ਸੁੱਟੇ ਗਏ ਸਨ, ਸ਼ਾਂਤਮਈ ਸਿੰਘਾਂ ਉੱਤੇ ਗੋਲੀਆਂ ਵਰ੍ਹਾਈਆਂ ਗਈਆਂ ਸਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀਆਂ ਖਿਲਾਫ਼ ਕੋਈ ਕਾਰਵਾਈ ਨਹੀਂ ਸੀ ਕੀਤੀ ਗਈ ਇਹ ਜ਼ਰੂਰ ਸਾਜਿਸ਼ ਦਿਸਦੀ ਹੈ। ਇਹੋ ਕਾਰਨ ਨੇ ਜਿਨ੍ਹਾਂ ਕਰਕੇ ਸ਼੍ਰੋਮਣੀ ਅਕਾਲੀ ਦਲ ਪੰਜਾਬੀਆਂ ਵਿਸ਼ੇਸ਼ ਕਰਕੇ ਸਿੱਖਾਂ ਤੋਂ ਦੂਰ ਹੋ ਗਿਆ ਹੈ।

ਸੁਖਬੀਰ ਸਿੰਘ ਬਾਦਲ ਵੱਲੋਂ ਰੈਲੀਆਂ ਵਿੱਚ ਕੀਤੇ ਜਾ ਰਹੇ ਭਾਸ਼ਣ ਦੀ ਗੱਲ ਕਰੀਏ ਤਾਂ ਉਹ ਲੋਕਾਂ ਨੂੰ ਹੀ ਕਹਿੰਦੇ ਹਨ ਕਿ ਉਹਨਾਂ ਨੇ 2022 ਵਿੱਚ ਭੁੱਲ ਕਰ ਲਈ ਸੀ। ਪਰ ਉਹ ਇਹ ਕਦੇ ਨਹੀਂ ਮੰਨਦੇ ਕਿ ਭੁੱਲਾਂ ਤੇ ਗੁਨਾਹ ਉਹਨਾਂ ਤੋਂ ਹੋਏ ਸਨ, ਜਿਸ ਕਰਕੇ ਲੋਕਾਂ ਨੇ ਬਦਲਾਅ ਦਾ ਰਾਹ ਚੁਣਿਆ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੰਘ ਸਾਹਿਬਾਨ ਦੀ ਨਿਯੁਕਤੀ ਕੀਤੀ ਜਾਂਦੀ ਹੈ। ਕਮੇਟੀ ਉੱਤੇ ਸ਼੍ਰੋਮਣੀ ਅਕਾਲੀ ਦਲ ਵਿਸ਼ੇਸ਼ ਕਰਕੇ ਬਾਦਲ ਪਰਿਵਾਰ ਦਾ ਕਬਜ਼ਾ ਹੈ। ਬੜੇ ਚਿਰਾਂ ਤੋਂ ਚਰਚਾ ਚੱਲਦੀ ਆ ਰਹੀ ਹੈ ਕਿ ਸ਼੍ਰੋਮਣੀ ਕਮੇਟੀ ਦਾ ਪ੍ਰਧਾਨ ਅਤੇ ਸਿੰਘ ਸਾਹਿਬਾਨ ਬਾਦਲਾਂ ਦੇ ਲਿਫਾਫਿਆਂ 'ਚੋਂ ਨਿਕਲਦੇ ਰਹੇ ਹਨ। ਸੁਆਲ ਖੜ੍ਹਾ ਹੁੰਦਾ ਹੈ ਕਿ ਬਾਦਲਾਂ ਦੀ ਅਗਵਾਈ ਵਾਲੀ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਵਿਅਕਤੀਆਂ ਨੂੰ ਸਿੰਘ ਸਾਹਿਬਾਨ ਦੀ ਜ਼ਿੰਮੇਵਾਰੀ ਕਿਉਂ ਦਿੱਤੀ ਗਈ ਜਿਹੜੇ ਸਾਜਿਸ਼ਾਂ ਰਚ ਸਕਦੇ ਸਨ। ਸਵਾਲ ਇਹ ਵੀ ਉੱਠਦਾ ਹੈ ਕਿ ਸਿੰਘ ਸਾਹਿਬਾਨ ਦੀਆਂ ਸਾਜਿਸ਼ਾਂ ਦੋ ਦਸੰਬਰ ਦੇ ਹੁਕਮਨਾਮੇ ਤੋਂ ਬਾਅਦ ਹੀ ਕਿਉਂ ਦਿਸਣ ਲੱਗੀਆਂ ।

ਸੁਖਬੀਰ ਸਿੰਘ ਬਾਦਲ ਨੇ ਦੋ ਦਸੰਬਰ ਦੇ ਹੁਕਮਨਾਮੇ ਤੋਂ ਪਾਸਾ ਵੱਟ ਕੇ ਉਦੋਂ ਲੰਘਣਾ ਸ਼ੁਰੂ ਕਰ ਦਿੱਤਾ, ਜਦੋਂ ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਤੋਂ ਉਲਟ ਜਾ ਕੇ ਮੁੜ ਪ੍ਰਧਾਨਗੀ ਦੀ ਕੁਰਸੀ ਮਲ ਲਈ। ਹੁਕਮਨਾਮੇ ਵਿੱਚ ਤਾਂ ਪੁਰਾਣੀ ਲੀਡਰਸ਼ਿਪ ਨੂੰ ਅਯੋਗ ਕਰ ਦਿੱਤਾ ਗਿਆ ਸੀ। ਸੁਖਬੀਰ ਸਿੰਘ ਬਾਦਲ ਤੋਂ ਬਾਗ਼ੀ ਹੋ ਕੇ ਤੁਰੇ ਪੁਨਰ ਸੁਰਜੀਤ ਅਕਾਲੀ ਦਲ ਵਾਲੇ ਵੀ ਹੁਕਮਨਾਮੇ ਦੇ ਅੰਦਰ ਚੱਲਣ ਦਾ ਦਾਅਵਾ ਕਰਦਿਆਂ ਪੰਜਾਲੀ ਤੋੜ ਲੈਂਦੇ ਹਨ। ਹੈਰਾਨੀ ਦੀ ਗੱਲ ਇਹ ਹੈ ਕਿ ਸੁਖਬੀਰ ਸਿੰਘ ਬਾਦਲ ਰੈਲੀਆਂ ਵਿੱਚ ਆਪਣੇ ਬਾਪ ਦਾ ਗੁਣਗਾਣ ਏਨਾ ਕਰਦੇ ਹਨ ਜਿਵੇਂ ਕਿਧਰੇ ਸ਼੍ਰੋਮਣੀ ਅਕਾਲੀ ਦਲ ਦੇ ਲੀਡਰਾਂ ਅਤੇ ਵਰਕਰਾਂ ਦੀ ਕੋਈ ਕੁਰਬਾਨੀ ਹੀ ਨਾ ਹੋਵੇ। ਇੰਜ ਲੱਗਦਾ ਹੈ ਜਿਵੇਂ ਉਹ ਕਹਿ ਰਹੇ ਹੋਣ ਪੰਜਾਬ ਤੇ ਸ਼੍ਰੋਮਣੀ ਅਕਾਲੀ ਦਲ ਖੜ੍ਹਾ ਹੀ ਬਾਦਲ ਦੇ ਸਿਰ 'ਤੇ ਸੀ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇੱਕ ਨਵੀਂ ਮੁਸੀਬਤ ਸਹੇੜ ਲਈ ਹੈ। ਆਪਣੇ ਬੁਣੇ ਜਾਲ ਵਿੱਚ ਖ਼ੁਦ ਫ਼ਸਦੇ ਨਜ਼ਰ ਆ ਰਹੇ ਹਨ। ਦੇਖਣਾ ਹੋਵੇਗਾ ਕਿ ਹੁਣ ਉਹ ਗਿਆਨੀ ਰਘਬੀਰ ਸਿੰਘ ਦੀ ਚੁਣੌਤੀ ਨਾਲ ਕਿਸ ਤਰ੍ਹਾਂ ਸਿਜਦੇ ਹਨ। ਗਿਆਨੀ ਰਘਬੀਰ ਸਿੰਘ ਸ਼੍ਰੀ ਅਕਾਲ ਤਖ਼ਤ ਸਾਹਿਬ ਜਥੇਦਾਰ ਤੋਂ ਲੈ ਕੇ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਰਹਿੰਦਿਆਂ ਆਪਣੇ ਸਟੈਂਡ ਤੋਂ ਡੱਕੇ ਡੋਲੇ ਖਾਂਦੇ ਆ ਰਹੇ ਹਨ। ਡਰ ਹੈ ਕਿ ਕਿਧਰੇ ਹੁਣ ਵੀ ਥਿੜਕ ਨਾ ਜਾਣ। ਉਹ ਅੜੇ ਰਹੇ ਤਾਂ ਸੁਖਬੀਰ ਨੂੰ ਕੋਈ ਰਾਹ ਨਹੀਂ ਲੱਭਣਾ।

# ਬੇਅਦਬੀਆਂ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ, ਕਾਨੂੰਨ ਦੇ ਖਰੜੇ ਨੂੰ ਅੰਤਿਮ ਛੋਹਾਂ ਦੇਣ 'ਚ ਸਰਕਾਰ ਜੁੱਟੀ: ਧਾਲੀਵਾਲ

ਅਜਨਾਲਾ, 9 ਅਪ੍ਰੈਲ (ਸੁਖਦੇਵ ਸਿੰਘ ਖ਼ਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਬਨਾਉਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 13 ਅਪ੍ਰੈਲ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਹਾੜੇ ਵਿਸਾਖੀ 'ਤੇ ਬੁਲਾਏ ਗਏ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ 'ਚ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਤੇ ਪਹਿਲੇ ਬਣੇ ਕਾਨੂੰਨ 'ਚ ਸੋਧਾਂ ਕਰਨ ਲਈ ਪੇਸ਼ ਕੀਤੇ ਜਾਣ ਵਾਲੇ ਖਰੜੇ ਨੂੰ ਕਾਨੂੰਨੀ ਮਾਹਿਰਾਂ ਦੀ ਰਾਏ ਨਾਲ ਅੰਤਿਮ ਛੂਹਾਂ ਦਿੱਤੀਆਂ ਜਾ ਰਹੀਆਂ ਹਨ, ਜਦੋਂ ਕਿ ਪ੍ਰਸਤਾਵਿਤ ਕਾਨੂੰਨ ਦੇ ਖਰੜੇ 'ਚ ਬੇਅਦਬੀ ਦੋਸ਼ੀਆਂ ਵੱਲੋਂ ਡਿਜੀਟਲ ਤਕਨੀਕ ਦੀ ਵਰਤੋਂ, ਦੋਸ਼ੀਆਂ ਨੂੰ ਜੇਲ੍ਹ ਦੀਆਂ ਕਾਲ ਕੋਠੜੀਆਂ 'ਚ ਸਖ਼ਤ ਸਜ਼ਾਵਾਂ ਦੇਣ, ਚੱਲ- ਅੱਚਲ ਜਾਇਦਾਦਾਂ ਜ਼ਬਤ ਕਰਨ ਤੇ ਭਾਰੀ ਜੁਰਮਾਨੇ ਆਦਿ ਕਾਨੂੰਨੀ ਮਦਾਂ ਦੀ ਵਿਵਸਥਾ ਕਰਨ ਦੀ ਸੰਭਾਵਨਾ ਹੈ। ਸ੍ਰ. ਧਾਲੀਵਾਲ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਆਪਣੇ ਚੋਣ ਹਲਕਾ ਅਜਨਾਲਾ ਦੇ ਪਿੰਡਾਂ ਕਾਮਲਪੁਰਾ, ਚਮਿਆਰੀ, ਹਰੜ ਕਲਾਂ, ਸੁਰੇਪੁਰ -ਇਬਰਾਹੀਮਪੁਰਾ, ਮੋਹਣ ਭੰਡਾਰੀਆ, ਮਧੂ ਛਾਂਗਾ, ਕੋਟ ਮੁਗਲ, ਤਲਵੰਡੀ ਭੰਗਵਾਂ, ਮਤੇਨੰਗਲ ਆਦਿ ਪਿੰਡਾਂ 'ਚ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਕਾਰਵਾਈਆਂ ਪ੍ਰਭਾਵਸ਼ਾਲੀ ਜਨਤਕ ਮੀਟਿੰਗਾਂ 'ਚ ਸਿੱਧੀ ਗੱਲਬਾਤ ਦੌਰਾਨ ਕੁੱਝ ਹਾਜ਼ਰੀਨ ਵੱਲੋਂ ਪੁੱਛੇ ਬੇਅਦਬੀ



ਪ੍ਰਸਤਾਵਿਤ ਕਾਨੂੰਨ ਸਬੰਧੀ ਸਵਾਲਾਂ ਦੇ ਜਵਾਬ 'ਚ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਨਿਜ਼ਾਮ ਵੱਲੋਂ ਪ੍ਰਸਤਾਵਿਤ ਕਾਨੂੰਨ ਖਰੜੇ ਲਈ ਕੀਤੀ ਗਈ ਮੰਗ ਤੇ ਕਾਨੂੰਨ ਘੜਣ ਲਈ ਸਿੱਧੀ ਗੱਲਬਾਤ ਦਾ ਸੱਦਾ ਨਾ ਦਿੱਤੇ ਜਾਣ ਦੇ ਮੁੱਦੇ 'ਤੇ ਟਿੱਪਣੀ ਕਰਦਿਆਂ ਮੁੱਖ ਬੁਲਾਰੇ ਧਾਲੀਵਾਲ ਨੇ ਕਿਹਾ ਕਿ ਡਾ. ਨਿੱਜਰ ਦੀ ਅਗਵਾਈ ਵਾਲੀ ਸੀਲੈਕਟ ਕਮੇਟੀ ਸੁਝਾਅ ਹਾਸਲ ਕਰਨ ਲਈ ਕਰੀਬ ਪਿਛਲੇ 8-9 ਮਹੀਨਿਆਂ ਤੋਂ ਸਰਗਰਮ ਤੌਰ 'ਤੇ ਕਾਰਜਸ਼ੀਲ ਰਹੀ ਤੇ ਕੋਈ ਵੀ ਧਾਰਮਿਕ, ਸਮਾਜਿਕ, ਰਾਜਸੀ ਸੰਸਥਾ ਜਾਂ ਇਨ੍ਹਾਂ ਸੰਸਥਾਵਾਂ ਦੇ ਪ੍ਰਤੀਨਿਧ ਬੇਅਦਬੀ ਵਿਰੁੱਧ ਕਾਨੂੰਨ ਸੋਧ ਲਈ ਸਵਤੰਤਰਤਾ ਨਾਲ ਮਿਲ ਕੇ ਸੁਝਾਅ ਦੇਣ ਦੇ ਸਮਰੱਥ ਸਨ। ਜੇਕਰ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਨਿਜ਼ਾਮ ਕੋਲ ਕਾਨੂੰਨ ਸੋਧਾਂ ਲਈ ਸੁਝਾਅ ਹਨ ਤਾਂ ਪੰਜਾਬ ਸਰਕਾਰ ਕੋਲ ਪਹੁੰਚਾਉਣ 'ਚ ਅਜੇ ਵੀ ਦੇਰੀ ਨਾ ਕੀਤੀ ਜਾਵੇ ਤਾਂ ਜੋ ਕਾਨੂੰਨੀ ਘਾੜੇ ਸ਼੍ਰੋਮਣੀ ਕਮੇਟੀ ਦੇ ਪੁੱਜੇ ਸੁਝਾਓ ਦਾ ਸਮੇਂ ਸਿਰ ਮੰਥਨ ਕਰ ਸਕਣ।ਇਸ ਮੌਕੇ 'ਤੇ ਖੁਸ਼ਪਾਲ ਸਿੰਘ ਧਾਲੀਵਾਲ, ਐਡ. ਅਮਨਦੀਪ ਕੌਰ ਧਾਲੀਵਾਲ, ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਗੁਰਜੰਟ ਸਿੰਘ ਸੋਹੀ, ਪੀਏ ਮੁਖਤਾਰ ਸਿੰਘ ਬਲੜਵਾਲ, ਬਲਾਕ ਪ੍ਰਧਾਨ ਹਰਜੀਤ ਸਿੰਘ, ਮਨਪ੍ਰੀਤ ਸਿੰਘ, ਸ਼ੇਰ ਸਿੰਘ, ਬਲਰਾਜ ਸਿੰਘ, ਰਾਜਵਿੰਦਰ ਸਿੰਘ, ਇਕਬਾਲ ਸਿੰਘ ਆਦਿ ਪ੍ਰਮੁੱਖ ਆਗੂਆਂ ਸਮੇਤ ਪੰਚ-ਸਰਪੰਚ, ਮੋਹਤਬਰ, ਵਲੰਟੀਅਰਜ਼ ਵੱਡੀ ਗਿਣਤੀ 'ਚ ਮੌਜੂਦ ਸਨ।

## ਗੜ੍ਹਸ਼ੰਕਰ 'ਚ ਵੱਡਾ ਰੋਸ ਪ੍ਰਦਰਸ਼ਨ 18 ਨੂੰ....

# ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਨਿਰੰਤਰ ਧਰਨਾ ਰਹੇਗਾ ਜਾਰੀ: ਬਸਪਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ

ਗੜ੍ਹਸ਼ੰਕਰ/ਨੂਰਪੁਰ ਜੱਟਾਂ, 9 ਅਪ੍ਰੈਲ (ਅਜਮੇਰ ਭਨੋਟ): ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਸਾਹਿਬ ਜੀ ਦੇ ਬੁੱਤ ਦੀ ਹੋਈ ਬੇਅਦਬੀ ਦੇ ਵਿਰੁੱਧ ਬਹੁਜਨ ਸਮਾਜ ਪਾਰਟੀ ਵੱਲੋਂ ਵਿੱਢਿਆ ਸੰਘਰਸ਼ ਅੱਜ ਛੇਵੇਂ ਦਿਨ ਵੀ ਨਿਰੰਤਰ ਜਾਰੀ ਰਿਹਾ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਬਸਪਾ ਦੇ ਸੂਬਾ ਲੀਡਰਸ਼ਿਪ ਤੇ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਐਲਾਨ ਕੀਤਾ ਕਿ ਜਦੋਂ ਤੱਕ ਦੋਸ਼ੀਆਂ ਦੀ ਗ੍ਰਿਫ਼ਤਾਰੀ ਨਹੀਂ ਹੁੰਦੀ, ਇਹ ਧਰਨਾ ਖਤਮ ਨਹੀਂ ਹੋਵੇਗਾ ਤੇ 18 ਅਪ੍ਰੈਲ ਨੂੰ ਗੜ੍ਹਸ਼ੰਕਰ ਦੀ ਧਰਤੀ 'ਤੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕਰਕੇ ਸਰਕਾਰ ਦੀਆਂ ਚੂਲਾਂ ਹਿਲਾ ਦਿੱਤੀਆਂ ਜਾਣਗੀਆਂ।ਮਹਾਪੁਰਸ਼ਾਂ ਦੇ ਬੁੱਤਾਂ ਦੀ ਸੁਰੱਖਿਆ ਕਰਨਾ ਸਰਕਾਰ ਦੀ ਮੁੱਢਲੀ



ਜ਼ਿੰਮੇਵਾਰੀ ਹੈ, ਪਰ ਇਹ ਸਰਕਾਰਾਂ ਬਹੁਜਨ ਸਮਾਜ ਦੇ ਮਾਣ-ਸਨਮਾਨ ਦੀ ਰਾਖੀ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈਆਂ ਹਨ। **ਪੰਜਾਬ ਸੰਭਾਲੋ ਮੁਹਿੰਮ ਦੀ ਲੋੜ:** ਡਾ. ਕਰੀਮਪੁਰੀ ਨੇ ਸੁਲਤਾਨਪੁਰ ਦੀ ਮੰਦਭਾਗੀ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੱਕੋ ਪਰਿਵਾਰ ਦੇ ਪੰਜ ਨੌਜਵਾਨਾਂ ਦੀ ਨਸ਼ੇ ਕਾਰਨ ਹੋਈ ਮੌਤ ਪੰਜਾਬ ਦੀ ਤਬਾਹੀ ਦਾ ਸਬੂਤ ਹੈ। ਅੱਜ ਪੰਜਾਬ ਨੂੰ ਨਸ਼ਿਆਂ ਤੇ ਬੇਅਦਬੀਆਂ ਤੋਂ ਬਚਾਉਣ ਲਈ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ' ਹੀ ਇੱਕਮਾਤਰ ਰਾਹ ਹੈ। ਧਰਨੇ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ: ਅੱਜ ਦੇ ਧਰਨੇ ਵਿੱਚ ਫਗਵਾੜਾ ਤੋਂ ਕੌਂਸਲਰ ਬੀਬੀ ਅਮਨਦੀਪ ਕੌਰ ਨੇ ਆਪਣੇ ਵਿਚਾਰ ਰੱਖੇ। ਉਨ੍ਹਾਂ ਦੇ ਨਾਲ ਹਰਭਜਨ ਸਿੰਘ ਬਲਾਲੋਂ (ਸਟੇਟ ਜਨਰਲ ਸੈਕਟਰੀ ਤੇ ਇੰਚਾਰਜ ਲੋਕ ਸਭਾ ਹੁਸ਼ਿਆਰਪੁਰ) ਲੇਖਰਾਜ ਜਮਾਲਪੁਰੀ, ਚਿਰੰਜੀ ਲਾਲ ਕਾਲਾ, ਤੇਜਪਾਲ ਬਸਰਾ (ਸੀਨੀਅਰ ਡਿਪਟੀ ਮੇਅਰ), ਹਰਭਜਨ ਖਲਵਾੜਾ, ਰਾਮ ਮੂਰਤੀ ਖੇੜਾ, ਪ੍ਰਦੀਪ ਮੱਲ ਗੋਰਾਦਿੱਤਾ ਬੰਗੜ, ਸੰਤੋਖ ਢੱਡਾ, ਪਰਮਿੰਦਰ ਬੋਧ, ਅਰੁਣ ਸੁਮਨ ਦਿਲਜੀਤ ਰਾਏ (ਪ੍ਰਧਾਨ ਜ਼ਿਲ੍ਹਾ ਹੁਸ਼ਿਆਰਪੁਰ), ਸੁਰਜੀਤ ਸਿੰਘ ਮਹਿਮੀ (ਪ੍ਰਧਾਨ ਵਿਧਾਨ ਸਭਾ ਹੁਸ਼ਿਆਰਪੁਰ), ਸਤਪਾਲ ਬਡਲਾ, ਰਵਿੰਦਰ ਬੀੜਾ, ਅਸ਼ੋਕ ਬੀੜਾ, ਪ੍ਰੇਮ ਮੋਰਾਂਵਾਲੀ, ਯਸ਼ਪਾਲ ਚੇਚੀ, ਮਨੋਹਰ ਮਾਲਪੁਰ, ਤਰਲੋਚਨ ਮਾਹਲਪੁਰ, ਨੰਬਰਦਾਰ ਬਲਵੀਰ ਸਿੰਘ, ਸ਼ਿੰਦਾ, ਸੰਤੋਖ ਸਿੰਘ ਰਣਵੀਰ ਬੱਬਰ, ਚਰਨਜੀਤ ਮੁਜਾਰਾ ਡਿੰਗਰੀਆਂ, ਹਰੀਸ਼ ਕੁਮਾਰ ਹੰਕਾਰ ਸਿੰਘ ਓਂਕਾਰ ਬਹੁਜਨ ਸਮਾਜ ਪਾਰਟੀ ਨੇ ਸਾਫ਼ ਕਰ ਦਿੱਤਾ ਹੈ ਕਿ 18 ਅਪ੍ਰੈਲ ਦਾ ਪ੍ਰਦਰਸ਼ਨ ਕੇਵਲ ਇੱਕ ਰੋਸ ਨਹੀਂ, ਬਲਕਿ ਪ੍ਰਸ਼ਾਸਨ ਨੂੰ ਜਗਾਉਣ ਲਈ ਇੱਕ ਲਲਕਾਰ ਹੋਵੇਗੀ। ਪਾਰਟੀ ਨੇ ਸਮੂਹ ਨਿਆਂਪਸੰਦ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਡੀ ਗਿਣਤੀ ਵਿੱਚ ਗੜ੍ਹਸ਼ੰਕਰ ਪਹੁੰਚ ਕੇ ਇਸ ਸੰਘਰਸ਼ ਦਾ ਹਿੱਸਾ ਬਣਨ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ 13 ਨੂੰ

## ☛ਮੰਦਰ ਨਾਨਕਚੱਕ ਦੇ ਗੱਦੀਨਸ਼ੀਨ ਮਹੰਤ ਹਰੀ ਕੁੰਭ ਦਾਸ ਜੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ

ਫਤਹਿਗੜ੍ਹ ਚੂੜੀਆਂ, 9 ਅਪ੍ਰੈਲ (ਰਾਜਨ ਸ਼ਰਮਾ): ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ 13 ਅਪ੍ਰੈਲ ਦਿਨ ਸੋਮਵਾਰ ਨੂੰ ਫਤਹਿਗੜ੍ਹ ਚੂੜੀਆਂ ਦੇ ਗੁਰਦੁਆਰਾ ਕਲਗੀਧਰ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਹਰ ਸਾਲ ਮੁਹੱਲੇ ਦੇ ਨੌਜਵਾਨ ਗੁਰਵਿੰਦਰ ਸਿੰਘ ਹੀਰਾ ਰੰਧਾਵਾ, ਲਵਪ੍ਰੀਤ ਸਿੰਘ ਸਾਬਾ, ਗੁਰਨਾਮ ਸਿੰਘ ਗਾਮਾ, ਜਸਪਾਲ ਸਿੰਘ ਜੱਜ ਦੇ ਸਾਥੀਆਂ ਵੱਲੋਂ ਵਿਸਾਖੀ ਸਮਾਗਮ 'ਚ ਪਹੁੰਚ ਰਹੇ ਜਥੇ. ਭਾਈ ਮਨਿੰਦਰ ਸਿੰਘ ਰਾਗੀ ਜੱਥਾ ਫਤਹਿਗੜ੍ਹ ਚੂੜੀਆ ਵਾਲੇ, ਭਾਈ ਹਰਪ੍ਰੀਤ ਸਿੰਘ ਵਡਾਲਾ ਕਥਾ ਵਾਚਕ, ਭਾਈ ਸਤਨਾਮ ਸਿੰਘ ਲਾਲੂ ਘੁੰਮਣ ਇੰਟਰਨੈਸ਼ਨਲ ਢਾਡੀ



ਜੱਥਾ ਗੁਰ-ਇਤਿਹਾਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਡਾ. ਓਮ ਪ੍ਰਕਾਸ਼ ਅੱਖਾਂ ਦਾ ਹਸਪਤਾਲ ਅੰਮ੍ਰਿਤਸਰ ਵੱਲੋਂ ਫ੍ਰੀ ਅੱਖਾਂ ਦਾ ਕੈਂਪ ਸਵੇਰੇ 10 ਵਜੇ ਤੋਂ ਸ਼ਾਮ 3 ਸਾਹਿਬ ਵਿਖੇ ਸ਼ਾਮ 7 ਵਜੇ ਤੋਂ ਰਾਤ 12 ਵਜੇ ਤੱਕ ਬਹੁਤ ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਮਨਿੰਦਰ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਸੇਵਾਦਾਰ ਭਾਈ ਸਰਬਜੀਤ ਸਿੰਘ, ਭਾਈ ਹਰਜੀਤ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਜਗਦੀਪ ਸਿੰਘ, ਭਾਈ ਅਮਨਦੀਪ ਦਾ ਦਿਹਾੜਾ ਮਨਾਇਆ ਜਾਂਦਾ ਹੈ, ਇਸ ਵਾਰ ਉਨ੍ਹਾਂ ਵੱਲੋਂ ਗੁਰਦੁਆਰਾ ਸਾਹਿਬ ਪ੍ਰਬੰਧਕ ਸੇਵਾਦਾਰਾਂ ਨਾਲ ਮਿਲ ਕੇ ਸੰਗਤਾਂ ਦੇ ਸਹਿਯੋਗ ਨਾਲ ਵੱਡੀ ਪੱਧਰ 'ਤੇ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਸ੍ਰੀ ਚੰਦ ਜੀ ਦੇ ਤਪ ਸਥਾਨ ਮੰਦਰ ਨਾਨਕਚੱਕ ਦੇ ਗੱਦੀਨਸ਼ੀਨ ਸੰਤ ਮਹੰਤ ਹਰੀ ਕੁੰਭ ਦਾਸ ਜੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਵਜੇ ਤੱਕ ਤੇ ਬੀਬੀ ਕੌਲਾਂ ਜੀ ਹਸਪਤਾਲ ਫਤਹਿਗੜ੍ਹ ਚੂੜੀਆਂ ਵੱਲੋਂ ਫ੍ਰੀ ਮੈਡੀਕਲ ਚੈਕਅੱਪ ਕੈਂਪ ਸ਼ਾਮ 5 ਤੋਂ ਰਾਤ 8 ਵਜੇ ਤੱਕ ਲਗਾਇਆ ਜਾ ਰਿਹਾ ਹੈ। ਸਟੇਜ ਸੈਕਟਰੀ ਦੀ ਸੇਵਾ ਨਾਮਵਰ ਕਵੀਸ਼ਰ ਭਾਈ ਬਲਵਿੰਦਰ ਸਿੰਘ ਜੌਹਲ ਵੱਲੋਂ ਨਿਭਾਈ ਜਾਵੇਗੀ। ਸਮਾਗਮ ਦਾ ਸਿੱਧਾ ਪ੍ਰਸਾਰਨ ਹਰਗੁਣ ਟੀਵੀ ਤੇ ਕੀਤਾ ਜਾਵੇਗਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਸਮਾਗਮ ਪ੍ਰਬੰਧਕ ਸੇਵਾਦਾਰਾਂ ਵੱਲੋਂ ਵੱਧ ਤੋਂ ਵੱਧ ਸੰਗਤਾਂ ਨੂੰ ਪਹੁੰਚਣ ਬੇਨਤੀ ਕੀਤੀ ਗਈ।

## ਜੱਗੂ ਭਗਵਾਨਪੁਰੀਆ ਦੀ ਮਾਸੀ ਨੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ

# ਚੇਅਰਪਰਸਨ ਰਾਜਵਿੰਦਰ ਕੌਰ ਭਗਵਾਨਪੁਰ ਦਾ ਸੈਂਕੜੇ ਪੰਚਾਂ-ਸਰਪੰਚਾਂ ਵੱਲੋਂ ਭਰਵਾਂ ਸਵਾਗਤ



ਡੇਰਾ ਬਾਬਾ ਨਾਨਕ, 9 ਅਪ੍ਰੈਲ (ਹੈਪੀ ਕੋਟਲੀ): ਅੱਜ ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਭਗਵਾਨਪੁਰ ਤੋਂ ਨਾਮਵਰ ਗੈਂਗਸਟਰ ਜੱਗੂ ਭਗਵਾਨਪੁਰੀਏ ਦੀ ਮਾਸੀ ਰਾਜਵਿੰਦਰ ਕੌਰ ਭਗਵਾਨਪੁਰ ਨੇ ਹਲਕਾ ਡੇਰਾ ਬਾਬਾ ਨਾਨਕ ਦੇ ਸੈਂਕੜੇ ਪੰਚਾਂ-ਸਰਪੰਚਾਂ ਦੀ ਅਗਵਾਈ 'ਚ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਤੋਂ ਪਹਿਲਾਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਇਤਿਹਾਸਕ ਗੁਰਦੁਆਰਾ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਡੇਰਾ ਬਾਬਾ ਨਾਨਕ ਦੇ ਹੈਡ ਗ੍ਰੰਥੀ ਭਾਈ ਨਛੱਤਰ ਸਿੰਘ ਵੱਲੋਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ।ਗੱਲਬਾਤ ਕਰਦਿਆਂ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਹਲਕਾ ਵਾਸੀਆਂ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਕਰਵਾਏ ਜਾਣਗੇ। ਇਸ ਮੌਕੇ ਇੰਦਰਜੀਤ ਸਿੰਘ ਸ਼ਹਿਜ਼ਾਦਾ, ਸੁਖਵਿੰਦਰ ਸਿੰਘ ਸਰਪੰਚ ਤਲਵੰਡੀ ਰਾਮਾ, ਅਮਨ ਕਾਹਲੋਂ, ਜਸਬੀਰ ਸਿੰਘ ਵਡਾਲਾ ਬਾਗਰ, ਰਣਜੀਤ ਸਿੰਘ ਭੱਟੀ ਸਰਪੰਚ ਦਰਗਾਬਾਦ, ਨਿਰਮਲ ਸਿੰਘ ਸਰਪੰਚ ਮੋਹਲੋਵਾਲੀ, ਮਲਕੀਤ ਸਿੰਘ ਸਰਪੰਚ ਡੇਰਾ ਪਠਾਣਾ, ਦਲਬੀਰ ਸਿੰਘ ਸਰਪੰਚ ਕੋਟਲੀ, ਸੁਖਵਿੰਦਰ ਸਿੰਘ ਧਾਲੀਵਾਲ ਸਰਪੰਚ ਕੋਟਲੀ, ਬਲਬੀਰ ਸਿੰਘ ਬੀਰਾ ਸਰਪੰਚ ਰਾਏਚੱਕ, ਅਮਰਜੀਤ ਸਿੰਘ ਗੁਰਚੱਕ, ਮੇਜਰ ਸਿੰਘ ਠੇਠਰਕੇ, ਜੱਗੀ ਲਖਮਾਨੀਆ, ਗੁਰਪ੍ਰੀਤ ਸਿੰਘ ਸਰਪੰਚ ਰਹੀਮਾਬਾਦ, ਗੁਰਬਾਜ ਸਿੰਘ ਬਾਜਵਾ ਸਰਪੰਚ ਰਾਏਚੱਕ, ਅਮਨ ਸਰਪੰਚ ਅਦਾਲਤਪੁਰ, ਮੰਨਾ ਸਰਪੰਚ ਚੌੜਾ, ਰੱਜਤ ਕਲਾਨੌਰ, ਮਹਿਕਦੀਪ ਸਿੰਘ ਸਰਪੰਚ ਕਲਾਨੌਰ, ਗੋਲਡੀ ਸਰਪੰਚ ਭਗਠਾਣਾ ਤੁਲੀਆਂ, ਪ੍ਰਿਤਪਾਲ ਸਿੰਘ ਸਰਪੰਚ ਪਕੀਵਾ, ਟੋਨੀ ਮੁਸਤਰਾਪੁਰ, ਪ੍ਰਿੰਸਪਾਲ ਭਗਵਾਨਪੁਰ, ਰਾਵਲ ਭਗਵਾਨਪੁਰ, ਮਨਜੀਤ ਸਿੰਘ ਸਰਪੰਚ ਮੇਤਲਾ, ਹਰਭਜਨ ਸਿੰਘ ਰੱਤਰ ਛੱਤਰ, ਲਵ ਸਰਪੰਚ ਭੰਗਵਾਂ, ਹਰਜੀਤ ਸਿੰਘ ਸੰਮਤੀ ਮੈਂਬਰ, ਰਮਨਦੀਪ ਕੌਰ ਬੰਬ ਸੰਮਤੀ ਮੈਂਬਰ, ਗੁਰਬਚਨ ਸਿੰਘ ਮਾਹਲ ਹੋਰ ਮੋਹਤਬਰ ਆਗੂ ਹਾਜ਼ਰ ਸਨ।

## ਗੁਰਦਾਸਪੁਰ ਵਾਸੀਆਂ ਲਈ ਵੱਡੀ ਖੁਸ਼ਖਬਰੀ

# ਹੁਣ ਸਿਰਫ਼ 5100 ਰੁਪਏ 'ਚ ਬੁੱਕ ਹੋਵੇਗਾ ਕਮਿਊਨਿਟੀ ਹਾਲ: ਚੇਅਰਮੈਨ ਸ਼ਰਮਾ

ਗੁਰਦਾਸਪੁਰ, 9 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਭਗਵੰਤ ਮਾਨ ਸਰਕਾਰ ਦੀ ਮਦਦ ਨਾਲ, ਗੁਰਦਾਸਪੁਰ ਇੰਪਰੂਵਮੈਂਟ ਟਰੱਸਟ



ਸਕੀਮ ਨੰਬਰ 7 ਗੁਰਦਾਸਪੁਰ ਵਿੱਚ ਦੇ ਵਿਕਾਸ ਦੇ ਨਾਲ-ਨਾਲ ਹੁਣ ਆਮ ਜਨਤਾ ਦੀ ਜੇਬ ਦਾ ਖਿਆਲ ਰੱਖਦੇ ਹੋਏ ਇੱਕ ਸ਼ਾਨਦਾਰ ਪ੍ਰੋਜੈਕਟ ਸ਼ੁਰੂ ਕਰਨ ਜਾ ਰਿਹਾ ਹੈ। ਰਾਜੀਵ ਸ਼ਰਮਾ, ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਵਿੱਚ ਇੱਕ ਨਵਾਂ ਆਧੁਨਿਕ ਕਮਿਊਨਿਟੀ ਹਾਲ ਬਣਾਇਆ ਜਾ ਰਿਹਾ ਹੈ, ਜਿਸ ਦਾ ਮੁੱਖ ਉਦੇਸ਼ ਗਰੀਬ ਤੇ ਮੱਧ ਵਰਗ ਦੇ ਲੋਕਾਂ ਨੂੰ ਘੱਟ ਖਰਚੇ ਵਿੱਚ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਇਸ ਪ੍ਰੋਜੈਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਵਿੱਚ ਸਸਤੀ ਬੁਕਿੰਗ ਸ਼ਾਮਲ ਹੈ, ਜਿੱਥੇ ਨਿੱਜੀ ਪੈਲੇਸ ਜਾਂ ਹਾਲ ਹਜ਼ਾਰਾਂ-ਲੱਖਾਂ ਰੁਪਏ ਵਸੂਲਦੇ ਹਨ, ਉਥੇ ਹੀ ਇਸ ਸਰਕਾਰੀ ਹਾਲ ਦਾ ਕਿਰਾਇਆ ਸਿਰਫ਼ 5100 ਰੁਪਏ ਰੱਖਿਆ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਨਾਲ ਗਰੀਬ ਵਰਗ ਨੂੰ ਵੱਡਾ ਲਾਭ ਮਿਲੇਗਾ। ਇਹ ਕਦਮ ਉਨ੍ਹਾਂ ਪਰਿਵਾਰਾਂ ਲਈ ਵਰਦਾਨ ਸਾਬਤ ਹੋਵੇਗਾ, ਜੋ ਆਪਣੇ ਬੱਚਿਆਂ ਦੇ ਵਿਆਹ ਜਾਂ ਹੋਰ ਖੁਸ਼ੀ ਦੇ ਪ੍ਰੋਗਰਾਮ ਘੱਟ ਬਜਟ ਵਿੱਚ ਵਧੀਆ ਜਗ੍ਹਾ 'ਤੇ ਕਰਨਾ ਚਾਹੁੰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਸ਼ਹਿਰ ਦਾ ਵਿਕਾਸ ਨੂੰ ਹੋਰ ਰਫਤਾਰ ਮਿਲੇਗੀ। ਇਹ ਪ੍ਰੋਜੈਕਟ ਗੁਰਦਾਸਪੁਰ ਦੇ ਸਮਾਜਿਕ ਬੁਨਿਆਦੀ ਢਾਂਚੇ ਵਿੱਚ ਇੱਕ ਮਹੱਤਵਪੂਰਨ ਕੜੀ ਸਾਬਤ ਹੋਵੇਗਾ।

# ਗੈਸ ਚੋਰੀ ਦੇ ਮਾਮਲੇ 'ਚ ਦੋ ਦੋਸ਼ੀ ਗ੍ਰਿਫ਼ਤਾਰ

ਦਸੂਹਾ, 9 ਅਪ੍ਰੈਲ (ਰਜਿੰਦਰ ਸਿੰਘ ਦਸੂਹਾ): ਸੰਦੀਪ ਕੁਮਾਰ ਮਲਿਕ ਆਈਪੀਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ ਮਨਪ੍ਰੀਤ ਸ਼ੀਹਮਾਰ ਐਸਪੀ ਇਨਵੈਸਟੀਗੇਸ਼ਨ ਹੁਸ਼ਿਆਰਪੁਰ ਤੇ ਬਲਵਿੰਦਰ ਸਿੰਘ ਜੌੜਾ ਡੀਐਸਪੀ ਦਸੂਹਾ ਦੀਆਂ ਹਦਾਇਤਾਂ ਮੁਤਾਬਿਕ ਇੰਸਪੈਕਟਰ ਅਮਰਜੀਤ ਕੌਰ ਮੁੱਖ ਥਾਣਾ ਐਨਐਲ 01-ਏ ਏ-2284 ਤੇ ਐਨਐਲ-01-ਏ ਏ-2230 ਜਿਨ੍ਹਾਂ ਦੇ ਡਰਾਈਵਰ ਆਮ ਲੋਕਾਂ ਨੂੰ ਇਨ੍ਹਾਂ ਗੈਸ ਟੈਂਕਰਾਂ ਵਿੱਚੋਂ ਰਸੋਈ ਗੈਸ ਸਿਲੰਡਰ ਭਰ ਕੇ ਦੇ ਰਹੇ ਸਨ। ਇਨ੍ਹਾਂ ਟੈਂਕਰਾਂ ਵਿੱਚੋਂ ਨਾਜਾਇਜ਼ ਗੈਸ ਨਾਜਾਇਜ਼ ਢੰਗ ਨਾਲ ਗੈਸ ਕੱਢ ਕੇ ਸਿਲੰਡਰ ਵਿੱਚ ਭਰ ਕੇ ਤੇ ਅੱਗੇ ਆਪਣੇ ਗ੍ਰਾਹਕਾਂ ਨੂੰ ਵੇਚਦੇ ਸਨ। ਇਸ ਤਰ੍ਹਾਂ ਟੈਂਕਰਾਂ ਵਿੱਚੋਂ ਗੈਸ



ਕੱਢਣ ਨਾਲ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ ਜਿਸ 'ਤੇ ਦੋਸ਼ੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਅਫਸਰ ਦਸੂਹਾ ਦੀ ਅਗਵਾਈ ਹੇਠ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਐਸਆਈ ਗੁਰਬਚਨ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੁਆਰਾ ਟੱਕਰ ਸਾਹਿਬ ਦੇ ਨੇੜੇ ਗਰਾਊਂਡ ਵਿੱਚ ਦੋ ਟੈਂਕਰ ਐਚਪੀਗੈਸ ਦੇ ਖੜ੍ਹੇ ਹਨ, ਜਿਨ੍ਹਾਂ ਦੇ ਪਲੇਟ ਨੰਬਰ ਗਿਆ ਹੈ। ਜਿਸ 'ਤੇ ਮੁਕੱਦਮਾ ਵਿੱਚ ਦੋਸ਼ੀਆਂ ਮਨਦੀਪ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਦਸੂਹਾ ਤੇ ਤਰਲੋਚਨ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਦਸੂਹਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਗ੍ਰਿਫਤਾਰ ਦੋਸ਼ੀਆਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਥਾਣਾ ਮੁਖੀ ਮਾਹਿਲਪੁਰ ਮਦਨ ਸਿੰਘ ਦੀ ਨਸ਼ਾ ਤਸਕਰਾਂ ਨਾਲ ਮਿਲੀ ਭੁਗਤ ਆਈ ਸਾਹਮਣੇ

ਹੁਸ਼ਿਆਰਪੁਰ, 9 ਅਪ੍ਰੈਲ (ਦੀਪਕ ਅਗਨੀਹੋਤਰੀ): ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਿਸ ਨੂੰ ਦਿੱਤੇ ਦਿਸ਼ਾ-ਨਿਰਦੇਸ਼ਾਂ 'ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਹਲਕਾ ਮਾਹਿਲਪੁਰ ਵਿੱਚ ਨਸ਼ਿਆਂ ਤੇ ਨਸ਼ਾ ਤਸਕਰਾਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਤਹਿਤ ਥਾਣਾ ਮਾਹਿਲਪੁਰ ਦੇ ਮੁਖੀ ਮਦਨ ਸਿੰਘ ਦੀ ਮਿਲੀਭੁਗਤ ਸਾਹਮਣੇ ਆਉਣ 'ਤੇ ਵਿਭਾਗ ਨੇ ਉਨ੍ਹਾਂ ਨੂੰ ਮੁਅੱਤਲ ਕਰਕੇ ਲਾਈਨ ਹਾਜ਼ਰ ਕਰ ਦਿੱਤਾ ਹੈ। ਉਨ੍ਹਾਂ ਦੀ ਵਿਭਾਗੀ ਪੜਤਾਲ ਲਈ ਐਸਪੀ ਮਨਪ੍ਰੀਤ ਸ਼ੀਂਹਮਾਰ ਨੂੰ ਨਿਯੁਕਤ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਦਲਜੀਤ ਸਿੰਘ ਖ਼ੱਖ ਡੀਐਸਪੀ ਗੜ੍ਹਸ਼ੰਕਰ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਪਰਮਿੰਦਰ ਸਿੰਘ ਉਰਫ਼ ਪਿੰਦਰ ਪੁੱਤਰ ਤਰਸੇਮ ਸਿੰਘ ਵਾਸੀ ਢਾਡਾ ਕਲਾਂ ਥਾਣਾ ਮਾਹਿਲਪੁਰ ਜਿਸ 'ਤੇ ਪਹਿਲਾਂ ਵੀ 400 ਗ੍ਰਾਮ ਅਫੀਮ ਤੇ 90 ਕਿੱਲੋ ਚੂਰਾ ਪੋਸਤ ਦੇ ਨਸ਼ਾ ਤਸਕਰੀ ਦੇ ਮਾਮਲੇ ਦਰਜ ਹਨ, ਅੱਜ ਕੱਲ੍ਹ ਹੈਰੋਇਨ ਦੀ ਤਸਕਰੀ

## ☛ਮੁਅੱਤਲ ਕਰਕੇ ਲਾਈਨ ਹਾਜ਼ਰ ਕੀਤਾ

ਕਰ ਰਿਹਾ ਹੈ। ਮੁਅੱਤਲੀ ਪੱਤਰ ਅਨੁਸਾਰ ਡੀਐਸਪੀ ਦਲਜੀਤ ਸਿੰਘ ਖ਼ੱਖ ਨੂੰ 30 ਮਾਰਚ 2026 ਨੂੰ ਉਕਤ ਨਸ਼ਾ ਤਸਕਰ ਦੇ ਘਰ ਆਉਂਦੇ ਜਾਂਦੇ ਗ੍ਰਾਹਕਾਂ ਤੇ ਸ਼ੱਕੀ ਵਿਅਕਤੀਆਂ ਦੀਆਂ ਸੀਸੀਟੀਵੀ ਫੁਟੇਜ ਥਾਣਾ ਮੁਖੀ ਮਾਹਿਲਪੁਰ ਮਦਨ ਸਿੰਘ ਨੂੰ ਭੇਜੀਆਂ ਪ੍ਰੰਤੂ ਕਾਰਵਾਈ ਨਹੀਂ ਹੋਈ। 31 ਮਾਰਚ 2026 ਨੂੰ ਡੀਐਸਪੀ ਦਲਜੀਤ ਸਿੰਘ ਖੱਖ ਨੂੰ ਹੋਰ ਸੋਰਸ ਨੇ ਕੁੱਝ ਵੀਡੀਓ ਭੇਜੀਆਂ ਜਿਨ੍ਹਾਂ ਥਾਣਾ ਮੁਖੀ ਮਦਨ ਸਿੰਘ ਨੂੰ ਭੇਜ ਕੇ ਸੋਰਸ ਦਾ ਨੰਬਰ ਦਿੱਤਾ ਤੇ ਥਾਣਾ ਮੁਖੀ ਨੂੰ ਹਦਾਇਤ ਕੀਤੀ ਕਿ ਸੋਰਸ ਨਾਲ ਚਾਹ ਪਾਣੀ ਪੀ ਕੇ ਹੋਰ ਜਾਣਕਾਰੀ ਲੈ ਕੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕੀਤੀ ਜਾਵੇ। ਇਸ ਤੋਂ ਇਲਾਵਾ ਡੀਐਸਪੀ ਨੇ ਕਾਨਫਰੰਸ ਕਾਲ ਰਾਹੀਂ ਦਸ ਮਿੰਟ ਥਾਣਾ ਮੁਖੀ ਨਾਲ ਗੱਲ ਕੀਤੀ ਤੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਦੀ ਵਿਉਂਤਵੰਦੀ ਵੀ ਕੀਤੀ ਪਰ ਥਾਣਾ ਮੁਖੀ ਨੇ ਫਿਰ ਵੀ ਕੋਈ ਕਾਰਵਾਈ ਨਹੀਂ ਕੀਤੀ। ਉਨ੍ਹਾਂ ਦੱਸਿਆ ਕਿ ਮੁੜ 04 ਅਪ੍ਰੈਲ ਨੂੰ ਸੀਆਈਏ ਸਟਾਫ਼ ਨੇ ਉਨ੍ਹਾਂ ਦੀ ਸੂਚਨਾ 'ਤੇ ਕਾਰਵਾਈ ਕਰਦੇ ਹੋਏ ਪਰਮਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਢਾਡਾ ਕਲਾਂ ਦੇ ਘਰੋਂ 149 ਗ੍ਰਾਮ ਹੈਰੋਇਨ, ਇੱਕ ਲੱਖ ਵੀਹ ਹਜ਼ਾਰ ਦੀ ਡਰੱਗ ਮਨੀ, ਇੱਕ ਪਿਸਤੌਲ ਤੇ ਚਾਰ ਜ਼ਿੰਦਾ ਕਾਰਤੂਸ ਬ੍ਰਾਮਦ ਕਰਕੇ ਮਾਮਲਾ ਦਰਜ ਕੀਤਾ। ਉਨ੍ਹਾਂ ਦੱਸਿਆ ਕਿ ਥਾਣਾ ਮੁਖੀ ਮਦਨ ਸਿੰਘ ਦੀ ਸੂਚਨਾ ਦੇਣ ਵਾਲੇ ਨਾਲ ਗੱਲ ਕਰਵਾਉਣ ਦੇ ਬਾਵਜੂਦ ਕਾਰਵਾਈ ਨਾ ਕਰਨਾ ਉਨ੍ਹਾਂ ਦੀ ਨਸ਼ਾ ਤਸਕਰਾਂ ਨਾਲ ਮਿਲੀ ਭੁਗਤ ਹੋਣ ਦਾ ਸ਼ੱਕ ਪੈਦਾ ਕਰਦਾ ਹੈ। ਇਸ ਦੌਰਾਨ ਮਦਨ ਸਿੰਘ ਥਾਣਾ ਮੁਖੀ ਲਾਈਨ ਹਾਜ਼ਰ ਰਹੇਗਾ। ਇਸ ਸਬੰਧੀ ਡੀ ਐਸ ਪੀ ਦਲਜੀਤ ਸਿੰਘ ਖੱਖ ਨੇ ਦੱਸਿਆ ਕਿ ਇਸ ਸਾਰੇ ਮਾਮਲੇ ਦੀ ਪੜਤਾਲ ਐਸਪੀ ਮਨਪ੍ਰੀਤ ਸ਼ੀਂਹਮਾਰ ਕਰਨਗੇ।

# ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨਾਲ ਨਵੀਂ ਦਿਸ਼ਾ ਵੱਲ ਵੱਧ ਰਿਹੈ ਪੰਜਾਬ: ਡਾ. ਅਰਸ਼ਦੀਪ ਸਿੰਘ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 9 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਹਮਦਰਦ ਸਰਕਾਰ ਵਜੋਂ ਸਾਬਤ ਹੋਈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਯੁੱਧ ਨਸ਼ਿਆਂ ਵਿਰੁੱਧ ਦੇ ਜ਼ਿਲ੍ਹਾ ਕੋਆਰਡੀਨੇਟਰ ਡਾ. ਅਰਸ਼ਦੀਪ ਸਿੰਘ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਚਲਾਈਆਂ ਗਈਆਂ ਲੋਕ-ਭਲਾਈ ਯੋਜਨਾਵਾਂ ਨੇ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੱਤੀ ਹੈ ਤੇ ਆਮ ਲੋਕਾਂ ਦੇ ਜੀਵਨ ਪੱਧਰ ਵਿੱਚ ਮਹੱਤਵਪੂਰਨ ਸੁਧਾਰ ਆਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਹਰੇਕ ਵਰਗ ਨੂੰ ਧਿਆਨ ਵਿੱਚ ਰੱਖਦਿਆਂ ਯੋਜਨਾਵਾਂ ਬਣਾਈਆਂ



ਹਨ, ਜਿਸ ਨਾਲ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਗਰੀਬ ਪਰਿਵਾਰਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੀ ਸੂਰਤ ਸੰਵਾਰੀ ਗਈ ਹੈ, ਆਧੁਨਿਕ ਕਲਾਸਰੂਮ ਬਣਾਏ ਗਏ ਹਨ ਤੇ ਬੱਚਿਆਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਵਿੱਚ ਵੀ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ।ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਇਲਾਜ, ਟੈਸਟ ਤੇ ਦਵਾਈਆਂ ਦੀ ਸਹੂਲਤ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਤੋਂ ਇਲਾਵਾ ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਹੀ ਸਿਹਤ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਘਰ-ਘਰ ਮੁਫ਼ਤ ਬਿਜਲੀ ਯੋਜਨਾ ਨਾਲ ਲੋਕਾਂ ਦੇ ਘਰੇਲੂ ਖਰਚੇ ਘਟੇ ਹਨ ਤੇ ਲੋਕਾਂ ਨੂੰ ਆਰਥਿਕ ਰਾਹਤ ਮਿਲੀ ਹੈ। ਇਸ ਦੇ ਨਾਲ ਹੀ ਰੋਜ਼ਗਾਰ ਦੇ ਮੌਕੇ ਵਧਾਉਣ ਲਈ ਸਰਕਾਰ ਵੱਲੋਂ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿੱਚ ਰੁਜ਼ਗਾਰ ਮਿਲ ਰਿਹਾ ਹੈ।ਉਨ੍ਹਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਨੇ ਪਾਰਦਰਸ਼ੀ ਤੇ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਦੇਣ ਲਈ ਕਈ ਢਾਂਚਾਗਤ ਸੁਧਾਰ ਕੀਤੇ ਹਨ, ਜਿਸ ਨਾਲ ਲੋਕਾਂ ਦਾ ਸਰਕਾਰ 'ਤੇ ਭਰੋਸਾ ਮਜ਼ਬੂਤ ਹੋਇਆ ਹੈ। ਸਰਕਾਰੀ ਦਫ਼ਤਰਾਂ ਵਿੱਚ ਕੰਮਕਾਜ ਨੂੰ ਆਸਾਨ ਤੇ ਤੇਜ਼ ਬਣਾਇਆ ਗਿਆ ਹੈ ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਆਖਿਆ ਕਿ ਵਿਕਾਸ ਦੇ ਕੰਮ ਲਗਾਤਾਰ ਜਾਰੀ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕ-ਭਲਾਈ ਲਈ ਹੋਰ ਵੱਡੇ ਫੈਸਲੇ ਕੀਤੇ ਜਾਣਗੇ।

# ਖ਼ਾਲਸਾ ਕਾਲਜ ਦੇ ਕੰਪਿਊਟਰ ਵਿਭਾਗ ਨੇ 'ਰਾਸ਼ਟਰੀ ਤਕਨਾਲੋਜੀ ਦਿਵਸ' ਨੂੰ ਸਮਰਪਿਤ ਅੰਤਰ-ਕਾਲਜ ਮੁਕਾਬਲੇ ਕਰਵਾਏ

ਗੜ੍ਹਦੀਵਾਲਾ, 9 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਦੇ ਸਹਿਯੋਗ ਨਾਲ ਰਾਸ਼ਟਰੀ ਤਕਨਾਲੋਜੀ ਦਿਵਸ ਨੂੰ ਸਮਰਪਿਤ ਮਾਈਂਡ ਸਵੀਪਰ ਅੰਤਰ-ਕਾਲਜ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਪਵਿੱਤਰਜੀਤ ਕੌਰ ਗਏ ਪ੍ਰਮਾਣੂ ਪਰੀਖਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਹ ਦਿਨ ਵਿਗਿਆਨ ਤੇ ਤਕਨਾਲੋਜੀ ਦੀ ਤਰੱਕੀ ਤੇ ਨਵੀਨ ਉਪਰਾਲਿਆਂ ਨੂੰ ਉਜਾਗਰ




ਕਰਨ ਲਈ ਮਨਾਇਆ ਜਾਂਦਾ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਵਿੱਚ ਲੋਗੋ ਡਿਜ਼ਾਇਨਿੰਗ, ਟੈਗ ਲਾਈਨ, ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਕੰਪਿਊਟਰ ਵਿਭਾਗ ਦੇ ਬਾਈਟ ਬਸਟਰ ਕਲੱਬ ਵੱਲੋਂ ਆਈ.ਕਿਊ.ਏ.ਸੀ. ਤੇ ਆਈ.ਆਈ.ਸੀ. ਦੁਆਰਾ ਆਏ ਹੋਏ ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਹੋਈ। ਇਸ ਦੌਰਾਨ ਕਮਲਜੀਤ ਕੌਰ ਮੁਖੀ ਕੰਪਿਊਟਰ ਵਿਭਾਗ ਵੱਲੋਂ ਰਾਸ਼ਟਰੀ ਤਕਨਾਲੋਜੀ ਦਿਵਸ ਬਾਰੇ ਵਿਸਤਾਰ ਵਿੱਚ ਚਰਚਾ ਕਰਦਿਆਂ ਦੱਸਿਆ ਕਿ ਇਹ ਦਿਵਸ ਹਰ ਸਾਲ 11 ਮਈ ਨੂੰ 1998 ਵਿੱਚ ਭਾਰਤ ਵੱਲੋਂ ਕੀਤੇ ਪ੍ਰੈਜਨਟੇਸ਼ਨ, ਟਾਈਪਿੰਗ, ਵੈਬ ਪੇਜ ਡਿਵੈਲਪਮੈਂਟ, ਰੀਲ ਮੇਕਿੰਗ ਆਦਿ ਮੁਕਾਬਲੇ ਕਰਵਾਏ ਗਏ। ਕਾਲਜ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਤੇ ਵੱਖ-ਵੱਖ ਕਾਲਜਾਂ ਤੋਂ ਆਏ ਹੋਏ ਅਧਿਆਪਕ ਸਾਹਿਬਾਨ ਦਾ ਧੰਨਵਾਦ ਕੀਤਾ। ਇਸ ਦੌਰਾਨ ਕੰਪਿਊਟਰ ਵਿਭਾਗ ਦੇ ਅਧਿਆਪਕ ਸਾਹਿਬਾਨ ਤੇ ਵਿਦਿਆਰਥੀ ਹਾਜ਼ਰ ਸਨ।

# ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ ਵਿਖੇ ਅਧਿਆਪਕ ਸਸ਼ਕਤੀਕਰਨ ਪ੍ਰੋਗਰਾਮ ਕਰਵਾਇਆ

ਬਟਾਲਾ, 9 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਬਟਾਲਾ ਦੇ ਜਲੰਧਰ ਰੋਡ ਉਪਰ ਸਥਿਤ ਦਾ ਮਿਲੇਨੀਅਮ ਸੀਨੀਅਰ ਸੈਕੰਡਰੀ ਸਕੂਲ ਵਿਖੇ ਲੰਘੇ ਕੱਲ੍ਹ ਸਫਲਤਾ ਪੂਰਵਕ ਅਧਿਆਪਕ ਸਸ਼ਕਤੀਕਰਨ ਪ੍ਰੋਗਰਾਮ ਕਰਵਾਇਆ ਗਿਆ। ਇਸ ਸੈਸ਼ਨ ਦਾ ਉਦੇਸ਼ ਅਧਿਆਪਕਾਂ ਨੂੰ ਆਧੁਨਿਕ ਢੰਗ ਤਰੀਕੇ ਨਾਲ ਪੜ੍ਹਾਉਣ ਤੇ ਇੰਟਰਐਕਟਿਵ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨਾ ਸੀ। ਇਸ ਪ੍ਰੋਗਰਾਮ ਵਿੱਚ ਲਰਨਿੰਗ ਸਕਿੱਲਜ਼, ਲਿਟਰੇਸੀ ਸਕਿੱਲਜ਼ ਤੇ ਲਾਈਫ ਸਕਿੱਲਜ਼ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਰੁਚੀਕਰ ਗਤੀਵਿਧੀਆਂ ਤੇ ਜੀਵਨ ਨਾਲ ਜੁੜੇ ਉਦਾਹਰਨਾਂ ਰਾਹੀਂ ਅਧਿਆਪਕਾਂ ਨੂੰ ਇੱਕਵੀਂ ਸਦੀ ਦੀਆਂ ਕੌਸ਼ਲਤਾਵਾਂ ਨੂੰ ਕਲਾਸ ਵਿੱਚ ਕਿਵੇਂ ਲਾਗੂ ਕਰਨਾ ਹੈ ਬਾਰੇ ਸਿਖਾਇਆ ਗਿਆ। ਇਹ ਸੈਸ਼ਨ ਟਰੇਨਰ ਮਿਸ ਮੁਕਤਾ ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਇਆ ਗਿਆ, ਮਿਸ ਮੁਕਤਾ ਦੀ



ਰਹਿਨੁਮਾਈ ਤੇ ਦਿਲਚਸਪ ਪ੍ਰਸਤੁਤੀ ਨੇ ਪ੍ਰੋਗਰਾਮ ਨੂੰ ਰੁਚੀਕਰ ਤੇ ਲਾਭਦਾਇਕ ਬਣਾ ਦਿੱਤਾ। ਪ੍ਰੋਗਰਾਮ ਦੀ ਇੱਕ ਖਾਸ ਵਿਸ਼ੇਸ਼ਤਾ NEP 2020 ਦੇ ਸਿਧਾਂਤਾਂ ਨੂੰ ਸਮਝਣਾ ਸੀ। ਇਸ ਸੈਸ਼ਨ ਨੇ ਅਧਿਆਪਕਾਂ ਵਿੱਚ ਸਹਿਯੋਗ ਤੇ ਨਵੀਂ ਸੋਚ ਨੂੰ ਵਿਕਸਿਤ ਕੀਤਾ। ਇਸ ਮੌਕੇ ਚੇਅਰਮੈਨ ਵਰੁਣ ਖੋਸਲਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅੱਜ ਦੇ ਤੇਜ਼ੀ ਨਾਲ ਬਦਲਦੇ ਸਮੇਂ ਵਿੱਚ ਅਧਿਆਪਕਾਂ ਲਈ ਆਪਣੇ ਕੌਸ਼ਲ ਨਿਰੰਤਰ ਨਿਖਾਰਨਾ ਤੇ ਪੜ੍ਹਾਉਣ ਦੇ ਨਵੇਂ ਢੰਗ ਤਰੀਕੇ ਅਪਣਾਉਣਾ ਬਹੁਤ ਹੀ ਜ਼ਰੂਰੀ ਹੈ। ਪ੍ਰਿੰਸੀਪਲ ਗੁਰਮੀਤ ਸਿੰਘ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ, ਇਸ ਪ੍ਰੋਗਰਾਮ ਨੂੰ ਅਧਿਆਪਕਾਂ ਦੇ ਵਿਕਾਸ ਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕੁੰਜੀ ਵਜੋਂ ਦੇਖਿਆ ਗਿਆ। ਇਹ ਸੈਸ਼ਨ ਬਹੁਤ ਹੀ ਗਿਆਨ ਵਰਧਕ ਤੇ ਪ੍ਰੇਰਣਾਦਾਇਕ ਰਿਹਾ, ਜਿਸ ਨਾਲ ਅਧਿਆਪਕਾਂ ਨੂੰ ਆਪਣੇ ਪੜ੍ਹਾਉਣ ਦੇ ਢੰਗ ਤਰੀਕੇ ਹੋਰ ਵਧੀਆ ਤੇ ਆਧੁਨਿਕ ਬਣਾਉਣ ਵਿੱਚ ਮਦਦ ਮਿਲੇਗੀ। ਇਸ ਪ੍ਰੋਗਰਾਮ ਸਮੇਂ ਸਮੁੱਚਾ ਸਕੂਲ ਸਟਾਫ ਹਾਜ਼ਰ ਰਿਹਾ।

# ਗੁਰਸੇਵਾ ਮਿਸ਼ਨ ਸਕੂਲ ਪਨਾਮ ਵਿਖੇ ਪੰਜਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



ਗੜ੍ਹਸ਼ੰਕਰ, 9 ਅਪ੍ਰੈਲ (ਅਜਮੇਰ ਭਨੋਟ): ਗੁਰਸੇਵਾ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਪਨਾਮ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ ਹੈ, ਜਿਸ ਵਿੱਚ ਵਿਦਿਆਰਥੀਆਂ ਨੇ 100% ਪਾਸ ਨਤੀਜਾ ਹਾਸਲ ਕੀਤਾ। ਵਿਦਿਆਰਥੀਆਂ ਦੀ ਕੁੱਲ ਪ੍ਰਦਰਸ਼ਨ ਕਾਬਿਲ-ਏ-ਤਾਰੀਫ਼ ਰਹੀ, ਜੋ ਉਨ੍ਹਾਂ ਦੀ ਮਿਹਨਤ ਤੇ ਅਧਿਆਪਕਾਂ ਦੀ ਲਗਨ ਨੂੰ ਦਰਸਾਉਂਦੀ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ। ਕਮਲਪ੍ਰੀਤ ਕੌਰ, ਪੁੱਤਰੀ ਸੁਖਵੀਰ ਰਾਮ (ਪਿੰਡ ਸਧੋਵਾਲ), ਨੇ 97.06% ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਪ੍ਰਭਜੋਤ ਸਿੰਘ, ਪੁੱਤਰ ਸੰਤੋਖ ਸਿੰਘ (ਪਿੰਡ ਪਨਾਮ) ਨੇ 97% ਅੰਕਾਂ ਨਾਲ ਦੂਜਾ ਸਥਾਨ ਹਾਸਲ ਕੀਤਾ। ਹਰਜੋਤ ਕੌਰ ਪੁੱਤਰੀ ਬਲਵਿੰਦਰ ਰਾਮ (ਪਿੰਡ ਆਲੋਵਾਲ) ਨੇ 96.08% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਸਤਿਕਾਰਯੋਗ ਪ੍ਰਿੰਸੀਪਲ ਕ੍ਰਿਪਾਲ ਸਿੰਘ ਤੇ ਸਕੂਲ ਦੇ ਸਤਿਕਾਰਯੋਗ ਡਾਇਰੈਕਟਰ ਦਵਿੰਦਰ ਕੌਰ ਰਾਏ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ। ਸਕੂਲ ਪ੍ਰਬੰਧਕ ਕਮੇਟੀ ਨੇ ਵੀ ਟਾਪਰ ਵਿਦਿਆਰਥੀਆਂ ਦੀ ਸਰਾਹਨਾ ਕੀਤੀ ਤੇ ਹੋਰ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਪਿੰਡ ਗਿੱਲ ਤੋਂ ਲਾਪਤਾ ਹੋਏ ਬੱਚੇ ਦੇ ਘਰ ਪਰਤਣ 'ਤੇ ਮਾਪਿਆਂ ਨੇ ਲਿਆ ਸੁੱਖ ਦਾ ਸਾਹ

ਟਾਂਡਾ ਉੜਮੁੜ, 9 ਅਪ੍ਰੈਲ (ਅਰਜੁਨ ਜੈਨ): ਬੀਤੀ ਦੁਪਹਿਰ ਤੋਂ ਪਿੰਡ ਸ਼ਾਮ ਤੋਂ ਲਾਪਤਾ ਹੋਏ ਲੜਕੇ ਮਨਦੀਪ ਸਿੰਘ ਪੁੱਤਰ ਰਮੇਸ਼ ਕੁਮਾਰ ਦੀ



ਗੁੰਮਸ਼ੁਦਗੀ ਦੀ ਸੂਚਨਾ ਸੋਸ਼ਲ ਮੀਡੀਆ ਉਤੇ ਵਾਇਰਲ ਹੋਣ ਤੇ ਉਨ੍ਹਾਂ ਤੱਕ ਪਹੁੰਚਣ ਤੋਂ ਬਾਅਦ ਥਾਣੇਦਾਰ ਨਰੇਸ਼ ਕੁਮਾਰ ਵੱਲੋਂ ਲੜਕੇ ਨੂੰ ਲੱਭਣ ਦੇ ਗਿੱਲ ਤੋਂ ਲਾਪਤਾ ਹੋਇਆ 13 ਵਰ੍ਹਿਆਂ ਦਾ ਲੜਕਾ ਬਾਬਾ ਬਾਲਕ ਨਾਥ ਮੰਦਰ ਹਿਮਾਚਲ ਪ੍ਰਦੇਸ਼ ਤੋਂ ਮਿਲ ਗਿਆ ਹੈ। ਜਿਸ ਦੇ ਘਰ ਪਰਤਣ 'ਤੇ ਮਾਪਿਆਂ ਨੇ ਸੁੱਖ ਦਾ ਸਾਹ ਲਿਆ ਹੈ। ਜਿਸਨੂੰ ਟਾਂਡਾ ਪੁਲਿਸ ਨੇ ਅੱਜ ਸ਼ਾਮ ਵਾਰਸਾਂ ਦੇ ਸਪੁਰਦ ਕਰ ਐਸਐਚਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਬੀਤੀ ਉਦਮ ਕੀਤੇ ਗਏ। ਜਿਸ ਤੋਂ ਬਾਅਦ ਅੱਜ ਦੁਪਹਿਰ ਬੱਚਾ ਬਾਬਾ ਬਾਲਕ ਨਾਥ ਮੰਦਰ ਨੇੜਿਓਂ ਮਿਲ ਗਿਆ। ਥਾਣਾ ਮੁਖੀ ਨੇ ਦੱਸਿਆ ਕਿ ਮਨਦੀਪ ਕਿਸੇ ਟਰੱਕ 'ਤੇ ਬੈਠ ਕੇ ਉਥੇ ਗਿਆ ਸੀ। ਕੱਲ੍ਹ ਤੋਂ ਮਨਦੀਪ ਦੀ ਭਾਲ ਵਿੱਚ ਫ਼ਿਕਰਮੰਦ ਉਸਦੇ ਮਾਪਿਆਂ ਨੇ ਪੁਲਿਸ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਹੈ।

# ਕੋਟਲਾ ਸ਼ਾਹੀਆ ਵਿਖੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੈਲਥ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਇਆ

ਬਟਾਲਾ, 9 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਡਾ. ਸਤਨਾਮ ਸਿੰਘ ਸੰਧੂ): ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਹੈਲਥ ਕਾਰਡ ਬਣਾਉਣ ਲਈ ਲੋਕਾਂ ਦੀ ਸਹੂਲਤ ਲਈ ਪਿੰਡ ਕੋਟਲਾ ਸ਼ਾਹੀਆ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਥੇ ਲੋਕਾਂ ਵੱਲੋਂ ਕੈਂਪ ਵਿੱਚ ਪਹੁੰਚ ਕੇ ਆਪਣੇ ਹੈਲਥ



ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਗਈ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਸ਼ੈਰੀ ਕਲਸੀ ਦੇ ਭਰਾ ਤਰਨਪ੍ਰੀਤ ਸਿੰਘ ਕਲਸੀ ਸਰਪੰਚ ਕੋਟਲਾ ਸ਼ਾਹੀਆ ਦੀ ਅਗਵਾਈ ਵਿੱਚ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਪਿੰਡ ਵਿੱਚ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਵਿੱਚ ਕਰੀਬ 266 ਲੋਕਾਂ ਵੱਲੋਂ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਗਈ।ਇਸ ਮੌਕੇ ਗੱਲ ਕਰਦਿਆਂ ਤਰਨਪ੍ਰੀਤ ਸਿੰਘ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲੋਕਾਂ ਨੂੰ ਵੱਡੀ ਸਹੂਲਤ ਮੁਹੱਈਆ ਕਰਵਾਈ ਗਈ ਹੈ ਤੇ ਲੋੜ ਪੈਣ 'ਤੇ ਵਿਅਕਤੀ ਆਪਣੀ ਬਿਮਾਰੀ ਦਾ ਇਲਾਜ ਕਰਵਾ ਸਕਦਾ ਹੈ, ਜਿਸ ਲਈ 10 ਲੱਖ ਰੁਪਏ ਤੱਕ ਕੈਸ਼ਲੈਸ ਦੀ ਰਾਹਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਹਤ, ਸਿੱਖਿਆ, ਮੁਫ਼ਤ ਬਿਜਲੀ ਸਮੇਤ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ ਤੇ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕੀਤਾ ਗਿਆ ਹੈ। ਇਸ ਮੌਕੇ ਵੀ.ਐਲ.ਈ. ਪਵਿੱਤਰ ਸਿੰਘ, ਕੁਲਵਿੰਦਰ ਸਿੰਘ ਘੁੰਮਣ ਪੀ.ਐਚ.ਸੀ. ਭੁੱਲਰ, ਕਰਮਜੀਤ ਕੌਰ ਆਸ਼ਾ ਵਰਕਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਨਹਿਰੂ ਗੇਟ ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਤਹਿਤ ਬੱਸ ਰਵਾਨਾ

ਬਟਾਲਾ, 9 ਅਪ੍ਰੈਲ (ਬਲਵਿੰਦਰ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਸ਼ੈਰੀ ਕਲਸੀ ਦੀ ਅਗਵਾਈ ਹੇਠ ਨਹਿਰੂ ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਹੋਈ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਸੁਭਾਸ਼ ਮਹਿਤਾ, ਅੰਕੁਸ਼ ਮਹਿਤਾ, ਜਸਪਾਲ ਸਿੰਘ ਸਮੇਤ ਵਾਰਡ ਵਾਸੀ ਮੌਜੂਦ ਸਨ। ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖ਼ਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਅੱਜ ਉਨ੍ਹਾਂ ਦੀ ਡਿਊਟੀ ਲਗਾਈ ਗਈ ਸੀ ਤੇ ਉਨ੍ਹਾਂ ਨੂੰ ਸੁਭਾਗ ਮਿਲਿਆ



ਹੈ ਕਿ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਨਹਿਰੂ ਗੇਟ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲੀ ਹੈ, ਬਲਕਿ ਸਮਾਜ ਵਿੱਚ ਏਕਤਾ ਤੇ ਸਾਂਝ ਨੂੰ ਵੀ ਹੋਰ ਮਜ਼ਬੂਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਇਹ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿ 'ਮੁੱਖ ਮੰਤਰੀ ਤੀਰਥ ਯੋਜਨਾ' ਨਾਲ ਸ਼ਰਧਾਲੂ ਖੁਸ਼ ਹਨ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

# ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਅੱਜ: ਹਰਪ੍ਰੀਤਪਾਲ ਕੌਰ



ਫਾਜ਼ਿਲਕਾ, 9 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮੁੱਖ ਖੇਤੀਬਾੜੀ ਅਫਸਰ ਸ਼੍ਰੀਮਤੀ ਹਰਪ੍ਰੀਤਪਾਲ ਕੌਰ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸਾਉਣੀ ਦੀ ਫ਼ਸਲ ਸਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 10 ਅਪ੍ਰੈਲ ਨੂੰ ਸ਼ਾਹ ਪੈਲੇਸ, ਫਾਜ਼ਿਲਕਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਆਯੋਜਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕਿਸਾਨ ਮੇਲੇ ਦਾ ਉਦਘਾਟਨ ਮਾਣਯੋਗ ਡਿਪਟੀ ਕਮਿਸ਼ਨਰ, ਫਾਜ਼ਿਲਕਾ ਵੱਲੋਂ ਕੀਤਾ ਜਾਵੇਗਾ। ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ (ਹਲਕਾ ਜਲਾਲਾਬਾਦ), ਨਰਿੰਦਰਪਾਲ ਸਿੰਘ ਸਵਨਾ (ਹਲਕਾ ਫਾਜ਼ਿਲਕਾ) ਤੇ ਅਮਨਦੀਪ ਸਿੰਘ ਮੁਸਾਫ਼ਿਰ (ਹਲਕਾ ਬੱਲੂਆਣਾ) ਸ਼ਿਰਕਤ ਕਰਨਗੇ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਮੇਲੇ ਦੌਰਾਨ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਨਾਲ ਸਬੰਧਤ ਨਵੀਂ ਤਕਨੀਕਾਂ, ਬੀਜ, ਖਾਦਾਂ ਤੇ ਕੀਟ ਨਿਯੰਤਰਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ। ਮੁੱਖ ਖੇਤੀਬਾੜੀ ਅਫਸਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਕੇ ਦਿੱਤੀ ਜਾਣ ਵਾਲੀ ਤਕਨੀਕੀ ਜਾਣਕਾਰੀ ਦਾ ਲਾਭ ਉਠਾਉਣ।

# ਦੇਸ਼ ਭਗਤ ਯੂਨੀਵਰਸਿਟੀ ਨੇ ਬੰਗਲਾਦੇਸ਼ ਦੀਆਂ ਸੰਸਥਾਵਾਂ ਨਾਲ ਸਮਝੌਤਾ ਕਰਾਰ 'ਤੇ ਦਸਤਖ਼ਤ ਕੀਤੇ




ਮੰਡੀ ਗੋਬਿੰਦਗੜ੍ਹ, 9 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਸਮਾਜਿਕ ਵਿਗਿਆਨ ਤੇ ਭਾਸ਼ਾ ਫੈਕਲਟੀ ਵੱਲੋਂ ਢਾਕਾ ਇੰਟਰਨੈਸ਼ਨਲ ਯੂਨੀਵਰਸਿਟੀ ਤੇ ਬੰਗਲਾਦੇਸ਼ ਸੈਂਟਰ ਫਾਰ ਰਿਸਰਚ ਐਂਡ ਪਲਾਨਿੰਗ ਨਾਲ ਸਮਝੌਤਾ ਕਰਾਰ (MoU) ਦਸਤਖਤ ਸਮਾਰੋਹ ਸਫਲਤਾਪੂਰਵਕ ਕਰਵਾਇਆ ਗਿਆ। ਇਸ ਤੋਂ ਬਾਅਦ "ਪਰੰਪਰਾ ਤੋਂ ਬਦਲਾਅ ਤੱਕ: ਦੱਖਣੀ ਏਸ਼ੀਆ ਵਿੱਚ ਆਧੁਨਿਕ ਸਾਹਿਤ ਦਾ ਉਭਾਰ" ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਹੋਇਆ। ਪ੍ਰੋਗਰਾਮ ਦੀ ਸ਼ੁਰੂਆਤ ਮਾਣਯੋਗ ਚਾਂਸਲਰ ਸਕੱਤਰੇਤ ਵਿੱਚ ਬੰਗਲਾਦੇਸ਼ੀ ਸੰਸਥਾਵਾਂ ਤੋਂ ਆਏ ਪ੍ਰਤੀਨਿਧੀਆਂ ਦੇ ਸਵਾਗਤ ਨਾਲ ਹੋਈ। ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਤੇ ਪ੍ਰੋ.ਵਾਈਸ ਚਾਂਸਲਰ ਪ੍ਰੋ. ਅਮਰਜੀਤ ਸਿੰਘ ਦੀ ਹਾਜ਼ਰੀ ਵਿੱਚ ਸਮਝੌਤਾ ਕਰਾਰ 'ਤੇ ਦਸਤਖਤ ਕੀਤੇ। ਇਸ ਤੋਂ ਬਾਅਦ ਸਮੂਹ ਅਕਾਦਮਿਕ ਸੈਸ਼ਨ ਲਈ ਫੈਕਲਟੀ ਵੱਲ ਵਧਿਆ, ਜਿਸ ਦੀ ਸ਼ੁਰੂਆਤ ਫੈਕਲਟੀ ਇੰਚਾਰਜ ਡਾ. ਰੇਣੂ ਸ਼ਰਮਾ ਦੇ ਸਵਾਗਤੀ ਸੰਬੋਧਨ ਨਾਲ ਹੋਈ। ਪ੍ਰੋ. ਅਮਰਜੀਤ ਸਿੰਘ ਨੇ ਹਾਜ਼ਰੀਨ ਨੂੰ ਵਧਾਈ ਦਿੰਦਿਆਂ ਅੰਤਰਰਾਸ਼ਟਰੀ ਸਹਿਯੋਗ ਤੇ ਅੰਤਰ-ਵਿਭਾਗੀ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਢਾਕਾ ਇੰਟਰਨੈਸ਼ਨਲ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਦੇ ਪ੍ਰੋਫੈਸਰ, ਵਿਦਿਆਰਥੀ ਕਲਿਆਣ ਸਲਾਹਕਾਰ ਤੇ ਐਡੀਸ਼ਨਲ ਰਜਿਸਟਰਾਰ ਪ੍ਰੋ. ਸ਼ਾਹ ਆਲਮ ਚੌਧਰੀ ਨੇ ਮੁੱਖ ਵਿਖਿਆਨ ਦਿੱਤਾ। ਉਨ੍ਹਾਂ ਨੇ ਦੱਖਣੀ ਏਸ਼ੀਆਈ ਸਾਹਿਤ ਦੀ ਪ੍ਰੰਪਰਾਗਤ ਤੋਂ ਆਧੁਨਿਕ ਵਿਸ਼ਵ ਪੱਧਰੀ ਮਹੱਤਤਾ ਤੱਕ ਦੀ ਯਾਤਰਾ ਨੂੰ ਵਿਸਥਾਰ ਨਾਲ ਦਰਸਾਇਆ। ਪ੍ਰੋ. ਧਰਮਿੰਦਰ ਸਿੰਘ ਨੇ ਧੰਨਵਾਦ ਪ੍ਰਸਤਾਵ ਪੇਸ਼ ਕੀਤਾ। ਇਹ ਸਮਾਰੋਹ ਅਕਾਦਮਿਕ ਸਬੰਧਾਂ ਤੇ ਸੱਭਿਆਚਾਰਕ ਸਾਂਝ ਨੂੰ ਮਜ਼ਬੂਤ ਕਰਦਾ ਹੈ ਤੇ ਦੇਸ਼ ਭਗਤ ਯੂਨੀਵਰਸਿਟੀ ਦੀ ਵਿਸ਼ਵ ਪੱਧਰੀ ਵਿਦਵਤਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਪੰਜਾਬ ਤੋਂ ਨਾਬਾਲਿਗ ਲੜਕੀ ਲਿਆ ਕੇ ਯੂ.ਪੀ. 'ਚ ਧਰਮ ਪਰਿਵਰਤਨ

ਬਰੇਲੀ, 9 ਅਪ੍ਰੈਲ (ਚ.ਨ.ਸ): ਸੀਬੀਗੰਜ ਦੇ ਇੱਕ ਪਿੰਡ ਵਿੱਚ ਪੰਜਾਬ ਦੀ ਹਿੰਦੂ ਨਾਬਾਲਿਗ ਲੜਕੀ ਦਾ ਧਰਮ ਪਰਿਵਰਤਨ ਕਰਵਾ ਕੇ ਨਿਕਾਹ ਕਰਵਾ ਦਿੱਤਾ ਗਿਆ। ਸੂਚਨਾ ਮਿਲਣ 'ਤੇ ਜਦੋਂ ਪੁਲਿਸ ਪਹੁੰਚੀ ਤਾਂ ਉਥੇ ਕੋਈ ਨਹੀਂ ਮਿਲਿਆ। ਸਾਰੇ ਫ਼ਰਾਰ ਹੋ ਚੁੱਕੇ ਸਨ। ਇਸੇ ਦੌਰਾਨ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋਈ। ਦਾਅਵਾ ਕੀਤਾ ਜਾ ਰਿਹਾ ਹੈ ਕਿ ਵੀਡੀਓ ਵਿੱਚ ਦਿਖਾਈ ਦੇ ਰਹੇ ਆਟੋ ਵਿੱਚ ਬੈਠ ਕੇ ਹੀ ਮੁਲਜ਼ਮ ਲੜਕੀ ਨੂੰ ਲੈ ਕੇ ਫ਼ਰਾਰ ਹੋ ਗਏ। ਹਾਲਾਂਕਿ ਪੁਲਿਸ ਅਜੇ ਜਾਂਚ ਵਿੱਚ ਜੁਟੀ ਹੋਈ ਹੈ। ਮੰਗਲਵਾਰ ਰਾਤ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਸੀਬੀਗੰਜ ਦੇ ਇੱਕ ਪਿੰਡ ਵਿੱਚ ਪੰਜਾਬ ਤੋਂ ਇੱਕ ਨਾਬਾਲਿਗ ਲੜਕੀ ਨੂੰ ਲਿਆਂਦਾ ਗਿਆ ਹੈ। ਉਸ ਦਾ ਧਰਮ ਪਰਿਵਰਤਨ ਕਰਵਾਉਣ ਤੋਂ ਬਾਅਦ ਨਿਕਾਹ ਵੀ ਕਰਵਾਇਆ ਗਿਆ ਹੈ। ਮੁਲਜ਼ਮ ਦੇ ਘਰ ਵਿੱਚ ਕੁਝ ਮੌਲਵੀ ਵੀ ਮੌਜੂਦ ਦੱਸੇ ਗਏ ਸਨ। ਇਸ ਦੀ ਸੂਚਨਾ ਮਿਲਦੇ ਹੀ ਸੀਬੀਗੰਜ ਪੁਲਿਸ ਨੇ ਰਾਤ ਨੂੰ

## ☛ ਜ਼ਬਰਦਸਤੀ ਕਰਵਾਇਆ ਨਿਕਾਹ

ਹੀ ਪਿੰਡ ਵਿੱਚ ਛਾਪੇਮਾਰੀ ਕਰ ਦਿੱਤੀ। ਲੜਕੀ ਬਾਰੇ ਕੋਈ ਨਹੀਂ ਸੀ ਜਾਣਦਾ, ਪੁਲਿਸ ਕਿਸੇ ਨੂੰ ਫੜ ਪਾਉਂਦੀ, ਇਸ ਤੋਂ ਪਹਿਲਾਂ ਹੀ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ ਤੇ ਪੁਲਿਸ ਦੇ ਹੱਥ ਕੋਈ ਨਹੀਂ ਆਇਆ। ਪੁੱਛਗਿੱਛ ਦੌਰਾਨ ਪੁਲਿਸ ਨੂੰ ਇੱਕ ਲੜਕੀ ਮਿਲੀ, ਜਦੋਂ ਉਸ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਵੀ ਦੱਸਿਆ ਕਿ ਇੱਥੇ ਇੱਕ ਨਿਕਾਹ ਤਾਂ ਕਰਵਾਇਆ ਗਿਆ ਸੀ, ਪਰ ਲੜਕੀ ਕੌਣ ਸੀ, ਇਸ ਬਾਰੇ ਉਸ ਨੂੰ ਕੋਈ ਜਾਣਕਾਰੀ ਨਹੀਂ ਸੀ। ਪੁਲਿਸ ਨੂੰ ਮਿਲੀ ਨਾਬਾਲਿਗ ਲੜਕੀ ਮੁਲਜ਼ਮ ਦੇ ਪਰਿਵਾਰ ਦੀ ਹੀ ਇੱਕ ਮੈਂਬਰ ਸੀ। ਦੱਸਿਆ ਜਾ ਰਿਹਾ ਹੈ ਕਿ ਜਿਸ ਨੌਜਵਾਨ ਨੇ ਲੜਕੀ ਨਾਲ ਨਿਕਾਹ ਕੀਤਾ ਹੈ, ਉਸ ਵਿਰੁੱਧ ਗਊ ਹੱਤਿਆ ਦੇ ਕਈ ਮਾਮਲੇ ਸੀਬੀਗੰਜ ਥਾਣੇ ਵਿੱਚ ਦਰਜ ਹਨ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਦੀ ਹਕੀਕਤ ਜਾਣਨ ਲਈ ਟੀਮਾਂ ਲੱਗੀਆਂ ਹੋਈਆਂ ਹਨ। ਨਾਲ ਹੀ ਵਾਇਰਲ ਵੀਡੀਓ ਦੀ ਵੀ ਜਾਂਚ ਜਾਰੀ ਹੈ। ਦੂਜੇ ਪਾਸੇ ਸੀਓ ਸੈਕਿੰਡ ਦੀ ਅਗਵਾਈ ਵਿੱਚ ਇੱਕ ਜਾਂਚ ਟੀਮ ਵੀ ਗਠਿਤ ਕਰ ਦਿੱਤੀ ਗਈ ਹੈ। ਘਟਨਾ ਦਾ ਨੋਟਿਸ ਲਿਆ ਗਿਆ ਹੈ, ਸੀਓ ਸੈਕਿੰਡ ਦੀ ਅਗਵਾਈ ਵਿੱਚ ਜਾਂਚ ਟੀਮ ਬਣਾ ਦਿੱਤੀ ਗਈ ਹੈ। ਜੋ ਵੀ ਤੱਥ ਸਾਹਮਣੇ ਆਉਣਗੇ, ਉਨ੍ਹਾਂ ਦੇ ਆਧਾਰ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਆਰ.ਟੀ.ਓ. ਦਫ਼ਤਰ 'ਚ ਲੋਕ ਖਾ ਰਹੇ ਨੇ ਧੱਕੇ, ਪ੍ਰਸ਼ਾਸਨ ਖਾਮੋਸ਼

ਮੋਗਾ, 9 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਆਰ.ਟੀ.ਓ. ਦਫਤਰ ਵਿੱਚ ਲੋਕ ਧੱਕੇ ਖਾ ਰਹੇ ਹਨ ਕਿਉਂਕਿ ਮੋਗੇ ਦੇ ਆਰ.ਟੀ.ਓ. ਦਫਤਰ ਵਿੱਚ ਕੋਈ ਤਸੱਲੀਬਖ਼ਸ਼ ਕੰਮ ਨਹੀਂ ਹੋ




ਰਿਹਾ ਹੈ, ਲੋਕ ਉਚੀ ਆਵਾਜ਼ ਵਿੱਚ ਬੋਲਦੇ ਹੋਏ ਇਸ ਦਫਤਰ ਵਿੱਚੋਂ ਨਿਕਲਦੇ ਹਨ, ਕਿਉਂਕਿ ਲੋਕਾਂ ਦਾ ਕੋਈ ਵੀ ਕੰਮ ਨਹੀਂ ਹੁੰਦਾ। ਸੁਣਨ ਦੇ ਵਿੱਚ ਇਹ ਵੀ ਆਇਆ ਹੈ ਕਿ ਗੁਰਮੀਤ ਸਿੰਘ ਕਲਰਕ ਇਥੇ ਲੱਗਿਆ ਹੋਇਆ ਸੀ, ਪਰ ਕੁਝ ਸਮੇਂ ਤੋਂ ਉਸ ਦੀ ਬਦਲੀ ਹੋ ਗਈ, ਜਿਸ ਕਾਰਨ ਇਹ ਸੀਟ ਵਿਹਲੀ ਪਈ ਹੈ ਪਰ ਲੋਕ ਬਹੁਤ ਦੁਖੀ ਹੋਏ ਹਨ, ਕਿਉਂਕਿ ਨਾ ਤਾਂ ਕਿਸੇ ਦੀ ਆਰਸੀ ਦਾ ਕੰਮ ਹੁੰਦਾ ਹੈ ਤੇ ਨਾ ਹੀ ਕਿਸੇ ਦਾ ਹੋਰ ਕੋਈ ਕੰਮ ਹੁੰਦਾ ਹੈ, ਇਸ ਤੋਂ ਪਹਿਲਾਂ ਇਸ ਦਾ ਦਫਤਰ ਦਾ ਚਾਰਜ ਮੈਡਮ ਤੁਨਸੀਕਾ ਗੁਲਾਟੀ ਕੋਲ ਸੀ। ਉਨ੍ਹਾਂ ਦੇ ਬਦਲ ਜਾਣ ਤੋਂ ਮਗਰੋਂ ਐਸਡੀਐਮ ਮੋਗਾ ਸੂਰਜ ਕੁਮਾਰ ਕੋਲ ਇਸ ਦਾ ਚਾਰਜ ਵੀ ਆ ਗਿਆ, ਪਰ ਐਸਡੀਐਮ ਸੂਰਜ ਕੁਮਾਰ ਦਾ ਵੀ ਆਰਟੀਓ ਦਫਤਰ ਵਿੱਚ ਕੋਈ ਦਿਲਚਸਪੀ ਨਹੀਂ ਹੈ, ਅਸੀਂ ਵੀ ਦੋ ਵਾਰ ਐਸਡੀਐਮ ਸੂਰਜ ਕੁਮਾਰ ਨੂੰ ਫੋਨ ਕੀਤਾ ਪਰ ਉਨ੍ਹਾਂ ਨੇ ਫੋਨ ਚੁੱਕਣਾ ਸਹੀ ਨਹੀਂ ਸਮਝਿਆ, ਆਪਣਾ ਨਾਮ ਨਾ ਛਾਪਣ ਦੀ ਸ਼ਰਤ 'ਤੇ ਕੁਝ ਲੋਕਾਂ ਨੇ ਕਿਹਾ ਕਿ ਆਰਟੀਓ ਦਫਤਰ ਦੇ ਵਿੱਚ ਸ਼ਰੇਆਮ ਰਿਸ਼ਵਤ ਚੱਲ ਰਹੀ ਹੈ, ਜੋ ਲੋਕ ਰੁਪਏ ਦੇ ਰਹੇ ਹਨ, ਉਨ੍ਹਾਂ ਦਾ ਕੰਮ ਹੋ ਜਾਂਦਾ ਹੈ। ਜੋ ਨਹੀਂ ਦਿੰਦੇ ਉਨ੍ਹਾਂ ਦੇ ਪੱਲੇ ਕੁਝ ਨਹੀਂ ਪੈਂਦਾ ਤੇ ਸਟਾਫ ਵੱਲੋਂ ਲਾਰਾ-ਲੱਪਾ ਹੀ ਲਗਾਇਆ ਜਾਂਦਾ ਹੈ ਤੇ ਕੁਝ ਲੋਕਾਂ ਦਾ ਕਹਿਣਾ ਹੈ ਕਿ ਸਿੰਘਾਂ ਵਾਲਾ ਜਿੱਥੇ ਕਿ ਅੱਧੇ ਕੰਮ ਆਰਟੀਓ ਦਫਤਰ ਦੇ ਉਥੇ ਹੁੰਦੇ ਹਨ ਤੇ ਉਥੇ ਵੀ ਮੋਗੇ ਦੀ ਤਰ੍ਹਾਂ ਬੁਰਾ ਹਾਲ ਹੋ ਚੁੱਕਾ ਹੈ ਤੇ ਆਪ ਸਰਕਾਰ ਵੱਲੋਂ ਲੋਕਾਂ ਨੂੰ ਵੱਧ ਤੋਂ ਵੱਧ ਸੁਵਿਧਾ ਦੇਣ ਦੀ ਗੱਲ ਕੀਤੀ ਜਾਂਦੀ ਹੈ, ਜੋ ਕਿ ਸਰਾਸਰ ਝੂਠ ਲੱਗਦੀ ਪਈ ਹੈ, ਲੋਕਾਂ ਦੀ ਪ੍ਰਸ਼ਾਸਨ ਅੱਗੇ ਮੰਗ ਹੈ ਕਿ ਡੀਸੀ ਸਾਹਿਬ ਸਾਗਰ ਸੇਤੀਆ ਖੁਦ ਇਸ ਦਫਤਰ ਵੱਲ ਧਿਆਨ ਦੇਣ ਤੇ ਜੋ ਮੁਲਾਜ਼ਮ ਲੋਕਾਂ ਨੂੰ ਖਰਾਬ ਕਰ ਰਹੇ ਹਨ, ਉਨ੍ਹਾਂ ਵਿਰੁੱਧ ਕਾਰਵਾਈ ਕਰਨ ਤੇ ਐਸਡੀਐਮ ਮੋਗਾ ਨੂੰ ਆਰਟੀਓ ਦਫਤਰ ਦਾ ਚਾਰਜ ਲਈ ਜਾਗਰੂਕ ਕਰਨ।

# ਅਕਾਲੀ ਦਲ ਬਾਦਲ ਤੇ 'ਆਪ' ਨੂੰ ਵੱਡਾ ਝਟਕਾ, 120 ਪਰਿਵਾਰ ਕਾਂਗਰਸ 'ਚ ਸ਼ਾਮਲ: ਕੁਲਬੀਰ ਸਿੰਘ



ਜ਼ੀਰਾ, 9 ਅਪ੍ਰੈਲ (ਦੀਪਕ ਭਾਰਗੋ): ਜਿਵੇਂ-ਜਿਵੇਂ ਚੋਣਾਂ ਦਾ ਸਮਾਂ ਨਜ਼ਦੀਕ ਆਉਂਦਾ ਜਾ ਰਿਹਾ ਹੈ, ਉਸੇ ਤਰ੍ਹਾਂ ਪੰਜਾਬ ਸਰਕਾਰ ਦੇ ਕੰਮਾਂ ਨੂੰ ਵੇਖ ਕੇ ਲੋਕ ਅਲੱਗ-ਅਲੱਗ ਪਾਰਟੀਆਂ ਨਾਲ ਜੁੜਦੇ ਜਾ ਰਹੇ ਹਨ। ਉਸ ਵੇਲੇ ਕਾਂਗਰਸ ਪਾਰਟੀ ਨੂੰ ਭਾਰੀ ਹੁਲਾਰਾ ਮਿਲਿਆ ਤੇ ਆਮ ਆਦਮੀ ਪਾਰਟੀ ਦੇ ਅਕਾਲੀ ਦਲ ਨੂੰ ਵੱਡਾ ਝਟਕਾ ਲੱਗਾ, ਜਦੋਂ ਪਿੰਡ ਘੁੱਦੂਵਾਲਾ ਦੇ 120 ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਗਏ। ਇਨ੍ਹਾਂ ਪਰਿਵਾਰਾਂ ਨੂੰ ਸਾਂਸਦ ਮੈਂਬਰ ਜਸਬੀਰ ਸਿੰਘ ਡਿੰਪਾ ਤੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਵਾਇਆ ਤੇ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਸਮੇਂ ਜੋ ਕੰਮ ਹੋਏ ਹਨ, ਉਹ ਕਿਸੇ ਵੀ ਪਾਰਟੀ ਵਿੱਚ ਸਭਾ ਹਲਕਾ ਜ਼ੀਰਾ ਵਿੱਚ ਨਹੀਂ ਕੀਤੇ ਗਏ, ਇਸ ਸਮੇਂ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ 1200 ਕਰੋੜ ਤੋਂ ਵੱਧ ਰਕਮ ਵਿਧਾਨ ਸਭਾ ਹਲਕਾ ਜ਼ੀਰੇ ਵਿੱਚ ਲਗਾਈ ਗਈ ਤੇ ਆਮ ਆਦਮੀ ਪਾਰਟੀ ਵੱਲੋਂ ਅਜੇ ਤੱਕ ਕੁਝ ਵੀ ਨਹੀਂ ਕੀਤਾ ਗਿਆ। ਇਹ ਸਾਰੇ ਪਰਿਵਾਰ ਸਿਮਰਨਜੀਤ ਸਿੰਘ ਵਿਰਕ ਸਾਬਕਾ ਸਰਪੰਚ, ਸ਼ੇਰ ਸਿੰਘ ਬਲਾਕ ਸੰਮਤੀ ਮੈਂਬਰ ਤੇ ਸਾਬਕਾ ਪ੍ਰਧਾਨ ਬਹੁ ਮੰਤਵੀ ਸੁਸਾਇਟੀ, ਘੁੱਦੂਵਾਲਾ ਦੀ ਪ੍ਰੇਰਨਾ ਸਦਕਾ ਆਪਣੇ 120 ਪਰਿਵਾਰਾਂ ਨਾਲ ਕਾਂਗਰਸ ਵਿੱਚ ਸ਼ਾਮਲ ਹੋਏ। ਇਹ ਪਰਿਵਾਰਾਂ ਨੇ ਅਮਰਜੀਤ ਸਿੰਘ ਸਾਬਕਾ ਸਰਪੰਚ, ਬਚਿੱਤਰ ਸਿੰਘ, ਜਗਤਾਰ ਸਿੰਘ ਸਾਬਕਾ ਮੈਂਬਰ, ਅਵਤਾਰ ਸਿੰਘ ਸਾਬਕਾ ਮੈਂਬਰ, ਬਖਸ਼ੀਸ਼ ਸਿੰਘ ਸਾਬਕਾ ਮੈਂਬਰ, ਸੁਖਦੇਵ ਸਿੰਘ ਸਾਬਕਾ ਮੈਂਬਰ ਮਾਰਕੀਟ ਕਮੇਟੀ, ਅਮਨ ਮੈਂਬਰ, ਜੱਗਾ ਮਸੀਹ ਸਾਬਕਾ ਸਰਪੰਚ, ਜਸਪਾਲ ਸਿੰਘ ਨੰਬਰਦਾਰ, ਕਸ਼ਮੀਰ ਸਿੰਘ ਸਾਬਕਾ ਮੈਂਬਰ, ਜਸਵਿੰਦਰ ਸਿੰਘ, ਬਲਕਾਰ ਸਿੰਘ ਸਾਬਕਾ ਮੈਂਬਰ, ਗੁਰਜੀਤ ਸਿੰਘ, ਨਿਸ਼ਾਨ ਸਿੰਘ ਝੰਗੜ, ਸੁਬੇਗ ਸਿੰਘ, ਲਵਪ੍ਰੀਤ ਸਿੰਘ, ਸੁਖਮਨਪ੍ਰੀਤ ਸਿੰਘ, ਮਹਿਕਦੀਪ ਸਿੰਘ, ਜਸਵੰਤ ਸਿੰਘ, ਜੱਜ ਸਿੰਘ, ਡਾ. ਸੁਰਿੰਦਰ ਸਿੰਘ, ਕਸ਼ਮੀਰ ਸਿੰਘ ਪੰਨੂੰ, ਬਲਵੀਰ ਸਿੰਘ, ਅਵਤਾਰ ਸਿੰਘ, ਰਣਜੀਤ ਸਿੰਘ, ਦਲੇਰ ਸਿੰਘ, ਜਸਵਿੰਦਰ ਸਿੰਘ, ਗਗਨਦੀਪ ਸਿੰਘ, ਲਵਪ੍ਰੀਤ ਸਿੰਘ, ਆਕਾਸ਼ਦੀਪ ਸਿੰਘ, ਗੁਰਜੀਤ ਸਿੰਘ, ਪਰਗਟ ਸਿੰਘ, ਸੁਖਦੇਵ ਸਿੰਘ, ਬਲਕਾਰ ਸਿੰਘ, ਸੁਖਦੇਵ ਸਿੰਘ, ਨਿਸ਼ਾਨ ਸਿੰਘ, ਬਿੱਕਰ ਸਿੰਘ, ਮੋਹਨ ਸਿੰਘ, ਜਗਤਾਰ ਸਿੰਘ, ਸੁਰਿੰਦਰ ਸਿੰਘ, ਜੋਗਾ ਸਿੰਘ, ਗੁਰ ਸਿਮਰਨ ਸਿੰਘ, ਅੰਮ੍ਰਿਤਪਾਲ ਸਿੰਘ, ਸੁਖਦੇਵ ਸਿੰਘ, ਰਮੇਸ਼ ਸਿੰਘ, ਹਰਪ੍ਰੀਤ ਸਿੰਘ, ਅਵਤਾਰ ਸਿੰਘ ਮੈਂਬਰ, ਜਗਮੀਤ ਸਿੰਘ, ਸਤਨਾਮ ਸਿੰਘ, ਦਿਲ ਸਾਜਨ ਪ੍ਰੀਤ ਸਿੰਘ, ਜੋਬਨਜੀਤ ਸਿੰਘ, ਜਸਨਪ੍ਰੀਤ ਸਿੰਘ, ਗੁਰਦੇਵ ਸਿੰਘ, ਸੁਖਦੇਵ ਸਿੰਘ, ਲਾਭਪ੍ਰੀਤ ਸਿੰਘ, ਨਿਸ਼ਾਨ ਸਿੰਘ, ਗੁਰਦੀਪ ਸਿੰਘ, ਬਹਾਦਰ ਸਿੰਘ, ਸੁਖਵੰਤ ਸਿੰਘ, ਰਮਨਦੀਪ ਸਿੰਘ, ਗੁਰਚਰਨ ਸਿੰਘ, ਕਰਤਾਰ ਸਿੰਘ, ਸੁਰਿੰਦਰ ਸਿੰਘ, ਡਾ. ਲਖਵੀਰ ਸਿੰਘ, ਗੁਰਦੇਵ ਸਿੰਘ, ਅਮਰੀਕ ਸਿੰਘ, ਮਨਪ੍ਰੀਤ ਸਿੰਘ, ਗਗਨਦੀਪ ਸਿੰਘ, ਗੁਰਚਰਨ ਸਿੰਘ ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਆਮ ਆਦਮੀ ਪਾਰਟੀ ਛੱਡ ਕਾਂਗਰਸ ਸ਼ਾਮਲ ਹੋਏ ਇਨ੍ਹਾਂ ਸਾਰੇ ਪਰਿਵਾਰਾਂ ਦਾ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਵੱਲੋਂ ਸਵਾਗਤ ਕੀਤਾ ਗਿਆ ਤੇ ਇਨ੍ਹਾਂ ਪਰਿਵਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਪਾਰਟੀ ਵਿੱਚ ਰਹਿ ਕੇ ਇਹ ਪਾਰਟੀ ਦੀ ਸ਼ਾਨ ਨੂੰ ਹੋਰ ਵੀ ਵਧਾਉਣਗੇ।

# ਮੀਂਹ ਕਾਰਨ ਨੁਕਸਾਨੀ ਕਿਸਾਨਾਂ ਦੀ ਫਸਲ ਲਈ ਅੰਤਰਿਮ ਰਾਹਤ ਦੇਵੇ ਕੇਂਦਰ ਤੇ ਪੰਜਾਬ ਸਰਕਾਰ: ਡਾ. ਅਮਰ ਸਿੰਘ



ਸ੍ਰੀ ਫਤਹਿਗੜ੍ਹ ਸਾਹਿਬ, 9 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਨੇ ਪੰਜਾਬ ਵਿੱਚ ਪਿਛਲੇ ਦਿਨਾਂ ਦੌਰਾਨ ਹੋਈ ਭਾਰੀ ਬਰਸਾਤ ਕਾਰਨ ਕਣਕ ਦੀ ਫਸਲ ਨੂੰ ਹੋਏ ਭਾਰੀ ਨੁਕਸਾਨ 'ਤੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਮੌਸਮੀ ਮਾਰ ਕਾਰਨ ਬਰਬਾਦ ਹੋ ਰਹੀ ਹੈ ਤੇ ਸਰਕਾਰ ਨੂੰ ਤੁਰੰਤ ਕਿਸਾਨਾਂ ਦੀ ਮਦਦ ਕਰਨੀ ਚਾਹੀਦੀ ਹੈ। ਡਾ. ਅਮਰ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਸੰਸਦ ਸੈਸ਼ਨ ਦੌਰਾਨ ਜਦ ਉਹ ਦਿੱਲੀ ਸਨ ਤਾਂ ਉਨ੍ਹਾਂ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਕਿਸਾਨਾਂ ਲਈ ਵਿਸ਼ੇਸ਼ ਪੈਕੇਜ ਤੇ ਤੁਰੰਤ ਅੰਤਰਿਮ ਰਾਹਤ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਵੀ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਕਿਸਾਨਾਂ ਨੂੰ ਵੱਡਾ ਨੁਕਸਾਨ ਝੱਲਣਾ ਪਿਆ ਸੀ, ਪਰ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸਿਰਫ ਐਲਾਨ ਕੀਤੇ ਗਏ ਸਨ, ਜ਼ਮੀਨੀ ਪੱਧਰ 'ਤੇ ਕੋਈ ਢੁੱਕਵੀਂ ਮਦਦ ਨਹੀਂ ਮਿਲੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਵਾਰ ਸਰਕਾਰ ਸਿਰਫ ਐਲਾਨਾਂ ਤੱਕ ਸੀਮਿਤ ਨਾ ਰਹੇ, ਸਗੋਂ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਜਾਰੀ ਕਰੇ। ਡਾ. ਅਮਰ ਸਿੰਘ ਨੇ ਮੰਗ ਕੀਤੀ ਕਿ ਪ੍ਰਭਾਵਿਤ ਖੇਤਰਾਂ ਵਿੱਚ ਜਲਦੀ ਤੋਂ ਜਲਦੀ ਗਿਰਦਾਵਰੀ ਕਰਵਾਈ ਜਾਵੇ ਤੇ ਹਰ ਏਕੜ ਦੇ ਹਿਸਾਬ ਨਾਲ ਯੋਗ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਆਰਥਿਕ ਸਹਾਇਤਾ ਮਿਲ ਸਕੇ ਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਘੱਟ ਹੋਣ।

# ਪਰਾਲੀ ਸੰਭਾਲ ਲਈ ਆਨਲਾਈਨ ਅਰਜ਼ੀਆਂ ਦਿੱਤੀਆਂ ਜਾਣ: ਡਾ. ਬਲਵਿੰਦਰ ਸਿੰਘ



ਫਿਰੋਜ਼ਪੁਰ, 9 ਅਪ੍ਰੈਲ (ਤਿਵਾੜੀ): ਮੁੱਖ ਖੇਤੀਬਾੜੀ ਅਫ਼ਸਰ ਡਾ. ਬਲਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਜਿਵੇਂ ਝੋਨੇ ਦੀ ਪਰਾਲੀ ਆਦਿ ਦੀ ਸੰਭਾਲ ਕਰਨ ਵਿੱਚ ਸਹਾਈ ਖੇਤੀਬਾੜੀ ਮਸ਼ੀਨਾਂ ਉਤੇ ਇਸ ਸਾਲ ਵੀ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਖੇਤੀ ਮਸ਼ੀਨਰੀ 'ਤੇ ਸਬਸਿਡੀ ਲਈ ਜ਼ਿਲ੍ਹੇ ਦੇ ਕਿਸਾਨਾਂ ਪਾਸੋਂ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ। ਕਿਸਾਨ ਇਹ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਖੇਤੀਬਾੜੀ ਵਿਭਾਗ ਦੇ ਪੋਰਟਲ agrimachinerypb.com 'ਤੇ 24 ਅਪ੍ਰੈਲ ਸ਼ਾਮ 5.00 ਵਜੇ ਤੱਕ ਦੇ ਸਕਦੇ ਹਨ। ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਕਿਸਾਨ ਇਸ ਸਕੀਮ ਅਧੀਨ ਦਿੱਤੀ ਜਾ ਰਹੀ ਸਬਸਿਡੀ ਦਾ ਲਾਭ ਪ੍ਰਾਪਤ ਕਰਨ ਤਾਂ ਜੋ ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਬਿਲਕੁਲ ਖਤਮ ਕੀਤਾ ਜਾ ਸਕੇ ਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਕਿਸਾਨ ਸਬੰਧਤ ਬਲਾਕ ਖੇਤੀਬਾੜੀ ਅਫਸਰ ਜਾਂ ਮੁੱਖ ਖੇਤੀਬਾੜੀ ਅਫਸਰ ਦੇ ਦਫਤਰ ਵਿੱਚ ਸੰਪਰਕ ਕਰ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਸਾਂਭਣ ਵਾਲੀਆਂ ਮਸ਼ੀਨਾਂ ਜਿਵੇਂ ਕਿ ਬੇਲਰ, ਰੇਕ, ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਉਲਟਾਵਾਂ ਪਲਾਓ, ਪੈਡੀ ਸਟਰਾਅ ਚੌਪਰ/ਸ਼ਰੈਡਰ/ਮਲਚਰ, ਕਰਾਪ ਰੀਪਰ, ਸ਼ਰੱਬ ਮਾਸਟਰ/ਰੋਟਰੀ ਸਲੈਸ਼ਰ ਤੇ ਕੰਬਾਈਨ 'ਤੇ ਲੱਗਣ ਵਾਲਾ ਸੁਪਰ ਐਸ.ਐਮ.ਐਸ. ਆਦਿ ਮਸ਼ੀਨਾਂ ਦੀ ਖਰੀਦ 'ਤੇ 50 ਪ੍ਰਤੀਸ਼ਤ ਤੋਂ 80 ਪ੍ਰਤੀਸ਼ਤ ਤੱਕ ਜਾਂ ਸਕੀਮ ਦੀਆਂ ਹਦਾਇਤਾਂ ਅਨੁਸਾਰ ਸਬਸਿਡੀ ਪ੍ਰਾਪਤ ਕਰਨ ਲਈ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

# ਵਿਧਾਇਕ ਰਾਏ ਨੇ ਬੀਡੀਪੀਓ ਦਫ਼ਤਰ ਤੋਂ ਸਰਹਿੰਦ ਸ਼ਹਿਰ ਨੂੰ ਜਾਣ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ



ਸ੍ਰੀ ਫਤਹਿਗੜ੍ਹ ਸਾਹਿਬ, 9 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਸ਼ਹਿਰ ਤੇ ਸਰਹਿੰਦ ਮੰਡੀ ਨੂੰ ਜੋੜਨ ਵਾਲੀ ਬੀਡੀਪੀਓ ਦਫਤਰ ਰੋਡ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਸੜਕ ਦੇ ਬਣਨ ਨਾਲ ਜਿੱਥੇ ਸ਼ਹਿਰ ਵਾਸੀਆਂ ਨੂੰ ਆਉਣ-ਜਾਣ ਦੇ ਵਿੱਚ ਆਸਾਨੀ ਹੋਵੇਗੀ, ਉਥੇ ਹੀ ਸ਼ਹੀਦੀ ਜੋੜ ਮੇਲ ਮੌਕੇ ਆਉਣ ਵਾਲੀਆਂ ਸੰਗਤਾਂ ਨੂੰ ਵੀ ਰਸਤੇ ਦਾ ਵਿਕਲਪ ਮਿਲੇਗਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਸਰਹਿੰਦ ਸ਼ਹਿਰ ਤੋਂ ਸਰਹਿੰਦ ਮੰਡੀ ਨੂੰ ਜੋੜਨ ਵਾਲੇ ਬੀਡੀਪੀਓ ਦਫਤਰ ਰੋਡ ਨੂੰ ਇੰਟਰਲਾਕ ਟਾਇਲ ਦੇ ਨਾਲ ਪੱਕਾ ਕੀਤਾ ਜਾ ਰਿਹਾ ਹੈ। ਇਸ ਦੇ ਦੋਨਾਂ ਸਾਈਡਾਂ 'ਤੇ ਡੇਢ-ਡੇਢ ਮੀਟਰ ਦੇ ਬ੍ਰੱਮ ਵੀ ਬਣਾਏ ਜਾ ਰਹੇ ਹਨ ਤੇ ਪੰਜ ਫੁੱਟ ਦਾ ਪਾਥ ਬਣਾਇਆ ਜਾ ਰਿਹਾ ਹੈ ਤਾਂ ਜੋ ਇਸ ਸੜਕ ਨੂੰ ਸੈਰਗਾਹ ਵਜੋਂ ਵੀ ਇਸਤੇਮਾਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸੇ ਸੜਕ ਦੇ ਉਤੇ ਆਉਣ ਵਾਲੇ ਦਿਨਾਂ ਦੇ ਵਿੱਚ ਇੱਕ ਪਾਰਕ ਦੀ ਉਸਾਰੀ ਹੋ ਰਹੀ ਹੈ। ਜੋ ਸ਼ਹਿਰ ਵਾਸੀਆਂ ਦੇ ਲਈ ਲਾਹੇਮੰਦ ਸਾਬਤ ਹੋਵੇਗੀ। ਪਿਛਲੇ ਲੰਬੇ ਸਮੇਂ ਤੋਂ ਸ਼ਹਿਰ ਵਾਸੀ ਇੱਥੇ ਕੂੜੇ ਦਾ ਡੰਪ ਹੋਣ ਕਾਰਨ ਬਹੁਤ ਪ੍ਰੇਸ਼ਾਨ ਸਨ, ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਸ ਡੰਪ ਨੂੰ ਚੁੱਕ ਕੇ ਸ਼ਹਿਰ ਤੋਂ ਬਾਹਰ ਕੱਢਿਆ ਗਿਆ। ਇਸ ਮੌਕੇ ਸ਼ਹਿਰ ਵਾਸੀ ਰਜੇਸ਼ ਉਪਲ ਨੇ ਕਿਹਾ ਕਿ ਉਹ ਵਿਧਾਇਕ ਲਖਬੀਰ ਸਿੰਘ ਰਾਏ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਪਹਿਲਾਂ ਗੰਦੇ ਪਾਣੀ ਦੀ ਨਿਕਾਸੀ ਦਾ ਪੱਕਾ ਹੱਲ ਕਰਵਾਇਆ ਹੁਣ ਸ਼ਹਿਰ ਦੇ ਆਲੇ-ਦੁਆਲੇ ਨੂੰ ਪੱਕਾ ਕਰਵਾਉਣ ਦੇ ਲਈ ਕੰਮ ਕਰ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਪ੍ਰੀਤ ਸਿੰਘ ਭੱਟੀ, ਏਐਸਆਈ ਬਲਜਿੰਦਰ ਸਿੰਘ, ਐਡ. ਹਰ ਕਮਲ ਸਿੰਘ, ਡਾ. ਸਨੀਤ ਕੁਮਾਰ, ਕੁਲਵਿੰਦਰ ਡੇਰਾ, ਸਨੀ ਚੋਪੜਾ, ਤਰਸੇਮ ਉਪਲ, ਹਿਤੇਸ਼ ਉਪਲ, ਮਾਸਟਰ ਸੰਤੋਖ ਸਿੰਘ, ਅਸ਼ੋਕ ਕੁਮਾਰ ਵਿੱਕੀ, ਰਜੇਸ਼ ਕੁਮਾਰ, ਬਹਾਦਰ ਜਲਾਲ, ਮੋਹਿਤ ਸੂਦ, ਐਡ. ਰੀਨਾ ਰਾਣੀ ਆਦਿ ਵੀ ਹਾਜ਼ਰ ਸਨ।

# ਸੀਆਈਏ ਵੱਲੋਂ ਦੋ ਨਸ਼ਾ ਤਸਕਰ 210 ਗ੍ਰਾਮ ਹੈਰੋਇਨ ਤੇ ਇੱਕ ਹਥਿਆਰ ਸਮੇਤ ਗ੍ਰਿਫ਼ਤਾਰ




ਜ਼ੀਰਾ, 9 ਅਪ੍ਰੈਲ (ਦੀਪਕ ਭਾਰਗੋ): ਪੰਜਾਬ ਸਰਕਾਰ ਵੱਲੋਂ ਜਿੱਥੇ ਨਸ਼ੇ ਨੂੰ ਖਤਮ ਕਰਨ ਵਾਸਤੇ ਅਲੱਗ-ਅਲੱਗ ਤਰ੍ਹਾਂ ਦੀ ਮੁਹਿੰਮ ਚਲਾਈ ਗਈ ਹੈ। ਇਸੇ ਤਰ੍ਹਾਂ ਸੀਆਈਏ ਸਟਾਫ ਜ਼ੀਰਾ ਦੀ ਟੀਮ ਵੱਲੋਂ ਐੱਸਐੱਸਪੀ ਭੁਪਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇੰਚਾਰਜ ਗੁਰਮੀਤ ਸਿੰਘ ਦੀ ਅਗਵਾਈ ਵਿੱਚ ਦੋ ਨਸ਼ਾ ਤਸਕਰਾਂ ਸਾਹਿਲ ਪੁੱਤਰ ਜੋਗਿੰਦਰ ਸਿੰਘ ਨਿਵਾਸੀ ਪਿੰਡ ਨਿਜ਼ਾਮਦੀਨ ਵਾਲਾ ਥਾਣਾ ਮੱਖੂ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਨਿਰਮਲ ਸਿੰਘ ਵਾਸੀ ਨਹਿਰ ਕਲੋਨੀ ਤਲਵੰਡੀ ਨੇਪਾਲਾਂ ਥਾਣਾ ਮੱਖੂ ਨੂੰ 210 ਗ੍ਰਾਮ ਹੈਰੋਇਨ ਇੱਕ ਗਲੋਕ ਪਿਸਤੌਲ 9 ਐਮਐਮ ਦੋ ਕਾਰਤੂਸ ਦੋ ਆਈਫੋਨ ਸਮੇਤ ਗ੍ਰਿਫ਼ਤਾਰ ਕੀਤਾ। ਇੱਥੇ ਇਹ ਵੀ ਗੱਲ ਸਾਂਝੀ ਕਰੀਏ ਕਿ ਮੱਖੂ ਦੇ ਲੋਕ ਕਹਿੰਦੇ ਹਨ ਕਿ ਮੱਖੂ ਵਿੱਚੋਂ ਨਾਜਾਇਜ਼ ਹਥਿਆਰ ਤੇ ਨਸ਼ਾ ਬਿਲਕੁਲ ਖਤਮ ਹੋ ਚੁੱਕਾ ਹੈ ਪਰ ਦੂਜੇ ਪਾਸੇ ਇਸ ਦੀ ਜਾਣਕਾਰੀ ਗੁਰਮੀਤ ਸਿੰਘ ਇੰਚਾਰਜ ਸੀਆਈਏ ਜ਼ੀਰਾ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਨੂੰ ਮੁਖਬਰ ਖਾਸ ਦੀ ਇਤਲਾ ਆਈ ਕਿ ਦੋ ਨੌਜਵਾਨ ਸਤਲੁਜ ਨਹਿਰ ਦੀ ਸੜਕ 'ਤੇ ਖੜ੍ਹੇ ਹਨ, ਜੇ ਮੌਕੇ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਇਨ੍ਹਾਂ ਕੋਲੋਂ ਹਥਿਆਰ ਤੇ ਨਸ਼ਾ ਬ੍ਰਾਮਦ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜਦ ਮੌਕੇ 'ਤੇ ਜਾ ਕੇ ਇਨ੍ਹਾਂ ਦੀ ਪੁੱਛ ਗਿੱਛ ਕੀਤੀ ਗਈ ਤਾਂ ਇਨ੍ਹਾਂ ਕੋਲੋਂ ਹੈਰੋਇਨ, ਗਲੋਕ ਪਿਸਤੌਲ, ਕਾਰਤੂਸ ਤੇ ਮੋਬਾਈਲ ਫੋਨ ਬ੍ਰਾਮਦ ਕੀਤੇ ਗਏ। ਇਨ੍ਹਾਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਅੱਗੇ ਤੇ ਪਿੱਛੇ ਦੀ ਜਾਣਕਾਰੀ ਹਾਸਲ ਕੀਤੀ ਜਾਵੇਗੀ।

# ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਸਿਹਤ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ



ਮੰਡੀ ਗੋਬਿੰਦਗੜ੍ਹ, 9 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਨੇ ਵਿਸ਼ਵ ਸਿਹਤ ਦਿਵਸ ਮੌਕੇ ਕਈ ਜਾਗਰੂਕਤਾ ਕੇਂਦ੍ਰਿਤ ਗਤੀਵਿਧੀਆਂ ਕਰਵਾਈਆਂ, ਜਿਸ ਨਾਲ ਵਿਦਿਆਰਥੀਆਂ ਤੇ ਸਮਾਜ ਵਿੱਚ ਸਿਹਤ ਤੇ ਭਲਾਈ ਦੇ ਮਹੱਤਵ ਨੂੰ ਮਜ਼ਬੂਤ ਕੀਤਾ ਗਿਆ। ਇਹ ਪ੍ਰੋਗਰਾਮ ਨਰਸਿੰਗ, ਡੈਂਟਲ ਤੇ ਫਾਰਮੇਸੀ ਵਿਭਾਗਾਂ ਵੱਲੋਂ ਸੰਸਥਾ ਦੇ ਇਨੋਵੇਸ਼ਨ ਕੌਂਸਲ ਤੇ ਅੰਦਰੂਨੀ ਗੁਣਵੱਤਾ ਭਰੋਸਾ ਸੈਲ ਦੇ ਸਹਿਯੋਗ ਨਾਲ 'ਸਿਹਤ ਲਈ ਇਕੱਠੇ: ਵਿਗਿਆਨ ਦੇ ਨਾਲ ਖੜੋ' ਥੀਮ ਹੇਠ ਕੀਤਾ ਗਿਆ। ਵਿਦਿਆਰਥੀ ਕਲੱਬਾਂ ਜਿਵੇਂ ਕਿ ਪਲੇਸਬੋ ਕਲੱਬ, ਡੈਂਟਿਸਟਰੀ ਕਲੱਬ ਤੇ ਕਮਿਊਨਿਟੀ ਕਲੱਬ ਨੇ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਈ-ਪੋਸਟਰ ਪ੍ਰੈਜ਼ਨਟੇਸ਼ਨ, ਮਾਡਲ ਪ੍ਰਦਰਸ਼ਨੀ, ਸਿਹਤ ਜਾਗਰੂਕਤਾ ਮੁਹਿੰਮਾਂ, ਕੁਇਜ਼ ਮੁਕਾਬਲੇ ਤੇ ਮੁਫ਼ਤ ਸਿਹਤ ਜਾਂਚ ਕੈਂਪ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਕੈਂਪਸ ਤੋਂ ਬਾਹਰ ਵੀ ਇਸ ਪਹਿਲ ਨੂੰ ਅੱਗੇ ਵਧਾਉਂਦੇ ਹੋਏ ਬੀਐਸਸੀ ਨਰਸਿੰਗ ਤੀਜੇ ਸਮੈਸਟਰ ਦੇ ਵਿਦਿਆਰਥੀਆਂ ਨੇ ਸਿਵਲ ਹਸਪਤਾਲ ਖੰਨਾ ਤੇ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਵਿੱਚ ਜਾਗਰੂਕਤਾ ਮੁਹਿੰਮਾਂ ਚਲਾਈਆਂ। ਉਨ੍ਹਾਂ ਜਾਣਕਾਰੀ ਭਰਪੂਰ ਭਾਸ਼ਣ ਤੇ ਸਕਿੱਟਾਂ ਰਾਹੀਂ ਲੋਕਾਂ ਨੂੰ ਜ਼ਰੂਰੀ ਸਿਹਤ ਆਦਤਾਂ ਬਾਰੇ ਸਿੱਖਿਆ ਦਿੱਤੀ। ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਉਪ-ਕੁਲਪਤੀ ਡਾ. ਹਰਸ਼ ਸਦਾਵਰਤੀ ਨੇ ਯੂਨੀਵਰਸਿਟੀ ਦੇ ਵਿਭਾਗਾਂ ਵੱਲੋਂ ਵਿਸ਼ਵ ਸਿਹਤ ਦਿਵਸ ਮਨਾਉਣ ਦੀ ਸ਼ਲਾਘਾ ਕੀਤੀ। ਸਮਾਪਤੀ 'ਤੇ ਜੇਤੂਆਂ ਦਾ ਸਨਮਾਨ ਕੀਤਾ ਗਿਆ।

# ਗੁ. ਸੰਤ ਭਵਨ ਕੁਟੀਆ ਅੰਗੀਠਾ ਸਾਹਿਬ ਰੌਲੀ ਵਿਖੇ ਅੱਖਾਂ ਦੇ ਫ੍ਰੀ ਚੈਕਅੱਪ ਤੇ ਆਪ੍ਰੇਸ਼ਨ ਕੈਂਪ ਲਗਾਏ



ਮੋਗਾ, 9 ਅਪ੍ਰੈਲ (ਸਰਬਜੀਤ ਰੌਲੀ): ਨਜ਼ਦੀਕ ਪਿੰਡ ਰੌਲੀ ਵਿਖੇ ਗੁਰਦੁਆਰਾ ਸੰਤ ਭਵਨ ਕੁਟੀਆ ਅੰਗੀਠਾ ਸਾਹਿਬ ਵਿੱਚ ਸੱਚਖੰਡ ਵਾਸੀ ਸੰਤ ਬਾਬਾ ਨਰੈਣ ਸਿੰਘ ਰੌਲੀ ਵਾਲਿਆਂ ਦੀ ਸਾਲਾਨਾ 24ਵੀਂ ਬਰਸੀ ਦੇ ਸਬੰਧ ਵਿੱਚ ਚੱਲ ਰਹੇ ਧਾਰਮਿਕ ਸਮਾਗਮਾਂ ਦੌਰਾਨ ਅੱਜ ਅੱਖਾਂ ਦਾ ਵਿਸ਼ਾਲ ਫ੍ਰੀ ਚੈਕਅੱਪ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਹ ਕੈਂਪ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲਿਆਂ ਦੀ ਸਰਪ੍ਰਸਤੀ ਹੇਠ ਤੇ ਸ਼ੰਕਰਾ ਹਸਪਤਾਲ ਮੁੱਲਾਂਪੁਰ ਦੇ ਮਾਹਿਰ ਡਾਕਟਰਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਕੈਂਪ ਦਾ ਰਸਮੀ ਉਦਘਾਟਨ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਧਰਮਪਤਨੀ ਡਾ. ਅਮਨਦੀਪ ਕੌਰ ਤੇ ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਡਾ. ਰਮਨਦੀਪ ਕੌਰ ਢੋਸ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਲਈ ਸੰਤ-ਮਹਾਂਪੁਰਸ਼ਾਂ ਵੱਲੋਂ ਕੀਤੇ ਜਾ ਰਹੇ ਉਪਰਾਲੇ ਕਾਬਿਲ-ਏ-ਤਾਰੀਫ਼ ਹਨ। ਉਨ੍ਹਾਂ ਕਿਹਾ ਕਿ ਕਿਸੇ ਲੋੜਵੰਦ ਵਿਅਕਤੀ ਨੂੰ ਅੱਖਾਂ ਦੀ ਰੋਸ਼ਨੀ ਦੇਣਾ ਸਭ ਤੋਂ ਵੱਡਾ ਪੁੰਨ ਹੈ। ਉਨ੍ਹਾਂ ਸੰਤ ਬਾਬਾ ਹਰਵਿੰਦਰ ਸਿੰਘ ਦਾ ਧੰਨਵਾਦ ਵੀ ਕੀਤਾ ਜਿਨ੍ਹਾਂ ਨੇ ਉਨ੍ਹਾਂ ਨੂੰ ਇਸ ਸੇਵਾ ਵਿੱਚ ਸ਼ਾਮਲ ਕੀਤਾ। ਸੰਤ ਬਾਬਾ ਹਰਵਿੰਦਰ ਸਿੰਘ ਖ਼ਾਲਸਾ ਰੌਲੀ ਵਾਲਿਆਂ ਨੇ ਦੱਸਿਆ ਕਿ ਕੈਂਪ ਦੌਰਾਨ 700 ਤੋਂ ਵੱਧ ਮਰੀਜ਼ਾਂ ਨੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ। ਉਨ੍ਹਾਂ ਕਿਹਾ ਕਿ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਗੁਰਦੁਆਰਾ ਸਾਹਿਬ ਦੇ ਟਰੱਸਟ ਵੱਲੋਂ ਮੁਫ਼ਤ ਕਰਵਾਏ ਜਾਣਗੇ ਤੇ ਜ਼ਰੂਰਤਮੰਦਾਂ ਨੂੰ ਐਨਕਾਂ ਵੀ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਗੁਰਦੁਆਰਾ ਸਾਹਿਬ ਪਹੁੰਚੇ ਮਹਿਮਾਨਾਂ ਦਾ ਸਨਮਾਨ ਕਰਦਿਆਂ ਸੰਤ ਬਾਬਾ ਹਰਵਿੰਦਰ ਸਿੰਘ ਵੱਲੋਂ ਡਾ. ਰਮਨਦੀਪ ਕੌਰ ਢੋਸ ਤੇ ਉਨ੍ਹਾਂ ਦੇ ਸਪੁੱਤਰ ਜੋਧਦੇਵ ਸਿੰਘ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਕੈਂਪ ਦੌਰਾਨ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਲਗਾਈ ਤੇ ਇਸ ਮਨੁੱਖਤਾ ਭਲੇ ਦੇ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ।

# ਐਸਆਰਐਨ ਸਪੈਸ਼ਲ ਸਕੂਲ ਦੇ ਬੱਚਿਆਂ ਤੇ ਮਾਪਿਆਂ ਨੇ ਇਤਿਹਾਸਕ 7 ਰੋਜ਼ਾ ਟੂਰ ਕੀਤਾ



ਅਮਲੋਹ, 9 ਅਪ੍ਰੈਲ (ਜਸਵੰਤ ਸਿੰਘ): ਐਸਆਰਐਨ ਸਪੈਸ਼ਲ ਸਕੂਲ ਇਕੋਲਾਹਾ ਵੱਲੋਂ ਮੈਨੇਜਿੰਗ ਡਾਇਰੈਕਟਰ ਜੀ.ਪ੍ਰਸ਼ਾਦ ਦੀ ਅਗਵਾਈ ਹੇਠ ਸਕੂਲ ਦੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਬਿਹਾਰ ਦੇ ਰਾਜਗਿਰ ਤੇ ਪਟਨਾ ਸਾਹਿਬ ਦਾ 7 ਰੋਜ਼ਾ ਟੂਰ ਕਰਵਾਇਆ ਗਿਆ। ਮਾਪਿਆਂ ਨੂੰ ਆਪਣੇ ਬੱਚਿਆਂ ਨਾਲ ਅੰਬਾਲਾ ਕੈਂਟ ਤੋਂ ਰੇਲ ਗੱਡੀ ਰਾਹੀਂ 22 ਘੰਟੇ ਦੇ ਕਰੀਬ ਇਕੱਠੇ ਸਕੂਲ ਸਟਾਫ਼ ਸਮੇਤ ਟੂਰ ਕਰਨ ਉਪਰੰਤ ਇੱਕ ਏਸੀ ਬੱਸ ਰਾਹੀਂ ਰਾਜਗਿਰ ਦੇ ਸ਼ਾਨਦਾਰ ਹੋਟਲ 'ਸਾਗਰ ਇਨ' ਵਿੱਚ ਲਿਜਾਇਆ ਗਿਆ। ਸਕੂਲ ਵੱਲੋਂ ਸ਼ਾਨਦਾਰ ਖਾਣ-ਪੀਣ, ਘੁੰਮਣ ਤੇ ਰਹਿਣ ਦਾ ਪ੍ਰਬੰਧ ਕੀਤਾ ਗਿਆ। ਟੂਰ ਦੌਰਾਨ ਵੱਖ-ਵੱਖ ਦਿਨਾਂ ਵਿੱਚ 'ਕੱਚ ਦਾ ਪੁੱਲ', 'ਜੂਅ ਸਵਾਰੀ' ਲਈ ਵਿਸ਼ੇਸ਼ ਗੱਡੀ ਰਾਹੀਂ ਭੇਜਣ ਦਾ ਪ੍ਰਬੰਧ ਕੀਤਾ ਗਿਆ। ਤਪੋਬਨ ਜਿਥੇ 'ਜਰਾਸਨ ਦਾ ਅਖਾੜਾ' ਹੈ ਤੇ ਕਿਹਾ ਜਾਂਦਾ ਹੈ ਕਿ ਇਥੇ ਜਰਾਸਨ ਤੇ ਭੀਮ ਵਿਚਕਾਰ 28 ਦਿਨ ਯੁੱਧ ਬਾਅਦ ਉਸ ਦੀ ਮੌਤ ਹੋਈ, 'ਸੋਨ ਭੰਡਾਰ', ਗਰਮ ਪਾਣੀ ਦਾ ਕੁੰਡ, ਸ਼ਾਂਤੀ ਸਰੂਪ ਲਛਮਣ ਝੂਲਾ, ਘੋੜਾ ਕਟੋਰਾ, ਮੰਦਰ ਮਨਿਆਰ ਮੱਠ, ਨੰਦਾ ਵਿਸ਼ਵ ਵਿਦਿਆਲਿਆ, ਪਾਵਾ ਪੁਰੀ ਜਲ ਮੰਦਰ, ਟਰਾਲੀ ਰਾਹੀਂ ਬੁੱਧ ਮੱਠ, ਪਾਰਕ ਆਦਿ ਦੇਖਣ ਉਪਰੰਤ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਜਨਮ ਸਥਾਨ ਪਟਨਾ ਸਾਹਿਬ ਦਾ ਦੌਰਾ ਕਰਵਾਇਆ, ਜਿਥੇ 'ਤਾਰਾ ਮੰਡਲ' ਜਿਸ ਨਾਲ 'ਬ੍ਰਹਿਮੰਡ' ਦੀ ਜਾਣਕਾਰੀ ਮਿਲੀ। ਇਨ੍ਹਾਂ ਬੱਚਿਆਂ ਨੂੰ ਇਨ੍ਹਾਂ ਇਤਿਹਾਸਕ ਤੇ ਧਾਰਮਿਕ ਸਥਾਨਾਂ ਨੂੰ ਦੇਖਣ ਦਾ ਮੌਕਾ ਮਿਲਿਆ। ਇਸ ਮੌਕੇ ਮਾਪਿਆਂ ਵਿੱਚੋਂ ਭੂਸ਼ਨ ਸੂਦ, ਮੰਜੂ ਸੂਦ, ਐਡ. ਅਕਾਸ਼ ਵਰਮਾ, ਅਨੂੰ ਵਰਮਾ ਬੱਚਿਆਂ ਵਿੱਚੋਂ ਗਿੰਨੀ ਸੂਦ, ਅਭੀਸ਼ੇਕ, ਦੀਪ ਫਤਿਹ ਸਿੰਘ, ਅਮਿਤ ਚੋਪੜਾ ਤੇ ਯਸ਼ਦੀਪ ਆਦਿ ਤੇ ਸਕੂਲ ਸਟਾਫ਼ ਵੱਲੋਂ ਜੀ. ਪ੍ਰਸ਼ਾਦ, ਸ਼ਸ਼ੀ ਪ੍ਰਭਾ, ਵਿਨੀ ਪ੍ਰਮਾਨਿਕ, ਪਰੇਸ ਕੁਮਾਰ ਪ੍ਰਮਾਨਿਕ ਤੇ ਨਿਧੀ ਪ੍ਰਸ਼ਾਦ ਆਦਿ ਸਾਮਲ ਸਨ। ਅੰਤ ਵਿੱਚ ਇਹ ਮਿੱਠੀਆਂ ਯਾਦਾਂ ਛੱਡਦਾ ਹੋਇਆ ਟੂਰ ਰੇਲ ਗੱਡੀ ਰਾਹੀਂ ਅੰਬਾਲਾ ਪਹੁੰਚਣ 'ਤੇ ਸਮਾਪਤ ਹੋਇਆ।

# ਬਾਰਿਸ਼ ਨਾਲ ਖ਼ਰਾਬ ਫਸਲਾਂ ਦਾ ਸਰਕਾਰ ਤੁਰੰਤ ਮੁਆਵਜ਼ਾ ਦੇਵੇ: ਬਾਂਸਲ



ਮੋਗਾ, 9 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਕੁਝ ਪਿੰਡਾਂ ਵਿੱਚ ਕੁਝ ਦਿਨ ਪਹਿਲਾਂ ਤੇਜ਼ ਬਾਰਿਸ਼ ਤੇ ਗੜ੍ਹੇਮਾਰੀ ਹੋਣ ਕਾਰਨ ਫਸਲਾਂ ਬਰਬਾਦ ਹੋਈਆਂ ਹਨ, ਕੀ ਪੰਜਾਬ ਸਰਕਾਰ ਇਸ ਦਾ ਮੁਆਵਜ਼ਾ ਦੇਵੇਗੀ, ਕਿਉਂਕਿ ਇਸ ਟਾਈਮ ਪੰਜਾਬ ਦਾ ਅੰਨਦਾਤਾ ਬੜੇ ਮੁਸ਼ਕਿਲ ਟਾਈਮ ਵਿੱਚੋਂ ਨਿਕਲ ਰਿਹਾ ਹੈ, ਦੂਸਰੀ ਕੁਝ ਦਿਨ ਪਹਿਲਾਂ ਰੱਬ ਦੀ ਕਰੋਪੀ ਨੇ ਅੰਨਦਾਤੇ ਦੀਆਂ ਸਾਰੀ ਫਸਲਾਂ ਬਰਬਾਦ ਕਰ ਦਿੱਤੀਆਂ ਹਨ, ਜਿਸ ਨਾਲ ਕਿਸਾਨਾਂ ਦਾ ਬਹੁਤ ਬੁਰਾ ਹਾਲ ਹੋ ਚੁੱਕਾ ਹੈ। ਕਿਸਾਨਾਂ ਦੇ ਅੱਥਰੂ ਰੁਕਣ ਦਾ ਨਾਮ ਨਹੀਂ ਲੈ ਰਹੇ, ਹੁਣ ਆਪ ਸਰਕਾਰ ਕਹਿ ਰਹੀ ਹੈ ਕਿ ਅਸੀਂ ਕਿਸਾਨਾਂ ਦੀ ਫਸਲ ਦੀ ਭਰਪਾਈ ਕਰਾਂਗੇ ਕਿ ਸੱਚਮੁੱਚ ਇਹ ਸਰਕਾਰ ਕਿਸਾਨਾਂ ਦੀ ਭਰਪਾਈ ਕਰਦੀ ਹੈ ਜਾਂ ਫਿਰ ਸਿਰਫ ਨਹੀਂ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਵਿਨੋਦ ਬਾਂਸਲ ਨੇ ਕੀਤਾ, ਹੁਣ ਆਪਾਂ ਅੱਗੇ ਦੇਖਦੇ ਹਾਂ ਕਿ ਪੰਜਾਬ ਸਰਕਾਰ ਕਿਸਾਨਾਂ ਨਾਲ ਕਿਵੇਂ ਪੇਸ਼ ਆਉਂਦੀ ਹੈ।

# ਮੋਬਾਈਲ ਦੀ ਵੱਧ ਰਹੀ ਵਰਤੋਂ ਖ਼ਿਲਾਫ਼ ਹੋਲੀ ਹਾਰਟ ਕਾਨਵੈਂਟ ਸਕੂਲ ਨੇ ਵਿਦਿਆਰਥੀਆਂ ਨੂੰ ਸਿਹਤ, ਪੜ੍ਹਾਈ ਤੇ ਨੈਤਿਕ ਕਦਰਾਂ ਵੱਲ ਪ੍ਰੇਰਿਤ ਕਰਨ ਲਈ ਕਰਵਾਈ ਜਾਗਰੂਕਤਾ ਗਤੀਵਿਧੀ



ਮੋਗਾ, 9 ਅਪ੍ਰੈਲ (ਨਿਸ਼ੀ ਮਨਚੰਦਾ): ਸਥਾਨਕ ਹੋਲੀ ਹਾਰਟ ਕਾਨਵੈਂਟ ਸਕੂਲ, ਮੋਗਾ ਵੱਲੋਂ ਵਿਦਿਆਰਥੀਆਂ ਨੂੰ ਮੋਬਾਈਲ ਫੋਨ ਦੀ ਵੱਧ ਰਹੀ ਵਰਤੋਂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਤਕਨਾਲੋਜੀ ਦੇ ਅਤਿ ਪ੍ਰਭਾਵ ਤੋਂ ਬਚਾਅ ਕੇ ਉਨ੍ਹਾਂ ਨੂੰ ਪੜ੍ਹਾਈ, ਅਨੁਸ਼ਾਸਨ ਤੇ ਨੈਤਿਕ ਮੁੱਲਾਂ ਵੱਲ ਪ੍ਰੇਰਿਤ ਕਰਨਾ ਸੀ। ਇਸ ਦੌਰਾਨ ਅਧਿਆਪਕਾਂ ਵੱਲੋਂ ਰੋਲ-ਪਲੇਅ, ਪ੍ਰੈਜ਼ਨਟੇਸ਼ਨ ਤੇ ਛੋਟੇ ਨਾਟਕਾਂ ਰਾਹੀਂ ਬੱਚਿਆਂ ਨੂੰ ਸਮਝਾਇਆ ਗਿਆ ਕਿ ਮੋਬਾਈਲ ਦੀ ਬੇਹਿਸਾਬ ਵਰਤੋਂ ਉਨ੍ਹਾਂ ਦੀ ਸਿਹਤ ਤੇ ਮਨੋਵਿਗਿਆਨਿਕ ਵਿਕਾਸ ਲਈ ਕਿਵੇਂ ਹਾਨੀਕਾਰਕ ਹੈ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਲੰਬੇ ਸਮੇਂ ਤੱਕ ਮੋਬਾਈਲ ਦੇ ਇਸਤੇਮਾਲ ਨਾਲ ਅੱਖਾਂ ਦੀ ਰੋਸ਼ਨੀ 'ਤੇ ਬੁਰਾ ਅਸਰ ਪੈਂਦਾ ਹੈ, ਨੀਂਦ ਦੀ ਕਮੀ ਹੁੰਦੀ ਹੈ ਤੇ ਧਿਆਨ ਕੇਂਦ੍ਰਿਤ ਕਰਨ ਦੀ ਸਮਰੱਥਾ ਘੱਟ ਜਾਂਦੀ ਹੈ। ਅਧਿਆਪਕਾਂ ਨੇ ਇਹ ਵੀ ਉਜਾਗਰ ਕੀਤਾ ਕਿ ਅਸਲ ਸਿੱਖਿਆ ਕਿਤਾਬਾਂ ਤੇ ਲਗਾਤਾਰ ਮਿਹਨਤ ਨਾਲ ਮਿਲਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮੋਬਾਈਲ ਗੇਮਾਂ ਦੀ ਬਜਾਏ ਮੈਦਾਨੀ ਖੇਡਾਂ ਵੱਲ ਰੁਝਾਨ ਵਧਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਉਨ੍ਹਾਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਸੰਤੁਲਿਤ ਢੰਗ ਨਾਲ ਹੋ ਸਕੇ। ਸਕੂਲ ਦੇ ਪ੍ਰਿੰਸੀਪਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅੱਜ ਦੇ ਸਮੇਂ ਵਿੱਚ ਮੋਬਾਈਲ ਫੋਨ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੋਬਾਈਲ ਸਾਡੀ ਸਹੂਲਤ ਲਈ ਬਣਾਇਆ ਗਿਆ ਸਾਧਨ ਹੈ, ਪਰ ਇਸ ਦੀ ਅਤਿ ਵਰਤੋਂ ਬੱਚਿਆਂ ਦੇ ਭਵਿੱਖ ਲਈ ਖਤਰਾ ਬਣ ਸਕਦੀ ਹੈ। ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਇਸਦੀ ਵਰਤੋਂ ਸਿਰਫ਼ ਜ਼ਰੂਰਤ ਤੱਕ ਹੀ ਸੀਮਿਤ ਰੱਖਣ ਤੇ ਆਪਣਾ ਧਿਆਨ ਪੜ੍ਹਾਈ ਤੇ ਚੰਗੀਆਂ ਆਦਤਾਂ ਵੱਲ ਕੇਂਦ੍ਰਿਤ ਕਰਨ।

# ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਦੇ ਨਾਲ ਮਿਲ ਕੇ ਵਿਸ਼ਵ ਸਿਹਤ ਦਿਵਸ ਮਨਾਇਆ




ਫਿਰੋਜ਼ਪੁਰ, 9 ਅਪ੍ਰੈਲ (ਤਿਵਾੜੀ): ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਨਾਲ ਸਾਂਝੇਦਾਰੀ ਵਿੱਚ ਵਿਸ਼ਵ ਸਿਹਤ ਦਿਵਸ ਮਨਾਉਣ ਲਈ ਪ੍ਰੈਸ ਕਾਨਫਰੰਸ ਦਾ ਆਯੋਜਨ ਕੀਤਾ। ਇਸ ਮੌਕੇ 'ਤੇ ਹਸਪਤਾਲ ਨੇ ਭਾਈਚਾਰੇ ਲਈ ਸੌਖੀਆਂ, ਸਸਤੀ ਤੇ ਉਨਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਇਸ ਸਾਲ ਦਾ ਵਿਸ਼ਾ ਸੀ: ਸਿਹਤ ਲਈ ਇਕਜੁਟ ਹੋਵੋ, ਵਿਗਿਆਨ ਦੇ ਨਾਲ ਖੜ੍ਹੇ ਹੋਵੋ। ਇਹ ਵਿਸ਼ਾ ਹਸਪਤਾਲ ਦੇ ਮਿਸ਼ਨ ਨਾਲ ਮੇਲ ਖਾਂਦਾ ਹੈ, ਜੋ ਖੇਤਰ ਵਿੱਚ ਗੁਣਵੱਤਾਪੂਰਨ ਸਿਹਤ ਸੇਵਾਵਾਂ ਵਧਾਉਣ 'ਤੇ ਧਿਆਨ ਕੇਂਦਰਿਤ ਹੈ। ਪ੍ਰੈਸ ਕਾਨਫਰੰਸ ਦੌਰਾਨ ਸੀਨੀਅਰ ਡਾਕਟਰਾਂ ਨੇ ਨਿਵਾਰਕ ਸਿਹਤ ਦੇਖਭਾਲ ਤੇ ਆਧੁਨਿਕ ਚਿਕਿਤਸਾ ਇਲਾਜ ਵਿੱਚ ਤਰੱਕੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਮੁੱਖ ਹਾਜ਼ਰੀ ਡਾਕਟਰਾਂ ਵਿੱਚ ਸ਼ਾਮਲ ਸਨ: ਡਾ. ਹਕੀਮ ਇਰਫਾਨ ਸ਼ੌਕਤ (ਸੀਨੀਅਰ ਸਲਾਹਕਾਰ ਤੇ ਡਾਇਰੈਕਟਰ, ਕੈਥ ਲੈਬ), ਡਾ. ਚੇਤਨ ਕੁਮਾਰ ਐਨਜੀ (ਸੀਨੀਅਰ ਸਲਾਹਕਾਰ, ਪਲਮੋਨੋਲੋਜੀ ਤੇ ਕ੍ਰਿਟੀਕਲ ਕੇਅਰ), ਡਾ. ਆਰਿਫ ਹੁਸੈਨ ਸਰਮਸਤ (ਸੀਨੀਅਰ ਸਲਾਹਕਾਰ, ਨਿਊਰੋ ਤੇ ਸਪਾਈਨ), ਡਾ. ਕੰਵਲਜੀਤ ਸਿੰਘ (ਕੰਸਲਟੈਂਟ, ਜਨਰਲ ਸਰਜਰੀ) ਤੇ ਡਾ. (ਮੇਜਰ) ਡੇਵਿਡ ਔਗਸਟਿਨ (ਸੀਨੀਅਰ ਸਲਾਹਕਾਰ, ਬਾਲ ਰੋਗ ਤੇ ਨਿਓਨੇਟੋਲੋਜੀ)। ਹਸਪਤਾਲ ਦੀ ਡਾਇਰੈਕਟਰ ਡਾ. ਅਮਨਦੀਪ ਕੌਰ ਨੇ ਕਿਹਾ ਕਿ ਇਸ ਸਾਂਝੇਦਾਰੀ ਨਾਲ ਆਧੁਨਿਕ ਤਕਨਾਲੋਜੀ ਤੇ ਵਿਸ਼ੇਸ਼ਗਤਾ ਦਾ ਲਾਭ ਮਿਲ ਰਿਹਾ ਹੈ, ਜਿਸ ਨਾਲ ਮਰੀਜ਼ਾਂ ਨੂੰ ਸਭ ਤੋਂ ਵਧੀਆ ਦੇਖਭਾਲ ਮਿਲਦੀ ਹੈ। ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਕਿਹਾ ਕਿ ਹਸਪਤਾਲ ਸਥਾਨਕ ਸਿਹਤ ਭਲਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ ਤੇ ਇਹ ਸਹੂਲਤ ਫਿਰੋਜ਼ਪੁਰ ਵਾਸੀਆਂ ਲਈ ਬਿਹਤਰ ਚਿਕਿਤਸਾ ਢਾਂਚਾ ਮੁਹੱਈਆ ਕਰਨ ਲਈ ਸਮਰਪਿਤ ਹੈ। ਅਮਨਦੀਪ ਗਰੁੱਪ 750 ਤੋਂ ਵੱਧ ਬੈਡ ਤੇ ਛੇ ਰਣਨੀਤਿਕ ਸਥਾਨਾਂ 'ਤੇ 170 ਤੋਂ ਵੱਧ ਵਿਸ਼ੇਸ਼ਜ ਡਾਕਟਰਾਂ ਦੀ ਟੀਮ ਨਾਲ ਕੰਮ ਕਰਦਾ ਹੈ। ਹੁਣ ਤੱਕ 25 ਲੱਖ ਤੋਂ ਵੱਧ ਮਰੀਜ਼ਾਂ ਦਾ ਸਫਲ ਇਲਾਜ ਕਰ ਚੁੱਕਾ ਇਹ ਗਰੁੱਪ ਖੇਤਰ ਵਿੱਚ ਸੌਖੀ ਤੇ ਕਿਫਾਇਤੀ ਸਿਹਤ ਸੇਵਾਵਾਂ ਦਾ ਮਿਆਰ ਵਧਾਉਣ ਵਿੱਚ ਅੱਗੇ ਰਹਿਣ ਵਾਲਾ ਹੈ।

# ਜਗਰਾਓਂ ਵਿਖੇ ਨਵੀਂ ਵਾਰਡਬੰਦੀ ਅਨੁਸਾਰ ਪੈਣਗੀਆਂ ਵੋਟਾਂ; ਵਿਧਾਇਕਾ ਮਾਣੂੰਕੇ ਨੇ ਨਕਸ਼ਾ ਕੀਤਾ ਜਾਰੀ



ਜਗਰਾਓਂ, 9 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਹਲਕਾ ਜਗਰਾਓਂ ਦੀ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਨੇ ਸ਼ਹਿਰ ਵਾਸੀਆਂ ਨਾਲ ਇੱਕ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਹੈ ਕਿ ਜਗਰਾਓਂ ਨਗਰ ਕੌਂਸਲ ਦੀਆਂ ਆਉਣ ਵਾਲੀਆਂ ਚੋਣਾਂ ਨਵੀਂ ਵਾਰਡਬੰਦੀ ਦੇ ਆਧਾਰ ’ਤੇ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਹੀ ਉਨ੍ਹਾਂ ਨੇ ਨਵੇਂ ਵਾਰਡਾਂ ਦਾ ਅਧਿਕਾਰਤ ਨਕਸ਼ਾ ਵੀ ਜਾਰੀ ਕਰ ਦਿੱਤਾ ਹੈ, ਤਾਂ ਜੋ ਲੋਕਾਂ ਨੂੰ ਆਪਣੇ ਵਾਰਡਾਂ ਦੀ ਸਥਿਤੀ ਬਾਰੇ ਸਪੱਸ਼ਟਤਾ ਹੋ ਸਕੇ। ਵਿਧਾਇਕਾ ਮਾਣੂੰਕੇ ਨੇ ਦੱਸਿਆ ਕਿ ਸ਼ਹਿਰ ਦੇ ਵਿਸਥਾਰ ਅਤੇ ਅਬਾਦੀ ਦੇ ਸੰਤੁਲਨ ਨੂੰ ਮੁੱਖ ਰੱਖਦੇ ਹੋਏ ਇਹ ਨਵੀਂ ਵਾਰਡਬੰਦੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਵਾਰਡਾਂ ਦੀਆਂ ਹੱਦਾਂ ਨੂੰ ਲੈ ਕੇ ਲੋਕਾਂ ਵਿੱਚ ਭੰਬਲਭੂਸਾ ਰਹਿੰਦਾ ਸੀ, ਜਿਸ ਨੂੰ ਦੂਰ ਕਰਨ ਲਈ ਨਕਸ਼ਾ ਜਾਰੀ ਕਰਨਾ ਜ਼ਰੂਰੀ ਸੀ। ਹੁਣ ਸ਼ਹਿਰ ਵਾਸੀ ਇਸ ਨਕਸ਼ੇ ਰਾਹੀਂ ਆਸਾਨੀ ਨਾਲ ਦੇਖ ਸਕਦੇ ਹਨ ਕਿ ਉਨ੍ਹਾਂ ਦਾ ਘਰ ਜਾਂ ਇਲਾਕਾ ਕਿਸ ਵਾਰਡ ਦੇ ਅਧੀਨ ਆਉਂਦਾ ਹੈ।ਬੀਬੀ ਮਾਣੂੰਕੇ ਨੇ ਅੱਗੇ ਕਿਹਾ ਕਿ ਨਵੀਂ ਵਾਰਡਬੰਦੀ ਨਾਲ ਪ੍ਰਸ਼ਾਸਨਿਕ ਕੰਮਾਂ ਅਤੇ ਵਿਕਾਸ ਕਾਰਜਾਂ ਵਿੱਚ ਹੋਰ ਪਾਰਦਰਸ਼ਤਾ ਆਵੇਗੀ।ਹਰੇਕ ਵਾਰਡ ਵਿੱਚ ਬਰਾਬਰ ਵਿਕਾਸ ਨੂੰ ਯਕੀਨੀ ਬਣਾਉਣ ਲਈ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਆਉਣ ਵਾਲੀਆਂ ਚੋਣਾਂ ਲੋਕਤੰਤਰੀ ਢੰਗ ਨਾਲ ਕਰਵਾਈਆਂ ਜਾਣਗੀਆਂ ਅਤੇ ਸ਼ਹਿਰ ਦੇ ਵਿਕਾਸ ਲਈ ਸਰਕਾਰ ਵਚਨਬੱਧ ਹੈ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਵੀਂ ਵਾਰਡਬੰਦੀ ਅਨੁਸਾਰ ਆਪਣੀਆਂ ਵੋਟਾਂ ਦੀ ਸੁਧਾਈ ਕਰ ਲੈਣ ਤਾਂ ਜੋ ਵੋਟਿੰਗ ਪ੍ਰਕਿਰਿਆ ਦੌਰਾਨ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ।

# ਜਗਰਾਓਂ ਵਿਖੇ ਆੜ੍ਹਤੀ ਐਸੋਸੀਏਸ਼ਨ ਨੇ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਨੂੰ ਦਿੱਤੀ ਮੁਬਾਰਕਬਾਦ



ਜਗਰਾਓਂ, 9 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਅੱਜ ਏਸ਼ੀਆ ਦੀ ਸਭ ਤੋਂ ਵੱਡੀ ਦਾਣਾ ਮੰਡੀ ਜਗਰਾਓਂ ਵਿਖੇ ਆੜ੍ਹਤੀ ਐਸੋਸੀਏਸ਼ਨ ਜਗਰਾਓਂ ਦੇ ਪ੍ਰਧਾਨ ਬੰਕਾ ਜੀ ਦੀ ਦੁਕਾਨ ’ਤੇ ਉਹਨਾਂ ਦੀ ਪ੍ਰਧਾਨਗੀ ਦੀ ਨਵ ਨਿਯੁਕਤੀ ’ਤੇ ਪੰਜਾਬ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਸਤਿਕਾਰਯੋਗ ਸ੍ਰੀ ਵਿਜੇ ਦਾਨਵ ਜੀ ਵਿਸ਼ੇਸ਼ ਤੌਰ ’ਤੇ ਬੰਕਾ ਜੀ ਨੂੰ ਤੀਸਰੀ ਵਾਰ ਆੜ੍ਹਤੀ ਐਸੋਸੀਏਸ਼ਨ ਜਗਰਾਓਂ ਦੀ ਪ੍ਰਧਾਨਗੀ ਮਿਲਣ ’ਤੇ ਉਹਨਾਂ ਦਾ ਮੂੰਹ ਮਿੱਠਾ ਕਰਵਾਉਣ ਵਿਸ਼ੇਸ਼ ਤੌਰ ’ਤੇ ਜਗਰਾਓਂ ਪਹੁੰਚੇ। ਦਾਣਾ ਮੰਡੀ ਜਗਰਾਓਂ ਵਿਖੇ ਪਹੁੰਚ ਕੇ ਚੇਅਰਮੈਨ ਸ਼੍ਰੀ ਵਿਜੇ ਦਾਨਵ ਜੀ ਨੇ ਬੰਕਾ ਜੀ ਨੂੰ ਸਿਰੋਪਾ ਪਾ ਕੇ ਅਤੇ ਲੱਡੂ ਨਾਲ ਮੂੰਹ ਮਿੱਠਾ ਕਰਵਾ ਕੇ ਬੰਕਾ ਜੀ ਨੂੰ ਵਧਾਈ ਦਿੱਤੀ। ਇਸ ਮੌਕੇ ’ਤੇ ਉਹਨਾਂ ਦੇ ਨਾਲ ਆਪ ਆਗੂ ਗੋਪੀ ਸ਼ਰਮਾ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ। ਬਾਂਕਾ ਜੀ ਦੀ ਦੁਕਾਨ ’ਤੇ ਇੱਕ ਵਿਸ਼ਾਲ ਇਕੱਠ ਨੇ ਚੇਅਰਮੈਨ ਵਿਜੇ ਦਾਨਵ ਦਾ ਸਵਾਗਤ ਕੀਤਾ ਅਤੇ ਜੀ ਆਇਆਂ ਆਖਿਆ। ਵਿਜੇ ਦਾਨਵ ਨੇ ਆਖਿਆ ਕੀ ਉਹ ਵਿਸ਼ੇਸ਼ ਤੌਰ ’ਤੇ ਸਾਡੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲ ਕਰਕੇ ਉਹਨਾਂ ਨੂੰ ਜਗਰਾਓਂ ਸ਼ਹੀਦ ਲਾਲਾ ਲਾਜਪਤ ਰਾਏ ਜੀ ਦੇ ਗ੍ਰਹਿ ਵਿਖੇ ਵੀ ਲੈ ਕੇ ਆਉਣਗੇ। ਆੜ੍ਹਤੀ ਐਸੋਸੀਏਸ਼ਨ ਜਗਰਾਓਂ ਨੇ ਆਪਣੀ ਦਾਮੀ ਦਾ ਮੁੱਦਾ ਵੀ ਚੇਅਰਮੈਨ ਵਿਜੇ ਦਾਨਵ ਕੋਲ ਰੱਖਿਆ। ਵਿਜੇ ਦਾਨਵ ਨੇ ਭਰੋਸਾ ਜਤਾਇਆ ਕੀ ਜਲਦ ਤੋਂ ਜਲਦ ਭਗਵੰਤ ਮਾਨ ਦੇ ਧਿਆਨ ਵਿੱਚ ਲਿਆ ਕੇ ਆੜ੍ਹਤੀਆਂ ਦੇ ਇਸ ਮੁੱਦੇ ਦਾ ਹੱਲ ਕਰਾਉਣ ਦੇ ਵਿੱਚ ਮੱਦਦ ਕਰਨਗੇ। ਇਸ ਮੌਕੇ ’ਤੇ ਰਾਜ ਕੁਮਾਰ ਭੱਲਾ ਜ਼ਿਲ੍ਹਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਰਜਿੰਦਰ ਜੈਨ ਸਮਾਜ ਸੇਵੀ , ਅੰਕੁਰ ਗੁਪਤਾ ਪ੍ਰਧਾਨ ਸ਼ੈਲਰ ਐਸੋਸੀਏਸ਼ਨ, ਜਗਜੀਤ ਸਿੰਘ ਸਿੱਧੂ, ਬਲਵਿੰਦਰ ਸਿੰਘ ਗਰੇਵਾਲ, ਅਵਤਾਰ ਸਿੰਘ ਬਿੱਲਾ ਪ੍ਰਧਾਨ ਪੰਜਾਬ ਲੇਬਰ ਯੂਨੀਅਨ, ਪਿਰਥੀ ਸਿੰਘ ਅਖਾੜਾ ਟਰੱਕ ਯੂਨੀਅਨ ,ਜਿੰਦਰ ਪਾਲ ਧੀਮਾਨ ਪ੍ਰਧਾਨ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ, ਦੇਵਰਾਜ ਪ੍ਰਧਾਨ ਗੱਲਾਂ ਮਜ਼ਦੂਰ ਯੂਨੀਅਨ, ਅਸ਼ੋਕ ਮੰਗਲਾ ਦਾਲਮਿਲ ਐਸੋਸੀਏਸ਼ਨ, ਧਰਮਵੀਰ ਗੋਇਲ ਪ੍ਰਧਾਨ ਗਊਸ਼ਾਲਾ, ਮੁਕੇਸ਼ ਬੰਸਲ ਪ੍ਰਧਾਨ ਬਾਲਾ ਸੰਕੀਰਤਨ ਮੰਡਲ, ਸਤੀਸ਼ ਕੁਮਾਰ ਪੱਪੂ ਸਾਬਕਾ ਪ੍ਰਧਾਨ ਨਗਰ ਕੌਂਸਲ, ਯੋਗੇਸ਼ ਜੈਨ, ਅਸ਼ੋਕ ਢੰਡ, ਵਿਨੋਦ ਕੁਮਾਰ ਟੀਟੂ, ਜਤਿੰਦਰ ਸਿੰਘ ਸਰਾਂ ਸਕੱਤਰ, ਗੁਰਮੀਤ ਸਿੰਘ ਵਾਈਸ ਪ੍ਰਧਾਨ, ਨਵੀਨ ਸਿੰਘਲਾ, ਰਜਿੰਦਰ ਜੈਨ ਕਾਕਾ, ਬੂਟਾ ਸਿੰਘ ਗਰੇਵਾਲ, ਮਨੋਹਰ ਲਾਲ, ਅਨਮੋਲ ਗੁਪਤਾ ਕੌਂਸਲਰ ,ਸਤੀਸ਼ ਬਾਂਸਲ ਪ੍ਰਧਾਨ ਫਰਟੀਲਾਈਜ਼ਰ ਐਸੋਸੀਏਸ਼ਨ, ਪ੍ਰੇਮਪਾਲ ਸ਼ਰਮਾ, ਕ੍ਰਿਸ਼ਨ ਕੁਮਾਰ, ਨਰੇਸ਼ ਵਰਮਾ, ਨਰਿੰਦਰ ਸਿਆਲ ਆਦੀ ਹਾਜ਼ਰ ਸਨ।

# ਕੁਹਾੜਾ ਚੌਂਕ ਵਿੱਚ ਸਰਕਾਰੀ ਬੱਸਾਂ ਨਾ ਰੁਕਣ ਕਾਰਨ ਲੋਕ ਪ੍ਰੇਸ਼ਾਨ

## ਬੀ.ਕੇ.ਯੂ. ਲੱਖੋਵਾਲ ਨੇ ਧਰਨੇ ਦੀ ਦਿੱਤੀ ਚਿਤਾਵਨੀ



ਸਾਹਨੇਵਾਲ ਕੁਹਾੜਾ, 9 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਚੰਡੀਗੜ੍ਹ- ਲੁਧਿਆਣਾ ਮਾਰਗ ਤੇ ਸਥਿਤ ਕੁਹਾੜਾ ਚੌਂਕ ਵਿੱਚ ਉਸ ਵੇਲੇ ਹੰਗਾਮੇ ਵਾਲਾ ਮਾਹੌਲ ਬਣ ਗਿਆ ਜਦੋਂ ਪੰਜਾਬ ਰੋਡਵੇਜ਼ ਦੇ ਬੱਸ ਚਾਲਕਾਂ ਵੱਲੋਂ ਇਸ ਚੌਕ ਵਿੱਚ ਬੱਸਾਂ ਰਾਹੀ ਆਪਣੇ ਕੰਮਕਾਰ ਕਰਨ ਵਾਸਤੇ ਜਾਣ ਵਾਲੀਆਂ ਇਸਤਰੀਆਂ ਨੂੰ ਆਪਣੀਆਂ ਬੱਸਾਂ ਵਿੱਚ ਲਿਜਾਣ ਤੋਂ ਇਨਕਾਰ ਕੀਤਾ ਗਿਆ। ਇਸ ਘਟਨਾ ਕਾਰਨ ਮੌਕੇ ‘ਤੇ ਮਹਿਲਾਵਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ ਅਤੇ ਉਹ ਲੰਮੇ ਸਮੇਂ ਤੱਕ ਅੱਡੇ ‘ਤੇ ਸਰਕਾਰੀ ਬੱਸਾਂ ਦੀ ਖੜ੍ਹੀਆਂ ਉਡੀਕ ਕਰਦੀਆਂ ਰਹੀਆਂ।

ਇਸ ਦੌਰਾਨ ਮੌਕੇ ‘ਤੇ ਪਹੁੰਚੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਮੀਤ ਪ੍ਰਧਾਨ ਗਿਆਨ ਸਿੰਘ ਮੰਡ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਬੱਸ ਚਾਲਕਾਂ ਨੂੰ ਘੇਰ ਲਿਆ ਅਤੇ ਕੜੀ ਨਾਰਾਜ਼ਗੀ ਜਤਾਈ। ਉਨ੍ਹਾਂ ਕਿਹਾ ਕਿ ਜਦੋਂ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਮੁਫ਼ਤ ਯਾਤਰਾ ਦੀ ਸਹੂਲਤ ਦਿੱਤੀ ਗਈ ਹੈ ਤਾਂ ਫਿਰ ਬੱਸ ਕਰਮਚਾਰੀ ਇਸਨੂੰ ਲਾਗੂ ਕਰਨ ਤੋਂ ਕਿਉਂ ਇਨਕਾਰ ਕਰ ਰਹੇ ਹਨ।

ਗਿਆਨ ਸਿੰਘ ਮੰਡ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਰੋਡਵੇਜ ਵਾਲਿਆਂ ਵੱਲੋਂ ਮਹਿਲਾਵਾਂ ਨਾਲ ਇਹ ਭੇਦਭਾਵ ਤੁਰੰਤ ਬੰਦ ਨਾ ਕੀਤਾ ਗਿਆ ਤਾਂ ਬੀ.ਕੇ.ਯੂ. ਲੱਖੋਵਾਲ ਵੱਲੋਂ ਕੁਹਾੜਾ ਚੌਂਕ ‘ਤੇ ਪੱਕਾ ਧਰਨਾ ਲਗਾਕੇ ਇਸ ਸੰਘਰਸ਼ ਨੂੰ ਭਗਵੰਤ ਸਿੰਘ ਮਾਨ ਦੀ ਸਰਕਾਰ ਖਿਲਾਫ ਮੋਰਚਾ ਖੋਲਿਆ ਜਾਵੇਗਾ।ਜਿਸ ਦੀ ਜੁਮੇਵਾਰ ਪੰਜਾਬ ਸਰਕਾਰ ਤੇ ਪੰਜਾਬ ਰੋਡਵੇਜ ਬੱਸ ਚਾਲਕਾ ਅਤੇ ਉੱਚ ਅਧਿਕਾਰੀਆ ਦੀ ਹੋਵੇਗੀ,

ਇਸ ਮੌਕੇ ਉਨ੍ਹਾਂ ਦੇ ਨਾਲ ਨਿਰਮਲ ਸਿੰਘ ਕਾਲੇਵਾਲ ਅਤੇ ਅਵਤਾਰ ਸਿੰਘ ਪਹਾੜੂਵਾਲ ਵੀ ਮੌਜੂਦ ਸਨ, ਜਿਨ੍ਹਾਂ ਨੇ ਵੀ ਸਰਕਾਰ ਅਤੇ ਟ੍ਰਾਂਸਪੋਰਟ ਵਿਭਾਗ ਤੋਂ ਮੰਗ ਕੀਤੀ ਕਿ ਮਹਿਲਾਵਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੂੰ ਜ਼ਮੀਨੀ ਪੱਧਰ ‘ਤੇ ਯਕੀਨੀ ਬਣਾਇਆ ਜਾਵੇ।

ਹੁਣ ਦੇਖਣਾ ਇਹ ਹੈ ਕਿ ਪ੍ਰਸ਼ਾਸਨ ਇਸ ਮਾਮਲੇ ‘ਤੇ ਕੀ ਕਾਰਵਾਈ ਕਰਦਾ ਹੈ ਜਾਂ ਫਿਰ ਲੋਕਾਂ ਨੂੰ ਆਪਣਾ ਹੱਕ ਲੈਣ ਲਈ ਸੜਕਾਂ ‘ਤੇ ਉਤਰਨਾ ਪਵੇਗਾ।

# ਗੁਰੂ ਘਰਾਂ ਵਿੱਚ ਗੈਸ ਸਿਲੰਡਰਾਂ ਦੀ ਕਮੀ ਦੇ ਮੱਦੇਨਜ਼ਰ ਅਕਾਲੀ ਆਗੂਆਂ ਵੱਲੋਂ ਡੀ.ਸੀ. ਨੂੰ ਮੰਗ ਪੱਤਰ



ਲੁਧਿਆਣਾ, 9 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਵਿਸਾਖੀ ਦਾ ਪਵਿੱਤਰ ਤਿਉਹਾਰ ਸਿੱਖ ਕੌਮ ਲਈ ਸਿਰਫ਼ ਖੁਸ਼ੀ ਦਾ ਮੌਕਾ ਹੀ ਨਹੀਂ, ਸਗੋਂ ਆਤਮਕ ਚੜ੍ਹਦੀ ਕਲਾ ਅਤੇ ਸੇਵਾ-ਭਾਵਨਾ ਦਾ ਪ੍ਰਤੀਕ ਵੀ ਹੈ। ਇਸ ਦਿਨ ਗੁਰੂ ਘਰਾਂ ਵਿੱਚ ਸੰਗਤ ਵੱਡੀ ਗਿਣਤੀ ਵਿੱਚ ਨਤਮਸਤਕ ਹੁੰਦੀ ਹੈ ਅਤੇ ਲੰਗਰ ਦੀ ਸੇਵਾ ਬੇਮਿਸਾਲ ਸ਼ਰਧਾ ਨਾਲ ਨਿਭਾਈ ਜਾਂਦੀ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਅਕਾਲੀ ਜੱਥਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਗੁਰੂ ਘਰਾਂ ਵਿੱਚ ਆ ਰਹੀ ਗੈਸ ਸਿਲੰਡਰਾਂ ਦੀ ਕਮੀ ਦੇ ਮੱਦੇ ਨਜ਼ਰ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੰਗ ਪੱਤਰ ਦਿੰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਵਾਰ ਗੈਸ ਸਿਲੰਡਰਾਂ ਦੀ ਕਮੀ ਨੇ ਇਨ੍ਹਾਂ ਪਵਿੱਤਰ ਤਿਆਰੀਆਂ ‘ਤੇ ਚਿੰਤਾ ਦੀ ਛਾਂ ਪਾ ਦਿੱਤੀ ਹੈ। ਇਸ ਸੰਵੇਦਨਸ਼ੀਲ ਮਸਲੇ ਨੂੰ ਲੈ ਕੇ ਅਕਾਲੀ ਦਲ ਦੇ ਆਗੂਆਂ ਨੇ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਲੰਗਰ ਸਿਰਫ਼ ਭੋਜਨ ਨਹੀਂ, ਸਗੋਂ ਸਮਾਨਤਾ, ਸੇਵਾ ਅਤੇ ਸਾਂਝੀਵਾਲਤਾ ਦਾ ਜੀਵੰਤ ਰੂਪ ਹੈ। ਗੁਰੂ ਘਰਾਂ ਵਿੱਚ ਬਣਦਾ ਲੰਗਰ ਹਰ ਕਿਸੇ ਲਈ ਖੁੱਲ੍ਹਾ ਹੁੰਦਾ ਹੈ, ਜਿੱਥੇ ਅਮੀਰ-ਗਰੀਬ ਦਾ ਕੋਈ ਫਰਕ ਨਹੀਂ ਰਹਿੰਦਾ। ਉਨ੍ਹਾਂ ਕਿਹਾ ਕਿ ਜੇਕਰ ਗੈਸ ਸਿਲੰਡਰਾਂ ਦੀ ਕਮੀ ਕਾਰਨ ਲੰਗਰ ਦੀ ਸੇਵਾ ਵਿੱਚ ਕੋਈ ਰੁਕਾਵਟ ਆਉਂਦੀ ਹੈ, ਤਾਂ ਇਹ ਸਿਰਫ਼ ਪ੍ਰਬੰਧਕੀ ਮਸਲਾ ਨਹੀਂ ਰਹਿੰਦਾ, ਸਗੋਂ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਵੀ ਜੁੜ ਜਾਂਦਾ ਹੈ। ਜਿਸ ਦੌਰਾਨ ਉਨਾਂ ਮੰਗ ਕੀਤੀ ਕਿ ਗੁਰੂ ਘਰਾਂ ਨੂੰ ਪਹਿਲ ਦੇ ਆਧਾਰ ‘ਤੇ ਗੈਸ ਸਿਲੰਡਰ ਮੁਹੱਈਆ ਕਰਵਾਏ ਜਾਣ ਤਾਂ ਜੋ ਲੰਗਰ ਦੀ ਅਟੁੱਟ ਸੇਵਾ ਜਾਰੀ ਰਹੇ ਅਤੇ ਸੰਗਤ ਬਿਨਾਂ ਕਿਸੇ ਰੁਕਾਵਟ ਦੇ ਗੁਰੂ ਦੀ ਬਖ਼ਸ਼ਿਸ਼ ਪ੍ਰਾਪਤ ਕਰ ਸਕੇ। ਪ੍ਰਸ਼ਾਸਨਿਕ ਅਧਿਕਾਰੀ ਪਾਇਲ ਗੋਇਲ ਨੇ ਮੰਗ ਪੱਤਰ ਲੈਂਦੇ ਹੋਏ ਭਰੋਸਾ ਦਿਵਾਇਆ ਕਿ ਇਸ ਮਸਲੇ ਨੂੰ ਤੁਰੰਤ ਹੱਲ ਕਰਨ ਲਈ ਸੰਬੰਧਤ ਵਿਭਾਗਾਂ ਨਾਲ ਸਹਿਯੋਗ ਕਰਕੇ ਜਰੂਰੀ ਕਦਮ ਚੁੱਕੇ ਜਾਣਗੇ, ਤਾਂ ਜੋ ਵਿਸਾਖੀ ਦੇ ਪਵਿੱਤਰ ਮੌਕੇ ‘ਤੇ ਕਿਸੇ ਵੀ ਪ੍ਰਕਾਰ ਦੀ ਕਮੀ ਮਹਿਸੂਸ ਨਾ ਹੋਵੇ। ਇਸ ਮੌਕੇ ਤੇ ਅਕਾਲੀ ਆਗੂ ਪ੍ਰਵੀਨ ਭਾਰਤੀ ਵੀ ਮੌਜੂਦ ਰਹੇ।

# ਵਿਧਾਇਕ ਸਿੱਧੂ ਦੀ ਹਾਜ਼ਰੀ ’ਚ ਨੌਜਵਾਨ ਨੇ ਨਸ਼ਾ ਛੱਡਣ ਦਾ ਲਿਆ ਪ੍ਰਣ



ਲੁਧਿਆਣਾ, 9 ਅਪ੍ਰੈਲ (ਵਿਸ਼ਾਲ ਸ਼ਰਮਾ): ਵਿਧਾਇਕ ਕੁਲਵੰਤ ਸਿੰਘ ਸਿੱਧੂ ਦੀ ਹਾਜ਼ਰੀ ਵਿੱਚ ਨੌਜਵਾਨਾਂ ਨੇ ਨਸ਼ਾ ਛੱਡਣ ਦਾ ਪ੍ਰਣ ਲਿਆ।

ਵਿਧਾਇਕ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਨੇ ਲੋਕ ਲਹਿਰ ਦਾ ਰੂਪ ਧਾਰਨ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਵੱਡੇ-ਵੱਡੇ ਨਸ਼ਾ ਸੁਦਾਗਰਾਂ ਨੂੰ ਜਿੱਥੇ ਸਲਾਖਾਂ ਪਿੱਛੇ ਕੀਤਾ ਗਿਆ ਹੈ, ਉੱਥੇ ਜੋ ਨਸ਼ਾ ਕਰਨ ਦੇ ਆਦੀ ਨੌਜਵਾਨ ਸਨ, ਉਹਨਾਂ ਨੂੰ ਸਰਕਾਰੀ ਨਸ਼ਾ ਛੁੜਾਊ ਸੈਂਟਰਾਂ ਵਿੱਚ ਦਾਖਲ ਕਰਵਾ ਕੇ ਉਹਨਾਂ ਨੂੰ ਮੁੜ ਸਮਾਜ ਵਿੱਚ ਵਧੀਆ ਅਤੇ ਇੱਜਤਦਾਰ ਜ਼ਿੰਦਗੀ ਜਿਉਣ ਦੇ ਕਾਬਿਲ ਬਣਾਇਆ। ਮੁੱਖ ਮੰਤਰੀ ਦੁਆਰਾ ਸ਼ੁਰੂ ਕੀਤੀ ਗਈ ਇਸ ਮੁਹਿੰਮ ਵਿੱਚ ਹਲਕਾ ਆਤਮ ਨਗਰ ਤੋਂ ਵਿਧਾਇਕ ਸਰਦਾਰ ਕੁਲਵੰਤ ਸਿੰਘ ਸਿੱਧੂ ਵੱਲੋਂ ਆਏ ਦਿਨ ਕੋਈ ਨਾ ਕੋਈ ਨੌਜਵਾਨ ਨੂੰ ਨਿੱਜੀ ਤੌਰ ’ਤੇ ਪ੍ਰੇਰਿਤ ਕਰਕੇ ਉਸ ਦਾ ਨਸ਼ਾ ਛਡਵਾਇਆ ਜਾਂਦਾ ਹੈ ਅਤੇ ਨਸ਼ਾ ਛੱਡਣ ਦੌਰਾਨ ਉਸ ਦੀ ਹਰ ਇੱਕ ਮੱਦਦ ਕਰਕੇ ਉਸ ਨੂੰ ਇਸ ਕਾਬਲ ਕੀਤਾ ਜਾਂਦਾ ਹੈ ਕਿ ਉਹ ਦੁਆਰਾ ਨਸ਼ੇ ਵੱਲ ਮੂੰਹ ਨਾ ਕਰੇ। ਵਿਧਾਇਕ ਸਿੱਧੂ ਵੱਲੋਂ ਹੁਣ ਤੱਕ ਅਨੇਕਾਂ ਨੌਜਵਾਨਾਂ ਨੂੰ ਨਸ਼ੇ ਦੀ ਇਸ ਡੂੰਘੀ ਦਲ ਦਲ ਵਿੱਚੋਂ ਬਾਹਰ ਕੱਢਣ ਵਿੱਚ ਉਹਨਾਂ ਦੀ ਮੱਦਦ ਕੀਤੀ ਜਾ ਰਹੀ ਹੈ। ਇਸ ਮੌਕੇ ਉਹਨਾਂ ਨਾਲ ਅਵਤਾਰ ਸਿੰਘ ਤਾਰੀ, ਡਾਕਟਰ ਜੱਸੀ, ਬਾਲੀ ਜੀ, ਸੋਸ਼ਲ ਮੀਡੀਆ ਪ੍ਰਧਾਨ ਗੁਰਪ੍ਰੀਤ ਸਿੰਘ ਰਾਜਾ, ਗੁਰਦਰਸ਼ਨ ਸਿੰਘ ਧਮੀਜਾ, ਵਿਧਾਇਕ ਸਿੱਧੂ ਦੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਗਿੱਲ ਵੀ ਮੌਜੂਦ ਸਨ।

# ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਐਲ.ਪੀ.ਜੀ. ਕੰਟਰੋਲ ਰੂਮ ਸ਼ੁਰੂ ਕੀਤਾ



ਲੁਧਿਆਣਾ, 9 ਅਪ੍ਰੈਲ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਇੱਕ ਅਜਿਹੇ ਅਨੋਖੇ ਪਹਿਲਕਦਮੀ ਵਿੱਚ, ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਐਲਪੀਜੀ ਕੰਟਰੋਲ ਰੂਮ ਸਥਾਪਿਤ ਕੀਤਾ ਹੈ, ਜੋ ਫੂਡ ਐਂਡ ਸਿਵਲ ਸਪਲਾਈ ਵਿਭਾਗ ਵੱਲੋਂ ਪ੍ਰਭਾਵਸ਼ਾਲੀ ਢੰਗ ਨਾਲ ਸੰਭਾਲਿਆ ਜਾ ਰਿਹਾ ਹੈ। ਇਹ ਵਿਸ਼ੇਸ਼ ਸਹੂਲਤ ਸਪਲਾਈ ਚੇਨ ਵਿੱਚ ਵਿਘਨਾਂ ਨੂੰ ਦੂਰ ਕਰਦੀ ਹੈ ਅਤੇ ਜ਼ਿਲ੍ਹੇ ਭਰ ਵਿੱਚ ਘਰਾਂ, ਉਦਯੋਗਾਂ ਅਤੇ ਅਹਿਮ ਸੇਵਾਵਾਂ ਲਈ ਐਲਪੀਜੀ ਦੀ ਨਿਰਵਿਘਨ ਉਪਲੱਬਧਤਾ ਨੂੰ ਯਕੀਨੀ ਬਣਾਉਂਦੀ ਹੈ।

ਪੂਰਬ ਅਤੇ ਪੱਛਮ ਜ਼ੋਨਾਂ ਦੇ ਅਸਿਸਟੈਂਟ ਫੂਡ ਸਪਲਾਈ ਅਫਸਰ ਨੋਡਲ ਅਫਸਰ ਵਜੋਂ ਤਾਇਨਾਤ ਹਨ, ਜੋ ਕੰਟਰੋਲ ਰੂਮ ਦੇ ਰੋਜ਼ਾਨਾ ਕੰਮਕਾਜ ਨੂੰ ਬਾਖੂਬੀ ਨਿਭਾ ਰਹੇ ਹਨ। ਇਹ ਸਥਾਪਨਾ ਪ੍ਰਸ਼ਾਸਨ ਦੀ ਸਕ੍ਰਿਆਤਮਕ ਸੱਤਾ ਨੂੰ ਦਰਸਾਉਂਦੀ ਹੈ, ਜੋ ਵਧਦੀ ਮੰਗ ਵਿੱਚ ਵੀ ਨਿਰੰਤਰਤਾ ਨੂੰ ਯਕੀਨੀ ਬਣਾਉਂਦੀ ਹੈ।

ਸ਼ੁਰੂਆਤ ਤੋਂ ਹਾਲੇ ਤੱਕ ਕੰਟਰੋਲ ਰੂਮ ਨੇ 161 ਸ਼ਿਕਾਇਤਾਂ, ਪੁੱਛਗਿੱਛਾਂ ਅਤੇ ਬੇਨਤੀਆਂ ਨੂੰ ਹੱਲ ਕੀਤਾ ਹੈ— ਇਹ ਇਸ ਦੀ ਵਧਦੀ ?ਹਿਮੀਅਤ ਦਾ ਸਬੂਤ ਹੈ। ਖਾਸ ਤੌਰ ’ਤੇ 148 ਮਾਮਲੇ ਤੇਜ਼ੀ ਨਾਲ ਹੱਲ ਹੋ ਚੁੱਕੇ ਹਨ, ਜਦਕਿ 13 ਪ੍ਰਕਿਰਿਆ ਅਧੀਨ ਹਨ। ਬਾਕੀ ਕੋਈ ਵੀ ਬਕਾਇਆ ਨਹੀਂ ਹੈ, ਜੋ ਟੀਮ ਦੀ ਸਮੇਂ ਸਿਰ ਕਾਰਵਾਈ ਵੱਲ ਇਸ਼ਾਰਾ ਕਰਦਾ ਹੈ।

ਸਫਲਤਾਵਾਂ ਵਿੱਚੋਂ ਇੱਕ, ਉਦਯੋਗਾਂ, ਹਸਪਤਾਲਾਂ, ਸਕੂਲਾਂ, ਰੈਸਟੋਰੈਂਟਾਂ ਅਤੇ ਢਾਬਿਆਂ ਵਰਗੇ ਮਹੱਤਵਪੂਰਨ ਖੇਤਰਾਂ ਤੋਂ 78 ਬੇਨਤੀਆਂ ਨੂੰ ਬਿਨਾਂ ਵਿਲੰਬ ਹੱਲ ਕੀਤਾ ਗਿਆ ਹੈ, ਜਿਸ ਨਾਲ ਸੰਭਾਵਿਤ ਕਮੀਆਂ ਰੋਕੀਆਂ ਗਈਆਂ ਅਤੇ ਅਹਿਮ ਕਾਰਜਾਂ ਨੂੰ ਸਮਰਥਨ ਮਿਲਿਆ।

ਜ਼ਿਲ੍ਹਾ ਅਧਿਕਾਰੀਆਂ ਨੇ ਕੰਟਰੋਲ ਰੂਮ ਨੂੰ ਜਵਾਬਦੇਹ ਪ੍ਰਸ਼ਾਸਨ ਦਾ ਨਮੂਨਾ ਕਰਾਰ ਦਿੱਤਾ ਹੈ ਅਤੇ ਹਿੱਸੇਦਾਰਾਂ ਨੂੰ ਐਲਪੀਜੀ ਨਾਲ ਜੁੜੀਆਂ ਸਮੱਸਿਆਵਾਂ ਲਈ ਇਸ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ ਹੈ।

# ਨੌਵੇਂ ਪਾਤਸ਼ਾਹ ਅਤੇ ਹੋਰ ਮਹਾਂ ਪੁਰਖਾਂ ਦਾ ਦਿਵਸ ਮਨਾਉਣ ਸਬੰਧੀ ਮੀਟਿੰਗ ਭਲਕੇ



ਲੁਧਿਆਣਾ, 9 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਸਰਹਿੰਦ ਫਤਿਹ ਦਿਵਸ ਦਾ ਇਤਿਹਾਸਿਕ ਦਿਹਾੜਾ 12 ਮਈ ਨੂੰ ਮਨਾਉਣ ਸਬੰਧੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਉਤਸਵ, ਭਗਤ ਧੰਨਾ ਜੀ ਦਾ ਜਨਮ ਉਤਸਵ, ਭਗਤ ਗੁਰੂ ਰਵਿਦਾਸ ਜੀ ਦਾ ਜਨਮ ਉਤਸਵ ਅਤੇ ਵਿਸਾਖੀ ਦਾ ਪਵਿੱਤਰ ਇਤਿਹਾਸਿਕ ਦਿਹਾੜਾ ਮਨਾਉਣ ਲਈ ਕ੍ਰਿਸ਼ਨ ਕੁਮਾਰ ਬਾਵਾ ਪ੍ਰਧਾਨ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੀ ਪ੍ਰਧਾਨਗੀ ਹੇਠ ਮੀਟਿੰਗ 11 ਅਪ੍ਰੈਲ ਸਵੇਰੇ 11 ਵਜੇ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਲੁਧਿਆਣਾ ਵਿਖੇ ਹੋਵੇਗੀ ਅਤੇ ਉਪਰੋਕਤ ਮਹਾਨ ਗੁਰੂਆਂ ਭਗਤਾਂ ਦਾ ਜਨਮ ਉਤਸਵ ਸੈਮੀਨਾਰ ਰਾਹੀਂ ਉਹਨਾਂ ਦੇ ਗੌਰਵਮਈ ਜੀਵਨ ’ਤੇ ਵਿਚਾਰਾਂ ਕਰਕੇ ਮਨਾਇਆ ਜਾਵੇਗਾ। ਉਪਰੋਕਤ ਜਾਣਕਾਰੀ ਫਾਊਂਡੇਸ਼ਨ ਦੇ ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ, ਮਹਿਲਾ ਵਿੰਗ ਪੰਜਾਬ ਦੀ ਪ੍ਰਧਾਨ ਬੀਬੀ ਕਰਮਜੀਤ ਕੌਰ ਛੰਦੜਾਂ ਅਤੇ ਜਰਨਲ ਸਕੱਤਰ ਫਾਊਂਡੇਸ਼ਨ ਪੰਜਾਬ ਗੁਰਪਾਲ ਸਿੰਘ ਨੇ ਸਾਂਝੇ ਤੌਰ ’ਤੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਦਿੱਤੀ।

# ਗੁ: ਹਾਊਸਿੰਗ ਬੋਰਡ ਕਲੋਨੀ ਵਿਖੇ ਨੌਵੇਂ ਅਤੇ ਪੰਜਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਮਨਾਇਆ



ਲੁਧਿਆਣਾ 9 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਅਤੇ ਪੰਚਮ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦਾ ਪ੍ਰਕਾਸ਼ ਗੁਰਪੁਰਬ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸਤਿਸੰਗ ਸਭਾ ਹਾਉਸਿੰਗ ਬੋਰਡ ਕਲੋਨੀ ਭਾਈ ਰਣਧੀਣ ਸਿੰਘ ਨਗਰ ਲੁਧਿਆਣਾ ਵਿਖੇ ਬੜੀ ਸ਼ਰਧਾ ਸਤਿਕਾਰ ਸਹਿਤ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਭਾਈ ਗੁਰਦੇਵ ਸਿੰਘ ਜੀ ਨੇ ਸੰਗਤਾਂ ਨੂੰ ਕੀਰਤਨ ਰਾਹੀ ਸੰਗਤਾ ਨੂੰ ਗੁਰਸ਼ਬਦ ਨਾਲ ਜੋੜਿਆ। ਉਪਰੰਤ ਭਾਈ ਅਵਤਾਰ ਸਿੰਘ ਜੀ ਨੇ ਸੰਗਤਾਂ ਨੂੰ ਅਰਦਾਸ ਨਾਲ ਜੋੜਿਆ। ਭਾਈ ਮਨਜੀਤ ਸਿੰਘ ਨੇ ਸੰਗਤ ਨੂੰ ਹੁਕਮਨਾਮਾ ਸਰਵਣ ਕਰਵਾਇਆ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਨਛੱਤਰ ਸਿੰਘ ਸਿੱਧੂ, ਜਨਰਲ ਸਕੱਤਰ ਗੁਰਦੀਪ ਸਿੰਘ ਲੀਲ ਨੇ ਸੰਗਤਾਂ ਨੂੰ ਜੀ ਆਇਆਂ ਕਿਹਾ ਤੇ ਕਮੇਟੀ ਵੱਲੋਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਇਸ ਸਮੇ ਜਥੇਦਾਰ ਚਰਨ ਸਿੰਘ , ਗੁਰਦੀਪ ਸਿੰਘ ਘੁਮਾਣ, ਗੁਰਮੀਤ ਸਿੰਘ ਕੋਚਰ, ਜਗਦੀਪ ਸਿੰਘ ਭੱਠਲ, ਅਵਤਾਰ ਸਿੰਘ ਨਿਰਬਾਣ, ਦਵਿੰਦਰ ਸਿੰਘ ਮਾਨ, ਮਾਸਟਰ ਬਲਰਾਜ ਸਿੰਘ, ਭਗਤ ਸਿੰਘ , ਡਾਕਟਰ ਮਹਿੰਦਰ ਸਿੰਘ, ਬੂਟਾ ਸਿੰਘ, ਬਲਵੀਰ ਸਿੰਘ ਗਰੇਵਾਲ, ਪਰਵੀਨਪਾਲ ਸਿੰਘ, ਭੁਪਿੰਦਰ ਸਿੰਘ , ਕਮਲਜੀਤ ਸਿੰਘ ਕੋਚਰ, ਕੁਲਜੀਤ ਸਿੰਘ ਕਾਕਾ , ਦਵਿੰਦਰ ਸਿੰਘ ਟੀਟੂ, ਕੁਲਵਿੰਦਰ ਸਿੰਘ ਯੂ ਐਸ ਏ , ਸੁਖਵਿੰਦਰ ਸਿੰਘ ਖਾਲਸਾ, ਜਗਤਾਰ ਸਿੰਘ ਐਤੀਆਣਾ , ਅਮਿਤਵੀਰ ਸਿੰਘ ਬਖਸੀ , ਲਖਵੀਰ ਸਿੰਘ, ਡਾਕਟਰ ਗੁਰਦੀਪ ਸਿੰਘ ਧਵਨ, ਰੁਪਿੰਦਰਪਾਲ ਸਿੰਘ, ਅਡੀਟਰ ਗੁਰਦੇਵ ਸਿੰਘ , ਬੀਬੀ ਤੇਜਿੰਦਰ ਕੌਰ, ਬੀਬੀ ਇਕਬਾਲ ਕੌਰ, ਬੀਬੀ ਗੁਰਵਿੰਦਰ ਕੌਰ, ਬੀਬੀ ਸੀਤਲਪ੍ਰਕਾਸ ਕੌਰ, ਬੀਬੀ ਹਰਪ੍ਰੀਤ ਕੌਰ ਲਵਲੀ, ਬੀਬੀ ਪ੍ਰਿਤਪਾਲ ਕੌਰ ਘੁਮਾਣ, ਬੀਬੀ ਭਾਟੀਆ, ਬੀਬੀ ਦਲਜੀਤ ਕੌਰ, ਬੀਬੀ ਸੁਰਿੰਦਰ ਕੌਰ, ਬੀਬੀ ਜਸਵਿੰਦਰ ਕੌਰ ਸਿੱਧੂ, ਬੀਬੀ ਚਰਨਜੀਤ ਕੌਰ , ਬੀਬੀ ਭੱਠਲ , ਬੀਬੀ ਪਰਮਜੀਤ ਕੌਰ, ਬੀਬੀ ਕੁਲਦੀਪ ਕੌਰ ਭਾਟੀਆ, ਬੀਬੀ ਰਵਨੀਤ ਕੌਰ ਤੋ ਇਲਾਵਾ ਵੱਡੀ ਗਿਣਤੀ ’ਚ ਸੰਗਤਾਂ ਹਾਜ਼ਰ ਸਨ।

# ਸਾਹਨੇਵਾਲ ਵਿਖੇ ਨੈਸ਼ਨਲ ਹਾਈਵੇਅ ਦੀ ਲਾਪਰਵਾਹੀ ਸਰਵਿਸ ਰੋਡ ਬਣੀ ਖ਼ਤਰੇ ਦਾ ਕੇਂਦਰ



ਸਾਹਨੇਵਾਲ ਕੁਹਾੜਾ, 9 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਲੁਧਿਆਣਾ ਤੋਂ ਦਿੱਲੀ ਨੈਸ਼ਨਲ ਹਾਈਵੇ ਦੀ ਸਰਵਿਸ ਰੋਡ ’ਤੇ ਸਾਹਨੇਵਾਲ ਵਿਖੇ ਨੈਸ਼ਨਲ ਹਾਈਵੇਅ ਅਥਾਰਟੀ ਦੀ ਵੱਡੀ ਲਾਪਰਵਾਹੀ ਦੇਖਣ ਨੂੰ ਸਾਹਮਣੇ ਆਈ ਹੈ, ਜਿੱਥੇ ਸੀਵਰੇਜ ਨੂੰ ਤੋੜਕੇ ਦੁਬਾਰਾ ਬਣਾਉਣ ਤੋਂ ਬਾਅਦ ਨਾਲ ਲੱਗਦੀ ਸਰਵਿਸ ਰੋਡ ਨੂੰ ਮੁੜ ਤਿਆਰ ਹੀ ਨਹੀਂ ਕੀਤਾ ਗਿਆ। ਜਿਸ ਕਾਰਨ ਰੋਡ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਮਿਲੀ ਜਾਣਕਾਰੀ ਮੁਤਾਬਕ, ਸੀਵਰੇਜ ਬਣਾਉਣ ਤੋਂ ਬਾਅਦ ਸੜਕ ਨੂੰ ਅਧੂਰਾ ਛੱਡ ਦਿੱਤਾ ਗਿਆ ਹੈ, ਜਿਸ ਨਾਲ ਕਈ ਥਾਵਾਂ ‘ਤੇ ਖੱਡੇ ਪੈ ਗਏ ਹਨ ਅਤੇ ਰਸਤਾ ਖਤਰਨਾਕ ਬਣ ਗਿਆ ਹੈ। ਖਾਸ ਕਰਕੇ ਰਾਤ ਦੇ ਸਮੇਂ ਇਹ ਸਥਿਤੀ ਹੋਰ ਵੀ ਭਿਆਨਕ ਹੋ ਜਾਂਦੀ ਹੈ, ਜਿੱਥੇ ਦਿੱਖ ਦੀ ਘਾਟ ਕਾਰਨ ਵਾਹਨ ਚਾਲਕ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ।

ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਇਸ ਸਰਵਿਸ ਰੋਡ ‘ਤੇ ਕਈ ਵਾਰ ਸੜਕੀ ਹਾਦਸੇ ਹੋ ਚੁੱਕੇ ਹਨ, ਪਰ ਇਸਦੇ ਬਾਵਜੂਦ ਨੈਸ਼ਨਲ ਹਾਈਵੇ ਦੇ ਅਧਿਕਾਰੀਆਂ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਕਾਰਵਾਈ ਨਾ ਕੀਤੀ ਗਈ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਲੋਕਾਂ ਦੀ ਮੰਗ ਹੈ ਕਿ ਤੁਰੰਤ ਸਰਵਿਸ ਰੋਡ ਦੀ ਮੁਰੰਮਤ ਕੀਤੀ ਜਾਵੇ

ਖਤਰਨਾਕ ਥਾਵਾਂ ‘ਤੇ ਚੇਤਾਵਨੀ ਬੋਰਡ ਲਗਾਏ ਜਾਣ ਜਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਰਵਾਈ ਹੋਵੇ, ਜੇਕਰ ਸਮੇਂ ‘ਤੇ ਧਿਆਨ ਨਾ ਦਿੱਤਾ ਗਿਆ ਤਾਂ ਇਹ ਲਾਪਰਵਾਹੀ ਕਿਸੇ ਵੱਡੇ ਹਾਦਸੇ ਨੂੰ ਜਨਮ ਦੇ ਸਕਦੀ ਹੈ, ਜਿਸ ਦੀ ਪੂਰੀ ਜ਼ਿੰਮੇਵਾਰੀ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਦੀ ਹੋਵੇਗੀ।


ਵਸੂਲੀ ਅਧਿਕਾਰੀ ਦਾ ਦਫਤਰ-1/2
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 2 )
ਪਹਿਲੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ
(ਤੀਜੀ ਅਤੇ ਚੌਥੀ ਮੰਜ਼ਿਲ ’ਤੇ ਵੀ ਵਾਧੂ ਜਗ੍ਹਾ ਅਲਾਟ ਕੀਤੀ ਗਈ ਹੈ।)

ਮੰਗ ਸੂਚਨਾ
ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ

ਆਰ.ਸੀ./607/2025 ਮਿਤੀ : 20.01.2026

ਸਟੇਟ ਬੈਂਕ ਆਫ ਇੰਡੀਆ
ਬਨਾਮ
ਮੈਸ .ਓਮ ਬਿਲਡਰਜ਼

ਵੱਲ,
(ਸੀਡੀ 1) ਮੈਸਰਜ਼ ਓਮ ਬਿਲਡਰਜ਼, ਆਫਿਸ ਸਪੇਸ ਨੰਬਰ 128, ਗੋਲਡਨ ਸਕੁਏਅਰ, ਜ਼ੀਰਕਪੁਰ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ/ਮੁਹਾਲੀ/ਅਜੀਤਗੜ੍ਹ, ਪੰਜਾਬ।
(ਸੀਡੀ 2) ਸ਼੍ਰੀ ਸੁਮੀਤ ਸਿੰਗਲਾ ਪੁੱਤਰ ਸ਼੍ਰੀ ਤਰਸੇਮ ਸਿੰਗਲਾ, ਮੈਸਰਜ਼ ਓਮ ਬਿਲਡਰਜ਼ ਦੇ ਮਾਲਕ, ਰਿਹਾਇਸ਼ੀ ਮਕਾਨ ਨੰਬਰ 1021, ਸੈਕਟਰ 10, ਪੰਚਕੂਲਾ, ਹਰਿਆਣਾ।
(ਸੀਡੀ 3) ਸ਼੍ਰੀ ਅਮਰੀਸ਼ ਭਗਤ ਪੁੱਤਰ ਸ਼੍ਰੀ ਓ.ਪੀ. ਭਗਤ, ਰਿਹਾਇਸ਼ੀ ਮਕਾਨ ਨੰਬਰ 623, ਸੈਕਟਰ 25, ਪੰਚਕੂਲਾ, ਹਰਿਆਣਾ।
ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-2) ਓਏ/4703/2017 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 27.07.2017 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 11.75% ਦੀ ਦਰ ’ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 55,11,418.39/- (ਰੁਪਏ ਪਚਵੰਜਾਲੱਖ ਗਿਆਰਾਂਹਜ਼ਾਰ ਚਾਰਸੌਅਠਾਰਾਂਅਤੇਉਨਤਾਲੀਪੈਸੇਕੇਵਲ) ਦੀ ਰਕਮ ਅਤੇ ਰੁ. 58,005/- (ਰੁਪਏ ਅਠਵੰਜਾ ਹਜ਼ਾਰ ਪੰਜ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ ’ਤੇ/ਪੂਰਨ/ਸੀਮਿਤ ਤੌਰ ’ਤੇ) ਬਕਾਇਆ ਬਣ ਚੁੱਕੀਆਂ ਹਨ।
2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ ’ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3.ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ ’ਤੇ ਐਲਾਨ ਕਰੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 23.04.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 20.01.2026 ਨੂੰ ਜਾਰੀ।
ਵਸੂਲੀ ਅਧਿਕਾਰੀ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 2)



**KOTAK MAHINDRA BANK LIMITED**

**Regd office:** 27BKC, C 27, G Block, Bandra Kurla Complex, Bandra (E), Mumbai 400 051 **Corporate office:** Kotak Infiniti, Bldg No 21, Infinity Park, General AK Vaidya Marg, Malad (E), Mumbai 400 097 **www.kotak.com**

**AUCTION - NOTICE**

That the below mentioned Borrower/s had availed gold loan facility against security of the gold ornaments/ items, as specified below. The Borrower/s defaulted in due repayment of the installments and outstanding dues and as a result of which the Bank was constrained to issue notices calling upon the Borrower/s to repay the outstanding amounts. However, the Borrower/s has failed to repay/clear his outstanding dues thereby compelling the Bank to auction the gold ornaments pledged in favour of the Bank.
The auction of the below mentioned gold ornaments would be held on/after **at :-Date: 20-APR-2026 Time: 10.00 AM** Place: Respective Branch Premises//E-Auction

| Appl | Apac/ Account No | Borrower Name | State | Location | Branch | Gross weight (In Gms) |
|---|---|---|---|---|---|---|
| GLN | 3963800 | RAHUL SHARMA | PUNJAB&CHANDIGARH | LUDHIANA | AEASTMNAGA | 151.80 |
| GLN | 4330422 | SARITA . | PUNJAB&CHANDIGARH | LUDHIANA | AEASTMNAGA | 93.40 |
| GLN | 4311075 | JAGROOP SINGH | PUNJAB&CHANDIGARH | LUDHIANA | AMRITSAR | 35.50 |
| GLN | 4327464 | RAVINDERPAL SINGH | PUNJAB&CHANDIGARH | LUDHIANA | AMRITSAR | 87.50 |
| GLN | 4213835 | SUKHWINDER KAUR | PUNJAB&CHANDIGARH | LUDHIANA | AMRITSAR | 231.60 |
| GLN | 3996743 | GURJANT SINGH | PUNJAB&CHANDIGARH | LUDHIANA | AMRITSAR | 29.60 |
| GLN | 3962814 | GURJANT SINGH | PUNJAB&CHANDIGARH | LUDHIANA | AMRITSAR | 43.20 |
| GLN | 2658817 | VIJAY KUMAR | PUNJAB&CHANDIGARH | LUDHIANA | AMTHABAZAR | 265.04 |
| GLN | 4288805 | VISHAL KHANNA | PUNJAB&CHANDIGARH | LUDHIANA | AMTHABAZAR | 18.10 |
| GLN | 4251699 | ANIRUDH SHARMA | PUNJAB&CHANDIGARH | CHANDIGARH | BHIWANIMEH | 8.90 |
| GLN | 4056043 | SANTOSH . | PUNJAB&CHANDIGARH | LUDHIANA | FGMARKET | 20.30 |
| GLN | 4214667 | SACHIN . | PUNJAB&CHANDIGARH | CHANDIGARH | HUDACMPLX | 54.00 |
| GLN | 4295057 | MANDEEP SINGH | PUNJAB&CHANDIGARH | LUDHIANA | JALANDHAR | 9.60 |
| GLN | 4314492 | BANISH KUMAR | PUNJAB&CHANDIGARH | LUDHIANA | JALANDHAR | 122.10 |
| GLN | 4260706 | URMILA . | PUNJAB&CHANDIGARH | CHANDIGARH | JHAJJAR | 59.50 |
| GLN | 4260725 | URMILA . | PUNJAB&CHANDIGARH | CHANDIGARH | JHAJJAR | 18.70 |
| GLN | 4321492 | BABALI . | PUNJAB&CHANDIGARH | CHANDIGARH | JHAJJAR | 81.60 |
| GLN | 4111149 | NAVEEN KUMAR | PUNJAB&CHANDIGARH | CHANDIGARH | JHAJJAR | 38.10 |
| GLN | 3833528 | ROHIT KUMAR | PUNJAB&CHANDIGARH | CHANDIGARH | MOHALIPHS7 | 13.92 |
| GLN | 4129004 | ROHIT KUMAR | PUNJAB&CHANDIGARH | CHANDIGARH | MOHALIPHS7 | 31.58 |
| GLN | 2666017 | KULWINDER SINGH | PUNJAB&CHANDIGARH | CHANDIGARH | PATIALA | 26.80 |
| GLN | 3879360 | SATNAM SINGH | PUNJAB&CHANDIGARH | CHANDIGARH | RAJPURA | 29.62 |
| GLN | 3880070 | KULDEEP SINGH | PUNJAB&CHANDIGARH | CHANDIGARH | RAJPURA | 12.47 |
| GLN | 3044790 | BALVINDER KAUR | PUNJAB&CHANDIGARH | CHANDIGARH | RAJPURA | 24.48 |
| GLN | 4043800 | MANOJ KUMAR | PUNJAB&CHANDIGARH | CHANDIGARH | RAJPURA | 33.19 |
| GLN | 4001310 | NISHAN SINGH | PUNJAB&CHANDIGARH | CHANDIGARH | RAJPURA | 28.55 |
| GLN | 3907643 | RAMA | PUNJAB&CHANDIGARH | CHANDIGARH | RATIA | 19.82 |
| GLN | 4198687 | SANDEEP KUMAR | PUNJAB&CHANDIGARH | CHANDIGARH | RATIA | 97.55 |
| GLN | 4317829 | JAGSEER . | PUNJAB&CHANDIGARH | CHANDIGARH | RATIA | 7.78 |
| GLN | 4226209 | INDER JEET | PUNJAB&CHANDIGARH | CHANDIGARH | RATIA | 8.61 |
| GLN | 4134373 | LAXMAN SINGH | PUNJAB&CHANDIGARH | CHANDIGARH | REWARI | 103.80 |
| GLN | 3913604 | SUKHWINDER KAUR | PUNJAB&CHANDIGARH | CHANDIGARH | SAMANA | 62.80 |
| GLN | 4307772 | LABH KAUR | PUNJAB&CHANDIGARH | CHANDIGARH | SAMANA | 8.30 |
| GLN | 3774100 | SHABNAM . | PUNJAB&CHANDIGARH | CHANDIGARH | SANGRUR | 97.00 |

Bidders are requested to Submit a copy of their Photo – identity, signature and address proof along with their original for verification together with 2(Two) recent photographs submit before 10:00 am on the day of auction. The Bank reserves the right to change the venue/date/time of auction or cancel the auction without any notice to bidders.
The cost of the auction process will be debited to the customer account. Bank reserves the right to recover the balance amount from the customer if the bid amount is insufficient to meet the payoff amount of the account. For any further details regarding the terms and conditions of the auction, You are required to contact the below mentioned person/s.
Kotak Mahindra Bank Ltd. Jaskaran Singh
Email - jaskaran.singh@kotak.com Cont - +91-9888478036 / 7009634242



Canara Bank
ਸੋਨੇ ਦੀ ਨਿਲਾਮੀ ਲਈ ਵਿਕਰੀ ਸੂਚਨਾ
ਖੇਤਰੀ ਦਫਤਰ 362/363, ਸ਼ਕਤੀ ਮਾਲ, ਸਾਹਮਣੇ ਜਿਮਖਾਨਾ ਕਲੱਬ, ਲਾਜਪਤ ਨਗਰ, ਜਲੰਧਰ ਪੰਜਾਬ 144001

ਜਦੋਂ ਕਿ ਕੈਨਰਾ ਬੈਂਕ ਦੇ ਅਧਿਕਾਰਤ ਅਧਿਕਾਰੀ ਨੇ ਵਿਕਰੀ ਨੋਟਿਸ ਜਾਰੀ ਕੀਤਾ ਹੈ ਜਿਸ ਵਿੱਚ ਕਰਜ਼ਾ ਲੈਣ ਵਾਲੇ ਨੂੰ ਉਸ ਦੁਆਰਾ ਲਏ ਗਏ ਸੋਨੇ ਦੇ ਕਰਜ਼ੇ ਦੇ ਬਕਾਏ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਿਹਾ ਸੀ, ਇਸ ਲਈ ਇੱਥੇ ਕਰਜ਼ਾ ਲੈਣ ਵਾਲੇ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲਾ ਸੋਨੇ ਦੇ ਗਹਿਣਿਆਂ ਦੀ ਔਨਲਾਈਨ ਨਿਲਾਮੀ “ਜਿਵੇਂ ਹੈ, ਜੋ ਵੀ ਹੈ, ਆਧਾਰ” ਅਤੇ “ਬਿਨਾਂ ਸਹਾਰਾ ਦੇ ਆਧਾਰ” ਦੇ ਆਧਾਰ ’ਤੇ ਕਰੇਗਾ। ਨਿਲਾਮੀ 28-04-2026 ਨੂੰ ਦੁਪਹਿਰ 12:00 ਵਜੇ ਤੋਂ ਦੁਪਹਿਰ 03:00 ਵਜੇ ਤੱਕ https://egold.auctiontiger.net ਰਾਹੀਂ ਔਨਲਾਈਨ ਕੀਤੀ ਜਾਵੇਗੀ।

| ਲ. ਨੰ. | ਸ਼ਾਖਾ ਦਾ ਨਾਮ / ਸ਼ਾਖਾ ਪ੍ਰਬੰਧਕ ਦਾ ਸੰਪਰਕ | ਕਰਜ਼ਦਾਰ ਦਾ ਨਾਮ / ਖਾਤਾ ਨੰਬਰ | ਕੁੱਲ ਵਜ਼ਨ (ਗ੍ਰਾਮ ’ਚ) | ਕੁੱਲ ਵਜ਼ਨ (ਗ੍ਰਾਮ ’ਚ) | ਜਾਂਚ ਦੀ ਮਿਤੀ ਅਤੇ ਬਿਆਨਾ ਰਕਮ | ਬਿਆਨਾ ਰਕਮ ਖਾਤੇ ਦੇ ਵੇਰਵੇ ਸ਼ਾਖਾ ਈਮੇਲ ਆਈਡੀ |
|---|---|---|---|---|---|---|
| 1. | ਉੜਮੁੜ ਟਾਂਡਾ / 8437012362 | ਅਨੁਬਾਲਾ / 180138331065 | 4.20 ਗ੍ਰਾਮ | 4.10 ਗ੍ਰਾਮ | 27.04.2026 till 05:00 PM & Rs. 25000/- | A/c No.209272434 IFSC: CNRB0006330 cb6330@canarabank.com |
| 2. | ਗੜ੍ਹਦੀਵਾਲ / 8725079318 | ਸੰਜੀਵ ਕੁਮਾਰ / 180405820950 | 23.85 ਗ੍ਰਾਮ | 15.35 ਗ੍ਰਾਮ | 27.04.2026 till 05:00 PM & Rs. 25000/- | A/c No.209272434 IFSC: CNRB0006330 cb6330@canarabank.com |

ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ https://egold.auctiontiger.net ’ਤੇ ਵਿਜ਼ਿਟ ਕਰੋ
ਸਹੀ/- ਪ੍ਰਬੰਧਕ



UMMEED HOUSING FINANCE
ਉਮੀਦ ਹਾਊਸਿੰਗ ਫਾਈਨੈਂਸ ਪ੍ਰਾਈਵੇਟ ਲਿਮਟਿਡ ਲਿਮਟਿਡ
CIN:U65922HR2016PTC057984.
ਰਜਿਸਟਰਡ ਦਫ਼ਤਰ: 2009-2014, 20ਵੀਂ ਮੰਜ਼ਿਲ, ਮੈਗਨਮ ਗਲੋਬਲ ਪਾਰਕ, ਸੈਕਟਰ-58, ਗੁਰੂਗ੍ਰਾਮ (ਹਰਿਆਣਾ)-122002”)

ਸਰਫੇਸੀ ਐਕਟ, 2002 ਦੀ ਧਾਰਾ 13(2) ਦੇ ਤਹਿਤ ਮੰਗ ਨੋਟਿਸ

ਕਿਉਂਕਿ ਕਰਜ਼ਾ ਖਾਤਾ NPA ਬਣ ਗਿਆ ਹੈ, ਇਸ ਲਈ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੀ ਲਾਗੂ ਕਰਨ ਦੀ ਧਾਰਾ 13[2] ਦੇ ਤਹਿਤ ਅਧਿਕਾਰਤ ਅਧਿਕਾਰੀ ਨੇ ਸਾਰਣੀ ਵਿੱਚ ਦਿੱਤੇ ਗਏ ਕਰਜ਼ਦਾਰ/ਬਿਨੈਕਾਰ/ਜ਼ਾਮਨ/ਗਿਰਵੀਕਾਰ ਨੂੰ 60 ਦਿਨਾਂ ਦਾ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਨੋਟਿਸ ਦੇ ਅਨੁਸਾਰ ਜੇਕਰ ਕਰਜ਼ਦਾਰ 60 ਦਿਨਾਂ ਦੇ ਅੰਦਰ ਪੂਰੀ ਰਕਮ ਜਮ੍ਹਾ ਨਹੀਂ ਕਰਦੇ ਹਨ, ਤਾਂ ਇਹ ਰਕਮ ਹੇਠਾਂ ਦੱਸੀ ਗਈ ਮੌਰਗਿਜ ਜਾਇਦਾਦ/ਸੁਰੱਖਿਅਤ ਸੰਪਤੀਆਂ ਦੀ ਨਿਲਾਮੀ ਤੋਂ ਵਸੂਲ ਕੀਤੀ ਜਾਵੇਗੀ। ਇਸ ਲਈ, ਉਧਾਰ ਲੈਣ ਵਾਲਿਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮੰਗ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਭਵਿੱਖ ਦੇ ਵਿਆਜ ਅਤੇ ਖਰਚਿਆਂ ਦੇ ਨਾਲ ਪੂਰੀ ਕਰਜ਼ੇ ਦੀ ਰਕਮ ਜਮ੍ਹਾ ਕਰਵਾਉਣ, ਨਹੀਂ ਤਾਂ ਉਕਤ ਧਾਰਾ 13[4] ਅਤੇ 14 ਦੇ ਉਪਬੰਧ ਦੇ ਤਹਿਤ। ਐਕਟ, ਅਧਿਕਾਰਤ ਅਧਿਕਾਰੀ ਹੇਠਾਂ ਦਿੱਤੇ ਅਨੁਸਾਰ ਮੌਰਗੇਜ ਜਾਇਦਾਦ/ਸੁਰੱਖਿਅਤ ਸੰਪਤੀਆਂ ਦੀ ਵਿਕਰੀ ਲਈ ਕਬਜ਼ਾ ਲੈ ਰਿਹਾ ਹੈ।
ਉਧਾਰ ਲੈਣ ਵਾਲਿਆਂ ਨੂੰ ਧਿਆਨ ਦੇਣਾ ਚਾਹੀਦਾ ਹੈ ਕਿ ਐਕਟ, 2002 ਦੇ 13[13] ਦੇ ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, ਤੁਹਾਨੂੰ ਸੁਰੱਖਿਅਤ ਲੈਣਦਾਰ ਦੀ ਪਹਿਲਾਂ ਲਿਖਤੀ ਸਹਿਮਤੀ ਤੋਂ ਬਿਨਾਂ, ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਕਿਸੇ ਵੀ ਸੁਰੱਖਿਅਤ ਸੰਪਤੀ ਨੂੰ ਟਰਾਂਸਫਰ ਕਰਨ ਤੋਂ ਵਰਜਿਤ ਅਤੇ ਰੋਕਿਆ ਜਾਂਦਾ ਹੈ। ਕਰਜ਼ਦਾਰ ਦਾ ਧਿਆਨ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਐਕਟ ਦੇ ਸੈਕਸ਼ਨ-13[8] R/W ਨਿਯਮ 3[5] ਵੱਲ ਖਿੱਚਿਆ ਜਾਂਦਾ ਹੈ ਕਿ ਉਧਾਰ ਲੈਣ ਵਾਲਾ ਨਿਲਾਮੀ ਨੋਟਿਸ ਦੇ ਪ੍ਰਕਾਸ਼ਨ ਤੋਂ ਪਹਿਲਾਂ ਹੇਠਾਂ ਦੱਸੇ ਗਏ ਪੂਰੇ ਬਕਾਇਆ ਬਕਾਏ ਦੀ ਅਦਾਇਗੀ ’ਤੇ ਆਪਣੀ ਸੁਰੱਖਿਅਤ ਸੰਪਤੀ ਨੂੰ ਛੁਡਾਉਣ ਦਾ ਹੱਕਦਾਰ ਹੋਵੇਗਾ, ਜੋ ਕਿ ਇਸ ਤੋਂ ਬਾਅਦ ਮੌਜੂਦ ਨਹੀਂ ਰਹੇਗਾ।

| ਲ. ਨੰ. | ਕਰਜ਼ਦਾਰ/ਬਿਨੈਕਾਰ/ਜ਼ਾਮਨ/ਗਿਰਵੀਕਾਰ ਦਾ ਨਾਮ | ਮੰਗ ਨੋਟਿਸ ਦੀ ਮਿਤੀ ਅਤੇ ਰਕਮ ਧਾਰਾ 13[2] ਅਧੀਨ |
|---|---|---|
| 1. | 1. ਰਣਜੀਤ ਕੁਮਾਰ ਮੰਡਲ ਪੁੱਤਰ ਸਿਪਾਹੀ ਮੰਡਲ (ਕਰਜ਼ਦਾਰ) 2. ਸੁਗੋ ਦੇਵੀ ਸੁਪਤਨੀ ਰਣਜੀਤ ਕੁਮਾਰ ਮੰਡਲ (ਸਹਿ-ਕਰਜ਼ਦਾਰ) ਦੋਵੇਂ ਉਪਰੋਕਤ ਰਿਹਾਇਸ਼ੀ-ਬੀ029 14415 ਗਲੀ ਨੰ. 1, ਰਾਣਾ ਇਲੈਕਟ੍ਰੋਨਿਕ ਨੇੜੇ, ਪ੍ਰੇਮ ਨਗਰ ਲੋਹਾਰਾ ਲੁਧਿਆਣਾ ਪੰਜਾਬ 141016 LOAN NO -LXLUD02924-250048332 LOAN AGREEMENT DATE: 28-FEB-2025 LOAN AMT. 10,54,000/- | 02-APRIL-2026 ਰੁਪਏ 11,15,425/-(ਰੁਪਏ ਗਿਆਰਾਂ ਲੱਖ ਪੰਦਰਾਂ ਹਜ਼ਾਰ ਚਾਰ ਸੌ ਪੱਚੀ ਕੇਵਲ) ਮਿਤੀ 02-ਅਪ੍ਰੈਲ-26 ਨੂੰ + ਹੋਰ ਵਿਆਜ ਅਤੇ ਹੋਰ ਖਰਚੇ ਮਿਤੀ 03-ਅਪ੍ਰੈਲ-2026 ਤੋਂ |

ਗਿਰਵੀ ਜਾਇਦਾਦ ਦਾ ਵੇਰਵਾ:- ਪਲਾਟ ਮਾਪਣ ਵਾਲੇ 49.5 ਵਰਗ ਵਿਹੜੇ ਦਾ ਸਾਰਾ ਹਿੱਸਾ ਅਤੇ ਪਾਰਸਲ, ਖਸਰਾ ਨੰਬਰ 991/2,992, ਖਟਾ ਨੰਬਰ 70/71 ਵਿੱਚ ਸ਼ਾਮਲ, ਜਮ੍ਹਾਂਬੰਦੀ 2009-2010 ਦੇ ਅਨੁਸਾਰ, ਲੋਹਾਰਾ ਕਲੋਨੀ, ਲੋਹਾਰਾ, ਹਡਬਸਟ ਨੰਬਰ 260, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿੱਚ ਸਥਿਤ। ਉੱਤਰ ਨਾਲ ਘਿਰਿਆ ਹੋਇਆ: ਪਲਾਟ ਦੱਖਣ: ਗਲੀ, ਪੂਰਬ: ਪਲਾਟ ਪੱਛਮ: ਭੂਪਿੰਦਰ ਸਿੰਘ ਦਾ ਘਰ

ਸਥਾਨ: ਗੁਰੂਗ੍ਰਾਮ ਅਧਿਕਾਰਤ ਅਧਿਕਾਰੀ ਸ਼੍ਰੀ ਗੌਰਵ ਤ੍ਰਿਪਾਠੀ ਮੋ-9650055701
ਮਿਤੀ: 10.04.2026 ਉਮੀਦ ਹਾਊਸਿੰਗ ਫਾਈਨੈਂਸ ਪ੍ਰਾਈਵੇਟ ਲਿਮਟਿਡ ਲਈ।



ਇੰਡੀਅਨ ਬੈਂਕ Indian Bank
ਇਲਾਹਾਬਾਦ ALLAHABAD

ਜ਼ੋਨਲ ਦਫਤਰ, ਜਲੰਧਰ ਐਸਸੀਓ-49-50
ਬੈਂਕ ਸਕੁਏਅਰ, ਸੈਕਟਰ-17-ਬੀ, ਚੰਡੀਗੜ੍ਹ-160017
Phone: 0172-5033791, E Mail ID : zochandigarh@indianbank.co.in

ਈ-ਨਿਲਾਮੀ ਵਿਕਰੀ ਸੂਚਨਾ

ਵਿਕਰੀ ਸੂਚਨਾ ਲਈ ਚੱਲ/ਅਚੱਲ ਸੰਪੱਤੀ/ਆਂ ਦੀ ਵਿਕਰੀ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 6 (2) ਅਤੇ 9 (1) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ।
ਇਸ ਦੁਆਰਾ ਆਮ ਜਨਤਾ ਨੂੰ ਅਤੇ ਖਾਸ ਕਰਕੇ ਕਰਜ਼ਦਾਰ(ਾਂ) ਅਤੇ ਜ਼ਾਮਨਾਂ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਹੇਠਾਂ ਦੱਸੀ ਗਈ ਚੱਲ/ਅਚੱਲ ਜਾਇਦਾਦ ਜੋ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀ ਗਈ/ਚੁੱਕੀ ਗਈ ਹੈ, ਜਿਸਦਾ ਭੌਤਿਕ ਕਬਜ਼ਾ ਭਾਰਤੀ ਬੈਂਕ ਦੇ ਅਧਿਕਾਰਤ ਅਧਿਕਾਰੀ, ਸੁਰੱਖਿਅਤ ਲੈਣਦਾਰ ਦੁਆਰਾ ਲਿਆ ਗਿਆ ਹੈ, ਨੂੰ ਹੇਠਾਂ ਦੱਸੇ ਗਏ ਕਰਜ਼ਦਾਰ(ਆਂ) ਅਤੇ ਗਾਰੰਟਰਾਂ ਤੋਂ ਸੁਰੱਖਿਅਤ ਲੈਣਦਾਰ ਨੂੰ ਬਕਾਇਆ ਵਸੂਲੀ ਲਈ ਹੇਠਾਂ ਦੱਸੀ ਗਈ ਮਿਤੀ ਨੂੰ “ਜਿਵੇਂ ਹੈ ਜਿੱਥੇ ਹੈ”, “ਜਿਵੇਂ ਹੈ ਜੋ ਹੈ” ਅਤੇ “ਜਿਵੇਂ ਵੀ ਹੈ ਉੱਥੇ ਹੈ” ਦੇ ਆਧਾਰ ’ਤੇ ਵੇਚਿਆ ਜਾਵੇਗਾ। ਰਿਜ਼ਰਵ ਕੀਮਤ ਅਤੇ ਅਰਨੈਸਟ ਮਨੀ ਡਿਪਾਜ਼ਿਟ ਅਤੇ ਅਚੱਲ ਜਾਇਦਾਦਾਂ ਦਾ ਵੇਰਵਾ ਵੀ ਇੱਥੇ ਹੇਠਾਂ ਦਿੱਤਾ ਗਿਆ ਹੈ:-

| ਸ਼ਾਖਾ ਅਤੇ ਕਰਜ਼ਦਾਰ (ਾਂ)/ਜ਼ਾਮਨ (ਾਂ) ਦਾ ਨਾਮ | ਸੰਕੇਤਕ/ਭੌਤਿਕ ਕਬਜ਼ੇ ਦੀ ਕਿਸਮ ਵਾਲੀਆਂ ਅਚੱਲ ਸੰਪੱਤੀ/ਆਂ ਦੇ ਵੇਰਵੇ | ਸੁਰੱਖਿਅਤ ਕਰਜ਼ ਰਕਮ | ਰਾਖਵੀਂ ਕੀਮਤ | ਬੋਲੀ ਵਾਧਾ ਰਕਮ / ਬਿਆਨਾ ਰਕਮ ਰਾਸ਼ੀ / ਸੰਪੱਤੀ ਆਈਡੀ : |
|---|---|---|---|---|
| ਸ਼ਾਖਾ ਦਫਤਰ : ਪੋਲੋ ਗਰਾਊਂਡ, ਪਟਿਆਲਾ Ph. No. : 0175-5014373, 9041271304 E-Mail ID patiala@indianbank.co.in 1. ਮੈਸਰਜ਼ ਪਲੈਟੀਨਮ ਟੌਇਜ਼ ਪ੍ਰਾਈਵੇਟ ਲਿਮਟਿਡ (ਕਰਜ਼ਦਾਰ ਅਤੇ ਗਿਰਵੀਕਾਰ), ਰਜਿਸਟਰਡ ਦਫ਼ਤਰ: ਖੇਵਟ ਖਾਤਾ ਨੰਬਰ 5/5, ਖਸਰਾ ਨੰਬਰ 198/17 ਮਿੰਟ (2-19), ਪਿੰਡ ਮੁਗਲਮਾਜਰਾ, ਸਬ ਤਹਿਸੀਲ ਘਨੌਰ, ਪਟਿਆਲਾ, ਪੰਜਾਬ -140702, 2) ਸ਼੍ਰੀ ਰਤਨਦੀਪ ਗਰਾਂਗ (ਮ੍ਰਿਤਕ) ਪੁੱਤਰ ਸ਼੍ਰੀ ਕੇਵਲ ਕ੍ਰਿਸ਼ਨ (ਡਾਇਰੈਕਟਰ ਅਤੇ ਜ਼ਾਮਨ), ਮ੍ਰਿਤਕ ਤੋਂ ਬਾਅਦ ਉਨ੍ਹਾਂ ਦੇ ਕਾਨੂੰਨੀ ਵਾਰਸਾਂ ਰਾਹੀਂ -(1)ਸ਼੍ਰੀਮਤੀ ਪ੍ਰੀਤੀ ਗਰਾਂਗ ਪਤਨੀ ਸਵਰਗੀ ਸ਼੍ਰੀ ਰਤਨਦੀਪ ਗਰਾਂਗ, (ii) ਸਵਰਗੀ ਸ਼੍ਰੀ ਰਤਨਦੀਪ ਗਰਾਂਗ ਦੇ ਨਾਬਾਲਗ ਬੱਚੇ ਉਨ੍ਹਾਂ ਦੀ ਮਾਤਾ ਸ਼੍ਰੀਮਤੀ ਪ੍ਰੀਤੀ ਗਰਾਂਗ ਰਾਹੀਂ | ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਟਿਡ ਮੁਗਲਮਾਜਰਾ, ਸਬ ਤਹਿਸੀਲ ਘਨੌਰ, ਪੰਜਾਬ ਵਿਖੇ ਸਥਿਤ ਉਦਯੋਗਿਕ ਪਲਾਟ ਅਤੇ ਇਮਾਰਤ ਦੇ ਉਹ ਸਾਰੇ ਟੁਕੜੇ ਅਤੇ ਪਾਰਸਲ ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਟਿਡ ਦੇ ਨਾਮ ’ਤੇ 1.2897 ਏਕੜ (6 ਵਿੱਘਾ 3 ਬਿਸਵਾ 17 ਬਿਸਵਾਸੀ) ਸਬ ਰਜਿਸਟਰਾਰ ਗੰਨੌਰ ਨਾਲ ਰਜਿਸਟਰਡ ਵਿਕਰੀ ਡੀਡ ਨੰਬਰ 260 ਮਿਤੀ 27.07.2020, 788 ਮਿਤੀ 18.12.2020 ਅਤੇ 375 ਮਿਤੀ 04.09.2020 ਅਨੁਸਾਰ, ਜਿਸ ਵਿੱਚ ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਟਿਡ ਦੀ ਇਕਾਈ ਵਿੱਚ ਪਏ ਪਲਾਂਟ ਅਤੇ ਮਸ਼ੀਨਰੀ ਸ਼ਾਮਲ ਹਨ ਜਿਸ ਦਾ ਵੇਰਵਾ ਇਸ ਪ੍ਰਕਾਰ ਹੈ: 1) ਲੇਜ਼ਰ ਮਾਰਕਿੰਗ ਮਸ਼ੀਨ (ਬਣਾਉਣ: SLTL ਸਮੂਹ)। 2) ਹਿਊਂਗ ਪ੍ਰੀਸੀਜ਼ਨ ਸੋਲਡਰ ਪੇਸਟ ਪ੍ਰਿੰਟਰ ਮਸ਼ੀਨ (ਨਿਰਮਾਣ: Sumilax SMTT ਤਕਨਾਲੋਜੀ)। 3) ਇੰਜੈਕਸ਼ਨ ਮੋਲਡਿੰਗ ਮਸ਼ੀਨ 100 ਟਨ (ਨਿਰਮਾਣ: JRD ਰਬੜ ਅਤੇ ਪਲਾਸਟਿਕ ਤਕਨਾਲੋਜੀ)। 4) ਆਟੋਮੇਸ਼ਨ (ਬਣਾਉਣ: K × ਜੀ ਆਟੋਮੇਸ਼ਨ)। 5) ਮੋਲਡ ਪਲੇਟਾਂ (ਬਣਾਉਂਦੀਆਂ ਹਨ: ਮੱਕੜ ਸਟੀਲ ਕੰਪਨੀ)। 6) ELGI ਕੰਪ੍ਰੈਸਰ (ਅੰਦਰੂਨੀ ਹਿੱਸਾ)। 7) ਰਿਪਟ ਮਸ਼ੀਨ। (ਕਬਜ਼ੇ ਦੀ ਕਿਸਮ: ਭੌਤਿਕ ਕਬਜ਼ਾ)। ਨੋਟ: (ਲੜੀ ਨੰ. 403/2025 ਮਾਨਯੋਗ DRT-III, ਚੰਡੀਗੜ੍ਹ ਦੇ ਸਾਹਮਣੇ ਲੰਬਿਤ ਹੈ। ਵਰਤਮਾਨ ਵਿੱਚ, ਬੈਂਕ ਦੀ ਸਰਫਾਇਸੀ ਕਾਰਵਾਈਆਂ ਦੇ ਵਿਰੁੱਧ ਕੋਈ ਸਟੇਅ ਆਰਡਰ ਨਹੀਂ ਹੈ।) | Rs. 2,12,41,711/- (ਰੁ. ਦੋ ਕਰੋੜ ਬਾਰਾਂ ਲੱਖ ਇਕਤਾਲੀ ਹਜ਼ਾਰ ਸੱਤ ਸੌ ਗਿਆਰਾਂ ਕੇਵਲ) 07.04.2026 ਨੂੰ, ਇਸ ’ਤੇ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ 08.04.2026 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ। | ਜ਼ਮੀਨ ਅਤੇ ਇਮਾਰਤ : ਰੁ. 1,76,77,000/- (ਰੁ. ਇਕ ਕਰੋੜ ਛਿਹੱਤਰ ਲੱਖ ਸੱਤਤਰ ਹਜ਼ਾਰ ਕੇਵਲ) ਪਲਾਂਟ ਅਤੇ ਮਸ਼ੀਨਰੀ : ਰੁ. 16,80,000/- (ਰੁ. ਸੋਲਾਂ ਲੱਖ ਅੱਸੀ ਹਜ਼ਾਰ ਕੇਵਲ) ਜਮ੍ਹਾਂ ਜੀਐਸਟੀ ਲਾਗੂ ਦਰਾਂ ਅਨੁਸਾਰ ਕੁੱਲ ਸੰਯੁਕਤ ਰਾਖਵੀਂ ਕੀਮਤ : ਰੁ. 1,93,57,000/- (ਰੁ. ਇਕ ਕਰੋੜ ਤਰਾਨਵੇਂ ਲੱਖ ਸਤਵੰਜਾ ਹਜ਼ਾਰ ਕੇਵਲ) ਜਮ੍ਹਾਂ ਲਾਗੂ ਦਰਾਂ ਅਨੁਸਾਰ ਪਲਾਂਟ ਅਤੇ ਮਸ਼ੀਨਰੀ ’ਤੇ ਜੀਐਸਟੀ | Rs. 19,35,700/- / Rs. 50,000/- / IDIB333841659501 |

ਕੁਦਰਤੀ ਸਰਪ੍ਰਸਤ ਵਜੋਂ। ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ-147001। 3) ਸ਼੍ਰੀਮਤੀ ਪ੍ਰੀਤੀ ਗਰਾਂਗ ਪਤਨੀ ਸ਼੍ਰੀ. ਰਤਨਦੀਪ ਗਰਾਂਗ (ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ - 147001। 4) ਸ਼੍ਰੀ ਕੇਵਲ ਕ੍ਰਿਸ਼ਨ ਪੁੱਤਰ ਸ਼੍ਰੀ ਓਮ ਪ੍ਰਕਾਸ਼ (ਡਾਇਰੈਕਟਰ ਅਤੇ ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ 147001, 5) ਸ਼੍ਰੀਮਤੀ ਗੁਰਬਖਸ਼ ਕੌਰ ਪਤਨੀ ਸ਼੍ਰੀ ਕੇਵਲ ਕ੍ਰਿਸ਼ਨ (ਗਿਰਵੀਕਾਰ/ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ 147001। 6) ਮੈਸਰਜ਼ ਵੀਸੀਸੀ ਕੰਸਲਟੈਂਟਸ ਪ੍ਰਾਈਵੇਟ ਲਿਮਟਿਡ (ਕਾਰਪੋਰੇਟ ਗਾਰੰਟਰ) ਪਤਾ: ਰਜਿਸਟਰਡ ਦਫ਼ਤਰ: ਦੁਕਾਨ ਨੰਬਰ 46, ਲੀਲਾ ਭਵਨ, ਪਟਿਆਲਾ, ਪੰਜਾਬ।

| | |
|---|---|
| ** ਦਸਤਾਵੇਜ਼ਾਂ ਦੀ ਜਾਂਚ ਦੀ ਮਿਤੀ | 10.04.2026 ਤੋਂ 27.04.2026 ਸਵੇਰੇ 10:00 ਵਜੇ ਤੋਂ ਸ਼ਾਮ 04:00 ਵਜੇ ਤੱਕ |
| ** ਈ-ਨਿਲਾਮੀ ਮੋਡ ਰਾਹੀਂ ਬੋਲੀ ਜਮ੍ਹਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ | 28.04.2026 (ਮੰਗਲਵਾਰ) ਭਾਵ ਈ-ਨਿਲਾਮੀ ਦੀ ਮਿਤੀ ਅਤੇ ਪੋਰਟਲ ਵਿਚ ਈ-ਨਿਲਾਮੀ ਖਤਮ ਹੋਣ ਦੇ ਸਮੇਂ ਤੋਂ ਪਹਿਲਾਂ |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ | 28.04.2026 (ਮੰਗਲਵਾਰ) ਸਵੇਰੇ 15.00 ਵਜੇ ਤੋਂ ਸ਼ਾਮ 05.00 ਵਜੇ ਤੱਕ (ਵਿਕਰੀ ਦੇ ਖਤਮ ਹੋਣ ਤੱਕ ਹਰ ਵਾਰ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ) |

ਇਹ ਪ੍ਰਕਾਸ਼ਨ ਸੁਰੱਖਿਆ ਹਿੱਤ (ਲਾਗੂ ਕਰਨ) ਨਿਯਮਾਂ, 2002 ਦੇ ਨਿਯਮ 6(2) ਅਤੇ 9(1)/8(6) ਦੇ ਤਹਿਤ ਉਪਰੋਕਤ ਕਰਜ਼ਦਾਰ(ਆਂ) ਅਤੇ ਜ਼ਾਮਨ(ਾਂ) ਨੂੰ 15 ਦਿਨਾਂ ਦਾ ਸੂਚਨਾ ਵੀ ਹੈ।

ਬੋਲੀਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਔਨਲਾਈਨ ਬੋਲੀ ਵਿੱਚ ਹਿੱਸਾ ਲੈਣ ਲਈ ਸਾਡੇ ਈ-ਨਿਲਾਮੀ ਸੇਵਾ ਪ੍ਰਦਾਤਾ PSB ਅਲਾਇੰਸ ਪ੍ਰਾਈਵੇਟ ਲਿਮਟਿਡ ਦੀ ਵੈੱਬਸਾਈਟ (https://baanknet.com) ’ਤੇ ਜਾਣ। ਤਕਨੀਕੀ ਸਹਾਇਤਾ ਲਈ ਕਿਰਪਾ ਕਰਕੇ PSB ਅਲਾਇੰਸ ਪ੍ਰਾਈਵੇਟ ਲਿਮਟਿਡ ਨੂੰ ਕਾਲ ਕਰੋ। ਲਿਮਟਿਡ ਹੈਲਪਡੈਸਕ ਨੰਬਰ 8291220220, ਈਮੇਲ ਆਈਡੀ:- support.baanknet@psballiance.com ਅਤੇ ਸੇਵਾ ਪ੍ਰਦਾਤਾ ਹੈਲਪ ਡੈਸਕ ਵਿੱਚ ਉਪਲਬਧ ਹੋਰ ਹੈਲਪ ਲਾਈਨ ਨੰਬਰ। ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਨਾਲ ਰਜਿਸਟ੍ਰੇਸ਼ਨ ਸਥਿਤੀ ਅਤੇ ਈਐਮਡੀ ਸਥਿਤੀ ਲਈ, ਕਿਰਪਾ ਕਰਕੇ support.baanknet@psballiance.com ’ਤੇ ਸੰਪਰਕ ਕਰੋ। ਜਾਇਦਾਦ ਦੇ ਵੇਰਵਿਆਂ ਅਤੇ ਫੋਟੋ ਅਤੇ ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਇੱਥੇ ਜਾਓ: https://baanknet.com ਅਤੇ ਇਸ ਪੋਰਟਲ ਨਾਲ ਸਬੰਧਤ ਸਪਸ਼ਟੀਕਰਨ ਲਈ, ਕਿਰਪਾ ਕਰਕੇ ਹੈਲਪਡੈਸਕ ਨੰਬਰ 8291220220 ’ਤੇ ਸੰਪਰਕ ਕਰੋ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ https://baanknet.com ਨਾਲ ਵੈੱਬਸਾਈਟ ਵਿੱਚ ਜਾਇਦਾਦ ਦੀ ਖੋਜ ਕਰਦੇ ਸਮੇਂ ਉੱਪਰ ਦੱਸੇ ਗਏ ਜਾਇਦਾਦ ਆਈਡੀ ਨੰਬਰ ਦੀ ਵਰਤੋਂ ਕਰਨ।

ਮਿਤੀ: 09.04.2026 ਸਥਾਨ: ਚੰਡੀਗੜ੍ਹ ਅਧਿਕਾਰਤ ਅਧਿਕਾਰੀ

### ਸੂਬਾ ਸਰਕਾਰ ਵੱਲੋਂ ਹਾਜ਼ਰੀ ਨਾਲ ਸਬੰਧਤ ਸੁਧਾਰਾਂ ਨਾਲ ਮਿਸ਼ਨ ਸਮਰੱਥ 2026-27 ਦੀ ਸ਼ੁਰੂਆਤ

# ਹਰਜੋਤ ਬੈਂਸ ਤੇ ਮਨੀਸ਼ ਸਿਸੋਦੀਆ ਨੇ ਮਿਸ਼ਨ ਸਮਰੱਥ ਤਹਿਤ ਅਧਿਆਪਕਾਂ ਵੱਲੋਂ ਅਪਣਾਏ 38 ਉੱਤਮ ਕਲਾਸਰੂਮ ਅਭਿਆਸਾਂ ਦਾ ਸੰਗ੍ਰਹਿ ਕੀਤਾ ਜਾਰੀ

ਚੰਡੀਗੜ੍ਹ, 9 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਪੰਜਾਬ ਦੀ ਸਿੱਖਿਆ ਕ੍ਰਾਂਤੀ ਨੂੰ ਅਗਲੇ ਪੜਾਅ ਵਿੱਚ ਪਹੁੰਚਾਉਣ ਦੇ ਉਦੇਸ਼ ਨਾਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਤੇ 'ਆਪ' ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਦੇ ਨਾਲ ਅੱਜ ਮਿਸ਼ਨ ਸਮਰੱਥ 4.0 ਦੀ ਸ਼ੁਰੂਆਤ ਕੀਤੀ, ਜੋ ਸਿੱਖਿਆ ਵਿੱਚ ਆਲਮੀ ਪੱਧਰ ਦੀ ਉੱਤਮਤਾ ਲਿਆਉਣ ਵਾਲਾ ਪ੍ਰਮੁੱਖ ਬੁਨਿਆਦੀ ਸਿਖਲਾਈ ਪ੍ਰੋਗਰਾਮ ਹੈ। ਇਹ ਨਵੀਂ ਪਹਿਲ ਰਾਜ-ਵਿਆਪੀ ਹਾਜ਼ਰੀ ਟਰੈਕਿੰਗ ਪ੍ਰਣਾਲੀ ਦੀ ਸਹੂਲਤ ਦਿੰਦਾ ਹੈ, ਜਿਸ ਤਹਿਤ ਮਾਪਿਆਂ ਨੂੰ ਆਪਣੇ ਬੱਚੇ ਦੀ ਹਾਜ਼ਰੀ ਬਾਰੇ ਰੋਜ਼ਾਨਾ ਐਸ.ਐਮ.ਐਸ. ਪ੍ਰਾਪਤ ਹੋਣਗੇ। ਇਹ ਅਸਲ-ਸਮੇਂ ਦੀ ਜਵਾਬਦੇਹੀ ਤੇ ਕਲਾਸਰੂਮਾਂ ਵਿੱਚ ਸਿੱਖਣ ਲਈ ਨਿਰੰਤਰ ਸਾਕਾਰਾਤਕ ਮਾਹੌਲ ਵੱਲ ਬਦਲ ਰਹੇ ਪੰਜਾਬ ਦੀ ਪ੍ਰਤੀਕ ਹੈ। ਇਸਨੂੰ ਪੰਜਾਬ ਦੀ ਸਿੱਖਿਆ ਕ੍ਰਾਂਤੀ ਵਿੱਚ ਅਗਲੀ ਵੱਡੀ ਪੁਲਾਂਘ ਦੱਸਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ, ਜੋ ਪਹਿਲਾਂ ਹੀ ਪਰਖ (ਪ੍ਰਦਰਸ਼ਨ ਮੁਲਾਂਕਣ, ਸਮੀਖਿਆ, ਅਤੇ ਸੰਪੂਰਨ ਵਿਕਾਸ ਲਈ ਗਿਆਨ ਵਿਸ਼ਲੇਸ਼ਣ) ਸਰਵੇਖਣ ਵਿੱਚ ਪਹਿਲੇ ਸਥਾਨ 'ਤੇ ਹੈ, ਹੁਣ ਕਲਾਸਰੂਮ ਜਵਾਬਦੇਹੀ ਨੂੰ ਮਜ਼ਬੂਤ ਕਰਕੇ ਅਤੇ ਜਾਂਚੇ-ਪਰਖੇ ਸਿੱਖਿਆ ਅਭਿਆਸਾਂ ਨੂੰ ਵਰਤ ਕੇ ਉਸਾਰੂ ਨਤੀਜਿਆਂ ਵੱਲ ਵਧ ਰਿਹਾ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿੱਖਿਆ ਬਜਟ ਵਧਾ ਕੇ 19,279 ਕਰੋੜ ਰੁਪਏ ਕਰ ਦਿੱਤਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਫੰਡ ਫਾਈਲਾਂ ਵਿੱਚ ਅਟਕੇ ਰਹਿਣ ਦੀ ਥਾਂ ਕਲਾਸਰੂਮਾਂ ਤੱਕ ਪਹੁੰਚਣ। ਇਸ ਨਾਲ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਤੋਂ ਲੈ ਕੇ ਨਤੀਜਿਆਂ ਤੱਕ ਸਾਰਥਕ ਤਬਦੀਲੀ ਆਵੇਗੀ। 'ਪਰਖ' ਰਾਸ਼ਟਰੀ ਸਰਵੇਖਣ 2024 ਵਿੱਚ ਪੰਜਾਬ ਦੇ ਸਿਖਰਲੇ ਸਥਾਨ ਦਾ ਹਵਾਲਾ ਦਿੰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮਿਸ਼ਨ ਸਮਰੱਥ 2026-27 ਦੇ ਹਿੱਸੇ ਵਜੋਂ ਹਾਜ਼ਰੀ ਟਰੈਕਿੰਗ ਸਿਸਟਮ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ, "ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਹਾਜ਼ਰੀ ਬਾਰੇ ਰੋਜ਼ਾਨਾ ਐਸ.ਐਮ.ਐਸ. ਪ੍ਰਾਪਤ ਹੋਣਗੇ, ਹਰ ਗੈਰਹਾਜ਼ਰੀ ਦੀ ਜਾਣਕਾਰੀ ਵੀ ਦਿੱਤੀ ਜਾਵੇਗੀ, ਜਿਸਦਾ ਉਦੇਸ਼ ਨਿਯਮਤ ਹਾਜ਼ਰੀ, ਸਿੱਖਣ ਦੀ ਰੁਚੀ ਤੇ ਵੱਖ-ਵੱਖ ਗਤੀਵਿਧੀਆਂ ਵਿੱਚ ਬੱਚੇ ਦੀ ਸ਼ਮੂਲੀਅਤ ਨੂੰ ਵਧਾਉਣਾ ਹੈ। ਸੱਤ ਦਿਨਾਂ ਲਈ ਗੈਰਹਾਜ਼ਰ ਰਹਿਣ ਵਾਲੇ ਬੱਚੇ ਨੂੰ ਜ਼ਿਲ੍ਹਾ ਪੱਧਰੀ ਮਾਪਿਆਂ ਨਾਲ ਰਾਬਤਾ ਕੀਤਾ ਜਾਵੇਗਾ, ਜਦੋਂ ਕਿ 15 ਦਿਨਾਂ ਤੋਂ ਵੱਧ ਗੈਰਹਾਜ਼ਰ ਰਹਿਣ 'ਤੇ ਮਾਪਿਆਂ ਨੂੰ ਸੂਬੇ ਦੇ ਮੁੱਖ ਦਫਤਰ ਨਾਲ ਸੰਪਰਕ ਕਰਨਾ ਹੋਵੇਗਾ। ਇਹ ਸਿੱਖਣ ਦੀ ਨਿਰੰਤਰਤਾ ਤੇ ਬੱਚਿਆਂ ਦੀ ਸੁਰੱਖਿਆ ਦੋਵਾਂ ਨੂੰ ਯਕੀਨੀ ਬਣਾਏਗਾ।"

ਪ੍ਰੋਗਰਾਮ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਸਿੱਖਿਆ ਮੰਤਰੀ ਨੇ ਕਿਹਾ, "ਮਿਸ਼ਨ ਸਮਰੱਥ ਨੇ ਕਲਾਸਰੂਮ ਦੀ ਨੁਹਾਰ ਬਦਲ ਦਿੱਤੀ ਹੈ। ਇਹ ਪੜਾਅ ਹਾਜ਼ਰੀ ਟਰੈਕਿੰਗ, ਬਿਹਤਰ ਨਿਗਰਾਨੀ ਤੇ ਵਧੀਆ ਅਭਿਆਸਾਂ ਨੂੰ ਸਾਂਝਾ ਕਰਕੇ ਸਿੱਖਿਆ ਦੇ ਮਿਆਰ ਤੇ



ਜਵਾਬਦੇਹੀ ਨੂੰ ਵਧਾਉਣ 'ਤੇ ਕੇਂਦ੍ਰਿਤ ਹੈ। ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਹਰੇਕ ਬੱਚੇ ਲਈ ਬੁਨਿਆਦੀ ਸਿੱਖਿਆ ਦਾ ਆਧਾਰ ਮਜ਼ਬੂਤ ਹੋਵੇ।" ਆਪਣੀ ਕਾਮਯਾਬੀ ਦੇ ਸਫ਼ਰ ਬਾਰੇ ਦੱਸਦਿਆਂ ਉਨ੍ਹਾਂ ਅੱਗੇ ਕਿਹਾ, "ਮੈਂ ਇਸ ਜ਼ਿੰਮੇਵਾਰੀ (ਸਿੱਖਿਆ ਮੰਤਰੀ ਹੋਣ) ਲਈ ਧੰਨਵਾਦੀ ਹਾਂ। ਪਹਿਲਾਂ, ਹਰ ਵਿਧਾਇਕ ਮੰਤਰੀ ਬਣਨਾ ਚਾਹੁੰਦਾ ਸੀ, ਪਰ ਸਿੱਖਿਆ ਮੰਤਰੀ ਨਹੀਂ । ਪਰ ਮੇਰੇ ਲਈ ਇਹ ਇੱਕ ਪਸੰਦੀਦਾ ਕੰਮ ਰਿਹਾ ਹੈ।" ਪੰਜਾਬ ਸਰਕਾਰ ਦੇ ਸਿੱਖਿਆ ਵਿੱਚ ਨਿਵੇਸ਼ ਬਾਰੇ ਦੱਸਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 2021-22 ਵਿੱਚ ਸਿੱਖਿਆ ਬਜਟ 12,657 ਕਰੋੜ ਰੁਪਏ ਤੋਂ ਵਧਾ ਕੇ 2026-27 ਵਿੱਚ 19,279 ਕਰੋੜ ਰੁਪਏ ਕਰ ਦਿੱਤਾ, ਜੋ ਕਿ ਪੰਜਾਬ ਦੇ ਕਿਸੇ ਵੀ ਖੇਤਰ ਲਈ ਸਭ ਤੋਂ ਵੱਡੀ ਅਲਾਟਮੈਂਟ ਹੈ। ਇਹ ਪੈਸਾ ਸਿਰਫ਼ ਕਾਗਜ਼ਾਂ ਵਿੱਚ ਨਹੀਂ ਸਗੋਂ ਹਰ ਸਕੂਲ ਤੱਕ ਪਹੁੰਚ ਗਿਆ ਹੈ। ਪਿਛਲੀਆਂ ਸਰਕਾਰਾਂ ਦੌਰਾਨ ਅਧਿਆਪਕਾਂ ਨੂੰ ਪਖਾਨਿਆਂ ਦੀ ਮੁਰੰਮਤ ਕਰਨ ਜਾਂ ਝਾੜੂ ਖਰੀਦਣ ਲਈ ਦਾਨ ਇਕੱਠਾ ਕਰਨਾ ਪੈਂਦਾ ਸੀ ਪਰ, ਹੁਣ ਉਹ ਕਹਿੰਦੇ ਹਨ ਕਿ ਗ੍ਰਾਂਟ ਨਾ ਭੇਜੋ, ਅਸੀਂ ਪਿਛਲੀ ਗ੍ਰਾਂਟ ਵੀ ਪੂਰੀ ਤਰ੍ਹਾਂ ਖਰਚ ਨਹੀਂ ਕੀਤੀ।" ਉਨ੍ਹਾਂ ਭਗਵੰਤ ਮਾਨ ਸਰਕਾਰ ਦੇ ਸ਼ਾਸਨ ਦੌਰਾਨ ਸਕੂਲ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰਾਂ 'ਤੇ ਹੋਰ ਜ਼ੋਰ ਦਿੰਦਿਆਂ ਕਿਹਾ ਕਿ 500 ਤੋਂ ਵੱਧ ਵਿਦਿਆਰਥੀਆਂ ਵਾਲੇ ਹਰੇਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਹੁਣ ਇੱਕ ਸਮਰਪਿਤ ਕੈਂਪਸ ਮੈਨੇਜਰ ਹੈ, ਜਦੋਂ ਕਿ 100 ਤੋਂ ਵੱਧ ਵਿਦਿਆਰਥੀਆਂ ਵਾਲੇ ਸਕੂਲਾਂ ਨੂੰ ਸੁਰੱਖਿਆ ਗਾਰਡ ਅਤੇ ਸੈਨੀਟੇਸ਼ਨ ਸਟਾਫ ਪ੍ਰਦਾਨ ਕੀਤਾ ਗਿਆ ਹੈ। ਪਹਿਲਾਂ ਇਹ ਸਹੂਲਤਾਂ ਸਕੂਲਾਂ ਵਿੱਚ ਉਪਲਬਧ ਨਹੀਂ ਸਨ।

ਮਨੀਸ਼ ਸਿਸੋਦੀਆ ਨੇ ਕਿਹਾ, "ਪੰਜਾਬ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਸਕੂਲ ਦੇਸ਼ ਦੀ ਅਗਵਾਈ ਕਰ ਸਕਦੇ ਹਨ। ਪਰਖ 2024 ਵਿੱਚ ਅੱਵਲ ਹੋਣਾ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ। ਮਿਸ਼ਨ ਸਮਰੱਥ 4.0 ਦੇ ਨਾਲ ਸੂਬਾ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਹਰ ਬੱਚਾ ਹਰ ਰੋਜ਼ ਸਕੂਲ ਜਾਵੇ ਤੇ ਪੂਰੀ ਲਗਨ ਨਾਲ ਕੁਝ ਸਿੱਖ ਕੇ ਆਵੇ। ਇਹ ਆਲਮੀ ਉੱਤਮਤਾ ਵੱਲ ਇੱਕ ਮਹੱਤਵਪੂਰਨ ਕਦਮ ਹੈ।" ਸੁਧਾਰਾਂ ਪਿੱਛੇ ਦੀ ਸੋਚ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, "ਹਰ ਬੱਚੇ ਨੂੰ ਆਈਆਈਟੀ ਨਹੀਂ ਭੇਜਿਆ ਜਾ ਸਕਦਾ, ਪਰ ਸਰਕਾਰ ਦਾ ਫਰਜ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਬੱਚੇ ਦੀ ਕਾਰਗੁਜ਼ਾਰੀ ਬਾਟਮ ਲਾਈਨ ਤੋਂ ਹੇਠਾਂ ਨਾ ਜਾਵੇ। ਕਿਉਂਕਿ ਜੇਕਰ ਕਿਸੇ ਵੀ ਸਿਸਟਮ ਵਿੱਚ ਕੋਈ ਵੀ ਬੱਚਾ ਇਸ ਲਾਈਨ ਤੋਂ ਹੇਠਾਂ ਚਲਾ ਜਾਂਦਾ ਹੈ ਤਾਂ ਇਸ ਦਾ ਅਰਥ ਸਰਕਾਰ ਦੀ ਨਿਕਾਮੀ ਹੋਵੇਗੀ। ਬੱਚੇ ਅੰਕੜਿਆਂ ਨੂੰ ਨਹੀਂ ਦਰਸਾਉਂਦੇ ਇਹ ਉਮੀਦ ਨੂੰ ਦਰਸਾਉਂਦੇ ਹਨ ਅਤੇ ਉਮੀਦ ਨੂੰ ਬਾਟਮ ਲਾਈਨ ਤੋਂ ਹੇਠਾਂ ਨਹੀਂ ਛੱਡਿਆ ਜਾ ਸਕਦਾ।" ਜਵਾਬਦੇਹੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ, ਮਨੀਸ਼ ਸਿਸੋਦੀਆ ਨੇ ਕਿਹਾ, "ਦੇਸ਼ ਭਰ ਵਿੱਚ, ਲੋਕ ਸਿੱਖਿਆ ਮੰਤਰੀਆਂ, ਪ੍ਰਧਾਨ ਮੰਤਰੀਆਂ ਅਤੇ ਮੁੱਖ ਮੰਤਰੀਆਂ ਦੇ ਭਾਸ਼ਣ ਪੜ੍ਹਦੇ ਹਨ। ਪਰ ਸਿਰਫ਼ ਭਾਸ਼ਣ ਜ਼ਿੰਦਗੀਆਂ ਨਹੀਂ ਬਦਲਦੇ, ਇਹ ਸਿਰਫ ਕੰਮਾਂ ਨਾਲ ਬਦਲੀਆਂ ਜਾ ਸਕਦੀਆਂ ਹਨ।

**ਕੰਮਾਂ ਵਿੱਚ ਰੁੱਝੇ ਮਾਪਿਆਂ ਨੂੰ ਇੱਕ ਸਧਾਰਨ ਸੁਨੇਹਾ ਮਿਲਦਾ ਹੈ:** "ਤੁਹਾਡਾ ਬੱਚਾ ਸੁਰੱਖਿਅਤ ਢੰਗ ਨਾਲ ਸਕੂਲ ਪਹੁੰਚ ਗਿਆ ਹੈ।" ਇਹ ਜਵਾਬਦੇਹੀ ਅਸਲ-ਸਮੇਂ ਦਾ ਭਰੋਸਾ ਅਤੇ ਹਜ਼ਾਰਾਂ ਬਿਆਨਾਂ ਤੋਂ ਕਿਤੇ ਵੱਧ ਮਹੱਤਵਪੂਰਨ ਹੈ।" ਇਸ ਮੌਕੇ ਸਕੱਤਰ ਸਕੂਲ ਸਿੱਖਿਆ ਸੋਨਾਲੀ ਗਿਰੀ ਨੇ ਪਤਵੰਤਿਆਂ ਦਾ ਸਵਾਗਤ ਕਰਦਿਆਂ ਕਿਹਾ, "ਅਸੀਂ ਇਹ ਯਕੀਨੀ ਬਣਾਵਾਂਗੇ ਕਿ ਹਰੇਕ ਵਿਦਿਆਰਥੀ ਤੇ ਮਾਪੇ ਸਰਕਾਰੀ ਸਕੂਲਾਂ ਦਾ ਹਿੱਸਾ ਬਣਨ 'ਤੇ ਮਾਣ ਮਹਿਸੂਸ ਕਰਨ। ਪੰਜਾਬ ਨੇ ਨਵਾਂ ਮਾਪਦੰਡ ਸਥਾਪਤ ਕੀਤਾ ਹੈ ਅਤੇ ਮਿਸ਼ਨ ਸਮਰੱਥ ਇਸ ਨੂੰ ਹੋਰ ਬੁਲੰਦੀਆਂ 'ਤੇ ਲੈ ਜਾਵੇਗਾ।"

**ਸਿੱਖਣ ਦੀ ਨਿਰੰਤਰਤਾ ਨੂੰ ਮਜ਼ਬੂਤ ਕਰਨ ਲਈ ਹਾਜ਼ਰੀ-ਸਬੰਧਿਤ ਸੁਧਾਰ:** ਭਗਵੰਤ ਮਾਨ ਸਰਕਾਰ ਦੇ ਪ੍ਰਮੁੱਖ ਪ੍ਰੋਗਰਾਮ ਮਿਸ਼ਨ ਸਮਰੱਥ ਤਹਿਤ ਬੱਚਿਆਂ ਨੂੰ ਗ੍ਰੇਡ ਦੀ ਬਜਾਏ ਉਨ੍ਹਾਂ ਦੇ ਸਿੱਖਣ ਦੇ ਪੱਧਰ ਮੁਤਾਬਕ ਸਿੱਖਿਆ ਪ੍ਰਦਾਨ ਕਰਨ ਲਈ ਇੱਕ ਕੇਂਦ੍ਰਿਤ, ਕਲਾਸਰੂਮ-ਸੰਚਾਲਿਤ ਪਹੁੰਚ ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਵਿੱਚ ਪਾੜੇ ਦੀ ਪਛਾਣ ਕਰਨ ਲਈ ਨਿਯਮਤ ਮੁਲਾਂਕਣ, ਗਤੀਵਿਧੀ-ਅਧਾਰਤ ਸਿਖਲਾਈ ਅਤੇ ਅਧਿਆਪਕਾਂ ਲਈ ਨਿਰੰਤਰ ਸਲਾਹ ਸ਼ਾਮਲ ਹੈ। 'ਪਰਖ' ਰਾਸ਼ਟਰੀ ਸਰਵੇਖਣ 2024 ਵਿੱਚ ਪੰਜਾਬ ਬਿਹਤਰ ਕਾਰਗੁਜ਼ਾਰੀ ਵਾਲੇ ਸੂਬੇ ਵਜੋਂ ਉਭਰਿਆ ਹੈ, ਇਸ ਲਈ ਪੰਜਾਬ ਸਰਕਾਰ ਨੇ ਹੁਣ ਸਿੱਖਿਆ ਵਿੱਚ ਰਾਸ਼ਟਰੀ ਲੀਡਰਸ਼ਿਪ ਤੋਂ ਵਿਸ਼ਵਵਿਆਪੀ ਉੱਤਮਤਾ ਵੱਲ ਵਧਣ ਲਈ ਮਿਸ਼ਨ ਸਮਰੱਥ 2026-27 ਦੀ ਸ਼ੁਰੂਆਤ ਕੀਤੀ ਹੈ। ਇਸ ਪੜਾਅ ਅਧੀਨ ਸੂਬਾ ਪੱਧਰੀ ਹਾਜ਼ਰੀ ਟਰੈਕਿੰਗ ਪ੍ਰਣਾਲੀ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਹਾਜ਼ਰੀ ਬਾਰੇ ਰੋਜ਼ਾਨਾ ਐਸਐਮਐਸ ਪ੍ਰਾਪਤ ਹੋਣਗੇ, ਜਿਸ ਵਿੱਚ ਹਰ ਗੈਰਹਾਜ਼ਰੀ ਦੀ ਜਾਣਕਾਰੀ ਦਿੱਤੀ ਜਾਵੇਗੀ। ਇਹ ਪ੍ਰਣਾਲੀ ਨਿਯਮਤ ਹਾਜ਼ਰੀ ਨੂੰ ਬਿਹਤਰ ਬਣਾਉਣ, ਸਿੱਖਣ ਦੀ ਨਿਰੰਤਰਤਾ ਨੂੰ ਯਕੀਨੀ ਬਣਾਉਣ, ਕਲਾਸਰੂਮ ਵਿੱਚ ਸ਼ਮੂਲੀਅਤ ਨੂੰ ਵਧਾਉਣ ਤੇ ਸਕੂਲਾਂ ਤੇ ਮਾਪਿਆਂ ਦਰਮਿਆਨ ਮਜ਼ਬੂਤ ਜਵਾਬਦੇਹੀ ਬਣਾਉਣ ਲਈ ਤਿਆਰ ਕੀਤੀ ਗਈ ਹੈ ਅਤੇ ਇਹ ਹਾਜ਼ਰੀ ਅਤੇ ਸਿੱਖਣ ਦੇ ਨਤੀਜਿਆਂ ਦਰਮਿਆਨ ਸਬੰਧ ਨੂੰ ਹੋਰ ਮਜ਼ਬੂਤ ਕਰੇਗੀ।

## ਪੰਜਾਬ ਪ੍ਰਦੂਸ਼ਨ ਨਿਯੰਤਰਣ ਬੋਰਡ ਨੂੰ ਪਰਾਲ਼ੀ ਸਾੜਨ ਘਟਾਉਣ ਦੀ ਪਹਿਲ ਲਈ ਮਿਲਿਆ ਸਕੋਚ ਸਿਲਵਰ ਐਵਾਰਡ- 2025

ਚੰਡੀਗੜ੍ਹ, 9 ਅਪ੍ਰੈਲ (ਚ.ਨ.ਸ.): ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਨੂੰ ਇਸਦੇ ਪ੍ਰੋਜੈਕਟ "ਸੰਕਟ ਤੋਂ ਸਫਲਤਾ ਤੱਕ-ਪੰਜਾਬ ਦੀ ਸ਼ੁੱਧ ਹਵਾ ਬਦਲਾਅ ਯਾਤਰਾ" ਲਈ ਵਾਤਾਵਰਣ ਸ਼੍ਰੇਣੀ ਵਿੱਚ ਸਕੋਚ ਸਿਲਵਰ ਐਵਾਰਡ 2025 ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਐਵਾਰਡ ਨਵੀਂ ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਵਿੱਚ ਹੋਏ 107ਵੇਂ ਸਕੋਚ ਸਮਿੱਟ "ਗਵਰਨੈਂਸ ਟ੍ਰਾਂਸਫਾਰਮਡ" ਦੌਰਾਨ ਦਿੱਤਾ ਗਿਆ। ਪਿਛਲੇ ਪੰਜ ਸਾਲਾਂ ਵਿੱਚ, ਪੰਜਾਬ ਨੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਹੱਲ ਕਰਨ ਲਈ ਬਹੁ-ਵਿਭਾਗੀ ਕੋਸ਼ਿਸ਼ਾਂ ਰਾਹੀਂ ਮਹੱਤਵਪੂਰਨ ਤਰੱਕੀ ਕੀਤੀ ਹੈ। ਇਸ ਵਿੱਚ ਰੀਅਲ-ਟਾਈਮ ਮਾਨੀਟਰਿੰਗ ਤੇ ਲਾਗੂਕਰਨ ਦੇ ਨਾਲ-ਨਾਲ ਲੰਬੇ ਸਮੇਂ ਦੇ ਢਾਂਚਾਗਤ ਕਦਮ ਸ਼ਾਮਲ ਹਨ, ਜਿਵੇਂ ਕਿ ਸੀ ਆਰ ਐਮ ਮਸ਼ੀਨਰੀ ਦੀ ਵੱਡੇ ਪੱਧਰ 'ਤੇ ਤੈਨਾਤੀ, ਕਸਟਮ ਹਾਇਰਿੰਗ ਸੈਂਟਰਾਂ ਦੀ ਮਜ਼ਬੂਤੀ, ਅਤੇ ਧਾਨ ਦੀ ਪਰਾਲੀ ਦੇ ਬਾਹਰੀ ਉਪਯੋਗ ਵਿੱਚ ਵਾਧਾ "ਜੋ 8.8 ਲੱਖ ਟਨ ਤੋਂ ਵੱਧ ਕੇ 40 ਲੱਖ ਟਨ ਸਾਲਾਨਾ ਹੋ ਗਿਆ ਹੈ।



ਰੀਨਾ ਗੁਪਤਾ, ਚੇਅਰਪਰਸਨ, ਪੀਪੀਸੀਬੀ ਨੇ ਕਿਹਾ, "ਅਸੀਂ ਇਸ ਰਾਸ਼ਟਰੀ ਮਾਨਤਾ ਨੂੰ ਪ੍ਰਾਪਤ ਕਰਕੇ ਮਾਣਮੱਤੇ ਮਹਿਸੂਸ ਕਰਦੇ ਹਾਂ। ਇਹ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਜੋ ਇੱਕ ਜਟਿਲ ਵਾਤਾਵਰਣ ਚੁਣੌਤੀ ਨੂੰ ਹੱਲ ਕਰਨ ਲਈ ਹੈ।" ਪੰਜਾਬ ਰਾਜ ਭਵਿੱਖ ਵਿੱਚ ਇਸ ਦਿਸ਼ਾ ਵਿਚ ਹੋਰ ਬਿਹਤਰ ਪ੍ਰਾਪਤੀ ਹਾਂਸਲ ਕਰਨ ਲਈ ਪਰਾਲੀ ਸਾੜਨ ਦੇ ਰੁਝਾਨ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕਰ ਰਿਹਾ ਹੈ। ਇੱਕ ਜਟਿਲ ਮੁਲਾਂਕਣ ਪ੍ਰਕਿਰਿਆ ਜਿਸ ਵਿੱਚ ਪ੍ਰਸਤੁਤੀਆਂ, ਵਿਸ਼ਾ ਮਾਹਰ ਜੱਜਾਂ ਤੇ ਜਨਤਕ ਵੋਟਿੰਗ ਸ਼ਾਮਲ ਹੁੰਦੀ ਹੈ, ਨੂੰ ਸਫਲਤਾਪੂਰਵਕ ਪਾਰ ਕਰਨਾ ਵਾਲੇ ਰਾਜ ਨੂੰ ਸਕੋਚ ਐਵਾਰਡ ਦਿੱਤਾ ਜਾਂਦਾ ਹੈ।

# ਦਿੱਲੀ ਤੋਂ 409 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਲਈ ਰਵਾਨਾ ਹੋਇਆ

ਨਵੀਂ ਦਿੱਲੀ, 9 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਵਾਰ ਵੀ ਖਾਲਸਾ ਸਾਜਣਾ ਦਿਵਸ ਵਿਸਾਖੀ ਦੇ ਮੌਕੇ 'ਤੇ ਦਿੱਲੀ ਦੀ ਸੰਗਤ ਨੂੰ ਪਾਕਿਸਤਾਨ ਦੇ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਲਈ 409 ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਲਈ ਭੇਜਿਆ ਗਿਆ। ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਮਹਾਸਚਿਵ ਜਗਦੀਪ ਸਿੰਘ ਕਾਹਲੋ ਨੇ ਜਥੇ ਵਿੱਚ ਜਾਣ ਵਾਲੇ ਸ਼ਰਧਾਲੂਆਂ ਨੂੰ ਵਧਾਈ ਦਿੱਤੀ। ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਦਿਲਬਾਗ ਸਿੰਘ ਵੱਲੋਂ ਅਰਦਾਸ ਕੀਤੀ ਗਈ। ਦਿੱਲੀ ਦੇ ਗੁਰਦੁਆਰਾ ਰਕਾਬ ਗੰਜ ਸਾਹਿਬ ਵਿੱਚ ਦਿੱਲੀ ਗੁਰਦੁਆਰਾ ਕਮੇਟੀ ਦੇ ਮਹਾਸਚਿਵ ਜਗਦੀਪ ਸਿੰਘ ਕਾਹਲੋ ਅਤੇ ਵਿਦੇਸ਼ ਮਾਮਲਿਆਂ ਦੇ ਸਲਾਹਕਾਰ ਪਰਮਜੀਤ ਸਿੰਘ ਚੰਡੋਕ ਨੇ ਖਾਸ ਤੌਰ 'ਤੇ ਪਹੁੰਚ ਕੇ ਜਥੇ ਨੂੰ ਰਵਾਨਾ ਕੀਤਾ। ਇਸ ਮੌਕੇ 'ਤੇ ਦਿੱਲੀ ਕਮੇਟੀ ਦੇ ਮੀਡੀਆ ਸਲਾਹਕਾਰ ਸੁਦੀਪ ਸਿੰਘ, ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਚੇਅਰਮੈਨ ਸਤਨਾਮ ਸਿੰਘ ਜੱਗਾ ਸਮੇਤ ਕਈ ਗਣਮਾਨਯ ਸ਼ਖ਼ਸੀਅਤਾਂ ਮੌਜੂਦ ਰਹੀਆਂ।



ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋ ਨੇ ਦੱਸਿਆ ਕਿ ਕੁੱਲ 2840 ਸ਼ਰਧਾਲੂ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਜਥੇ ਵਿੱਚ ਸ਼ਾਮਲ ਹਨ, ਜਦਕਿ ਦਿੱਲੀ ਤੋਂ 409 ਸ਼ਰਧਾਲੂਆਂ ਦਾ ਜਥਾ ਸ੍ਰੀ ਅੰਮ੍ਰਿਤਸਰ ਲਈ ਰਵਾਨਾ ਹੋ ਗਿਆ ਹੈ। ਕੱਲ੍ਹ 10 ਤਾਰੀਖ ਨੂੰ ਸਵੇਰੇ ਸਾਰੇ ਸ਼ਰਧਾਲੂ ਵਾਘਾ ਬਾਰਡਰ ਰਾਹੀਂ ਪਾਕਿਸਤਾਨ ਵਿੱਚ ਦਾਖਲ ਹੋਣਗੇ ਤੇ ਗੁਰਦੁਆਰਾ ਪੰਜਾ ਸਾਹਿਬ ਵਿੱਚ ਖਾਲਸਾ ਸਾਜਣਾ ਦਿਵਸ ਵਿਸਾਖੀ ਦਾ ਤਿਉਹਾਰ ਮਨਾਕੇ 19 ਅਪ੍ਰੈਲ ਨੂੰ ਵਾਪਸ ਭਾਰਤ ਪਰਤਣਗੇ। ਉਨ੍ਹਾਂ ਨੇ ਦੱਸਿਆ ਕਿ ਦਿੱਲੀ ਕਮੇਟੀ ਦੇ ਮੈਂਬਰ ਹਰਜੀਤ ਸਿੰਘ ਪੱਪਾ ਤੇ ਅਨੂਪ ਸਿੰਘ ਘੁੰਮਣ ਨੂੰ ਜਥੇ ਦਾ ਇੰਚਾਰਜ ਬਣਾ ਕੇ ਭੇਜਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੀ ਵਾਰ ਸ਼ਿਰੋਮਣੀ ਕਮੇਟੀ ਦੇ ਜਥੇ ਵਿੱਚੋਂ ਇੱਕ ਮਹਿਲਾ ਦੇ ਵੱਖ ਹੋਣ ਦੀ ਘਟਨਾ ਤੋਂ ਸਬਕ ਲੈਂਦੇ ਹੋਏ ਇਸ ਵਾਰ ਦਿੱਲੀ ਕਮੇਟੀ ਨੇ ਸਾਰੇ ਸ਼ਰਧਾਲੂਆਂ ਦੀ ਪੂਰੀ ਜਾਂਚ ਤੋਂ ਬਾਅਦ ਹੀ ਵੀਜ਼ਾ ਲਈ ਭੇਜਿਆ ਸੀ। ਜਿਨ੍ਹਾਂ ਨੂੰ ਵੀਜ਼ਾ ਨਹੀਂ ਮਿਲ ਸਕਿਆ, ਉਨ੍ਹਾਂ ਲਈ ਅਰਦਾਸ ਕਰਦੇ ਹਾਂ ਕਿ ਅਗਲੀ ਵਾਰ ਜਥੇ ਵਿੱਚ ਉਨ੍ਹਾਂ ਨੂੰ ਦਰਸ਼ਨਾਂ ਦੀ ਮਨਜ਼ੂਰੀ ਮਿਲ ਸਕੇ। ਹਰਮੀਤ ਸਿੰਘ ਕਾਲਕਾ ਤੇ ਮਹਾਸਚਿਵ ਜਗਦੀਪ ਸਿੰਘ ਕਾਹਲੋ ਨੇ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਖਾਸ ਧੰਨਵਾਦ ਕੀਤਾ, ਜਿਨ੍ਹਾਂ ਨੇ ਸਿੱਖਾਂ ਦੀਆਂ ਭਾਵਨਾਵਾਂ ਦੀ ਕਦਰ ਕਰਦਿਆਂ ਦੋਨਾਂ ਦੇਸ਼ਾਂ ਵਿੱਚ ਤਣਾਅਪੂਰਨ ਮਾਹੌਲ ਦੇ ਬਾਵਜੂਦ ਸਿੱਖ ਸ਼ਰਧਾਲੂਆਂ ਨੂੰ ਗੁਰਦੁਆਰਿਆਂ ਦੇ ਦਰਸ਼ਨ ਲਈ ਪਾਕਿਸਤਾਨ ਜਾਣ ਦੀ ਮਨਜ਼ੂਰੀ ਦਿੱਤੀ ਹੈ।

## ਗੈਂਗਸਟਰਾਂ 'ਤੇ ਵਾਰ ਦੇ 79ਵੇਂ ਦਿਨ 567 ਥਾਵਾਂ ਉੱਤੇ ਛਾਪੇਮਾਰੀ ਦੌਰਾਨ 252 ਕਾਬੂ

ਚੰਡੀਗੜ੍ਹ, 9 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 79ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 567 ਟਿਕਾਣਿਆਂ ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 79ਵੇਂ ਦਿਨ, ਪੁਲਿਸ ਟੀਮਾਂ ਨੇ ਇੱਕ ਹਥਿਆਰ ਬਰਾਮਦ ਕਰਨ ਤੋਂ ਬਾਅਦ 252 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਗ੍ਰਿਫ਼ਤਾਰੀਆਂ ਦੀ ਕੁੱਲ ਗਿਣਤੀ 19,894 ਹੋ ਗਈ ਹੈ। ਇਸ ਤੋਂ ਇਲਾਵਾ 80 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 72 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946- 93946 ਰਾਹੀਂ ਗੁਪਤ ਰੂਪ ਚ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 404ਵੇਂ ਦਿਨ 129 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.9 ਕਿਲੋ ਗ੍ਰਾਮ ਹੈਰੋਇਨ, 40,507 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 27,299 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ, ਸਿਰਫ 404 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 57,952 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ 22 ਵਿਅਕਤੀਆਂ ਨੂੰ ਨਸ਼ਾ ਛੁਡਾਊ ਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

## ਬਿਕਰਮ ਮਜੀਠੀਆ ਤੇ ਸੁਰਜੀਤ ਕੌਰ ਬਰਨਾਲਾ ਸਮੇਤ ਦਰਜ਼ਨਾਂ ਆਗੂਆਂ ਵੱਲੋਂ ਸਵ. ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਪ੍ਰੀਵਾਰ ਨਾਲ ਕੀਤਾ ਦੁੱਖ ਸਾਂਝਾਂ

ਪਟਿਆਲਾ, 9 ਅਪ੍ਰੈਲ (ਰੁਪਾਣਾ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਕੈਬਿਨੇਟ ਮੰਤਰੀ ਬਿਕਰਮ ਸਿੰਘ ਮਜੀਠੀਆ, ਪੀ ਐੱਸ ਓਬਰਾਏ, ਵਿਧਾਇਕ ਦੇਵ ਸਿੰਘ ਮਾਨ ਸਾਬਕਾ ਮੁੱਖ ਮੰਤਰੀ ਤੇ ਗਵਰਨਰ ਸੁਰਜੀਤ ਸਿੰਘ ਬਰਨਾਲਾ ਦੀ ਧਰਮ ਪਤਨੀ, ਮੈਂਬਰ ਲੋਕ ਸਭਾ ਸ਼ੇਰ ਸਿੰਘ ਘੁਬਾਇਆ, ਪ੍ਰਕਾਸ਼ ਸਿੰਘ ਬੱਲੂਆਣਾ, ਅਕਾਲੀ ਆਗੂ ਸਰਬਜੀਤ ਸਿੰਘ ਝਿੰਜਰ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ਼, ਸਾਬਕਾ ਵਿਧਾਇਕ ਜਸਬੀਰ ਸਿੰਘ ਗਿੱਲ, ਸਾਬਕਾ ਵਿਧਾਇਕ ਕੁਸ਼ਲ ਦੀਪ ਢਿਲੋਂ, ਗੁਰਇਕਬਲ ਕੌਰ ਸਾਬਕਾ ਵਿਧਾਇਕ, ਅੰਗਦ ਸਿੰਘ ਨਵਾਂ ਸ਼ਹਿਰ ਸਮੇਤ ਹੋਰ ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਦੇ ਆਗੂਆਂ, ਮੌਜੂਦਾ ਤੇ ਸਾਬਕਾ ਮੰਤਰੀਆਂ ਤੇ ਮੌਜੂਦਾ ਤੇ ਸਾਬਕਾ ਵਿਧਾਇਕਾਂ, ਮੌਜੂਦਾ ਤੇ ਸਾਬਕਾ ਮੈਂਬਰ ਲੋਕ ਸਭਾ ਪ੍ਰਸਾਸ਼ਨ ਦੇ ਉੱਚ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਮੁੱਖੀਆਂ ਵੱਲੋ ਟਕਸਾਲੀ ਕਾਂਗਰਸੀ ਅਤੇ ਸਾਬਕਾ ਕੈਬਿਨੇਟ ਮੰਤਰੀ ਸਵ :ਲਾਲ ਸਿੰਘ ਦੇ ਸਦੀਵੀ ਵਿਛੋੜੇ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜ ਕੇ ਸਾਬਕਾ ਵਿਧਾਇਕ ਸਮਾਣਾ ਰਜਿੰਦਰ ਸਿੰਘ , ਪਬਲਿਕ ਸਰਵਿਸ ਕਮਿਸ਼ਨ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਰਵੀ ਤਮਨ ਰਾਜ ਸਿੰਘ, ਅਤੇ ਹੋਰ ਦੂਸਰੇ ਪਰਿਵਾਰਕ ਮੈਂਬਰਾਂ ਨਾਲ ਆਪਣੇ ਦੁੱਖ ਦਾ ਪਰਗਟਾਵਾ ਕੀਤਾ ਗਿਆ!

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਿਕ੍ਰਮ ਮਜੀਠੀਆ ਨੇ ਸਵ. ਲਾਲ ਸਿੰਘ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕਰਦੇ ਹੋਏ ਕਿਹਾ ਕਿਹਾ ਕਿ ਟਕਸਾਲੀ ਕਾਂਗਰਸੀ ਆਗੂ ਲਾਲ ਸਿੰਘ ਇਕ ਦਿੱਗਜ਼ ਤੇ ਨਿਰ- ਵਿਵਾਵਿਤ ਲੀਡਰ ਸਨ ਜਿਹਨਾਂ ਦੇ ਜਾਣ ਨਾਲ ਰਾਜਨੀਤਿ ਦੇ ਇਕ ਸੁਨਹਿਰੀ ਯੁੱਗ ਦਾ ਅੰਤ ਹੋ ਗਿਆ ਹੈ! ਉਹਨਾਂ ਕਿਹਾ ਕਿ ਸਵ: ਲਾਲ ਸਿੰਘ, ਜਿਨ੍ਹਾਂ ਦਾ ਸਮੁੱਚਾ ਜੀਵਨ ਸਾਰਿਆਂ ਲਈ ਪ੍ਰੇਰਨਾ ਦਾ ਮਾਰਗ ਹੈ। ਉਨ੍ਹਾਂ ਵੱਲੋਂ ਪਾਰਟੀ ਪ੍ਰਤੀ ਸਮਰਪਿਤ ਦੀ ਭਾਵਨਾ ਸਾਰਿਆਂ ਨੂੰ ਇਸ ਗੱਲ ਵੱਲ ਪ੍ਰੇਰਨਾ ਹੈ ਕਿ ਪਾਰਟੀ ਪ੍ਰਤੀ ਹਮੇਸ਼ਾ ਵਫ਼ਾਦਾਰ ਰਹਿਣ ਦੀ ਲੋੜ ਹੈ! ਉਹਨਾਂ ਕਿਹਾ ਕਿ ਅੱਜ ਦੀ ਰਾਜਨੀਤਿ ਦਾ ਮਿਆਰ ਬਹੁਤ ਹੇਠਾਂ ਡਿੱਗ ਗਿਆ ਹੈ,, ਅਫ਼ਸਰ ਸ਼ਾਹੀ ਲੋਕ ਹਿੱਤਾਂ ਤੇ ਭਾਰੂ ਹੋ ਗਈ ਹੈ! ਮਜੀਠਿਆ ਨੇ ਕਿਹਾ ਨੇ ਕਿਹਾ ਕਿ ਲਾਲ ਸਿੰਘ ਦਾ ਅਚਨਚੇਤ ਇਸ ਸੰਸਾਰ ਨੂੰ ਛੱਡ ਜਾਣਾ ਪੰਜਾਬ ਲਈ ਜਿੱਥੇ ਵੱਡਾ ਘਾਟਾ ਹੈ, ਉਥੇ ਪਰਿਵਾਰ ਲਈ ਵੀ ਇਕ ਅਸਹਿ ਸਦੀਵੀ ਵਿਛੋੜਾ ਹੈ।



ਉਨ੍ਹਾਂ ਨੇ ਲਾਲ ਸਿੰਘ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕਰਦੇ ਹੋਏ ਕਿਹਾ ਕਿ ਉਹ ਬਹੁਪੱਖੀ ਸਖਸ਼ੀਅਤ ਦੇ ਇਨਸਾਨ ਸਨ ਅਜਿਹੇ ਇਨਸਾਨ ਨੂੰ ਪ੍ਰਮਾਤਮਾ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਇਸ ਮੌਕੇ ਦਮੋਦਰ ਸਿੰਘ, ਸੋਮਪਾਲ ਸਿੰਘ ਹਰਮੇਲ ਸਿੰਘ ਮਕੌਰੜ,ਨਾਇਬ ਸਿੰਘ ਭਾਨਰੀ, ਰਾਜ ਕੁਮਾਰ ਡਕਾਲਾ, ਤਰਸੇਮ ਸਿੰਘ ਝੰਡੀ, ਨੰਬਰਦਾਰ ਹਰਵਿੰਦਰ ਸਿੰਘ ਬੀਬੀ ਪੁਰ, ਜਤਿੰਦਰ ਕੰਬੋਜ਼, ਹੈਪੀ ਧਾਲੀਵਾਲ, ਮੇਜ਼ਰ ਕੰਬੋਜ, ਸਚਿਨ ਕੰਬੋਜ਼ ਸੰਦੀਪ ਸੋਨੀ, ਸਤਬੀਰ ਸਿੰਘ, ਗੁਰਪ੍ਰੀਤ ਸਿੰਘ ਕਾਕਾ ਜਲਾਲਪੁਰ, ਹੈਪੀ ਰੀਠ ਖੇੜੀ, ਜ਼ੋਨੀ ਮਰਦਾਂਹੇੜੀ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਇਸ ਸਮੇਂ ਹਾਜ਼ਰ ਸਨ।

# ਹਰਪਾਲ ਸਿੰਘ ਚੀਮਾ ਵੱਲੋਂ ਪੈਨਸ਼ਨਰ ਸੇਵਾ ਪੋਰਟਲ ਬਾਰੇ ਬੈਂਕਾਂ ਨਾਲ ਅਹਿਮ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ

ਚੰਡੀਗੜ੍ਹ, 9 ਅਪ੍ਰੈਲ(ਚ.ਨ.ਸ.): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੈਨਸ਼ਨਰ ਸੇਵਾ ਪੋਰਟਲ ਨਾਲ ਸਬੰਧਤ ਦੇਰੀ ਤੇ ਅਹਿਮ ਲੰਬਿਤ ਮੁੱਦਿਆਂ ਦਾ ਜਾਇਜ਼ਾ ਲੈਣ ਲਈ ਬੈਂਕਾਂ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਖੁੰਝੀਆਂ ਸਮਾਂ-ਸੀਮਾਵਾਂ, ਅਧੂਰੇ ਕੰਮਾਂ ਅਤੇ ਸਿਸਟਮ ਦੀਆਂ ਖਾਮੀਆਂ 'ਤੇ ਵਿਚਾਰ ਕੀਤਾ ਗਿਆ। ਉਨ੍ਹਾਂ ਨੇ ਤੁਰੰਤ ਪਾਲਣਾ, ਤੇਜ਼ੀ ਨਾਲ ਏਕੀਕਰਨ ਤੇ ਲੰਬਿਤ ਮਾਮਲਿਆਂ ਦੇ ਨਿਪਟਾਰੇ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ, ਅਤੇ ਇਹ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਪੈਨਸ਼ਨ ਦੀਆਂ ਅਦਾਇਗੀਆਂ ਸਖ਼ਤੀ ਨਾਲ ਬੈਂਕਾਂ ਦੀ ਕਾਰਗੁਜ਼ਾਰੀ ਤੇ ਠੋਸ ਪ੍ਰਗਤੀ ਨਾਲ ਜੁੜੀਆਂ ਹੋਣਗੀਆਂ। ਸਥਿਤੀ ਬਾਰੇ ਵਿਸਤ੍ਰਿਤ ਜਾਣਕਾਰੀ ਦਿੰਦਿਆਂ, ਵਿੱਤ ਮੰਤਰੀ ਚੀਮਾ ਨੇ ਸਰਕਾਰ ਦੇ ਸਟੈਂਡ, ਪਿਛਲੀਆਂ ਕਾਰਵਾਈਆਂ ਅਤੇ ਸਾਰੀਆਂ ਹਿੱਸਾ ਲੈਣ ਵਾਲੀਆਂ ਵਿੱਤੀ ਸੰਸਥਾਵਾਂ ਤੋਂ ਭਵਿੱਖ ਦੀਆਂ ਸਖ਼ਤ ਉਮੀਦਾਂ ਬਾਰੇ ਵਿਸਥਾਰ ਨਾਲ ਦੱਸਿਆ। ਬੈਂਕਰਾਂ ਨੂੰ ਸੰਬੋਧਨ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਮੈਂ 24 ਦਸੰਬਰ 2025 ਨੂੰ ਹੋਈ ਸਾਡੀ ਸ਼ੁਰੂਆਤੀ ਮੀਟਿੰਗ ਤੋਂ ਬਾਅਦ ਇਸ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹਾਂ, ਜਿੱਥੇ ਬੈਂਕਾਂ ਨੇ ਪੋਰਟਲ ਨਾਲ ਸਬੰਧਤ ਕੰਮਾਂ ਨੂੰ ਪੂਰਾ ਕਰਨ ਲਈ ਵੱਖ-ਵੱਖ ਸਮਾਂ-ਸੀਮਾਵਾਂ ਪ੍ਰਤੀ ਵਚਨਬੱਧਤਾ ਪ੍ਰਗਟਾਈ ਸੀ। 2 ਫਰਵਰੀ 2026 ਨੂੰ ਵਧੀਕ ਮੁੱਖ ਸਕੱਤਰ, ਵਿੱਤ ਦੀ ਪ੍ਰਧਾਨਗੀ ਹੇਠ ਹੋਈ ਸਮੀਖਿਆ ਤੋਂ ਬਾਅਦ, ਇਹ ਸਪੱਸ਼ਟ ਤੌਰ 'ਤੇ ਦੇਖਿਆ ਗਿਆ ਕਿ ਬੈਂਕਾਂ ਨੇ ਦਿੱਤੀਆਂ ਗਈਆਂ ਸਮਾਂ-ਸੀਮਾਵਾਂ ਦੀ ਪੂਰੀ ਤਰ੍ਹਾਂ ਪਾਲਣਾ ਨਹੀਂ ਕੀਤੀ ਸੀ। ਇਸ ਅਨੁਸਾਰ, ਬੈਂਕਾਂ ਦੀ ਆਪਣੀ ਬੇਨਤੀ ਦੇ ਅਧਾਰ 'ਤੇ ਸਮਾਂ-ਸੀਮਾਵਾਂ ਨੂੰ ਸਖ਼ਤੀ ਨਾਲ ਵਧਾਇਆ ਤੇ ਸੋਧਿਆ ਗਿਆ ਸੀ।" ਇਸ ਤੋਂ ਬਾਅਦ ਦੀ ਮੀਟਿੰਗ ਵਿੱਚ ਆਪਣੇ ਦਖਲ ਦਾ ਜ਼ਿਕਰ ਕਰਦਿਆਂ, ਹਰਪਾਲ ਸਿੰਘ ਚੀਮਾ ਨੇ ਕਿਹਾ, "26 ਫਰਵਰੀ 2026 ਨੂੰ ਹੋਈ ਸਮੀਖਿਆ ਵਿੱਚ, ਨਵੰਬਰ 2025 ਲਈ ਪੈਨਸ਼ਨ ਅਦਾਇਗੀ ਦੇ ਦਾਅਵਿਆਂ ਨੂੰ ਬੈਂਕਾਂ ਨੂੰ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ ਸੀ, ਪਰ ਇਹ ਇਸ ਸਖ਼ਤ ਸ਼ਰਤ ਦੇ ਅਧੀਨ ਸੀ ਕਿ ਬੈਂਕ ਬਾਕੀ ਰਹਿੰਦੇ ਪੈਨਸ਼ਨਰਾਂ ਲਈ ਜੀਵਨ ਪ੍ਰਮਾਣ ਪੱਤਰ ਪੂਰੇ ਕਰਨ ਤੇ 31 ਮਾਰਚ 2026 ਤੱਕ ਬਕਾਇਆ ਪੀ.ਪੀ.ਓ. ਪੀ.ਡੀ.ਐਫ. ਜਮ੍ਹਾਂ ਕਰਵਾਉਣ। ਆਉਣ ਵਾਲੇ ਸਾਰੇ ਮਹੀਨਿਆਂ ਲਈ ਦਾਅਵਿਆਂ ਦੀ ਅਦਾਇਗੀ ਨੂੰ ਪੂਰੀ ਤਰ੍ਹਾਂ ਬੈਂਕਾਂ ਦੁਆਰਾ ਪ੍ਰਾਪਤ ਕੀਤੀ ਗਈ ਠੋਸ ਪ੍ਰਗਤੀ 'ਤੇ ਨਿਰਭਰ ਕੀਤਾ ਗਿਆ ਸੀ।" ਉਨ੍ਹਾਂ ਨੇ ਦੱਸਿਆ, "ਮੈਂ ਇਸ ਗੱਲ ਦੀ ਪੁਸ਼ਟੀ ਕਰ ਸਕਦਾ ਹਾਂ ਕਿ ਨਵੰਬਰ 2025 ਦੇ ਸਾਰੇ ਈ-ਸਕ੍ਰੋਲ ਬੈਂਕਾਂ ਦੁਆਰਾ ਅਦਾਇਗੀ ਲਈ ਅਪਲੋਡ ਕਰ ਦਿੱਤੇ ਗਏ ਹਨ ਤੇ ਸੂਬੇ ਦੁਆਰਾ ਭੁਗਤਾਨ ਸਫਲਤਾਪੂਰਵਕ ਜਾਰੀ ਕਰ ਦਿੱਤੇ ਗਏ ਹਨ। ਜੀਵਨ ਪ੍ਰਮਾਣ ਪੱਤਰਾਂ ਰਾਹੀਂ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣ ਤੇ ਪੈਨਸ਼ਨਰ ਸੇਵਾ ਪੋਰਟਲ ਨੂੰ ਬੈਂਕ ਸਾਫਟਵੇਅਰ ਨਾਲ ਜੋੜਨ (ਏਕੀਕਰਨ) ਸਬੰਧੀ ਕਾਰਵਾਈ ਵਿੱਚ ਤੇਜ਼ੀ ਲਿਆਉਣ ਦੀ ਲੋੜ ਹੈ। ਪੰਜਾਬ ਐਂਡ ਸਿੰਧ ਬੈਂਕ, ਇੰਡੀਅਨ ਓਵਰਸੀਜ਼ ਬੈਂਕ ਤੇ ਕੇਨਰਾ ਬੈਂਕ ਦੁਆਰਾ ਪੋਰਟਲ ਦਾ ਬੈਂਕ ਸਾਫਟਵੇਅਰ ਨਾਲ ਏਕੀਕਰਨ ਸਫਲਤਾਪੂਰਵਕ ਮੁਕੰਮਲ ਕਰ ਲਿਆ ਗਿਆ ਹੈ।" ਸਪੱਸ਼ਟ ਹਦਾਇਤਾਂ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ, "ਬੈਂਕਾਂ ਨੂੰ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਦੀ ਪਾਲਣਾ ਕਰਦੇ ਹੋਏ ਤੇ ਪੈਨਸ਼ਨਰ ਸੇਵਾ ਪੋਰਟਲ 'ਚ ਨਿਰਧਾਰਤ ਗਣਨਾਵਾਂ ਤੇ ਫਾਰਮੂਲਿਆਂ ਅਨੁਸਾਰ ਸਖ਼ਤੀ ਨਾਲ, ਹਰ ਪੱਖੋਂ ਸਹੀ ਸਕ੍ਰੋਲ ਅਪਲੋਡ ਕਰਨੇ ਚਾਹੀਦੇ ਹਨ ਤਾਂ ਜੋ ਸਕ੍ਰੋਲ ਜਲਦ ਤੋਂ ਜਲਦ ਮਨਜ਼ੂਰ ਕੀਤੇ ਜਾ ਸਕਣ।" ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਬੈਂਕਾਂ ਨੂੰ ਬਕਾਇਆ ਪੀ.ਪੀ.ਓ. ਪੀ.ਡੀ.ਐਫ. ਪ੍ਰਦਾਨ ਕਰਨ ਤੇ ਬਕਾਇਆ ਅਸਥਾਈ ਪੈਨਸ਼ਨਰਾਂ ਨੂੰ ਬਿਨਾਂ ਕਿਸੇ ਦੇਰੀ ਦੇ ਮਨਜ਼ੂਰੀ ਦੇਣ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਨੂੰ ਜ਼ਿਲ੍ਹਾ ਖਜ਼ਾਨਾ ਅਫਸਰਾਂ ਦੁਆਰਾ ਅਪਲੋਡ ਕੀਤੇ ਗਏ ਸਕ੍ਰੋਲਾਂ 'ਚ ਉਠਾਈਆਂ ਗਈਆਂ ਤਰੁੱਟੀਆਂ ਨੂੰ ਵੀ ਸਰਗਰਮੀ ਨਾਲ ਦੂਰ ਕਰਨਾ ਚਾਹੀਦਾ ਹੈ। ਸਾਡੇ ਪੋਰਟਲ ਨਾਲ ਬੈਂਕ ਦੇ ਸਾਫਟਵੇਅਰ ਦਾ ਏਕੀਕਰਨ ਜਲਦ ਤੋਂ ਜਲਦ ਪੂਰਾ ਕਰਨਾ ਬਿਲਕੁਲ ਲਾਜ਼ਮੀ ਹੈ।"



ਮੀਟਿੰਗ ਦੀ ਸਮਾਪਤੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੈਂਕਾਂ ਨੂੰ ਹਦਾਇਤ ਕੀਤੀ ਕਿ ਉਹ ਪੋਰਟਲ 'ਤੇ ਪ੍ਰਵਾਸੀ ਭਾਰਤੀਆਂ ਦੀ ਸਹੀ ਨਿਸ਼ਾਨਦੇਹੀ ਕਰਨ ਅਤੇ ਉਨ੍ਹਾਂ ਦੁਆਰਾ ਜਮ੍ਹਾਂ ਕਰਵਾਏ ਗਏ ਨੋਟਰੀ ਤਸਦੀਕਸ਼ੁਦਾ ਜੀਵਨ ਸਰਟੀਫਿਕੇਟ ਅਪਲੋਡ ਕਰਨ। ਉਨ੍ਹਾਂ ਕਿਹਾ ਕਿ ਬੈਂਕਾਂ ਨੂੰ ਆਪਣੇ ਪੱਧਰ 'ਤੇ ਲੰਬਿਤ ਪਈਆਂ ਜੇ.ਪੀ.ਪੀ. ਬੇਨਤੀਆਂ ਨੂੰ ਫੈਸਲਾਕੁੰਨ ਢੰਗ ਨਾਲ ਸਵੀਕਾਰ ਜਾਂ ਰੱਦ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ, ਭਵਿੱਖ ਵਿੱਚ ਜੇ.ਪੀ.ਪੀਜ਼ ਦੀ ਕਿਸੇ ਵੀ ਬੇਲੋੜੀ ਅਸਵੀਕਾਰਤਾ ਜਾਂ ਸਵੀਕਾਰਤਾ ਤੋਂ ਬਚਣ ਲਈ ਬੈਂਕਾਂ ਨੂੰ ਆਪਣੇ ਅੰਦਰੂਨੀ ਸਿਸਟਮ ਵਿੱਚ ਲੋੜੀਂਦੀਆਂ ਤਬਦੀਲੀਆਂ ਤੁਰੰਤ ਕਰਨੀਆਂ ਚਾਹੀਦੀਆਂ ਹਨ। ਇਸ ਮੌਕੇ ਵਿੱਤ ਮੰਤਰੀ ਦੇ ਨਾਲ ਵਧੀਕ ਮੁੱਖ ਸਕੱਤਰ ਵਿੱਤ ਆਲੋਕ ਸ਼ੇਖਰ, ਵਧੀਕ ਡਾਇਰੈਕਟਰ ਖਜ਼ਾਨਾ ਤੇ ਲੇਖਾ ਸਿਮਰਜੀਤ ਕੌਰ ਅਤੇ ਵਿੱਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਗਿਆਨ ਦਾ ਪਰਉਪਕਾਰੀ ਹੋਣਾ ਬਹੁਤ ਜ਼ਰੂਰੀ ਹੈ : ਗੁਲਾਬ ਚੰਦ ਕਟਾਰੀਆ

## ਪੰਜਾਬੀ ਯੂਨੀਵਰਸਿਟੀ ਦੀ 41ਵੀਂ ਕਨਵੋਕੇਸ਼ਨ ਦੌਰਾਨ 725 ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀਆਂ ਡਿਗਰੀਆਂ ਤੇ ਮੈਡਲ

ਪਟਿਆਲਾ, 9 ਅਪ੍ਰੈਲ (ਰੁਪਾਣਾ): ਪੰਜਾਬ ਦੇ ਰਾਜਪਾਲ ਤੇ ਪੰਜਾਬੀ ਯੂਨੀਵਰਸਿਟੀ ਦੇ ਚਾਂਸਲਰ ਗੁਲਾਬ ਚੰਦ ਕਟਾਰੀਆ ਨੇ ਪੰਜਾਬੀ ਯੂਨੀਵਰਸਿਟੀ ਦੀ 41ਵੀਂ ਕਨਵੋਕੇਸ਼ਨ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆ ਕਿਹਾ ਕਿ ਗਿਆਨ ਦਾ ਪਰਉਪਕਾਰੀ ਹੋਣਾ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਗਿਆਨ ਜੇਕਰ ਪਰਉਪਕਾਰੀ ਨਾ ਹੋਵੇ ਤਾਂ ਉਪਯੋਗੀ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਪੰਜਾਬ ਉਹ ਧਰਤੀ ਹੈ ਜਿਸ ਨੂੰ ਗੁਰੂ ਸਾਹਿਬਾਨ ਦਾ ਆਸ਼ੀਰਵਾਦ ਪ੍ਰਾਪਤ ਹੈ। ਇਸ ਧਰਤੀ ਉੱਤੇ ਗਿਆਨ ਦੀ ਜੋਤ ਜਗਦੀ ਰਹਿਣੀ ਚਾਹੀਦੀ ਹੈ। ਉਨ੍ਹਾਂ ਪੰਜਾਬੀ ਯੂਨੀਵਰਸਿਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਸੇ ਵੀ ਅਦਾਰੇ ਲਈ ਏਨੀ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੂੰ ਸਿੱਖਿਆ ਦੇਣਾ ਉਸ ਅਦਾਰੇ ਲਈ ਮਾਣ ਵਾਲੀ ਗੱਲ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕਨਵੋਕੇਸ਼ਨ ਦਾ ਵਿਦਿਆਰਥੀ ਦੀ ਜਿੰਦਗੀ ਵਿਚ ਵੱਡਾ ਮਹੱਤਵ ਹੁੰਦਾ ਹੈ। ਕਿਸੇ ਵੀ ਵਿਦਿਆਰਥੀ ਦੀ ਜ਼ਿੰਦਗੀ ਵਿੱਚ ਕਨਵੋਕੇਸ਼ਨ ਵੱਡੇ ਉਤਸਵ ਵਰਗੀ ਮਹੱਤਤਾ ਰਖਦੀ ਹੈ।



ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਕਿਹਾ ਕਿ ਕਨਵੋਕੇਸ਼ਨ ਦੇ ਦਿਨ ਜਦੋਂ ਵੱਖ-ਵੱਖ ਫੈਕਲਟੀਆਂ ਦੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਆਪਣੀਆਂ ਡਿਗਰੀਆਂ ਹਾਸਿਲ ਕਰ ਰਹੇ ਹਨ ਤਾਂ ਸਾਨੂੰ ਇਸ ਗੱਲ 'ਤੇ ਮਾਣ ਕਰਨ ਦੇ ਨਾਲ-ਨਾਲ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਅਸੀਂ ਯੂਨੀਵਰਸਿਟੀ ਨੂੰ ਹੋਰ ਨਵੀਆਂ ਬਲਦੀਆਂ ਤੱਕ ਲੈ ਕੇ ਜਾਈਏ। ਉਨ੍ਹਾਂ ਡਿਗਰੀ ਤੇ ਮੈਡਲ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸੁਨਹਿਰੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਯੂਨੀਵਰਸਿਟੀਆਂ ਖੋਜ ਦਾ ਧੁਰਾ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਆਪਣੀ ਖੋਜ ਨੂੰ ਮਿਆਰੀ, ਪ੍ਰਮਾਣਕ ਤੇ ਸਮਾਜ ਲਈ ਵੱਧ ਤੋਂ ਵੱਧ ਉਪਯੋਗੀ ਬਣਾਉਣ ਵੱਲ ਵਿਸ਼ੇਸ਼ ਕਦਮ ਉਠਾ ਰਹੀ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਪੰਜਾਬੀ ਯੂਨੀਵਰਸਿਟੀ ਦੇ ਇਹ ਵਿਦਿਆਰਥੀ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰਦਿਆਂ ਸਮਾਜ ਨੂੰ ਬਿਹਤਰ ਬਣਾਉਣ 'ਚ ਆਪਣਾ ਯੋਗਦਾਨ ਪਾਉਣਗੇ।

ਜ਼ਿਕਰਯੋਗ ਹੈ ਕਿ ਇਸ ਮੌਕੇ ਸੈਸ਼ਨ 2022-23 ਤੇ ਸੈਸ਼ਨ 2023-24 ਦੇ 725 ਵਿਦਿਆਰਥੀਆਂ ਨੂੰ ਡਿਗਰੀਆਂ ਤੇ ਮੈਡਲ ਪ੍ਰਦਾਨ ਕੀਤੇ ਗਏ। ਇਸ ਗਿਣਤੀ ਵਿੱਚ 457 ਡਾਕਟਰੇਟ ਡਿਗਰੀਆਂ ਸ਼ਾਮਿਲ ਹਨ। ਜਦ ਕਿ 179 ਪੋਸਟ ਗ੍ਰੈਜੂਏਟ ਤੇ ਪੇਸ਼ੇਵਰ ਕੋਰਸਾਂ ਦੇ ਵਿਦਿਆਰਥੀ ਤੇ 86 ਅੰਡਰ ਗ੍ਰੈਜੂਏਟ ਕੋਰਸਾਂ ਦੇ ਟੌਪਰ ਵਿਦਿਆਰਥੀਆਂ ਨੂੰ ਮਿਲਣ ਵਾਲੇ ਵਿਦਿਆਰਥੀ ਸ਼ਾਮਲ ਸਨ। ਮੈਡਲਾਂ ਦੀ ਗਿਣਤੀ ਵਿੱਚ ਤਿੰਨ ਚਾਂਸਲਰ ਮੈਡਲ ਤੇ ਨੌਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਦਿੱਤੇ ਜਾਂਦੇ ਮੈਡਲ (ਦੋ ਸਾਲਾਂ ਦੇ 18 ਮੈਡਲ) ਸ਼ਾਮਲ ਸਨ। ਪੀ-ਐੱਚ.ਡੀ. ਦੀ ਡਿਗਰੀ ਪ੍ਰਾਪਤ ਕਰਨ ਵਾਲੇ ਕੁੱਲ 457 ਵਿਦਿਆਰਥੀਆਂ ਵਿੱਚ ਲਾਈਫ਼ ਸਾਇੰਸ ਫ਼ੈਕਲਟੀ ਦੇ 27 ਵਿਦਿਆਰਥੀ, ਫਿਜ਼ੀਕਲ ਸਾਇੰਸਜ਼ ਫ਼ੈਕਲਟੀ ਦੇ 37 ਵਿਦਿਆਰਥੀ, ਸੋਸ਼ਲ ਸਾਇੰਸਜ਼ ਫ਼ੈਕਲਟੀ ਦੇ 90 ਵਿਦਿਆਰਥੀ, ਆਰਟ ਐਂਡ ਕਲਚਰ ਫ਼ੈਕਲਟੀ ਦੇ 10 ਵਿਦਿਆਰਥੀ, ਭਾਸ਼ਾ ਫ਼ੈਕਲਟੀ ਦੇ 55 ਵਿਦਿਆਰਥੀ, ਐਜੂਕੇਸ਼ਨ ਐਂਡ ਇਨਫਰਮੇਸ਼ਨ ਸਾਇੰਸਜ਼ ਫ਼ੈਕਲਟੀ ਦੇ 55 ਵਿਦਿਆਰਥੀ, ਬਿਜ਼ਨਸ ਫ਼ੈਕਲਟੀ ਦੇ 85 ਵਿਦਿਆਰਥੀ, ਕਾਨੂੰਨ ਫ਼ੈਕਲਟੀ ਦੇ 16 ਵਿਦਿਆਰਥੀ, ਇੰਜਨੀਅਰ ਐਂਡ ਟੈਕਨੋਲੋਜੀ ਫ਼ੈਕਲਟੀ ਦੇ 37 ਵਿਦਿਆਰਥੀ, ਮੈਡੀਸਨ ਫ਼ੈਕਲਟੀ ਦੇ 14 ਵਿਦਿਆਰਥੀ ਅਤੇ ਕੰਪਿਊਟਿੰਗ ਸਾਇੰਸਜ਼ ਦੇ 31 ਵਿਦਿਆਰਥੀ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਇਸ ਵਾਰ ਨਿਵੇਕਲੀ ਪਹਿਲ ਕਰਦਿਆਂ ਪੰਜਾਬੀ ਸਭਿਆਚਾਰ ਦੀ ਪ੍ਰਤੀਨਿਧਤਾ ਵਾਲੇ ਵਸਤਰ ਬਣਵਾਏ ਗਏ ਸਨ। ਇਹ ਵਸਤਰ ਕਾਨਵੋਕੇਸ਼ਨ ਤੋਂ ਉਪਰੰਤ ਵਿਦਿਆਰਥੀ ਆਪਣੇ ਨਾਲ ਲੈ ਕੇ ਜਾ ਸਕਦੇ ਸਨ।

ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ, ਰਜਿਸਟਰ ਪ੍ਰੋ. ਦਵਿੰਦਰ ਪਾਲ ਸਿੰਘ ਸਿੱਧੂ, ਕੰਟਰੋਲਰ ਪ੍ਰੋ. ਮਨੀਸ਼ ਕਪੂਰ, ਅਡੀਸ਼ਨਲ ਕੰਟਰੋਲਰ ਪ੍ਰੋ. ਬੀ.ਬੀ. ਸਿੰਗਲਾ ਆਦਿ ਅਧਿਕਾਰੀਆਂ ਨੇ ਕਨਵੋਕੇਸ਼ਨ ਦੀ ਰਸਮ ਅਨੁਸਾਰ ਵੱਖ-ਵੱਖ ਭੂਮਿਕਾਵਾਂ ਨਿਭਾਈਆਂ। ਕਨਵੋਕੇਸ਼ਨ ਦੀ ਰਵਾਇਤ ਅਨੁਸਾਰ ਇਸ ਮੌਕੇ ਵੱਡੀ ਗਿਣਤੀ ਵਿੱਚ ਸਿੰਡੀਕੇਟ ਅਤੇ ਸੈਨੇਟ ਮੈਂਬਰ ਤੋਂ ਇਲਾਵਾ ਵੱਖ-ਵੱਖ ਫੈਕਲਟੀਆਂ ਦੇ ਡੀਨ ਵੀ ਮੰਚ ਉੱਤੇ ਹਾਜ਼ਰ ਰਹੇ।

ਭਾਰਤੀ ਸੈਨਾ/INDIAN ARMY
ਪਸ਼ੂ ਮੈਡੀਕਲ ਕੋਰ ਵਿਚ ਅਲਪ ਸੇਵਾ ਕਮਿਸ਼ਨ
SHORT SERVICE COMMISION IN REMOUNT & VETERINARY CORPS

1. ਭਾਰਤੀ ਫੌਜ ਵੈਟਰਨਰੀ ਕੋਰ ਵਿੱਚ 95ਵੇਂ ਸ਼ਾਰਟ ਸਰਵਿਸ ਕਮਿਸ਼ਨ ਕੋਰਸ ਲਈ ਪੁਰਸ਼ ਅਤੇ ਮਹਿਲਾ ਵੈਟਰਨਰੀ ਗ੍ਰੈਜੂਏਟਾਂ ਤੋਂ ਅਰਜ਼ੀਆਂ ਮੰਗੀਆਂ ਜਾਂਦੀਆਂ ਹਨ।
2. ਕਿਰਪਾ ਕਰਕੇ ਵੈੱਬਸਾਈਟ www.joinindianarmy.nic.in 'ਤੇ ਵਿਸਤ੍ਰਿਤ ਸੂਚਨਾ ਵੇਖੋ। ਅਰਜ਼ੀਆਂ ਸਿਰਫ਼ ਔਨਲਾਈਨ ਸਵੀਕਾਰ ਕੀਤੀਆਂ ਜਾਣਗੀਆਂ ਅਤੇ ਅਰਜ਼ੀ ਪ੍ਰਕਿਰਿਆ ਹੇਠ ਲਿਖੀ ਮਿਆਦ ਲਈ ਖੁੱਲ੍ਹੀ ਰਹੇਗੀ:

2.1 ਸ਼ਾਰਟ ਸਰਵਿਸ ਕਮਿਸ਼ਨ (RVC) ਕੋਰਸ (ਮਹਿਲਾਵਾਂ) 15 ਅਪ੍ਰੈਲ, 2026 ਤੋਂ 15 ਮਈ, 2026 2.1.
2.2. ਸ਼ਾਰਟ ਸਰਵਿਸ ਕਮਿਸ਼ਨ (RVC) ਕੋਰਸ (ਪੁਰਸ਼) 17 ਅਪ੍ਰੈਲ, 2026 ਤੋਂ 18 ਮਈ, 2026

ਕਿਸੇ ਵੀ ਪੁੱਛਗਿੱਛ ਲਈ, ਕਿਰਪਾ ਕਰਕੇ ਡਾਇਰੈਕਟੋਰੇਟ ਜਨਰਲ ਆਫ਼ ਵੈਟਰਨਰੀ ਸਰਵਿਸਿਜ਼, ਕੁਆਰਟਰਮਾਸਟਰ ਜਨਰਲ ਬ੍ਰਾਂਚ, ਏਕੀਕ੍ਰਿਤ ਹੈੱਡਕੁਆਰਟਰ ਰੱਖਿਆ ਮੰਤਰਾਲੇ (ਫੌਜ), ਪੱਛਮੀ ਸੈਕਟਰ-3, ਆਰਕੇ ਪੁਰਮ, ਨਵੀਂ ਦਿੱਲੀ-110066 ਨਾਲ ਲਿਖਤੀ ਰੂਪ ਵਿੱਚ ਜਾਂ ਈਮੇਲ ਰਾਹੀਂ persvet-1779@nic.in 'ਤੇ ਸੰਪਰਕ ਕਰੋ।

1. Applications are invited from male and female veterinary graduates for 95th Short Service Commission Course in Remount & Veterinary Corps of the INDIAN ARMY.

2. For Detailed notification please visit www.joinindianarmy.nic.in. Applications will only be accepted via online mode and will remain open as under:

2.1. SSC (RVC) Course (Women) - **15 Apr 2026 to 15 May 2026**

2.2. SSC (RVC) Course (Men) **17 Apr 2026 to 18 May 2026**

Queries if any be sought from Dte Gen RVS, QMG Branch, IHQ of MoD (Army), West Block-3, RK Puram, New Delhi-110 066 in writing OR through E-mail ID: persvet-1779@nic.in

ਨੋਟ:
1. ਫੌਜ ਦੀ ਭਰਤੀ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਮੁਫ਼ਤ ਹੈ। ਦਲਾਲਾਂ ਤੋਂ ਸਾਵਧਾਨ ਰਹੋ।
2. ਵਿਸਤ੍ਰਿਤ ਸੂਚਨਾਵਾਂ ਅਤੇ ਜਾਣਕਾਰੀ ਲਈ, ਕਿਰਪਾ ਕਰਕੇ www.joinindianarmy.nic.in 'ਤੇ ਜਾਓ।

**Note :-**
1. Recruitment in the Army is totally transparent and free. Beware of touts.
2. For detailed Notification, please visit www.joinindianarmy.nic.in.
cbc 10601/11/0001/2627

# ਸਵਰਗੀ ਸ੍ਰ: ਲਾਲ ਸਿੰਘ ਨਮਿਤ ਅੰਤਿਮ ਅਰਦਾਸ ਮੌਕੇ ਸ਼ਰਧਾਂਜ਼ਲੀ ਸਪਲੀਮੈਂਟ

## ਲੋਕ ਪੱਖੀ ਅਤੇ ਤਜ਼ਰਬੇਕਾਰ ਸਿਆਸਤਦਾਨ: ਸ੍ਰ: ਲਾਲ ਸਿੰਘ



ਡਾ. ਅਜੀਤਪਾਲ ਸਿੰਘ
ਮੋ. 98786-04518

ਪੰਜਾਬ ਦੀ ਧਰਤੀ 'ਤੇ ਅਨੇਕਾਂ ਮਹਾਨ ਦਾਰਸ਼ਨਿਕ ਅਤੇ ਸਿਆਸਤਦਾਨ ਹੋਏ ਹਨ, ਜਿਨ੍ਹਾਂ ਨੇ ਆਪਣੀ ਸਾਦਗੀ, ਸੇਵਾ, ਸੰਜੀਦਗੀ ਅਤੇ ਭਾਈਚਾਰਕ ਸਾਂਝ ਨਾਲ ਲੋਕਾਂ ਦੇ ਦਿਲਾਂ ਵਿਚ ਖਾਸ ਥਾਂ ਬਣਾਈ। ਇੱਕ ਚੰਗਾ ਸਿਆਸਤਦਾਨ ਆਪਣੇ ਪਿਛੋਕੜ ਨੂੰ ਯਾਦ ਰੱਖਦਾ ਅਤੇ ਲੋਕ ਮਨਾਂ ਅੰਦਰ ਆਪਣੀ ਜਗ੍ਹਾ ਬਣਾਉਣ ਵਿਚ ਸਫਲ ਹੁੰਦਾ ਹੈ। ਸਰਦਾਰ ਲਾਲ ਸਿੰਘ ਇਕ ਨੇਕ ਸੁਭਾਉ ਵਾਲੇ, ਨਿਮਰ, ਸੁਹਿਰਦ ਅਤੇ ਲੋਕ-ਹਿਤੈਸ਼ੀ ਸਿਆਸਤਦਾਨ ਵਜੋਂ ਜਾਣੇ ਜਾਂਦੇ ਸਨ। ਸ੍ਰ. ਲਾਲ ਸਿੰਘ ਦਾ ਜੀਵਨ ਸਾਧਾਰਣ ਪਰ ਉੱਚੇ ਆਦਰਸ਼ਾਂ ਨਾਲ ਭਰਿਆ ਹੋਇਆ ਸੀ। ਉਹ ਮਿੱਟੀ ਨਾਲ ਜੁੜੇ ਹੋਏ ਨੇਤਾ ਸਨ, ਜਿਨ੍ਹਾਂ ਦਾ ਸਿਆਸਤ ਵਿਚ ਆਉਣ ਦਾ ਮਕਸਦ ਕੇਵਲ ਸੱਤਾ ਦੀ ਪ੍ਰਾਪਤੀ ਹੀ ਨਹੀਂ ਸੀ ਸਗੋਂ ਆਪਣੇ ਇਲਾਕੇ ਦਾ ਵਿਕਾਸ ਅਤੇ ਭਾਈਚਾਰੇ ਦਾ ਉਥਾਨ ਵੀ ਸੀ। ਆਪਣੇ ਜੀਵਨ ਕਾਲ ਦੌਰਾਨ ਹਮੇਸ਼ਾ ਪਿੰਡਾਂ ਦੇ ਵਿਕਾਸ, ਕਿਸਾਨ ਭਾਈਚਾਰੇ ਅਤੇ ਗਰੀਬਾਂ ਦੀਆਂ ਦੁੱਖ-ਤਕਲੀਫਾਂ ਵੱਲ ਉਚੇਚਾ ਧਿਆਨ ਦਿੱਤਾ। ਲੋਕਾਂ ਨਾਲ ਉਹਨਾਂ ਦਾ ਨਜ਼ਦੀਕੀ ਰਿਸ਼ਤਾ ਹੀ ਉਹਨਾਂ ਦੀ ਸਭ ਤੋਂ ਵੱਡੀ ਤਾਕਤ ਸੀ। ਦਰਵੇਸ਼ੀ ਸੋਚ ਅਤੇ ਨਿਮਰ ਸੁਭਾਅ ਹੋਣ ਕਾਰਨ ਸੱਤਾ ਤੋਂ ਬਾਹਰ ਹੋਣ ਦੇ ਬਾਵਜੂਦ ਵੀ ਅਫ਼ਸਰਸ਼ਾਹੀ ਉਹਨਾਂ ਦੀ ਕਦਰ ਕਰਦੀ ਸੀ। ਉਨ੍ਹਾਂ ਨੂੰ ਇਕ ਸਤਿਕਾਰਤ ਨੇਤਾ ਵਜੋਂ ਜਾਣਿਆ ਜਾਂਦਾ ਹੈ ਜਿਨ੍ਹਾਂ ਨੇ ਲਗਭਗ 5 ਦਹਾਕਿਆਂ ਤੱਕ ਆਪਣੀ ਵਿਲੱਖਣ ਪਛਾਣ ਬਣਾਈ। ਚੜਦੀ ਕਲਾ ਆਧਾਰ ਦੇ ਨਾਲ ਡੂੰਗੀ ਸਾਂਝ ਸੀ ਸਰਦਾਰ ਲਾਲ ਸਿੰਘ ਦੀ ਅਤੇ ਦੇ ਡੂੰਗਾ ਪਿਆਰ ਪਿਆਰ ਚੜਦੀ ਕਲਾ ਅਦਾਰੇ ਦੇ ਚੇਅਰਮੈਨ ਪਦਮ ਸ੍ਰੀ ਡਾਕਟਰ ਜਗਜੀਤ ਸਿੰਘ ਦਰਦੀ ਅਤੇ ਸਮੂਹ ਦਰਦੀ ਪਰਿਵਾਰ ਨਾਲ ਕਈ ਵਾਰ ਨਿਜੀ ਜੀਵਨ ਬਾਰੇ ਗੱਲਾਂ ਬਾਤਾਂ ਕਰਨ ਦਾ ਮੌਕਾ ਮਿਲਿਆ ਤੇ ਕਈ ਡੂੰਗੀਆਂ ਗੱਲਾਂ ਛੱਡ ਦੀ ਕਲਾ ਟਾਈਮ ਟੀਵੀ ਅਤੇ ਰੋਜਾਨਾ ਚੜਦੀ ਕਲਾ ਦੇ ਮਾਧਿਅਮ ਰਾਹੀਂ ਸਾਂਝੀਆਂ ਕੀਤੀਆਂ ਹਨ ਹਲਕਾ ਸਨੌਰ ਦੇ ਇੱਕ ਪਛੜੇ ਹੋਏ ਪਿੰਡ ਅਸਰਪੁਰ ਦੇ ਇਕ ਸਾਦੇ ਘਰਾਣੇ ਵਿਚ ਜੰਪਪਲ ਸ੍ਰ. ਲਾਲ ਸਿੰਘ ਦੇ ਜੀਵਨ @ਤੇ ਪੇਂਡੂ ਸਭਿਆਚਾਰ ਅਤੇ ਖੇਤੀਬਾੜੀ ਦਾ ਗਹਿਰਾ ਪ੍ਰਭਾਵ ਸੀ। ਉਨ੍ਹਾਂ ਨੇ ਮੁਢਲੀ ਪੜਾਈ ਪਿੰਡ ਦੇ ਸਕੂਲ, ਸਨੌਰ ਅਤੇ ਐਮ. ਐਲ. ਏ ਬਣਨ ਉਪਰੰਤ ਉਚ ਵਿਦਿਆ ਪਟਿਆਲਾ ਤੋਂ ਲਈ ਅਤੇ ਜੀਵਨ ਦੇ ਮੁਢਲੇ ਤਜ਼ਰਬਿਆਂ ਨੇ ਉਨ੍ਹਾਂ ਨੂੰ ਆਮ ਲੋਕਾਂ ਦੀਆਂ ਤਕਲੀਫਾਂ ਸਮਝਣ ਵਿਚ ਮਦਦ ਕੀਤੀ। 1977 ਦੇ ਨਾਜ਼ੁਕ ਦੌਰ ਵਿਚ ਜਦੋਂ ਦੇਸ਼ ਵਿਚ ਐਮਰਜੈਂਸੀ ਲਗਾਏ ਜਾਣ ਕਾਰਨ ਕਾਂਗਰਸ ਪਾਰਟੀ ਕਾਫ਼ੀ ਪਛੜ ਚੁੱਕੀ ਸੀ ਅਤੇ ਦੇਸ਼ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਖੁਦ ਵੀ ਚੋਣ ਹਾਰ ਗਏ ਸਨ ਤਾਂ ਲਾਲ ਸਿੰਘ ਨੇ ਆਪਣੇ ਭਾਈਚਾਰੇ ਦੇ ਬਲਬੂਤੇ ਆਪਣੀ ਸਿਆਸੀ ਪਾਰੀ ਦੀ ਸ਼ੁਰੂਆਤ ਜ਼ਿਲ੍ਹਾ ਪਟਿਆਲਾ ਦੇ ਹਲਕਾ ਡਕਾਲਾ ਤੋਂ ਐਮ.ਐਲ.ਏ ਵਜੋਂ ਪਹਿਲੀ ਜਿੱਤ ਦਰਜ਼ ਕਰਕੇ ਕੀਤੀ। ਦੇਸ਼ ਵਿਚ ਜਨਤਾ ਪਾਰਟੀ ਦੀ ਲਹਿਰ ਦੌਰਾਨ ਉਨ੍ਹਾਂ ਦੀ ਨੌਜਵਾਨ ਆਗੂ ਵਜੋਂ ਜਿੱਤ ਉਹਨਾਂ ਦੀ ਮਿਹਨਤ ਅਤੇ ਅਕਸ ਦੀ ਜਿੱਤ ਸਾਬਤ ਹੋਈ। ਉਨ੍ਹਾਂ ਦਾ ਸਿਆਸੀ ਜੀਵਨ ਉਸ ਸਮੇਂ ਸ਼ੁਰੂ ਹੋਇਆ ਜਦੋਂ ਪਿੰਡਾਂ ਵਿਚ ਬੱਚਿਆਂ ਨੂੰ ਪੜਾਈ, ਸਰਕਾਰੀ ਨੌਕਰੀ, ਸ਼ਹਿਰ ਜਾਣ, ਵਪਾਰ ਅਤੇ ਸਿਆਸਤ ਆਦਿ ਦੀ ਰੱਤਾ ਵੀ ਸੋਝੀ ਨਹੀਂ ਹੁੰਦੀ ਸੀ। ਅਜਿਹੇ ਨਾਜ਼ੁਕ ਦੌਰ ਵਿਚ ਐਮ.ਐਲ.ਏ ਬਣਨ ਉਪਰੰਤ ਵੀ ਉਨ੍ਹਾਂ ਸਭ ਤੋਂ ਪਹਿਲਾਂ ਆਪਣੇ ਪਿੰਡ ਵਿਚ ਸਰਕਾਰੀ ਬੱਸ ਲਗਵਾਈ ਤਾਂ ਜੋ ਪਿੰਡ ਦੇ ਲੋਕ ਸ਼ਹਿਰ ਵਿਚ ਜਾ ਕੇ ਪੜਾਈ ਕਰ ਸਕਣ ਅਤੇ ਐਮ.ਐਲ.ਏ ਹੋਣ ਦੇ ਬਾਵਜੂਦ ਖੁਦ ਵੀ ਉਸ ਬੱਸ ਵਿਚ ਸਫਰ ਕਰਨਾ ਉਹਨਾਂ ਦੀ ਸਾਦਗੀ ਦਾ ਸਬੂਤ ਹੈ। ਪੰਜਾਬ ਕਾਂਗਰਸ ਵਿਚ ਉਨ੍ਹਾਂ ਨੂੰ ਇਕ ਘਾਗ ਸਿਆਸਤਦਾਨ ਅਤੇ ਕਾਂਗਰਸ ਪਾਰਟੀ ਦੇ ਥੰਮ (ਪਿਲਰ), ਭੀਸ਼ਮ ਪਿਤਾਮਾ ਅਤੇ ਦਿੱਗਜ਼ ਨੇਤਾ ਵਜੋਂ ਜਾਣਿਆ ਜਾਂਦਾ ਹੈ। ਜਦੋਂ ਵੀ ਪਾਰਟੀ ਵਿਚ ਕੋਈ ਆਪਸੀ ਮਤਭੇਦ ਹੁੰਦਾ ਤਾਂ ਉਹ ਹਾਈਕਮਾਨ ਨਾਲ ਸਲਾਹ ਕਰਕੇ ਇਹ ਮਤਭੇਦ ਦੂਰ ਕਰ ਦਿੰਦੇ ਸਨ। ਆਪਣੇ ਸਿਆਸੀ ਸਫਰ ਦੌਰਾਨ ਉਨ੍ਹਾਂ ਕਦੇ ਵੀ ਪਾਰਟੀ ਨਾਲ ਬਗਾਵਤ ਨਹੀਂ ਕੀਤੀ ਅਤੇ ਪਾਰਟੀ ਨੂੰ ਹਮੇਸ਼ਾ ਮਜ਼ਬੂਤ ਕੀਤਾ। ਸ੍ਰ. ਲਾਲ ਸਿੰਘ ਦਾ ਮੰਨਣਾ ਸੀ ਕਿ ਪ੍ਰਮਾਤਮਾ ਵੀ ਤਾਂ ਹੀ ਖੁਸ਼ ਹੁੰਦਾ ਹੈ ਜੇਕਰ ਅਸੀਂ ਉਸਦੀ ਵਡਿਆਈ, ਸਿਫ਼ਤ ਕਰਦੇ ਇਸ ਲਈ ਸਾਨੂੰ ਕਿਸੇ ਇਨਸਾਨ ਪ੍ਰਤੀ ਭੱਦੀ ਸ਼ਬਦਾਬਲੀ ਨਹੀਂ ਵਰਤਣੀ ਚਾਹੀਦੀ। ਹਰ ਪਾਰਟੀ ਦੇ ਆਗੂ ਦੀ ਗੱਲ ਸੁਣਨਾ, ਸਤਿਕਾਰ ਦੇਣ ਤੇ ਲੈਣ ਕਾਰਨ ਉਨ੍ਹਾਂ ਦੀ ਦਰਿਆਦਿਲੀ ਤੇ ਸਹਿਜਤਾ ਕਾਰਨ ਵਿਰੋਧੀ ਵੀ ਉਨ੍ਹਾਂ ਦੀ ਮੁਰੀਦ ਬਣ ਗਏ ਸਨ। ਇਸੇ ਕਾਰਨ ਚਾਹੇ ਸਿਆਸੀ ਨੇਤਾ ਹੋਣ, ਸਮਾਜਿਕ ਕਾਰਨਕੁੰਨ ਜਾਂ ਵਿਰੋਧੀ ਪਾਰਟੀ ਦੇ ਆਗੂ ਹਰ ਇਕ ਵਿਅਕਤੀ ਉਨ੍ਹਾਂ ਨੂੰ ਅੰਤਿਮ ਸੀ ਵਿਦਾਈ ਦੇਣ ਲਈ ਪਹੁੰਚਿਆ। ਉਨ੍ਹਾਂ ਨੂੰ ਰੋਜ਼ਾਨਾ ਮਿਲਣ ਵਾਲੇ ਵਰਕਰਾਂ ਨੂੰ ਇੰਤਜ਼ਾਰ ਨਹੀਂ ਕਰਨਾ ਪੈਂਦਾ ਸੀ ਸਗੋਂ ਖੁਦ ਲੋਕਾਂ ਦੇ ਦੁਖ-ਸੁਖ ਵਿਚ ਸ਼ਰੀਕ ਹੁੰਦੇ।



ਅਧਿਆਤਮਕ ਸੋਚ ਲਾਲ ਸਿੰਘ ਇਕ ਧਾਰਮਿਕ ਬਿਰਤੀ ਦੇ ਇਨਸਾਨ ਸਨ। ਧਾਰਮਿਕ ਕੱਟੜਪੁਣੇ ਤੋਂ ਉਪਰ ਉੱਠ ਕੇ ਹਰ ਧਰਮ ਦਾ ਸਤਿਕਾਰ ਕਰਨਾ ਉਨਾਂ ਦਾ ਸੁਭਾਅ ਸੀ। ਪੰਜਾਬ ਵਿਚ 84 ਦੇ ਕਾਲੇ ਦੌਰ ਦੌਰਾਨ ਉਨ੍ਹਾਂ ਦੀ ਸੋਚ ਧਰਮ ਨਿਰਪੱਖ (Secular) ਰਹੀ। ਸਿੱਖ ਅਤੇ ਹਿੰਦੂ ਧਰਮ ਵਿਚ ਉਨ੍ਹਾਂ ਦੀ ਅਥਾਹ ਸ਼ਰਧਾ ਹੋਣ ਕਾਰਨ ਉਨ੍ਹਾਂ ਆਪਣੇ ਜੱਦੀ ਪਿੰਡ ਅਸਰਪੁਰ ਦੇ ਘਰ ਰਾਧਾ ਕ੍ਰਿਸ਼ਨ ਦਾ ਮੰਦਿਰ ਬਣਵਾਇਆ। ਪਿੰਡ ਦੇ ਗੁਰਦੁਆਰਾ ਸਾਹਿਬ ਦੀ ਸੁੰਦਰ ਇਮਾਰਤ ਦੀ ਉਸਾਰੀ ਲਈ ਲੱਖਾਂ ਰੁਪਏ ਗੁਪਤ ਦਾਨ ਦਿੱਤਾ। ਵਿਖਾਵੇ ਦੇ ਦੌਰ ਦੇ ਉਲਟ ਗੁਪਤ ਦਾਨ ਬਾਰੇ ਉਹਨ੍ਹਾਂ ਦਾ ਮਤ ਸੀ ਕਿ ਇਕ ਹੱਥ ਦਾ ਦਿੱਤਾ ਦਾਨ ਦੂਜੇ ਹੱਥ ਨੂੰ ਪਤਾ ਨਹੀਂ ਲੱਗਣਾ ਚਾਹੀਦਾ। ਗੁਰਬਾਣੀ ਅਤੇ ਸਿੱਖੀ ਵਿਚ ਅਥਾਹ ਸ਼ਰਧਾ ਹੋਣ ਕਾਰਨ ਹਲਕੇ ਵਿਚ ਭੋਗ ਸਮਾਗਮਾਂ 'ਤੇ ਵਿਚਰਦੇ ਸਮੇਂ ਸ਼ਰਧਾਂਜਲੀ ਸਮਾਗਮਾਂ ਵਿਚ ਗੁਰਬਾਣੀ ਦੀਆਂ ਤੁਕਾਂ ਵਰਤਦੇ। ਆਪਣੇ ਸਿਆਸੀ ਜੀਵਨ ਦੀ ਅੱਧੀ ਸਦੀ ਦੌਰਾਨ ਹਲਕੇ ਦਾ ਵਿਕਾਸ ਅਤੇ ਭਾਈਚਾਰਕ ਸਾਂਝ ਤੇ ਲੋਕ ਹਿਤੈਸ਼ੀ ਭਾਵਨਾ ਕਾਇਮ ਰੱਖੀ। ਉਹ ਹਮੇਸ਼ਾ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਪਿੰਡਾਂ ਵਿਚ ਸਕੂਲ, ਸੜਕਾਂ ਡਿਸਪੈਂਸਰੀਆਂ ਦੀ ਉਸਾਰੀ ਲਈ ਜੁਟੇ ਰਹੇ।

ਸ੍ਰ. ਲਾਲ ਸਿੰਘ ਦੀ ਕੇਂਦਰ ਤੱਕ ਪਹੁੰਚ ਹੋਣ ਕਾਰਨ ਪੰਜਾਬ ਦੇ ਜ਼ਿਆਦਾਤਰ ਕਾਂਗਰਸੀ ਆਗੂ ਉਨ੍ਹਾਂ ਦੇ ਨੇਤ੍ਰਵ ਅਧੀਨ ਵਿਚਰਦੇ ਰਹੇ। 1977, 1980, 1992, 2002, 2007, 2012 ਵਿਚ ਵਿਧਾਨ ਸਭਾ ਚੋਣ ਜਿੱਤੀ, ਇਕ ਹੰਢਿਆ ਵਰਤਿਆ ਨੇਤਾ ਹੋਣ ਕਾਰਨ 1980 ਤੋਂ ਬਾਅਦ ਉਹ ਦਰਬਾਰਾ ਸਿੰਘ, ਬੇਅੰਤ ਸਿੰਘ, ਹਰਚਰਨ ਸਿੰਘ ਬਰਾੜ uisvi, ve su ਪੇਂਡੂ ਵਿਕਾਸ ਅਤੇ ਰੋਜ਼ਗਾਰ ਆਦਿ ਅਹਿਮ ਵਿਭਾਗਾਂ ਦੇ ਮੰਤਰੀ ਰਹੇ। 2002 ਦੀ ਕੈਪਟਨ ਸਰਕਾਰ ਵਿਚ ਜੇਕਰ ਉਨ੍ਹਾਂ 2006 ਦਰਮਿਆਨ ਉਨ੍ਹਾਂ ਨੇ ਹਲਕੇ ਦੀ ਇਕ ਵੀ ਪਹੀ ਕੱਚੀ ਨਹੀਂ ਰਹਿਣ ਦਿੱਤੀ। ਹਲਕਾ ਡਕਾਲਾ ਅਤੇ ਸਨੌਰ ਵਿਚ ਕਈ ਪਾਵਰ ਪਲਾਂਟ ਸਥਾਪਿਤ ਕੀਤੇ, ਸਕੂਲਾਂ ਦੀਆਂ ਇਮਾਰਤਾਂ ਉਸਾਰੀ ਸਕੂਲ ਅਡ ਕੀਤੇ ਅਤੇ ਪਿੰਡਾਂ ਵਿਚ ਬੁਨਿਆਦੀ ਸਹੂਲਤਾਂ ਮੁਹੱਈਆਂ ਕਰਵਾਈਆਂ। ਤਾਅ ਉਮਰ ਕਾਂਗਰਸ ਪਾਰਟੀ ਵਿਚ ਸਭ ਤੋਂ ਗਏ। ਸਿਆਸੀ ਚਿੰਤਕਾਂ ਦਾ ਮੱਤ ਹੈ ਕਿ ਜੇਕਰ ਸ੍ਰ. ਲਾਲ ਸਿੰਘ 2021 ਵਿਚ ਐਮ.ਐਲ.ਏ ਹੁੰਦੇ ਤਾਂ ਕੈਪਟਨ ਅਮਰਿੰਦਰ ਸਿੰਘ ਨੂੰ ਰੁਖਸਤ ਕੀਤੇ ਜਾਣ ਤੋਂ ਬਾਅਦ ਪਾਰਟੀ ਵਿਚ ਸੀਨੀਅਰ ਹੋਣ ਤੇ ਪ੍ਰਸ਼ਾਸ਼ਨਿਕ ਮਾਮਲਿਆਂ ਦੀ ਕਾਬਲੀਅਤ ਕਾਰਨ ਉਹਨਾਂ ਦਾ ਮੁੱਖ ਮੰਤਰੀ ਬਣਨਾ ਤੈਅ ਸੀ। ਢੰਗ ਨਾਲ ਚਲਾਇਆ। ਪੀ.ਡਬਲਿਊ ਡੀ. ਵਿਭਾਗ ਦੌਰਾਨ ਪੰਜਾਬ ਵਿਚ ਸੜਕਾਂ ਦਾ ਜਾਲ ਵਿਛਾਉਣ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਿਚ ਅਹਿਮ ਯੋਗਦਾਨ ਪਾਇਆ। ਕਿਸਾਨਾਂ ਦੀਆਂ ਫਸਲਾਂ ਦੀ ਖਰੀਦ ਅਤੇ ਮੰਡੀਕਰਨ ਦੇ ਸੁਧਾਰ ਕੀਤੇ। ਸਾਲ 2017 ਵਿਚ ਉਨ੍ਹਾਂ ਦਾ ਸਪੁੱਤਰ ਕਾਕਾ ਰਜਿੰਦਰ ਸਿੰਘ ਹਲਕਾ ਸਮਾਣਾ ਤੋਂ ਐਮ.ਐਲ.ਏ ਬਣਿਆ।

ਉਨ੍ਹਾਂ ਦੀ ਅੱਜ ਵਾਲੀ ਸਿਆਸੀ ਦੂਸ਼ਣਬਾਜ਼ੀ ਤੇ ਇਖਲਾਕ ਗਵਾ ਚੁੱਕੀ ਲੀਡਰਸ਼ਿਪ ਤੋਂ ਅਲੱਗ ਲੋਕ ਕੇਂਦਰਿਤ ਵਿਚਾਰਧਾਰਾ ਰਹੀ ਹੈ। ਅਜੋਕੀ ਗੰਧਲੀ ਸਿਆਸਤ ਤੋਂ ਉਹਨਾਂ ਨੇ ਤਾਅ ਉਮਰ ਆਪਣੇ ਆਪ ਨੂੰ ਨਿਖੇੜ ਕੇ ਰੱਖਿਆ। ਪਾਰਟੀ ਵਰਕਰਾਂ ਤੋਂ ਫੰਡ ਨਾ ਲੈਣਾ, ਪਰਿਵਾਰਕ ਵਿਆਹ ਸਮਾਗਮਾਂ ਵਿਚ ਸ਼ਗਨ ਤੱਕ ਵੀ ਨਾ ਲੈਣਾ ਉਨ੍ਹਾਂ ਦੀ ਦਿਆਨਤਦਾਰੀ ਅਤੇ ਇਕ ਰੱਜੇ-ਪੁੱਜੇ ਸੁਭਾਅ ਵਾਲੇ ਨੇਤਾ ਹੋਣ ਦਾ ਸਬੂਤ ਦਿੰਦੀ ਹੈ। ਨਿਮਰ ਸੁਭਾਅ, ਸਹਿਜਤਾ ਅਤੇ ਸਿਆਸੀ ਬਾਰੀਕੀਆਂ ਦੀ ਸੋਝੀ ਉਨ੍ਹਾਂ ਦਾ ਅਕਾਲੀ ਸਿਆਸਤ ਦੇ ਬਾਬਾ ਬੋਹੜ ਪ੍ਰਕਾਸ਼ ਸਿੰਘ ਬਾਦਲ ਨਾਲ ਸੁਮੇਲ ਕਰਵਾਉਂਦੀ ਹੈ ਕਿਉਂਕਿ ਸ੍ਰ. ਲਾਲ ਸਿੰਘ ਵੀ ਸਿਆਸੀ ਬਦਲਾਖੋਰੀ ਅਤੇ ਨਫ਼ਰਤ ਦੀ ਰਾਜਨੀਤੀ ਤੋਂ ਦੂਰ ਸਨ। ਆਪਣੇ ਜੀਵਨ ਦੇ ਆਖੀਰੀ ਸਾਲਾਂ ਦੌਰਾਨ ਉਹ ਪਿੰਡਾਂ ਦੇ ਬਜ਼ੁਰਗਾਂ ਨੂੰ ਮਿਲਣ ਇਕੱਲੇ ਉਨ੍ਹਾਂ ਦੇ ਘਰ ਚਲੇ ਜਾਂਦੇ, ਬਚਪਨ ਦੀਆਂ ਯਾਦਾਂ ਸਾਂਝੀਆਂ ਕਰਦੇ ਤੇ ਇਸ ਨਾਲ ਪੁਰਾਣੇ ਗਿਲੇ-ਸ਼ਿਕਵੇ ਵੀ ਦੂਰ ਕਰਕੇ ਆਪਣੇ ਵਡੱਪਣ ਦਾ ਸਬੂਤ ਵੀ ਦਿੰਦੇ ਰਹੇ ਉਨ੍ਹਾਂ ਦੇ ਜਾਣ ਨਾਲ ਸਾਫ਼-ਸੁਥਰੀ ਸਿਆਸਤ, ਹਲਕੇ ਅਤੇ ਬਿਰਾਦਰੀ ਨੇ ਇਕ ਹੀਰਾ ਗਵਾ ਲਿਆ ਹੈ ਜਿਸਨੇ ਕੰਬੋਜ਼ ਭਾਈਚਾਰੇ ਦਾ ਨਾਮ ਦੇਸ਼-ਦੁਨੀਆ @ਤੇ ਰੌਸ਼ਨ ਕੀਤਾ। ਉਹਨਾਂ ਦੀ ਵਿਰਾਸਤ ਉਨ੍ਹਾਂ ਦੇ ਕੀਤੇ ਕੰਮਾਂ ਅਤੇ ਦੱਸੇ ਰਾਹਾਂ ਵਿਚ ਹਮੇਸ਼ਾ ਜਿਉਂਦੀ ਰਹੇਗੀ ਤੇ ਪੰਜਾਬ ਦੀ ਸਿਆਸੀ ਫ਼ਿਜ਼ਾ ਵਿਚ ਅਜਿਹੇ ਸੁਘੜ ਸਿਆਸਤਦਾਨ/ਨੇਤਾ ਦੀ ਘਾਟ ਹਮੇਸ਼ਾ ਮਹਿਸੂਸ ਕੀਤੀ ਜਾਵੇਗੀ। ਉਨ੍ਹਾਂ ਦਾ ਜੀਵਨ ਅਜੋਕੇ ਸਿਆਸਤਦਾਨਾਂ ਲਈ ਪ੍ਰੇਰਣਾ ਦਾ ਸਰੋਤ ਹੈ।




## ਨਿਰਵਿਵਾਦ ਨੇਤਾ ਸਿਆਸਤ ਦੇ ਚਾਣਕਿਆ- ਸ੍ਰ: ਲਾਲ ਸਿੰਘ



ਉਜਾਗਰ ਸਿੰਘ
ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ
94178 13072

ਸਿਆਸਤ ਤਿਗੜਬਾਜ਼ੀ ਦੀ ਖੇਡ ਬਣ ਗਈ ਹੈ, ਇਸ ਖੇਡ ਵਿੱਚ ਲਗਾਤਾਰ ਸਫ਼ਲਤਾ ਪ੍ਰਾਪਤ ਕਰਨੀ ਅਤਿ ਮੁਸ਼ਕਲ ਗਿਣੀ ਜਾਂਦੀ ਹੈ। ਸ੍ਰ.ਲਾਲ ਸਿੰਘ ਪੰਜਾਬ ਦੀ ਸਿਆਸਤ ਵਿੱਚ ਲਗਭਗ 60 ਸਾਲ ਧਰੂ ਤਾਰੇ ਦੀ ਤਰ੍ਹਾਂ ਚਮਕਦੇ ਰਹੇ। ਉਨ੍ਹਾਂ ਦੀ ਸਿਆਸੀ ਰੌਸ਼ਨੀ ਕਦੀ ਵੀ ਮੱਧਮ ਨਹੀਂ ਹੋਈ, ਹਮੇਸ਼ਾ ਸਿਆਸੀ ਨਬਜ਼ ਦੇ ਚਾਣਕਿਆ ਬਣੇ ਰਹੇ। ਉਹ 84 ਸਾਲ ਦੀ ਉਮਰ ਵਿੱਚ 28 ਮਾਰਚ 2026 ਨੂੰ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ। 1965 ਵਿੱਚ ਉਨ੍ਹਾਂ ਨੇ ਕਾਂਗਰਸ ਪਾਰਟੀ 'ਚ ਇੱਕ ਵਰਕਰ ਦੇ ਤੌਰ 'ਤੇ ਕੰਮ ਕਰਨਾ ਸ਼ੁਰੂ ਕੀਤਾ।

ਪੜਾਅਵਾਰ ਸਿਆਸਤ ਦੀ ਪੌੜੀ ਚੜ੍ਹਦਿਆਂ ਉਹ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਦੇ ਅਹੁਦੇ ਤੱਕ ਪਹੁੰਚ ਗਏ। ਸਿਆਸਤ ਵਿੱਚ ਨੇਤਾ ਸਿਆਸਤਦਾਨ ਤਾਂ ਬਹੁਤ ਹੁੰਦੇ ਹਨ, ਪ੍ਰੰਤੂ ਉਨ੍ਹਾਂ ਵਿੱਚੋਂ ਸਟੇਟਸਮੈਨ ਕੋਈ ਟਾਵਾਂ-ਟਾਵਾਂ ਹੀ ਹੁੰਦਾ ਹੈ। ਸ੍ਰ. ਲਾਲ ਸਿੰਘ ਸਹੀ ਅਰਥਾਂ ਵਿੱਚ ਸਟੇਟਸਮੈਨ ਸਨ। ਸ੍ਰ. ਲਾਲ ਸਿੰਘ ਨੂੰ ਇਸ ਗੱਲ ਦਾ ਵੀ ਮਾਣ ਜਾਂਦਾ ਹੈ ਕਿ ਭਾਵੇਂ ਲੰਬਾ ਸਮਾਂ ਸਿਆਸਤ ਵਿੱਚ ਛਾਏ ਰਹੇ, ਪ੍ਰੰਤੂ ਕਦੀ ਵੀ ਉਨ੍ਹਾਂ ਬਾਰੇ ਕੋਈ ਵਾਦ-ਵਿਵਾਦ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਉਪਰ ਕੋਈ ਦੋਸ਼ ਲੱਗਿਆ ਹੈ। ਉਨ੍ਹਾਂ ਨੇ ਆਪਣੀ ਚਿੱਟੀ ਚਾਦਰ ਨੂੰ ਕੋਈ ਦਾਗ਼ ਨਹੀਂ ਲੱਗਣ ਦਿੱਤਾ। ਉਹ ਸਿਆਸਤ ਦੇ ਚਾਣਕਿਆ ਗਿਣੇ ਜਾਂਦੇ ਸਨ, ਜਿਹੜੇ ਸਿਆਸਤ ਦੀ ਹਰ ਚਾਲ ਦੇ ਭੇਤੀ ਸਨ, ਕਿਉਂਕਿ ਉਨ੍ਹਾਂ ਨੇ ਕਾਂਗਰਸ ਪਾਰਟੀ ਦੀਆਂ ਸਥਾਨਕ ਪੱਧਰ ਦੀਆਂ ਮੀਟਿੰਗਾਂ ਲਈ ਦਰੀਆਂ ਵਿਛਾਉਣ ਅਤੇ ਮੀਟਿੰਗਾਂ ਆਯੋਜਤ ਕਰਨ ਦਾ ਕੰਮ ਕੀਤਾ ਸੀ। ਉਹ ਜ਼ਮੀਨੀ ਹਕੀਕਤਾਂ ਨਾਲ ਜੁੜੇ ਹੋਏ ਟਕਸਾਲੀ ਕਾਂਗਰਸੀ ਸਿਆਸਤਦਾਨ ਸੀ, ਜਿਨ੍ਹਾਂ ਨੇ ਕਾਂਗਰਸ ਪਾਰਟੀ ਦਾ ਔਖੇ ਸਮੇਂ ਸਾਥ ਨਹੀਂ ਛੱਡਿਆ, ਭਾਵੇਂ ਕਾਂਗਰਸ ਪਾਰਟੀ ਵਿੱਚ ਕਈ ਉਤਰਾਅ-ਚੜ੍ਹਾਅ ਆਏ ਤੇ ਕਈ ਵਾਰ ਕਾਂਗਰਸ ਪਾਰਟੀ ਬਿਖਰਦੀ ਰਹੀ। ਜਿਸ ਦਿਨ ਤੋਂ ਉਹ ਕਾਂਗਰਸ ਪਾਰਟੀ ਵਿੱਚ ਆਏ ਮੁੜਕੇ ਕਦੀ ਵੀ ਕਾਂਗਰਸ ਤੋਂ ਮੁੱਖ ਨਹੀਂ ਮੋੜਿਆ। ਉਨ੍ਹਾਂ ਨੇ ਆਪਣਾ ਸਿਆਸੀ ਜੀਵਨ ਪਟਿਆਲਾ ਤੋਂ ਲੋਕ ਸਭਾ ਦੇ ਮਰਹੂਮ ਮੈਂਬਰ ਸਤਪਾਲ ਕਪੂਰ ਦੇ ਨਿੱਜੀ ਸਕੱਤਰ ਤੋਂ ਸ਼ੁਰੂ ਕਰਕੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਤੱਕ ਪਹੁੰਚ ਗਿਆ। ਭਾਵੇਂ ਉਹ ਬਹੁਤਾ ਪੜ੍ਹੇ ਲਿਖੇ ਨਹੀਂ ਸੀ, ਪ੍ਰੰਤੂ ਸਿਆਸਤ ਵਿੱਚ ਉਹ ਇੰਨਾ ਗੁੜ੍ਹੇ ਹੋਏ ਸੀ ਕਿ ਛੋਤੀ ਕੀਤਿਆਂ ਕਦੇ ਮਾਰ ਨਹੀਂ ਖਾਧੀ। ਉਹ ਇੱਕ ਅਜਿਹੇ ਹੰਢੇ ਵਰਤੇ ਸਿਆਸਤਦਾਨ ਸੀ, ਜਿਹੜੇ ਆਪਣੀ ਲਿਆਕਤ ਨਾਲ ਕਹਿੰਦੇ ਕਹਾਉਂਦੇ ਸਿਆਸਤਦਾਨਾਂ ਨੂੰ ਉਂਗਲਾਂ 'ਤੇ ਨਚਾਉਂਦੇ ਰਹੇ ਹਨ। ਉਨ੍ਹਾਂ ਦੀ ਸਫਲਤਾ ਦਾ ਸਭ ਤੋਂ ਵੱਡਾ ਰਾਜ ਇਹ ਸੀ ਕਿ ਉਹ ਜਿਸ ਵੀ ਸਿਆਸਤਦਾਨ ਨਾਲ ਜਿਤਨਾ ਸਮਾਂ ਰਹੇ, ਉਹ ਉਸਦੇ ਵਫ਼ਾਦਾਰ ਰਹੇ, ਪ੍ਰੰਤੂ ਜਦੋਂ ਉਹ ਉਸ ਸਿਆਸਤਦਾਨ ਤੋਂ ਦੂਰ ਹੋ ਗਏ ਤਾਂ ਉਸਦੇ ਸਭ ਤੋਂ ਵੱਡਾ ਸਿਆਸੀ ਵਿਰੋਧੀ ਬਣਕੇ ਵਿਚਰੇ।



ਲਾਲ ਸਿੰਘ ਨੂੰ ਡਕਾਲਾ ਹਲਕੇ ਤੋਂ ਟਿਕਟ ਮਿਲਣ ਦਾ ਕਿੱਸਾ ਵਿਲੱਖਣ ਕਿਸਮ ਦਾ ਹੈ, ਇਸ ਲਈ ਲਾਲ ਸਿੰਘ ਨੂੰ ਕਿਸਮਤ ਦਾ ਧਨੀ ਕਿਹਾ ਜਾ ਸਕਦਾ ਹੈ। ਪੰਜਾਬ ਵਿੱਚ ਪਹਿਲੀ ਵਾਰ ਇੱਕ ਸਥਾਨਕ ਪੱਧਰ ਦੇ ਵਰਕਰ ਨੂੰ ਟਿਕਟ ਦਿੱਤੀ ਗਈ ਸੀ। 1977 ਵਿੱਚ ਡਕਾਲਾ ਹਲਕੇ ਤੋਂ ਕਾਂਗਰਸ ਦਾ ਟਿਕਟ ਚੱਪੜ ਪਿੰਡ ਦੇ ਸ੍ਰ. ਸਾਹਿਬ ਸਿੰਘ ਨੂੰ ਮਿਲ ਰਿਹਾ ਸੀ। ਸਾਹਿਬ ਸਿੰਘ ਦੀ ਉਮੀਦਵਾਰੀ ਲਗਭਗ ਤਹਿ ਹੋ ਗਈ ਸੀ, ਪ੍ਰੰਤੂ ਐਨ ਮੌਕੇ 'ਤੇ ਸਾਹਿਬ ਸਿੰਘ ਚੱਪੜ ਇਨਕਾਰ ਕਰ ਗਿਆ। ਸਥਾਨਕ ਵਰਕਰਾਂ ਵਿੱਚੋਂ ਕੋਈ ਚੋਣ ਲੜਨ ਲਈ ਤਿਆਰ ਨਹੀਂ ਸੀ। ਅਜਿਹੇ ਮੌਕੇ ਸ੍ਰ. ਲਾਲ ਸਿੰਘ ਨੇ ਦਲੇਰੀ ਨਾਲ ਚੋਣ ਮੈਦਾਨ ਵਿੱਚ ਉਤਰਨ ਦਾ ਫ਼ੈਸਲਾ ਕੀਤਾ। ਹਾਲਾਂ ਕਿ ਉਨ੍ਹਾਂ ਨੂੰ ਚੋਣਾਂ ਲੜਨ ਦਾ ਕੋਈ ਤਜ਼ਰਬਾ ਨਹੀਂ ਸੀ, ਪ੍ਰੰਤੂ ਸ੍ਰ.ਲਾਲ ਸਿੰਘ ਨੇ ਸੂਝ ਨਾਲ ਚੋਣ ਲੜੀ ਤੇ ਜਿੱਤ ਪ੍ਰਾਪਤ ਕੀਤੀ। ਪਹਿਲੀ ਵਾਰ ਹੀ ਚੋਣ ਲੜ ਕੇ 1977 ਵਿੱਚ ਚੋਣ ਜਿੱਤ ਕੇ ਉਹ ਵਿਧਾਨਕਾਰ ਬਣ ਗਏ। ਉਸ ਤੋਂ ਬਾਅਦ ਤਾਂ ਚਲ ਸੋ ਚਲ, ਲਾਲ ਸਿੰਘ ਛੇ ਵਾਰ 1977, 1980, 1992, 2002, 2007 ਅਤੇ 2012 ਵਿੱਚ ਵਿਧਾਨਕਾਰ ਬਣਦੇ ਰਹੇ। ਇਕੱਲੇ ਵਿਧਾਨਕਾਰ ਹੀ ਸਿਰਫ 1977 ਅਤੇ 1980 ਵਿੱਚ ਰਹੇ ਅਤੇ ਬਾਕੀ ਚਾਰੇ ਟਰਮਾਂ ਵਿੱਚ ਮੰਤਰੀ ਵੀ ਬਣਦੇ ਰਹੇ। 1980 ਵਿੱਚ ਪਨਸਪ ਦੇ ਚੇਅਰਮੈਨ ਬਣ ਗਏ ਸੀ। ਮਾਰਚ 1986 ਵਿੱਚ ਸ੍ਰ.ਬੇਅੰਤ ਸਿੰਘ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਬਣ ਗਏ। ਲਾਲ ਸਿੰਘ ਚੁਸਤ ਚਲਾਕ ਸਿਆਸਤਦਾਨ ਸੀ, ਜਦੋਂ ਉਨ੍ਹਾਂ ਨੂੰ ਦਰਬਾਰਾ ਸਿੰਘ ਦੇ ਧੜੇ ਦਾ ਡਾਊਨ ਫਾਲ ਦਿਸਣ ਲੱਗਿਆ ਤਾਂ ਉਹ 1990 ਵਿੱਚ ਸ੍ਰ.ਬੇਅੰਤ ਸਿੰਘ ਦੇ ਧੜੇ ਵਿੱਚ ਸ਼ਾਮਲ ਹੋ ਕੇ ਪਟਿਆਲਾ ਜ਼ਿਲ੍ਹਾ ਕਾਂਗਰਸ ਦਿਹਾਤੀ ਦੇ ਪ੍ਰਧਾਨ ਬਣ ਗਏ।

ਫਰਵਰੀ 1992 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕਾਂਗਰਸ ਪਾਰਟੀ ਨੇ 92 ਸੀਟਾਂ ਜਿੱਤ ਕੇ ਸ੍ਰ. ਬੇਅੰਤ ਸਿੰਘ ਮੁੱਖ ਮੰਤਰੀ ਦੀ ਅਗਵਾਈ ਵਿੱਚ ਸਰਕਾਰ ਬਣਾ ਲਈ। ਲਾਲ ਸਿੰਘ ਨੂੰ ਸਿਹਤ ਮੰਤਰੀ ਬਣਾਇਆ ਗਿਆ। ਸ੍ਰ.ਬੇਅੰਤ ਸਿੰਘ ਦੀ ਸਰਕਾਰ ਵਿੱਚ ਲਾਲ ਸਿੰਘ ਦੀ ਤੂਤੀ ਬੋਲਦੀ ਸੀ। ਉਹ ਮੁੱਖ ਮੰਤਰੀ ਦੇ ਸਭ ਤੋਂ ਨਜ਼ਦੀਕੀ ਮੰਤਰੀ ਗਿਣੇ ਜਾਂਦੇ ਸੀ। । ਲਾਲ ਸਿੰਘ ਦੀ ਸਿਆਸੀ ਜ਼ਿੰਦਗੀ ਦਾ ਉਹ ਸਮਾਂ ਸਭ ਤੋਂ ਬਿਹਤਰੀਨ ਸਮਾਂ ਰਿਹਾ ਹੈ। ਉਸ ਤੋਂ ਬਾਅਦ ਤਾਂ ਸ੍ਰ.ਲਾਲ ਸਿੰਘ ਦੀ ਸਿਆਸਤ ਦਾ ਸਿਤਾਰਾ ਅਸਮਾਨ ਨੂੰ ਛੂੰਹਦਾ ਰਿਹਾ। ਹਰਚਰਨ ਸਿੰਘ ਬਰਾੜ ਦੀ ਸਰਕਾਰ ਵਿੱਚ ਵੀ ਲਾਲ ਸਿੰਘ ਹੀ ਇੱਕ ਕਿਸਮ ਨਾਲ ਸਰਕਾਰ ਚਲਾਉਂਦੇ ਰਹੇ, ਕੈਪਟਨ ਅਮਰਿੰਦਰ ਸਿੰਘ ਦੇ ਕਾਂਗਰਸ ਪਾਰਟੀ ਵਿੱਚ ਆ ਜਾਣ ਤੋਂ ਬਾਅਦ ਲਾਲ ਸਿੰਘ ਨੇ ਉਨ੍ਹਾਂ ਨਾਲ ਆਪਣੀਆਂ ਨਜ਼ਦੀਕੀਆਂ ਬਣਾ ਲਈਆਂ, ਕਿਉਂਕਿ ਕੈਪਟਨ ਅਮਰਿੰਦਰ ਸਿੰਘ ਬਲਿਊ ਸਟਾਰ ਅਪ੍ਰੇਸ਼ਨ ਤੋਂ ਬਾਅਦ ਕਾਂਗਰਸ ਛੱਡਣ ਕਰਕੇ ਪੰਜਾਬ ਕਾਂਗਰਸ ਦੀ ਸਿਆਸਤ ਤੋਂ ਦੂਰ ਰਹੇ ਸੀ। ਲਾਲ ਸਿੰਘ ਕਿਉਂਕਿ ਪੰਜਾਬ ਕਾਂਗਰਸ ਦੀ ਸਿਆਸਤ ਵਿੱਚ ਲੰਬਾ ਸਮਾਂ ਰਹਿਣ ਕਰਕੇ ਕਾਂਗਰਸ ਦੇ ਤਾਣੇ-ਬਾਣੇ ਬਾਰੇ ਭਲੀ ਭਾਂਤ ਜਾਣਦੇ ਸੀ।

ਇਸ ਕਰਕੇ ਕੈਪਟਨ ਅਮਰਿੰਦਰ ਸਿੰਘ ਨੂੰ ਕੋਈ ਅਜਿਹਾ ਸਿਆਸਤਦਾਨ ਚਾਹੀਦਾ ਸੀ, ਜਿਹੜਾ ਦਿਲਚਸਪੀ ਤੇ ਵਫ਼ਾਦਾਰੀ ਨਾਲ ਕੰਮ ਕਰ ਸਕੇ। ਲਾਲ ਸਿੰਘ ਇਸ ਮੌਕੇ ਦਾ ਲਾਭ ਉਠਾ ਕੇ ਕੈਪਟਨ ਅਮਰਿੰਦਰ ਸਿੰਘ ਦੇ ਵਿਸ਼ਵਾਸ਼ ਪਾਤਰ ਬਣ ਗਏ। ਵਿਧਾਨ ਸਭਾ ਦੀ ਟਿਕਟ ਲੈਣ ਦੇ ਚਾਹਵਾਨ ਪਹਿਲਾਂ ਲਾਲ ਸਿੰਘ ਕੋਲ ਜਾਂਦੇ ਸਨ ਤੇ ਫਿਰ ਉਹ ਉਨ੍ਹਾਂ ਨੂੰ ਆਪਣੇ ਨਾਲ ਲਿਜਾਕੇ ਕੈਪਟਨ ਅਮਰਿੰਦਰ ਸਿੰਘ ਨੂੰ ਮਿਲਾਉਂਦੇ ਸਨ। ਲਾਲ ਸਿੰਘ ਦੀ ਇੱਕ ਖ਼ੂਬੀ ਰਹੀ ਕਿ ਉਨ੍ਹਾਂ ਨੇ ਪੰਜਾਬ ਦੇ ਅਤੇ ਖਾਸ ਕਰਕੇ ਡਕਾਲਾ ਹਲਕੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਿਆ ਅਤੇ ਵਿਕਾਸ ਦੇ ਕੰਮ ਕਰਵਾ ਕੇ ਨਾਮਣਾ ਖੱਟਿਆ।

2017 ਵਿੱਚ ਲਾਲ ਸਿੰਘ ਨੇ ਆਪਣੇ ਲੜਕੇ ਰਾਜਿੰਦਰ ਸਿੰਘ ਨੂੰ ਸਮਾਣਾ ਹਲਕੇ ਤੋਂ ਟਿਕਟ ਦਿਵਾ ਕੇ ਵਿਧਾਇਕ ਬਣਾ ਲਿਆ। ਉਹ ਆਪ ਪੰਜਾਬ ਸਰਕਾਰ ਦੇ ਸਭ ਤੋਂ ਮਹੱਤਵਪੂਰਨ ਅਦਾਰੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਬਣ ਗਏ। ਉਹ ਹਮੇਸ਼ਾ ਵਿੱਤ, ਸਿਹਤ, ਖ਼ੁਰਾਕ ਤੇ ਸਿਵਲ ਸਪਲਾਈ, ਦਿਹਾਤੀ ਵਿਕਾਸ ਵਰਗੇ ਮਹੱਤਵਪੂਰਨ ਵਿਭਾਗਾਂ ਦੇ ਮੰਤਰੀ ਰਹੇ ਹੈ। ਜੇ ਉਨ੍ਹਾਂ ਨੂੰ ਗੁਣਾਂ ਦੀ ਗੁਥਲੀ ਕਹਿ ਲਿਆ ਜਾਵੇ ਤਾਂ ਕੋਈ ਅਤਿਕਥਨੀ ਨਹੀਂ।

ਸ੍ਰ. ਲਾਲ ਸਿੰਘ ਵਿੱਚ ਇਕ ਹੋਰ ਵੱਡਾ ਗੁਣ ਸੀ ਕਿ ਉਹ ਸਿਰਫ ਆਪਣੀ ਪਾਰਟੀ ਵਿੱਚ ਹੀ ਨਹੀਂ, ਸਗੋਂ ਹੋਰ ਸਾਰੀਆਂ ਸਿਆਸੀ ਪਾਰਟੀਆਂ ਵਿੱਚ ਵੀ ਹਰਮਨ ਪਿਆਰਾ ਸੀ, ਇਸਤੋਂ ਇਲਾਵਾ ਅਧਿਕਾਰੀਆਂ ਨਾਲ ਵੀ ਉਨ੍ਹਾਂ ਦੇ ਸੰਬੰਧ ਬਹੁਤ ਹੀ ਵਧੀਆ ਹੁੰਦੇ ਸਨ। ਭਾਵੇਂ ਕੋਈ ਸਰਕਾਰ ਹੋਵੇ ਤਾਂ ਲਾਲ ਸਿੰਘ ਦੇ ਕੰਮ ਨਹੀਂ ਰੁਕਦੇ ਸਨ, ਕਿਉਂਕਿ ਉਨ੍ਹਾਂ ਨੂੰ ਦੂਜੀਆਂ ਪਾਰਟੀਆਂ ਦੇ ਸਿਆਸਤਦਾਨ ਅਤੇ ਸਰਕਾਰੀ ਅਧਿਕਾਰੀ ਕਿਸੇ ਕੰਮ ਤੋਂ ਇਨਕਾਰ ਨਹੀਂ ਕਰਦੇ ਸਨ। ਉਹ ਹਰਫਨਮੌਲਾ ਸਿਆਸਤਦਾਨ ਸੀ, ਜਿਨ੍ਹਾਂ ਨੂੰ ਮਾਣ ਜਾਂਦਾ ਹੈ ਕਿ ਉਹ ਪੰਜਾਬ ਦੇ ਦਰਬਾਰਾ ਸਿੰਘ, ਬੇਅੰਤ ਸਿੰਘ, ਹਰਚਰਨ ਸਿੰਘ ਬਰਾੜ ਅਤੇ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਦਾ ਚਹੇਤਾ ਰਹੇ ਹਨ। ਲਾਲ ਸਿੰਘ ਦਾ ਜਨਮ 1942 ਵਿੱਚ ਹੋਇਆ ਸੀ। ਉਨ੍ਹਾਂ ਦੇ ਇੱਕ ਲੜਕਾ ਰਾਜਿੰਦਰ ਸਿੰਘ ਅਤੇ ਇੱਕ ਲੜਕੀ ਹੈ। ਸ੍ਰ.ਲਾਲ ਸਿੰਘ ਦੀ ਯਾਦ ਵਿੱਚ ਭੋਗ ਅਤੇ ਅੰਤਮ ਅਰਦਾਸ 10 ਅਪ੍ਰੈਲ 2026 ਨੂੰ ਦੁਪਹਿਰ 12.00 ਤੋਂ 1.00 ਵਜੇ ਗੁਰਦੁਆਰਾ ਮੋਤੀ ਬਾਗ ਸਾਹਿਬ ਪਟਿਆਲਾ ਵਿਖੇ ਹੋਵੇਗੀ।

## ਸ੍ਰ: ਲਾਲ ਸਿੰਘ ਨੂੰ ਯਾਦ ਕਰਦਿਆਂ!




ਸ੍ਰ: ਲਾਲ ਸਿੰਘ ਭਾਵੇਂ ਕਾਂਗਰਸ ਦੇ ਬਹੁਤ ਸੀਨੀਅਰ ਆਗੂ ਸਨ ਪਰ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਲਈ ਹਮੇਸ਼ਾ ਤਤਪਰ ਰਹਿੰਦੇ ਸਨ, ਪੰਜਾਬੀ ਮੀਡੀਆ ਖਾਸ ਕਰ ਚੜ੍ਹਦੀਕਲਾ ਅਖਬਾਰ, ਚੜ੍ਹਦੀਕਲਾ ਟਾਈਮ ਟੀਵੀ ਅਤੇ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਡਾ. ਜਗਜੀਤ ਸਿੰਘ ਦਰਦੀ (ਪਦਮਸ੍ਰੀ) ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਹਮੇਸ਼ਾ ਸਲਾਹੁੰਦੇ ਸਨ ਅਤੇ ਹੌਂਸਲਾ ਅਫਜ਼ਾਈ ਕਰਦੇ ਸਨ। ਉਪਰੋਕਤ ਯਾਦਗਾਰੀ ਤਸਵੀਰ ਵਿੱਚ ਚੜ੍ਹਦੀਕਲਾ ਟਾਈਮ ਟੀਵੀ ਦੇ ਬਿਊਰੋ ਚੀਫ ਸ੍ਰ. ਅਮਰਜੀਤ ਸਿੰਘ ਨਾਲ ਖੁਸ਼ਨਮਾ ਮਾਹੌਲ ਦੇ ਵਿੱਚ ਵਾਰਤਾਲਾਪ ਕਰਦੇ ਹੋਏ ਦਿਖਾਈ ਦੇ ਰਹੇ ਹਨ।

## ਕਾਨੂੰਨਸਾਜ਼ਾਂ ਨੂੰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਚਾਹੀਦੈ: ਓਮ ਬਿਰਲਾ

ਪਣਜੀ, 9 ਅਪ੍ਰੈਲ (ਚ.ਨ.ਸ.) : ਲੋਕ ਸਭਾ ਸਪੀਕਰ ਸ਼੍ਰੀ ਓਮ ਬਿਰਲਾ ਨੇ ਅੱਜ ਕਾਨੂੰਨਸਾਜ਼ਾਂ ਨੂੰ ਆਪਣੇ ਨਿੱਜੀ ਅਤੇ ਰਾਜਨੀਤਿਕ ਹਿੱਤਾਂ ਤੋਂ ਉੱਪਰ ਉੱਠਣ ਅਤੇ ਪੂਰੀ ਇਮਾਨਦਾਰੀ ਨਾਲ ਲੋਕਾਂ ਦੀਆਂ ਉਮੀਦਾਂ ਅਤੇ ਇੱਛਾਵਾਂ ਨੂੰ ਪੂਰਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਚੁਣੇ ਹੋਏ ਪ੍ਰਤੀਨਿਧੀਆਂ ਦੀ ਜ਼ਿੰਮੇਵਾਰੀ ਹੈ ਕਿ ਉਹ ਜਨਤਕ ਉਮੀਦਾਂ ਨੂੰ ਪੂਰਾ ਕਰਨ, ਲੋਕਤੰਤਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਪਾਰਦਰਸ਼ੀ, ਸਮਾਵੇਸ਼ੀ ਅਤੇ ਜਵਾਬਦੇਹ ਸ਼ਾਸਨ ਨੂੰ ਯਕੀਨੀ ਬਣਾਉਣ। ਉਨ੍ਹਾਂ ਇਸ ਗੱਲ @ਤੇ ਵੀ ਜ਼ੋਰ ਦਿੱਤਾ ਕਿ ਜਨਤਾ ਦੇ ਵਿਸ਼ਵਾਸ ਨੂੰ ਬਣਾਈ ਰੱਖਣ ਲਈ ਦ੍ਰਿਸ਼ਟੀ, ਸਮਰਪਣ ਅਤੇ ਜਨਤਕ ਭਲਾਈ ਪ੍ਰਤੀ ਮਜ਼ਬੂਤ ਵਚਨਬੱਧਤਾ ਜ਼ਰੂਰੀ ਹੈ। ਇਹ ਗੁਣ ਇੱਕ ਵਿਕਸਤ, ਨਿਆਂਪੂਰਨ ਅਤੇ ਸਵੈ-ਨਿਰਭਰ ਭਾਰਤ ਬਣਾਉਣ ਲਈ ਜ਼ਰੂਰੀ ਹਨ। ਸ਼੍ਰੀ ਬਿਰਲਾ ਨੇ ਇਹ ਟਿੱਪਣੀਆਂ ਰਾਸ਼ਟਰਮੰਡਲ ਸੰਸਦੀ ਐਸੋਸੀਏਸ਼ਨ, ਭਾਰਤ ਖੇਤਰ, ਜ਼ੋਨ VII ਦੇ ਪਹਿਲੇ ਸੰਮੇਲਨ ਦਾ ਉਦਘਾਟਨ ਕਰਦਿਆਂ ਕੀਤੀਆਂ। ਨੌਜਵਾਨ ਕਾਨੂੰਨਸਾਜ਼ਾਂ ਦੀ ਭੂਮਿਕਾ 'ਤੇ ਬੋਲਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ 2047 ਤੱਕ ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਨੌਜਵਾਨ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਭਵਿੱਖ ਦੇ ਨੇਤਾਵਾਂ ਵਜੋਂ, ਨੌਜਵਾਨਾਂ ਨੂੰ ਨਵੀਆਂ ਨੀਤੀਆਂ ਬਣਾਉਣ, ਸਾਰੇ ਵਰਗਾਂ ਦੇ ਵਿਕਾਸ ਨੂੰ ਅੱਗੇ ਵਧਾਉਣ ਅਤੇ ਲੋਕਤੰਤਰੀ ਸੰਸਥਾਵਾਂ ਨੂੰ ਮਜ਼ਬੂਤ ??ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨੌਜਵਾਨਾਂ ਦੀ ਊਰਜਾ, ਤਾਜ਼ੀ ਸੋਚ ਅਤੇ ਜਨਤਕ ਸੇਵਾ ਪ੍ਰਤੀ ਸਮਰਪਣ ਦੇਸ਼ ਨੂੰ ਖੁਸ਼ਹਾਲ, ਸਵੈ-ਨਿਰਭਰ ਅਤੇ ਨਿਆਂਪੂਰਨ ਬਣਾ ਸਕਦਾ ਹੈ, ਆਉਣ ਵਾਲੀਆਂ ਪੀੜ੍ਹੀਆਂ ਲਈ ਟਿਕਾਊ ਵਿਕਾਸ ਨੂੰ ਯਕੀਨੀ ਬਣਾ ਸਕਦਾ ਹੈ।



ਵਿਧਾਨਕ ਸੰਸਥਾਵਾਂ ਦੀ ਬਦਲਦੀ ਭੂਮਿਕਾ @ਤੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਲੋਕ ਭਲਾਈ ਅਤੇ ਚੰਗੇ ਸ਼ਾਸਨ ਲਈ ਰਾਜ ਵਿਧਾਨ ਸਭਾਵਾਂ ਵਿੱਚ ਸਿਹਤਮੰਦ ਮੁਕਾਬਲਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸੰਸਦੀ ਲੋਕਤੰਤਰ ਨੂੰ ਦੁਨੀਆ ਵਿੱਚ ਸ਼ਾਸਨ ਦੀ ਸਭ ਤੋਂ ਵਧੀਆ ਪ੍ਰਣਾਲੀ ਮੰਨਿਆ ਜਾਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ 1952 ਤੋਂ ਬਾਅਦ ਹਰ ਚੋਣ ਵਿੱਚ ਵੱਧ ਰਹੀ ਵੋਟਰ ਮਤਦਾਨ ਭਾਰਤ ਦੇ ਮਜ਼ਬੂਤ ਅਤੇ ਜੀਵੰਤ ਲੋਕਤੰਤਰ ਦਾ ਪ੍ਰਮਾਣ ਹੈ। ਖੋਜ, ਨਵੀਨਤਾ ਅਤੇ ਤਕਨਾਲੋਜੀ ਦੀ ਮਹੱਤਤਾ @ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਬਿਰਲਾ ਨੇ ਕਿਹਾ ਕਿ ਜਨਤਕ ਪ੍ਰਤੀਨਿਧੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਿਗਿਆਨ ਅਤੇ ਤਕਨਾਲੋਜੀ ਦੀ ਸ਼ਕਤੀ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਵਰਗੀਆਂ ਆਧੁਨਿਕ ਤਕਨਾਲੋਜੀਆਂ ਦੇ ਇਸ ਯੁੱਗ ਵਿੱਚ ਵੀ, ਮਨੁੱਖੀ ਸੰਵੇਦਨਸ਼ੀਲਤਾ ਵੀ ਓਨੀ ਹੀ ਮਹੱਤਵਪੂਰਨ ਹੈ। ਉਨ੍ਹਾਂ ਨੇ ਕਾਨੂੰਨਸਾਜ਼ਾਂ ਨੂੰ ਜਨਤਾ ਨਾਲ ਜੁੜਨ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਹਮਦਰਦੀ ਨਾਲ ਹੱਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਵਿਧਾਨਕ ਕਾਰਜਾਂ, ਨਿਯਮਾਂ ਅਤੇ ਪ੍ਰਕਿਰਿਆਵਾਂ ਨੂੰ ਸਮਝਣ ਦੀ ਮਹੱਤਤਾ @ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨੀਤੀਆਂ ਅਤੇ ਕਾਨੂੰਨਾਂ @ਤੇ ਚਰਚਾਵਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਵਾਲੇ ਪ੍ਰਤੀਨਿਧੀ ਆਪਣੇ ਰਾਜਾਂ ਵਿੱਚ ਮਜ਼ਬੂਤ ??ਨੇਤਾ ਵਜੋਂ ਉਭਰਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਾਨੂੰਨਸਾਜ਼ਾਂ ਨੂੰ ਪ੍ਰਕਿਰਿਆਵਾਂ ਬਾਰੇ ਜਿੰਨਾ ਜ਼ਿਆਦਾ ਗਿਆਨ ਹੋਵੇਗਾ, ਉਨ੍ਹਾਂ ਦੀ ਭਾਗੀਦਾਰੀ ਓਨੀ ਹੀ ਪ੍ਰਭਾਵਸ਼ਾਲੀ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੀਪੀਏ ਇੰਡੀਆ ਖੇਤਰ ਦੇ ਨਵੇਂ ਜ਼ੋਨ ੭99 ਦੇ ਰਾਜਾਂ ਨੂੰ ਵੱਖ-ਵੱਖ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਸਹਿਯੋਗ ਅਤੇ ਸਹਿਯੋਗ ਦੀ ਭਾਵਨਾ ਰਾਹੀਂ, ਇਨ੍ਹਾਂ ਚੁਣੌਤੀਆਂ ਨੂੰ ਮੌਕਿਆਂ ਵਿੱਚ ਬਦਲਿਆ ਜਾ ਸਕਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਖਾਸ ਕਰਕੇ ਤੱਟਵਰਤੀ ਵਿਕਾਸ ਵਰਗੇ ਖੇਤਰਾਂ ਵਿੱਚ, ਰਾਜ ਇੱਕ ਦੂਜੇ ਤੋਂ ਸਿੱਖ ਸਕਦੇ ਹਨ ਅਤੇ ਵਧੀਆ ਅਭਿਆਸਾਂ ਨੂੰ ਅਪਣਾ ਕੇ ਅੱਗੇ ਵਧ ਸਕਦੇ ਹਨ।




## ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਤੁਰੰਤ ਖੋਲ੍ਹਣ ਸਰਕਾਰਾਂ : ਐਡਵੋਕੇਟ ਧਾਮੀ



ਅੰਮ੍ਰਿਤਸਰ, 9 ਅਪ੍ਰੈਲ (ਗੁਰਦਿਆਲ ਸਿੰਘ) :ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਵੀਜ਼ਾ ਲੱਗੇ ਪਾਸਪੋਰਟ ਸੌਂਪੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਮੌਜੂਦ ਸਨ।ਮੀਡੀਆ ਨਾਲ ਗੱਲ ਕਰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਇਤਿਹਾਸਕ ਦਿਹਾੜਿਆਂ 'ਤੇ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਭੇਜਿਆ ਜਾਂਦਾ ਹੈ। ਇਸ ਵਾਰ ਖ਼ਾਲਸਾ ਸਾਜਣਾ ਦਿਵਸ ਵਿਸਾਖੀ ਦੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਇਹ ਜਥਾ ਭਲਕੇ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8:00 ਵਜੇ ਰਵਾਨਾ ਹੋਵੇਗਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਾਰ 1795 ਸ਼ਰਧਾਲੂਆਂ ਦੇ ਪਾਸਪੋਰਟ ਵੀਜੇ ਲਈ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 1763 ਸ਼ਰਧਾਲੂਆਂ ਨੂੰ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੇ ਵੀਜੇ ਜਾਰੀ ਕੀਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਾਕਿਸਤਾਨ ਅਤੇ ਭਾਰਤ ਸਰਕਾਰ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾਂ ਵੀ ਮੁੜ ਖੋਲ੍ਹਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸਿੱਖ ਸ਼ਰਧਾਲੂਆਂ ਦੀ ਆਪਣੇ ਗੁਰਧਾਮਾਂ ਦੇ ਦਰਸ਼ਨਾਂ ਪ੍ਰਤੀ ਵੱਡੀ ਸ਼ਰਧਾ ਹੈ ਅਤੇ ਸਰਕਾਰਾਂ ਨੂੰ ਇਸ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਲਾਂਘੇ ਨੂੰ ਤੁਰੰਤ ਮੁੜ ਖੋਲ੍ਹਿਆ ਜਾਵੇ। ਐਡਵੋਕੇਟ ਧਾਮੀ ਨੇ ਇਹ ਵੀ ਮੰਗ ਕੀਤੀ ਕਿ ਪਾਸਪੋਰਟ ਦੀ ਸ਼ਰਤ ਨੂੰ ਖ਼ਤਮ ਕੀਤਾ ਜਾਵੇ ਅਤੇ ਪਾਕਿਸਤਾਨ ਸਰਕਾਰ ਵੱਲੋਂ 20 ਡਾਲਰ ਫੀਸ ਵੀ ਸਮਾਪਤ ਕੀਤੀ ਜਾਵੇ।ਇਸੇ ਦੌਰਾਨ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਜਿਹੜੇ ਸ਼ਰਧਾਲੂ ਅੱਜ ਪਾਸਪੋਰਟ ਲੈਣ ਨਹੀਂ ਪੁੱਜ ਸਕੇ, ਉਹ ਜਥੇ ਦੀ ਰਵਾਨਗੀ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਆਪਣੇ ਪਾਸਪੋਰਟ ਪ੍ਰਾਪਤ ਕਰਨ। ਇਸ ਮੌਕੇ ਓਐਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਯਾਤਰਾ ਵਿਭਾਗ ਦੇ ਇੰਚਾਰਜ ਸ. ਜਗਜੀਤ ਸਿੰਘ ਆਦਿ ਹਾਜ਼ਰ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਧੁਨਿਕ ਸਾਊਂਡ ਸਿਸਟਮ ਦੀ ਐਡਵੋਕੇਟ ਧਾਮੀ ਨੇ ਕੀਤੀ ਸ਼ੁਰੂਆਤ



ਅੰਮ੍ਰਿਤਸਰ, 9 ਅਪ੍ਰੈਲ (ਗੁਰਦਿਆਲ ਸਿੰਘ): ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਧੁਨਿਕ ਤਕਨੀਕ ਦੇ ਸਾਊਂਡ ਸਿਸਟਮ ਦੀ ਅੱਜ ਅਰਦਾਸ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ਼ੁਰੂਆਤ ਕੀਤੀ ਗਈ। ਇਸ ਸਾਊਂਡ ਸਿਸਟਮ ਦੀ ਸੇਵਾ ਇੰਗਲੈਂਡ ਦੇ ਸ਼ਰਧਾਲੂ ਪਰਿਵਾਰਾਂ ਵੱਲੋਂ ਕੀਤੀ ਗਈ ਹੈ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਮੇਂ-ਸਮੇਂ ਵੱਖ-ਵੱਖ ਸੇਵਾਵਾਂ ਕਰਵਾਈਆਂ ਜਾਂਦੀਆਂ ਹਨ। ਬੀਤੇ ਸਮੇਂ ਅੰਤ੍ਰਿੰਗ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਧੁਨਿਕ ਤਕਨੀਕ ਵਾਲਾ ਸਾਊਂਡ ਸਿਸਟਮ ਲਗਾਉਣ ਦਾ ਫੈਸਲਾ ਕੀਤਾ ਗਿਆ ਸੀ। ਇਸ ਕਾਰਜ ਦੀ ਸੇਵਾ ਇੰਗਲੈਂਡ ਨਿਵਾਸੀ ਸ. ਗੁਰਸੇਵਕ ਸਿੰਘ ਸ਼ੇਰਗਿੱਲ, ਸ. ਗੁਲਿੰਦਰ ਸਿੰਘ, ਜਤਿੰਦਰ ਸਿੰਘ ਹੇਅਰ, ਰਣਜੀਤ ਸਿੰਘ ਸੱਗੂ, ਪ੍ਰਦੀਪ ਸਿੰਘ ਨਿੱਜਰ ਤੇ ਸ. ਗੁਰਪ੍ਰੀਤ ਸਿੰਘ ਸੰਧੂ ਦੇ ਪਰਿਵਾਰਾਂ ਵੱਲੋਂ ਕਰਵਾਈ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ. ਗੁਰਸੇਵਕ ਸਿੰਘ ਅਤੇ ਉਨ੍ਹਾਂ ਦੇ ਸਹਿਯੋਗੀਆਂ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਇੰਗਲੈਂਡ ਵਿਖੇ ਸਥਾਪਤ ਕੀਤੇ ਗਏ ਸਿੱਖ ਮਿਸ਼ਨ ਬਾਰੇ ਵੀ ਵਿਚਾਰਾਂ ਹੋਈਆਂ। ਸ਼੍ਰੋਮਣੀ ਕਮੇਟੀ ਵੱਲੋਂ ਇਸ ਕੇਂਦਰ ਰਾਹੀਂ ਇੰਗਲੈਂਡ ਦੀਆਂ ਸੰਗਤਾਂ ਨੂੰ ਗੁਰਧਾਮਾਂ ਦੇ ਦਰਸ਼ਨਾਂ ਲਈ ਆਉਣ ਸਮੇਂ ਸਹਿਯੋਗ ਕਰਨ ਦੇ ਨਾਲ-ਨਾਲ ਧਰਮ ਪ੍ਰਚਾਰ ਦੇ ਕਾਰਜ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਲਈ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਵੀ ਇੰਗਲੈਂਡ ਭੇਜੇ ਜਾਇਆ ਕਰਨਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਜਾਂ ਲਈ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਸਿੰਘ ਅਤੇ ਮੁੰਬਈ ਤੋਂ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਦਾ ਵੀ ਸਹਿਯੋਗ ਰਿਹਾ ਹੈ। ਇਸ ਮੌਕੇ ਇੰਗਲੈਂਡ ਤੋਂ ਪੁੱਜੇ ਸ. ਗੁਰਸੇਵਕ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਗੁਰੂ ਸਾਹਿਬ ਦੀ ਰਹਿਮਤ ਸਦਕਾ ਵੱਖ-ਵੱਖ ਪਰਿਵਾਰਾਂ ਦੇ ਸਹਿਯੋਗ ਨਾਲ ਇਹ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਸਹਿਯੋਗ ਕਰਨ ਵਾਲੇ ਪਰਿਵਾਰਾਂ ਦਾ ਧੰਨਵਾਦ ਕਰਦਿਆਂ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਕਿ ਉਹ ਗੁਰੂ ਘਰ ਦੀਆਂ ਸੇਵਾਵਾਂ ਇਸੇ ਤਰ੍ਹਾਂ ਕਰਨ ਦਾ ਬੱਲ ਬਖ਼ਸ਼ਣ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਤਕਨੀਕ ਵਾਲਾ ਸਾਊਂਡ ਸਿਸਟਮ ਹੈ, ਜਿਸ ਦੇ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਵੱਖ-ਵੱਖ ਜਗ੍ਹਾਂ 'ਤੇ 130 ਸਪੀਕਰ ਲਗਾਏ ਗਏ ਹਨ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸੇਵਾ ਕਰਨ ਵਾਲੇ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਬੀਬੀ ਹਰਜਿੰਦਰ ਕੌਰ, ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਵਧੀਕ ਮੈਨੇਜਰ ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ, ਬੀਬੀ ਪਰਮਜੀਤ ਸਿੰਘ, ਸ. ਹਰਮੀਤ ਸਿੰਘ ਸਲੂਜਾ ਅਤੇ ਹੋਰ ਮੌਜੂਦ ਸਨ।

## ਖ਼ਾਲਸਾ ਕਾਲਜ ਨਰਸਿੰਗ ਦੇ ਵਿਦਿਆਰਥੀਆਂ ਨੇ ਫਲਾਵਰ ਸ਼ੋਅ 'ਚ ਸ਼ਾਨਦਾਰ ਸਥਾਨ ਹਾਸਲ ਕੀਤਾ




ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ): ਖ਼ਾਲਸਾ ਕਾਲਜ ਆਫ਼ ਨਰਸਿੰਗ ਦੇ ਵਿਦਿਆਰਥੀਆਂ ਨੇ ਖ਼ਾਲਸਾ ਕਾਲਜ ਦੇ ਬੋਟਨੀ ਵਿਭਾਗ ਵੱਲੋਂ ਕਰਵਾਏ ਗਏ ਫ਼ਲਾਵਰ ਸ਼ੋਅ ਦੌਰਾਨ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਪ੍ਰੋਗਰਾਮ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਅਣਗਿਣਤ ਇਨਾਮ ਵੀ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਸ਼ੋਅ 'ਚ ਵਿਦਿਆਰਥੀਆਂ ਨੇ ਅਸਿਸਟੈਂਟ ਪ੍ਰੋਫ਼ੈਸਰ ਕਵਲਜੀਤ ਕੌਰ ਅਤੇ ਨਰਸਿੰਗ ਟਿਊਟਰ ਲਵਪ੍ਰੀਤ ਕੌਰ ਦੀ ਅਗਵਾਈ ਹੇਠ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਉਕਤ ਮੁਕਾਬਲੇ ਦੌਰਾਨ ਇੰਸਟੀਟਿਊਸ਼ਨਲ ਕੈਟੇਗਰੀ 'ਚ ਕਾਲਜ ਪਹਿਲੇ ਸਥਾਨ 'ਤੇ ਰਿਹਾ ਅਤੇ ਸਕੂਲੈਂਟ, ਕੈਕਟਸ ਅਤੇ ਬੋਨਸਾਈ ਕੈਟੇਗਰੀ 'ਚ ਦੂਜਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੋਸਟਰ ਮੁਕਾਬਲੇ 'ਚ ਆਈਮਨਜੀਤ ਕੌਰ ਨੇ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਮਾਣ ਵਧਾਇਆ। ਜਦਕਿ ਇਸ਼ਮੀਤ ਕੌਰ ਅਤੇ ਮਹਿਕਪ੍ਰੀਤ ਕੌਰ ਨੇ ਫਲਾਵਰ ਅਰੇਂਜਮੈਂਟ 'ਚ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ 'ਚ ਹੋਰ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ।

## ਐੱਸ.ਸੀ. ਭਾਈਚਾਰੇ ਦੀ ਭਲਾਈ ਅਤੇ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਤਰਜੀਹ : ਲਾਲਪੁਰਾ



ਖਡੂਰ ਸਾਹਿਬ, 9 ਅਪ੍ਰੈਲ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ) : ਐੱਸ. ਸੀ ਭਾਈਚਾਰੇ ਦੀ ਭਲਾਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਮੁੱਖ ਤਰਜੀਹ ਹੈ। ਇਹ ਪ੍ਰਗਟਾਵਾ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਅੱਜ ਐੱਸ.ਸੀ ਬਲਾਕ ਪ੍ਰਧਾਨਾਂ ਨਾਲ ਕੀਤੀ ਇਕ ਮਹੱਤਵਪੂਰਨ ਮੀਟਿੰਗ ਦੌਰਾਨ ਕੀਤਾ। ਇਸ ਮੀਟਿੰਗ ਦੌਰਾਨ ਹਲਕੇ ਦੇ ਵਿਕਾਸ ਕਾਰਜਾਂ, ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਮ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰੇਕ ਬਲਾਕ ਪ੍ਰਧਾਨ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਸਰਕਾਰ ਤੱਕ ਪਹੁੰਚਾਵੇ ਅਤੇ ਉਨ੍ਹਾਂ ਦੇ ਹੱਲ ਲਈ ਯਤਨਸ਼ੀਲ ਰਹੇ।ਮੀਟਿੰਗ ਦੌਰਾਨ ਪ੍ਰਧਾਨਾਂ ਵੱਲੋਂ ਆਪਣੇ-ਆਪਣੇ ਇਲਾਕਿਆਂ ਦੀਆਂ ਸਮੱਸਿਆਵਾਂ ਅਤੇ ਸੁਝਾਆ ਵੀ ਸਾਂਝੇ ਕੀਤੇ ਗਏ, ਜਿਨ੍ਹਾਂ ਨੂੰ ਵਿਧਾਇਕ ਲਾਲਪੁਰਾ ਨੇ ਧਿਆਨ ਨਾਲ ਸੁਣਦਿਆਂ ਉਨ੍ਹਾਂ ਦੇ ਹੱਲ ਲਈ ਭਰੋਸਾ ਦਿਵਾਇਆ।ਅੰਤ ਵਿੱਚ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹਲਕਾ ਖਡੂਰ ਸਾਹਿਬ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਇਆ ਜਾਵੇਗਾ। ਇਸ ਸਮੇਂ ਉਨ੍ਹਾਂ ਦੇ ਨਾਲ ਨਿਰਮਲ ਸਿੰਘ ਸਰਪੰਚ ਕੁਹਾੜਕਾ ਹਲਕਾ ਕੁਆਰਡੀਨੇਟਰ ਖਡੂਰ ਸਾਹਿਬ, ਚੇਅਰਮੈਨ ਹਰਜੀਤ ਸਿੰਘ ਸੰਧੂ, ਚੇਅਰਮੈਨ ਟਰੇਡ ਵਿੰਗ ਗੌਰਵ ਰਾਮਪਾਲ, ਰਜਿੰਦਰ ਸਿੰਘ ਪੰਨੂ ਹਲਕਾ ਸੰਗਠਨ ਇੰਚਾਰਜ ਖਡੂਰ ਸਾਹਿਬ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਸੰਤੋਖਸਰ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ

### ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਸਮੇਤ ਪ੍ਰਮੁੱਖ ਹਸਤੀਆਂ ਦੀ ਰਹੀ ਹਾਜ਼ਰੀ



ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ): ਸੇਵਕ ਜੱਥਾ ਇਸ਼ਨਾਨ ਗੁਰਦੁਆਰਾ ਸੰਤੋਖਸਰ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਦੇ ਸਬੰਧ ਵਿੱਚ ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਰਖਾਏ ਗਏ ਸਨ, ਜਿਨ੍ਹਾਂ ਦੇ ਭੋਗ ਅੱਜ ਸ਼ਰਧਾ ਭਾਵਨਾ ਨਾਲ ਪਾਏ ਗਏ।ਅਖੰਡ ਪਾਠ ਦੇ ਭੋਗ ਉਪਰੰਤ ਦੁਪਹਿਰ ਵੇਲੇ ਵਿਸ਼ੇਸ਼ ਦੀਵਾਨ ਸਜਾਏ ਗਏ, ਜਿੱਥੇ ਪੰਥ ਦੇ ਪ੍ਰਸਿੱਧ ਕੀਰਤਨੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਸਿੰਘ ਸਾਹਿਬਾਨ ਵੱਲੋਂ ਗੁਰੂ ਸਾਹਿਬ ਦੀ ਬਾਣੀ ਦੀ ਵਿਵਚਾਰ ਕਰਦੇ ਹੋਏ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੱਤੀ ਗਈ। ਕੀਰਤਨ ਅਤੇ ਕਥਾ ਦੌਰਾਨ ਹਾਜ਼ਰ ਸੰਗਤਾਂ ਨੇ ਗੁਰੂ ਘਰ ਦੀਆਂ ਖੁਸ਼ੀਆਂ ਦਾ ਆਨੰਦ ਮਾਣਿਆ ਅਤੇ ਵੱਡੀ ਗਿਣਤੀ ਵਿੱਚ ਨਮਸ਼ਕਾਰ ਕੀਤੀ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਮੁਖ ਅਰਦਾਸੀਏ ਭਾਈ ਪ੍ਰੇਮ ਸਿੰਘ ਅਤੇ ਮੈਨੇਜਰ ਬਿਕਰਮ ਸਿੰਘ ਸਮੇਤ ਕਈ ਪ੍ਰਮੁੱਖ ਧਾਰਮਿਕ ਹਸਤੀਆਂ ਹਾਜ਼ਰ ਸਨ। ਇਸ ਤੋਂ ਇਲਾਵਾ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਗ੍ਰੰਥੀ ਭਾਈ ਆਜ਼ਾਦਵਿੰਦਰ ਸਿੰਘ, ਸਰਦਾਰ ਬਲਬੀਰ ਸਿੰਘ, ਤਰਲੋਚਨ ਸਿੰਘ, ਮਨਜੀਤ ਸਿੰਘ ਮੱਗਾ, ਭਾਈ ਹਰਜੀਤ ਸਿੰਘ, ਗੁਰਦਾਸ ਹਾਲ ਦੇ ਮਨਜੀਤ ਸਿੰਘ ਫੌਜੀ, ਹਰਪ੍ਰੀਤ ਸਿੰਘ ਹੈਪੀ ਅਤੇ ਹੋਰ ਸੇਵਾਦਾਰ ਵੀ ਸ਼ਾਮਲ ਹੋਏ।ਸਮਾਗਮ ਦੌਰਾਨ ਸੰਗਤਾਂ ਲਈ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿੱਥੇ ਸੇਵਾਦਾਰਾਂ ਨੇ ਨਿਮਰਤਾ ਨਾਲ ਸੇਵਾ ਨਿਭਾਈ। ਪ੍ਰਕਾਸ਼ ਪੁਰਬ ਦੇ ਇਸ ਸਮਾਗਮ ਨੇ ਸੰਗਤਾਂ ਵਿੱਚ ਧਾਰਮਿਕ ਉਤਸ਼ਾਹ ਅਤੇ ਏਕਤਾ ਦਾ ਸੰਦੇਸ਼ ਦਿੱਤਾ।

## ਬਾਬਾ ਰਾਮ ਸਿੰਘ ਵੱਲੋਂ ਗੁਰਮਤਿ ਪ੍ਰਚਾਰ ਦੌਰੇ ਦੌਰਾਨ ਵਿਸ਼ੇਸ਼ ਸਮਾਗਮ



ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ): ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਗੁਰਮਤਿ ਦੇ ਪ੍ਰਚਾਰ ਅਤੇ ਪਸਾਰ ਲਈ ਅਮਰੀਕਾ ਦੀ ਧਰਤੀ 'ਤੇ ਕੀਤੇ ਜਾ ਰਹੇ ਵਿਸ਼ਾਲ ਧਾਰਮਿਕ ਦੌਰੇ ਦੌਰਾਨ ਸੈਕਰਾਮੈਂਟੋ ਵਿਖੇ ਸਥਿਤ ਗੁਰਦੁਆਰਾ ਸੰਤ ਸਾਗਰ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਉੱਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਵਿੱਚ ਸ਼ਾਮਿਲ ਹੋਏ। ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਬਾਬਾ ਰਾਮ ਸਿੰਘ ਜੀ ਨੇ ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਮਨੁੱਖਤਾ ਨੂੰ ਸਹਿਨਸ਼ੀਲਤਾ, ਨਿਮਰਤਾ ਅਤੇ ਸੇਵਾ ਦਾ ਮਾਰਗ ਦਿਖਾਇਆ ਹੈ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਾਨੂੰ ਸੱਚਾਈ ਅਤੇ ਧਰਮ ਦੇ ਰਸਤੇ 'ਤੇ ਚੱਲਣ ਲਈ ਅਤੇ ਭਾਣੇ ਨੂੰ ਮੰਨਣ ਲਈ ਪ੍ਰੇਰਿਤ ਕਰਦੀਆਂ ਹਨ । ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾ ਕੇ ਸਮਾਜ ਵਿੱਚ ਚੰਗਾ ਸੁਨੇਹਾ ਫੈਲਾਇਆ ਜਾਵੇ। ਇਸ ਦੌਰਾਨ ਬਾਬਾ ਜੀ ਅਤੇ ਹੋਰ ਵਿਦਵਾਨਾਂ ਨੇ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਬਾਬਾ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਸਮਾਗਮ ਦੇ ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਿਆ। ਸਮੂਹ ਪ੍ਰੋਗਰਾਮ ਸੰਗਤਾਂ ਅਤੇ ਪ੍ਰਬੰਧਕਾਂ ਨੇ ਬੜੇ ਉਤਸ਼ਾਹ ਨਾਲ ਮਨਾਇਆ।

## ਖ਼ਾਲਸਾ ਕਾਲਜ ਵਿਖੇ ਫੁੱਲਾਂ ਦੀ ਰਹਿੰਦ-ਖੂੰਹਦ ਦੀ ਰੀਸਾਈਕਲਿੰਗ 'ਤੇ ਤਿੰਨ ਰੋਜ਼ਾ ਵਰਕਸ਼ਾਪ



ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ):ਖਾਲਸਾ ਕਾਲਜ ਦੇ ਜ਼ੂਆਲੋਜੀ ਵਿਗਿਆਨ ਵਿਭਾਗ ਵੱਲੋਂ 'ਅਗਰਬੱਤੀ ਬਣਾਉਣ ਲਈ ਫੁੱਲਾਂ ਦੀ ਰਹਿੰਦ-ਖੂੰਹਦ ਦੀ ਰੀਸਾਈਕਲਿੰਗ' ਵਿਸ਼ੇ 'ਤੇ ਵਾਤਾਵਰਣ ਸੂਚਨਾ ਜਾਗਰੂਕਤਾ ਸਮਰੱਥਾ ਨਿਰਮਾਣ ਪ੍ਰੋਗਰਾਮ (ਈ. ਆਈ. ਏ. ਸੀ. ਪੀ.), ਪੰਜਾਬ ਅਤੇ ਪੰਜਾਬ ਰਾਜ ਵਿਗਿਆਨ ਅਤੇ ਤਕਨਾਲੋਜੀ ਪ੍ਰੀਸ਼ਦ (ਪੀ. ਐੱਸ. ਸੀ. ਐੱਸ. ਟੀ.), ਚੰਡੀਗੜ੍ਹ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਈ ਗਈ, ਉਕਤ ਵਰਕਸ਼ਾਪ ਦਾ ਉਦੇਸ਼ ਹੁਨਰ ਵਿਕਾਸ ਰਾਹੀਂ ਵਿੱਤੀ ਤੌਰ 'ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣਾ ਅਤੇ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਤੋਂ ਪੈਦਾ ਹੋਣ ਵਾਲੇ ਫੁੱਲਾਂ ਦੀ ਰਹਿੰਦ-ਖੂੰਹਦ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਅਗਰਬੱਤੀ ਵਰਗੇ ਮੁੱਲ-ਵਰਧਿਤ ਉਤਪਾਦਾਂ 'ਚ ਬਦਲਣਾ ਸੀ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਪਹਿਲਕਦਮੀ ਦੇ ਲਾਭਪਾਤਰੀ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਔਰਤਾਂ ਸਨ, ਜਿਨ੍ਹਾਂ ਨੇ ਸਵੈ-ਰੁਜ਼ਗਾਰ ਅਤੇ ਵਿੱਤੀ ਸੁਤੰਤਰਤਾ ਦਾ ਸਮਰਥਨ ਕਰਨ ਲਈ ਵਿਹਾਰਕ ਹੁਨਰ ਅਤੇ ਗਿਆਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਹ ਵਰਕਸ਼ਾਪ ਤਿੰਨ ਦਿਨਾਂ ਤੱਕ ਵਿਹਾਰਕ ਸੈਸ਼ਨਾਂ, ਪ੍ਰਦਰਸ਼ਨਾਂ ਅਤੇ ਇੰਟਰਐਕਟਿਵ ਵਿਚਾਰ-ਵਟਾਂਦਰੇ ਦੇ ਨਾਲ ਜਾਰੀ ਰਹੀ, ਜਿਸਦਾ ਉਦੇਸ਼ ਟਿਕਾਊ ਉੱਦਮਤਾ ਅਤੇ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਸੀ।

## ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ ਗਿਆ



ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ):ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਕਾਲਜ ਸਥਿਤ ਗੁਰਦੁਆਰਾ ਸਾਹਿਬ ਵਿਖੇ ਬੜੀ ਸ਼ਰਧਾ ਸਹਿਤ ਮਨਾਇਆ ਗਿਆ। ਗੁਰੂ ਚਰਨਾਂ 'ਚ ਹਾਜ਼ਰੀ ਲਗਾਉਣ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਹਾਜ਼ਰ ਅਤੇ ਦੇਸ਼ ਵਿਦੇਸ਼ 'ਚ ਵਸਦੀਆਂ ਸੰਗਤਾਂ ਨੂੰ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਿੱਖ ਧਰਮ ਨੂੰ ਮਜ਼ਬੂਤ ਬੁਨਿਆਦਾਂ 'ਤੇ ਖੜ੍ਹਾ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਕਰਕੇ ਮਨੁੱਖਤਾ ਨੂੰ ਇਕ ਅਮੁੱਲ ਧਰੋਹਰ ਬਖ਼ਸ਼ੀ।ਇਸ ਮੌਕੇ ਖਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੇ ਰਸਭਿੰਨੇ ਕੀਰਤਨ ਨਾਲ ਆਈਆਂ ਸੰਗਤਾਂ ਨੂੰ ਗੁਰੂ ਨਾਲ ਜੋੜਿਆ। ਉਪਰੰਤ ਸਿੱਖ ਇਤਿਹਾਸ ਵਿਦਵਾਨ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸਮੂੰਹ ਸੰਗਤ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਤੇ ਉਪਦੇਸ਼ਾਂ ਸਬੰਧੀ ਵਿਸਥਾਰਪੂਰਵਕ ਚਾਨਣਾ ਪਾਇਆ।ਇਸ ਦੌਰਾਨ ਸ: ਛੀਨਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਸਹਿਨਸ਼ੀਲਤਾ, ਤਿਆਗ ਅਤੇ ਧਰਮ ਲਈ ਅਡਿੱਗ ਰਹਿਣ ਦੀ ਮਿਸਾਲ ਹੈ, ਜੋ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ 'ਚ ਗੁਰੂ ਸਾਹਿਬ ਦੀ ਸਿੱਖਿਆ ਨੂੰ ਅਪਨਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਸਾਨੂੰ ਆਪਸੀ ਭਾਈਚਾਰੇ, ਸਹਿਣਸ਼ੀਲਤਾ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣੇ ਜੀਵਨ ਨੂੰ ਕਾਮਯਾਬ ਬਣਾਉਣ ਅਤੇ ਸਮਾਜ ਦੀ ਭਲਾਈ 'ਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸ: ਛੀਨਾ ਨੇ ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕਲੀਨੀਕਲ ਲੈਬ ਦਾ ਉਦਘਾਟਨ ਅੱਜ,

ਅੰਮ੍ਰਿਤਸਰ, 9 ਅਪ੍ਰੈਲ (ਬਬਲੂ ਮਹਾਜਨ): ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹਾਦਤ ਦਿਵਸ ਨੂੰ ਸਮਰਪਿਤ ਰਹਿੰਦਿਆਂ ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮਨੁੱਖਤਾ ਦੀ ਸੇਵਾ ਲਈ ਇਕ ਹੋਰ ਮਹੱਤਵਪੂਰਨ ਪਹਿਲ ਕਦਮੀ ਕੀਤੀ ਜਾ ਰਹੀ ਹੈ। ਇਸ ਤਹਿਤ ਸੰਨੀ ਓਬਰਾਏ ਕਲੀਨੀਕਲ ਲੈਬ ਅਤੇ ਡਾਇਗਨੋਸਟਿਕ ਸੈਂਟਰ ਦਾ ਉਦਘਾਟਨ 10 ਅਪ੍ਰੈਲ ਨੂੰ ਸ਼ਾਮ 4 ਵਜੇ ਕੀਤਾ ਜਾਵੇਗਾ।ਇਸ ਸਮਾਗਮ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਸਰਬੱਤ ਦਾ ਭਲਾ ਟਰੱਸਟ (ਰਜਿ:) ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਮੁੱਖ ਤੌਰ 'ਤੇ ਸ਼ਿਰਕਤ ਕਰਦੇ ਹੋਏ ਇਸ ਸੈਂਟਰ ਦੀ ਸ਼ੁਰੂਆਤ ਕਰਨਗੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚੀਫ਼ ਖ਼ਾਲਸਾ ਦੀਵਾਨ ਚੈਰੀਟੇਬਲ ਹਸਪਤਾਲ ਦੇ ਮੈਂਬਰ ਇੰਚਾਰਜ ਡਾ. ਆਤਮਜੀਤ ਸਿੰਘ ਬਸਰਾ ਨੇ ਦੱਸਿਆ ਕਿ ਇਸ ਲੈਬ ਰਾਹੀਂ ਆਮ ਲੋਕਾਂ ਨੂੰ ਉੱਚ ਪੱਧਰੀ ਅਤੇ ਸਸਤੀ ਡਾਇਗਨੋਸਟਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ।

## ਰਾਹੋਂ ਪੁਲਿਸ ਵੱਲੋਂ ਨੌਜਵਾਨ ਹੈਰੋਇਨ ਦੀ ਵਰਤੋਂ ਕਰਦਾ ਕਾਬੂ



ਰਾਹੋਂ, 9 ਅਪ੍ਰੈਲ (ਸੰਜੀਵ ਕੁਮਾਰ ਬੌਬੀ):ਪੁਲਿਸ ਵੱਲੋਂ ਬੀਤੀ ਕੱਲ੍ਹ ਹੈਰੋਇਨ ਦਾ ਸੇਵਨ ਕਰਦੇ ਨੌਜਵਾਨ ਨੂੰ ਰੰਗੇ ਹੱਥੀਂ ਕਾਬੂ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਐਸ.ਐਚ.ਓ ਚੌਧਰੀ ਵਰਿੰਦਰ ਕੁਮਾਰ ਨੇ ਆਖਿਆ ਕਿ ਪੁਲਿਸ ਪਾਰਟੀ ਜਦੋਂ ਗਸ਼ਤ ਕਰਦੀ ਹੋਈ ਰਾਹੋਂ ਤੋਂ ਦਾਨਾ ਮੰਡੀ ਵੱਲ ਨੂੰ ਹੁੰਦੀ ਹੋਈ ਰਾਹੋਂ-ਨਵਾਂਸ਼ਹਿਰ ਮੇਨ ਰੋਡ ਤੋਂ ਪਿੰਡ ਸ਼ੋਕਰਾਂ ਵੱਲ ਜਾਂਦੀ ਸੜਕ ਤੇ ਜਾ ਰਹੀ ਸੀ, ਤਾਂ ਉੱਥੇ ਇੱਕ ਨੌਜਵਾਨ ਸ਼ੱਕੀ ਹਾਲਤ 'ਚ ਝਾੜੀਆਂ ਕੋਲ ਹਰਕਤ ਕਰਦਾ ਦਿਖਾਈ ਦਿੱਤਾ, ਉਸ ਨੂੰ ਫੜਨ ਉਪਰੰਤ ਉਸ ਕੋਲੋਂ ਸਿਲਵਰ ਪੇਪਰ, ਲਾਈਟਰ, ਮਰੋੜਿਆ ਹੋਇਆ 10 ਰੁਪਏ ਦਾ ਨੋਟ,ਖਾਲੀ ਪਾਣੀ ਦੀ ਬੋਤਲ ਆਦਿ ਬਰਾਮਦ ਹੋਈ,ਪੁਲਿਸ ਪਾਰਟੀ ਵੱਲੋਂ ਉਸ ਨੂੰ ਮੌਕੇ ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ, ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਉਸਦੀ ਪਹਿਚਾਣ ਅਮਨ ਕਲਿਆਣ ਉਰਫ ਕੱਟਾ ਪੁੱਤਰ ਸ਼ਾਮ ਲਾਲ,ਵਾਸੀ,ਮੁਹੱਲਾ ਤਾਜਪੁਰਾ ਖੋਜਾ,ਥਾਣਾ ਰਾਹੋਂ ਵਜੋਂ ਹੋਈ, ਚੌਧਰੀ ਵਰਿੰਦਰ ਕੁਮਾਰ ਨੇ ਆਖਿਆ ਕਿ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਪੁੱਛ-ਗਿੱਛ ਲਈ ਰਿਮਾਂਡ ਹਾਸਿਲ ਕੀਤਾ ਜਾਵੇਗਾ,ਇਸ ਮੌਕੇ ਐਸ.ਐਚ.ਓ ਵਰਿੰਦਰ ਕੁਮਾਰ ਨਾਲ ਹੋਰ ਪੁਲਿਸ ਮੁਲਾਜ਼ਮ ਹਾਜ਼ਰ ਸਨ

## ਬੇਅਦਬੀਆਂ ਦੇ ਦੋਸ਼ੀਆਂ ਨੂੰ ਮਿਸਾਲੀ ਸਜ਼ਾਵਾਂ ਕਾਨੂੰਨ ਦੇ ਖਰੜੇ ਨੂੰ ਅੰਤਿਮ ਛੋਹਾਂ ਦੇਣ 'ਚ ਸਰਕਾਰ ਜੁਟੀ : ਧਾਲੀਵਾਲ

### ਸੰਤ ਮਹਾਂਪੁਰਖ 13 ਅਪ੍ਰੈਲ ਨੂੰ ਕਾਨੂੰਨ ਘੜ੍ਹਣ ਦੇ ਅੱਖੀਂ ਗਵਾਹ ਬਣਨ ਲਈ ਵਿਧਾਨ ਸਭਾ ਦਰਸ਼ਕ ਗੈਲਰੀ ਚ ਬਿਰਾਜਮਾਨ ਹੋਣ;



ਅੰਮ੍ਰਿਤਸਰ/ ਅਜਨਾਲਾ, 9 ਅਪ੍ਰੈਲ (ਗੁਰਦਿਆਲ ਸਿੰਘ/ਸੁਖਦੇਵ ਸਿੰਘ ਖਾਲਸਾ): ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਿਨਟ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਘੜ੍ਹਨ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋਂ 13 ਅਪ੍ਰੈਲ ਨੂੰ ਖਾਲਸਾ ਪੰਥ ਦੇ ਸਾਜਨਾ ਦਿਹਾੜੇ ਵਿਸਾਖੀ ਤੇ ਬੁਲਾਏ ਗਏ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਚ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਘੜ੍ਹਣ ਤੇ ਪਹਿਲੇ ਬਣੇ ਕਾਨੂੰਨ 'ਚ ਸੋਧਾਂ ਦਰਜ ਕਰਨ ਲਈ ਪੇਸ਼ ਕੀਤੇ ਜਾਣ ਵਾਲੇ ਖਰੜੇ ਨੂੰ ਆਲਾ ਕਾਨੂੰਨੀ ਮਾਹਿਰਾਂ ਦੀ ਰਾਏ ਨਾਲ ਅੰਤਿਮ ਛੂਹਾਂ ਦਿੱਤੀਆਂ ਜਾ ਰਹੀਆਂ ਹਨ, ਜਦੋਂ ਕਿ ਪ੍ਰਸਤਾਵਿਤ ਘੜ੍ਹੇ ਜਾ ਰਹੇ ਕਾਨੂੰਨ ਦੇ ਖਰੜੇ 'ਚ ਬੇਅਦਬੀ ਦੋਸ਼ੀਆਂ ਵਲੋਂ ਡਿਜ਼ੀਟਲ ਤਕਨੀਕ ਦੀ ਵਰਤੋਂ, ਦੋਸ਼ੀਆਂ ਨੂੰ ਜੇਲ੍ਹ ਦੀਆਂ ਕਾਲ ਕੋਠੜੀਆਂ 'ਚ ਸਖ਼ਤ ਸਜ਼ਾਵਾਂ ਦੇਣ, ਚੱਲ - ਅੱਚਲ ਜਾਇਦਾਦਾਂ ਜ਼ਬਤ ਕਰਨ 'ਤੇ ਭਾਰੀ ਜ਼ੁਰਮਾਨੇ ਆਦਿ ਕਾਨੂੰਨੀ ਮਦਾਂ ਦੀ ਵਿਵਸਥਾ ਕਰਨ ਦੀ ਸੰਭਾਵਨਾ ਹੈ।ਸ. ਧਾਲੀਵਾਲ ਨੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਆਪਣੇ ਚੋਣ ਹਲਕਾ ਅਜਨਾਲਾ ਦੇ ਪਿੰਡਾਂ ਕਾਮਲਪੁਰਾ, ਚਮਿਆਰੀ, ਹਰੜ ਕਲਾਂ, ਸੁਰੇਪੁਰ - ਇਬਰਾਹੀਮਪੁਰਾ, ਮੋਹਣ ਭੰਡਾਰੀਆ, ਮਧੂ ਛਾਂਗਾ, ਕੋਟ ਮੁਗਲ, ਤਲਵੰਡੀ ਭੰਗਵਾਂ, ਮਤੇਨੰਗਲ ਆਦਿ ਪਿੰਡਾਂ ਚ ਸ਼ਾਨਦਾਰ ਚਾਰ ਸਾਲ, ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਕਾਰਵਾਈਆਂ ਪ੍ਰਭਾਵਸ਼ਾਲੀ ਜਨਤਕ ਸੰਵਾਦ ਮੀਟਿੰਗਾਂ ਚ ਸਿੱਧੀ ਗੱਲਬਾਤ ਦੌਰਾਨ ਕੁੱਝ ਹਾਜ਼ਰੀਨ ਵਲੋਂ ਪੁੱਛੇ ਬੇਅਦਬੀ ਪ੍ਰਸਤਾਵਿਤ ਕਾਨੂੰਨ ਸਬੰਧੀ ਸਵਾਲਾਂ ਦੇ ਜੁਆਬ ਚ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕਾਨੂੰਨ: 2008 ਚ ਸੋਧ ਕਰਕੇ ਦੋਸ਼ੀਆਂ ਨੂੰ ਮਿਸਾਲੀ ਕਾਨੂੰਨ ਸਜ਼ਾਵਾਂ ਦੀ ਵਿਵਸਥਾ ਕਰਨ ਹਿੱਤ ਸੁਝਾਅ ਪ੍ਰਾਪਤ ਕਰਨ ਲਈ ਮੁੱਖ ਮੰਤਰੀ ਪੰਜਾਬ ਸ. ਮਾਨ ਹੁਰਾਂ ਨੇ ਉਚੇਚੀ ਦਿਲਚਸਪੀ ਲੈਂਦਿਆ ਸੰਤ ਸਮਾਜ, ਟਕਸਾਲੀ ਨਿਹੰਗ ਜਥੇਬੰਦੀਆਂ, ਕਾਰ ਸੇਵਾ ਵਾਲੇ ਬਾਬਿਆਂ,ਸੰਤਾਂ ਮਹਾਂ ਪੁਰਖਾਂ, ਸੰਪਰਦਾਵਾਂ , ਰਾਗੀ ਜਥਿਆਂ , ਕਥਾਵਾਚਕਾਂ ਆਦਿ ਵਿਦਵਾਨਾਂ ਨਾਲ ਖੁਦ ਸੰਵਾਦ ਰਚਾਏ ਅਤੇ ਸਖਤ ਸਜ਼ਾਵਾਂ ਲਈ ਬਣਨ ਵਾਲੇ ਕਾਨੂੰਨ ਦੇ ਅੱਖੀਂ ਗਵਾਹ ਬਣਨ ਲਈ 13 ਅਪ੍ਰੈਲ ਨੂੰ ਸੱਦੇ ਗਏ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ ਦਰਸ਼ਕ ਗੈਲਰੀ ਚ ਬਿਰਾਜਮਾਨ ਹੋਣ ਦਾ ਸਨਿਮਰ ਸੱਦਾ ਦਿੱਤਾ, ਜਦੋਂ ਕਿ ਸਖ਼ਤ ਸਜ਼ਾਵਾਂ ਲਈ ਨਵੇਂ ਕਾਨੂੰਨ ਦੀ ਮੰਗ ਨੂੰ ਲੈ ਕਿ ਸਮਾਣਾ ਵਿਖੇ ਸਮਰਥਕਾਂ ਨਾਲ ਅਣਮਿੱਥੇ ਸਮੇਂ ਲਈ ਧਰਨੇ 'ਤੇ ਬੈਠੇ ਸ. ਗੁਰਜੀਤ ਸਿੰਘ ਖਾਲਸਾ ਕੋਲ ਉਚੇਚੀ ਪਹੁੰਚ ਬਣਾ ਕੇ ਅਤੇ ਸੁਝਾਓ ਹਾਸਲ ਕਰਨ ਲਈ ਪੰਜਾਬ ਵਿਧਾਨ ਸਭਾ ਦੇ ਮਾਣਯੋਗ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵਲੋਂ ਮੀਟਿੰਗ ਕੀਤੀ ਗਈ। ਡਾ. ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਵਾਲੀ ਸਿਲੈਕਟ ਕਮੇਟੀ ਕੋਲ ਸ਼ਰਧਾਲੂ ਸੰਸਥਾਵਾਂ ਰਾਹੀਂ ਸਿੱਧੇ ਤੇ ਵਿਧਾਇਕਾਂ ਰਾਹੀਂ ਕਾਨੂੰਨ ਦੀ ਸੋਧ ਲਈ ਅਨੇਕਾਂ ਸੁਝਾਓ ਪੁੱਜੇ ਹਨ। ਸਮੂਹ ਸੁਝਾਅ ਦਾ ਮੰਥਨ ਕਰਕੇ ਆਲਾ ਕਾਨੂੰਨ ਘਾੜੇ ਖਰੜੇ ਨੂੰ ਅੰਤਿਮ ਛੋਹਾਂ ਦੇਣ ਲਈ ਪ੍ਰਪੱਕਤਾ ਨਾਲ ਆਪਣੀ ਜ਼ਿੰਮੇਵਾਰੀਆਂ ਚ ਡੱਟੇ ਹੋਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਨਿਜ਼ਾਮ ਵਲੋਂ ਪ੍ਰਸਤਾਵਿਤ ਕਾਨੂੰਨ ਖਰੜੇ ਲਈ ਕੀਤੀ ਗਈ ਮੰਗ ਅਤੇ ਕਨੂੰਨ ਘੜ੍ਹਨ ਲਈ ਸਿੱਧੀ ਗੱਲਬਾਤ ਦਾ ਸੱਦਾ ਨਾ ਦਿੱਤੇ ਜਾਣ ਦੇ ਮੁੱਦੇ ਤੇ ਟਿੱਪਣੀ ਕਰਦਿਆਂ ਮੁੱਖ ਬੁਲਾਰੇ ਸ. ਧਾਲੀਵਾਲ ਨੇ ਕਿਹਾ ਕਿ ਡਾ. ਨਿੱਜਰ ਦੀ ਅਗਵਾਈ ਵਾਲੀ ਸਿਲੈਕਟ ਕਮੇਟੀ ਸੁਝਾਅ ਹਾਸਲ ਕਰਨ ਲਈ ਕਰੀਬ ਪਿਛਲੇ 8 - 9 ਮਹੀਨਿਆਂ ਤੋਂ ਸਰਗਰਮ ਤੌਰ ਤੇ ਕਾਰਜਸ਼ੀਲ ਰਹੀ ਅਤੇ ਕੋਈ ਵੀ ਧਾਰਮਿਕ, ਸਮਾਜਿਕ, ਰਾਜਸੀ ਸੰਸਥਾ ਜਾਂ ਇਹਨਾਂ ਸੰਸਥਾਵਾਂ ਦੇ ਪ੍ਰਤੀਨਿਧ ਬੇਅਦਬੀ ਵਿਰੁੱਧ ਕਾਨੂੰਨ ਸੋਧ ਲਈ ਸਵਤੰਤਰਤਾ ਨਾਲ ਮਿਲ ਕੇ ਸੁਝਾਅ ਦੇਣ ਦੇ ਸਮਰੱਥ ਸਨ। ਜੇਕਰ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਨਿਜ਼ਾਮ ਕੋਲ ਕਾਨੂੰਨ ਸੋਧਾਂ ਲਈ ਸੁਝਾਅ ਹਨ ਤਾਂ ਪੰਜਾਬ ਸਰਕਾਰ ਕੋਲ ਪਹੁੰਚਾਉਣ ਚ ਅਜੇ ਵੀ ਦੇਰੀ ਨਾ ਕੀਤੀ ਜਾਵੇ ਤਾਂ ਜੋ ਕਾਨੂੰਨੀ ਘਾੜੇ ਸ਼੍ਰੋਮਣੀ ਕਮੇਟੀ ਦੇ ਪੁੱਜੇ ਸੁਝਾਓ ਦਾ ਸਮੇਂ ਸਿਰ ਮੰਥਨ ਕਰ ਸਕਣ।

## ਰਾਊਂਡ ਗਲਾਸ ਫਾਊਂਡੇਸ਼ਨ ਵੱਲੋਂ ਕੂੜਾ ਸੰਭਾਲਣ ਲਈ ਜਾਗਰੂਕਤਾ ਕੈਂਪ ਲਗਾਇਆ



ਚੌਂਕ ਮਹਿਤਾ, 9 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ):ਪੰਜਾਬ ਅੰਦਰ ਲੋਕ ਭਲਾਈ ਕਾਰਜਾਂ ਨੂੰ ਸਮਰਪਿਤ ਰਾਊਂਡ ਗਲਾਸ ਫਾਊਂਡੇਸ਼ਨ ਵੱਲੋਂ ਪਿੰਡ ਸਦਾ ਰੰਗ ਵਿਖੇ ਕੂੜਾ ਸੰਭਾਲ ਜਾਗਰੂਕਤਾ ਕੈਂਪ ਲਗਾਇਆ ਗਿਆ। ਪਿੰਡ ਦੇ ਸਰਪੰਚ ਮੈਡਮ ਮੀਨੂ ਬਾਲਾ ਅਤੇ ਗੁਰਮੀਤ ਸਿੰਘ ਲੱਕੀ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਵਿੱਚ ਫਾਊਂਡੇਸ਼ਨ ਦੇ ਮਾਝਾ ਜੋਨ ਤੋਂ ਡਿਪਟੀ ਲੀਡ ਅਫਸਰ ਸ੍ਰੀ ਅਭਿਸ਼ੇਕ ਸਿੰਘ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦਾ ਵਾਤਾਵਰਣ ਜੋ ਕਿ ਬੁਰੀ ਤਰ੍ਹਾਂ ਪ੍ਰਦੂਸ਼ਿਤ ਹੋ ਰਿਹਾ ਹੈ, ਨੂੰ ਠੀਕ ਕਰਨ ਵਾਸਤੇ ਕੂੜਾ ਕਰਕਟ ਸੰਭਾਲਣ ਦੀ ਵੀ ਬੜੀ ਵੱਡੀ ਲੋੜ ਹੈ। ਉਹਨਾਂ ਨੇ ਆਪਣੇ ਪ੍ਰੋਜੈਕਟ ਬਾਰੇ ਦੱਸਦਿਆਂ ਕਿਹਾ ਕਿ ਰਾਊਂਡ ਗਲਾਸ ਫਾਊਂਡੇਸ਼ਨ ਹਰ ਘਰ ਨੂੰ ਦੋ -ਦੋ ਡਸਟਬੀਨ ਬਿਲਕੁੱਲ ਮੁਫਤ ਮੁਹੱਈਆ ਕਰਵਾਵੇਗਾ, ਜਿਸ ਵਿੱਚ ਗਿੱਲਾ ਅਤੇ ਸੁੱਕਾ ਕੂੜਾ ਪਿੰਡ ਦੇ ਹੀ ਨਿਯੁਕਤ ਇੱਕ ਵਿਅਕਤੀ ਰਾਹੀਂ ਇਕੱਠਾ ਕਰਕੇ ਪਿੰਡ ਦੇ ਬਾਹਰਵਾਰ ਬਣੇ ਕੂੜਾ ਸੰਭਾਲਣ ਵਾਲੇ ਸ਼ੈੱਡ ਵਿੱਚ ਇਕੱਠਾ ਕੀਤਾ ਜਾਵੇਗਾ। ਇਸ ਨਾਲ ਪਿੰਡ ਦੇ ਲੋਕ ਜੋ ਕਿ ਆਪਣੇ ਘਰਾਂ ਦਾ ਕੂੜਾ ਲਿਫਾਫਿਆਂ ਵਿੱਚ ਬੰਦ ਕਰਕੇ ਇਧਰ ਉਧਰ ਪਿੰਡ ਦੀਆਂ ਖਾਲੀ ਥਾਵਾਂ ਵਿੱਚ ਹੀ ਸੁੱਟ ਕੇ ਢੇਰ ਲਗਾ ਦਿੰਦੇ ਹਨ ਅਤੇ ਜਿਸ ਨਾਲ ਬਹੁਤ ਪ੍ਰਦੂਸ਼ਣ ਪੈਦਾ ਹੁੰਦਾ ਹੈ। ਉਸ ਤੋਂ ਲੋਕਾਂ ਨੂੰ ਰਾਹਤ ਮਿਲੇਗੀ। ਉਹਨਾਂ ਤੋਂ ਇਲਾਵਾ ਸਮਾਜ ਸੇਵੀ ਜਗਦੀਸ਼ ਸਿੰਘ ਬਮਰਾਹ,ਜ਼ਿਲ੍ਹਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਇੰਚਾਰਜ ਰੇਸ਼ਮ ਸਿੰਘ, ਮਲਕੀਤ ਸਿੰਘ ਅਤੇ ਕਿਰਪਾਲ ਸਿੰਘ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਇਸ ਮੌਕੇ ਸਰਪੰਚ ਗੁਰਮੀਤ ਸਿੰਘ ਲੱਕੀ ਨੇ ਸਮੂਹ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਿੰਡ ਨੂੰ ਸੁੰਦਰ ਗ੍ਰਾਮ ਬਣਾਉਣ ਲਈ ਬਿਨਾਂ ਕਿਸੇ ਭੇਦ ਭਾਵ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਗ੍ਰਾਮ ਪੰਚਾਇਤ ਦਾ ਸਹਿਯੋਗ ਕਰਨ ,ਉਨ੍ਹਾਂ ਆਈ ਹੋਈ ਟੀਮ ਦਾ ਧੰਨਵਾਦ ਕੀਤਾ ਤੇ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਤਾ।

# ਬੱਚੀ ਭਰੂਣ ਹੱਤਿਆ ਰੋਕਣ ਲਈ ਹਰ ਵਰਗ ਦਾ ਸਹਿਯੋਗ ਜ਼ਰੂਰੀ : ਸਿਵਲ ਸਰਜਨ



ਬਰਨਾਲਾ, 9 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐਸ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੱਚੀ ਭਰੂਣ ਹੱਤਿਆ ਨੂੰ ਰੋਕਣ ਲਈ ਜ਼ਿਲ੍ਹਾ ਪੀ ਐਨ ਡੀ ਟੀ ਅਡਵਾਇਜ਼ਰੀ ਕਮੇਟੀ ਦੀ ਮੀਟਿੰਗ ਕੀਤੀ ਗਈ ਤਾਂ ਜੋ ਬੱਚੀਆਂ ਦੀ ਲਿੰਗ ਅਨੁਪਾਤ 'ਚ ਸੁਧਾਰ ਲਿਆਂਦਾ ਜਾ ਸਕੇ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਬੱਚੀ ਭਰੂਣ ਹੱਤਿਆ ਰੋਕਣ ਲਈ ਸਿਹਤ ਵਿਭਾਗ ਨੂੰ ਵੱਖ-ਵੱਖ ਵਿਭਾਗਾਂ ਅਤੇ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਪ੍ਰਵੇਸ਼ ਕੁਮਾਰ ਨੇ ਦੱਸਿਆ ਕਿ ਪੀ ਸੀ-ਪੀ ਐਨ ਡੀ ਟੀ ਐਕਟ 1994 ਅਧੀਨ ਬੱਚੀ ਭਰੂਣ ਹੱਤਿਆ ਕਾਨੂੰਨੀ ਸਜ਼ਾਯੋਗ ਅਪਰਾਧ ਹੈ ਅਤੇ ਸਮਾਜਿਕ ਤੌਰ 'ਤੇ ਮਹਾਂਪਾਪ ਹੈ। ਭਰੂਣ ਲਿੰਗ ਜਾਂਚ/ ਗਰਭਪਾਤ ਨੂੰ ਰੋਕਣ ਲਈ ਸਮੇਂ-ਸਮੇਂ 'ਤੇ ਸਕੈਨ ਸੈਂਟਰਾਂ ਦੀ ਇੰਸਪੈਕਸ਼ਨ ਕੀਤੀ ਜਾ ਰਹੀ ਹੈ ਅਤੇ ਸਕੈਨ ਸੈਂਟਰ ਮਾਲਕਾਂ ਨੂੰ ਰਿਕਾਰਡ ਪੂਰਾ ਕਰਨ ਅਤੇ ਕਾਨੂੰਨ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਜਾ ਰਹੇ ਹਨ। ਸਿਹਤ ਵਿਭਾਗ ਵੱਲੋਂ ਜਾਰੀ ਨੋਟੀਫੀਕੇਸ਼ਨ ਅਨੁਸਾਰ ਪੀ ਸੀ ਪੀ ਐਨ ਡੀ ਟੀ ਐਕਟ 1994 ਤਹਿਤ ਵੱਖ-ਵੱਖ ਧਾਰਾਵਾਂ 'ਚ ਕਾਨੂੰਨ ਦੀ ਉਲੰਘਣਾ ਕਰਨ 'ਤੇ 3 ਤੋਂ 5 ਸਾਲ ਦੀ ਕੈਦ ਅਤੇ 50 ਹਜ਼ਾਰ ਤੋਂ ਇੱਕ ਲੱਖ ਰੁਪਏ ਤੱਕ ਦਾ ਜ਼ੁਰਮਾਨਾ ਹੋ ਸਕਦਾ ਹੈ। ਇਸ ਸਮੇਂ ਸਹਾਇਕ ਜ਼ਿਲ੍ਹਾ ਅਟਾਰਨੀ ਬਰਨਾਲਾ ਸ੍ਰੀ ਦਿਲਪ੍ਰੀਤ ਸਿੰਘ, ਐਮ. ਡੀ. ਮੈਡੀਸਨ ਡਾ. ਜਸਦੀਪ ਸਿੰਘ, ਡਾ. ਦੀਪਲੇਖ ਸਿੰਘ ਬਾਜਵਾ, ਇਸਤਰੀ ਰੋਗਾਂ ਦੇ ਮਾਹਿਰ ਡਾ. ਹਿਮਾਨੀ ਸ਼ਰਮਾ, ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ, ਪੀ ਐਨ ਡੀ ਟੀ ਕੋਆਰਡੀਨੇਟਰ ਗੁਰਜੀਤ ਸਿੰਘ ਅਤੇ ਸਮਾਜ ਸੇਵੀ ਰਾਜਿੰਦਰ ਕੁਮਾਰ ਸ਼ਰਮਾ, ਰਾਜਿੰਦਰ ਕੁਮਾਰ ਅਤੇ ਹਰਪ੍ਰੀਤ ਕੌਰ ਐਡਵਾਇਜ਼ਰੀ ਕਮੇਟੀ ਮੈਂਬਰ ਹਾਜ਼ਰ ਸਨ।

# ਵਿਦਿਆਰਥੀ ਪਾਠਕ੍ਰਮ ਦੇ ਨਾਲ-ਨਾਲ ਹੋਰ ਪੁਸਤਕਾਂ ਪੜ੍ਹਨ ਦੀ ਆਦਤ ਵੀ ਪਾਉਣ



ਬਰਨਾਲਾ, 9 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਇਨਸਾਨ ਖਾਸ ਕਰਕੇ ਵਿਦਿਆਰਥੀਆਂ ਦੇ ਜੀਵਨ 'ਚ ਪੁਸਤਕਾਂ ਦਾ ਬਹੁਤ ਵੱਡਾ ਮਹੱਤਵ ਹੈ। ਵਿਦਿਆਰਥੀਆਂ ਨੂੰ ਪਾਠਕ੍ਰਮ ਦੇ ਨਾਲ ਨਾਲ ਹੋਰ ਪੁਸਤਕਾਂ ਪੜ੍ਹਨ ਦੀ ਆਦਤ ਪਾਉਣੀ ਚਾਹੀਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਮਾਜ ਸੇਵੀ ਨੀਰਜ ਬਾਲਾ ਦਾਨੀਆ, ਸੋਮਾ ਭੰਡਾਰੀ, ਬਬੀਤਾ ਜਿੰਦਲ, ਮੋਨਿਕਾ ਗਰਗ, ਸਪਨਾ ਗਰਗ ਅਤੇ ਜੋਤੀ ਸ਼ਰਮਾ ਨੇ ਕਿਹਾ ਕਿ ਪਾਠਕ੍ਰਮ ਦੀਆਂ ਪੁਸਤਕਾਂ ਦੇ ਨਾਲ ਨਾਲ ਹੋਰ ਪੁਸਤਕਾਂ ਪੜ੍ਹਨ ਲਈ ਵਿਦਿਆਰਥੀਆਂ ਨੂੰ ਆਦਤ ਪਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮੋਬਾਈਲ ਤੋਂ ਦੂਰੀ ਬਣਾ ਕੇ ਪੁਸਤਕ ਨਾਲ ਨੇੜਤਾ ਬਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਾਠਕ ਜ਼ਿਲ੍ਹਾ ਭਾਸ਼ਾ ਦਫ਼ਤਰ ਬਰਨਾਲਾ ਦੇ ਪੁਸਤਕ ਵਿਕਰੀ ਕੇਂਦਰ ਤੋਂ ਬਹੁਤ ਹੀ ਘੱਟ ਕੀਮਤ 'ਤੇ ਪੁਸਤਕਾਂ ਦੀ ਖ਼ਰੀਦ ਕਰ ਸਕਦੇ ਹਨ। ਉਕਤ ਸਮਾਜ ਸੇਵੀਆਂ ਨੇ ਆਪਣੇ ਸੰਬੋਧਨ 'ਚ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਅਲਮਾਤ ਤੋਂ ਦੂਰ ਰਹਿ ਕੇ ਪੁਸਤਕਾਂ ਨਾਲ ਨੇੜਤਾ ਵਧਾਉਣ ਲਈ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਇਨਸਾਨ ਦੇ ਜੀਵਨ ਨੂੰ ਰੌਸ਼ਨ ਕਰਨ 'ਚ ਪੁਸਤਕਾਂ ਦੀ ਹਮੇਸ਼ਾ ਦੀ ਮੁੱਖ ਭੂਮਿਕਾ ਰਹੀ ਹੈ। ਪੁਸਤਕਾਂ ਪੜ੍ਹ ਕੇ ਪ੍ਰਾਪਤ ਕੀਤੇ ਗਿਆਨ ਨਾਲ ਵਿਦਿਆਰਥੀਆਂ ਦੀ ਪੂਰਨ ਸ਼ਖ਼ਸੀਅਤ ਉਸਾਰੀ ਹੁੰਦੀ ਹੈ ਅਤੇ ਉਹ ਗਿਆਨਵਾਨ ਅਤੇ ਸੰਸਕਾਰੀ ਬਣਦੇ ਹਨ।

# ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾਣ: ਐੱਸ. ਡੀ. ਐੱਮ.



ਮਹਿਲ ਕਲਾਂ / ਬਰਨਾਲਾ, 9 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸੀ ਐਚ ਸੀ ਮਹਿਲਕਲਾਂ ਦੀ ਰੋਗੀ ਕਲਿਆਣ ਸਮਿਤੀ (ਆਰ.ਕੇ.ਐਸ.) ਦੀ ਮੀਟਿੰਗ ਅੱਜ ਹਸਪਤਾਲ ਵਿਖੇ ਉਪ ਮੰਡਲ ਮੈਜਿਸਟਰੇਟ ਮਹਿਲਕਲਾਂ, ਸ਼੍ਰੀਮਤੀ ਕ੍ਰਿਕਾ ਗੋਇਲ (ਆਈ ਏ ਐਸ) ਦੀ ਯੋਗ ਅਗਵਾਈ ਅਧੀਨ ਹੋਈ। ਇਸ ਮੌਕੇ ਕਮੇਟੀ ਦੇ ਉਪ ਚੇਅਰਮੈਨ ਕਮ ਸੀਨੀਅਰ ਮੈਡੀਕਲ ਅਫਸਰ ਡਾ. ਗੁਰਤੇਜਿੰਦਰ ਕੌਰ ਵੱਲੋਂ ਕਮੇਟੀ ਅਧੀਨ ਪਾਏ ਮਤਿਆਂ ਬਾਰੇ ਕਮੇਟੀ ਮੈਂਬਰਾਂ ਨੂੰ ਜਾਣੂੰ ਕਰਵਾਇਆ ਗਿਆ। ਇਸ ਵਿੱਚ ਹਸਪਤਾਲ ਵਿਖੇ ਮਰੀਜ਼ਾਂ ਦੀ ਸੁਵਿਧਾ ਨਾਲ ਸਬੰਧਤ ਸਾਜੋ ਸਮਾਨ ਅਤੇ ਹਸਪਤਾਲ ਦੇ ਹੋਰ ਫੁਟਕਲ ਖ਼ਰਚਿਆਂ ਸਬੰਧੀ ਪ੍ਰਸਤਾਵ ਪੇਸ਼ ਕੀਤੇ ਗਏ। ਐਸ.ਡੀ.ਐਮ. ਸ਼੍ਰੀਮਤੀ ਕ੍ਰਿਕਾ ਗੋਇਲ ਵੱਲੋਂ ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਪ੍ਰਸਤਾਵ ਨੂੰ ਪਾਸ ਕੀਤਾ ਗਿਆ। ਇਸ ਉਪਰੰਤ ਐਸ.ਡੀ.ਐਮ. ਵੱਲੋਂ ਹਸਪਤਾਲ ਦਾ ਦੌਰਾ ਕੀਤਾ ਗਿਆ ਅਤੇ ਮਰੀਜ਼ਾਂ ਨੂੰ ਮਿਲਣ ਵਾਲੀਆਂ ਸਾਰੀਆਂ ਸੇਵਾਵਾਂ ਦੀ ਜਾਣਕਾਰੀ ਲਈ ਗਈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣਾ ਹੈ, ਜਿਸ ਵਾਸਤੇ ਲਗਾਤਾਰ ਯਤਨ ਕੀਤੇ ਜਾਣ। ਇਸ ਮੌਕੇ ਕਮੇਟੀ ਦੇ ਮੈਂਬਰ ਡਾ. ਨਵਨੀਤ ਬਾਂਸਲ, ਡਾ. ਅਮ੍ਰਿਤਪਾਲ ਕੌਰ, ਸ੍ਰੀ ਜਸਵਿੰਦਰ ਸਿੰਘ ਫਾਰਮੇਸੀ ਅਫ਼ਸਰ, ਸ਼੍ਰੀਮਤੀ ਸ਼ਿਵਾਨੀ ਬੀ ਈ ਈ, ਸ਼੍ਰੀ ਇਕਬਾਲ ਸਿੰਘ ਪੰਚਾਇਤ ਅਫ਼ਸਰ, ਡਾ. ਕੇਸਰ ਖਾਨ ਅਤੇ ਸ਼੍ਰੀਮਤੀ ਮਨਦੀਪ ਕੌਰ ਸਟੈਨੋ ਹਾਜ਼ਰ ਸਨ।

# ਸਰਵੋਤਮ ਅਕੈਡਮੀ ਵਿਖੇ ਟ੍ਰੈਫਿਕ ਨਿਯਮਾਂ ਬਾਰੇ ਸੈਮੀਨਾਰ



ਬਰਨਾਲਾ, 9 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਵੋਤਮ ਅਕੈਡਮੀ ਖੁੱਡੀ ਕਲਾਂ ਵਿਖੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੇ ਬਾਰੇ ਜਾਣਕਾਰੀ ਦੇਣ ਲਈ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਬਰਨਾਲਾ ਟਰੈਫਿਕ ਪੁਲਿਸ ਦੁਆਰਾ ਸਰਵੋਤਮ ਅਕੈਡਮੀ ਦੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੇ ਬਾਰੇ ਚੰਗੀ ਤਰ੍ਹਾਂ ਜਾਣੂੰ ਕਰਵਾਇਆ ਗਿਆ। ਉਹਨਾਂ ਦੁਆਰਾ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਬਹੁਤ ਜ਼ਿਆਦਾ ਜ਼ਰੂਰੀ ਹੈ, ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਨਾਲ ਅਸੀਂ ਬਹੁਤ ਸਾਰੀਆਂ ਹੋਣ ਵਾਲੀਆਂ ਦੁਰਘਟਨਾਵਾਂ ਤੋਂ ਬਚ ਸਕਦੇ ਹਾਂ। ਉਹਨਾਂ ਦੁਆਰਾ ਦੱਸਿਆ ਗਿਆ ਕਿ ਸਾਨੂੰ ਸੜਕ 'ਤੇ ਚਲੱਣ ਲਈ ਬਹੁਤ ਸਾਰੇ ਨਿਯਮ ਬਣਾਏ ਗਏ ਹਨ ਤੇ ਸਾਨੂੰ ਉਹਨਾਂ ਨਿਯਮਾਂ ਦੀ ਪਾਲਣਾ ਚੰਗੀ ਤਰ੍ਹਾਂ ਕਰਨੀ ਚਾਹੀਦੀ ਹੈ। ਸਰਵੋਤਮ ਅਕੈਡਮੀ ਦੇ ਪ੍ਰਿੰਸੀਪਲ ਡਾਕਟਰ ਰੁਪਿੰਦਰ ਕੌਰ ਬਾਜਵਾ ਦੁਆਰਾ ਬਰਨਾਲਾ ਦੇ ਟਰੈਫਿਕ ਪੁਲਿਸ ਮੁਲਾਜ਼ਮਾ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਫਾਊਂਡਰ ਕੁਲਵੰਤ ਸਿੰਘ ਬਾਜਵਾ, ਚੇਅਰਮੈਨ ਸੁਖਵਿੰਦਰ ਸਿੰਘ ,ਐਮ .ਡੀ ਚਮਕੌਰ ਸਿੰਘ ਬਾਜਵਾ ਅਧਿਆਪਕ ਸਾਹਿਬਾਨ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਗਊ ਵੰਸ਼ ਦੀ ਢੋਆ ਢੁਆਈ 'ਤੇ ਪੂਰਨ ਪਾਬੰਦੀ

ਬਰਨਾਲਾ, 9 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਵੱਲੋਂ ਜਾਰੀ ਹੁਕਮਾਂ ਤਹਿਤ ਜ਼ਿਲ੍ਹਾ ਬਰਨਾਲਾ ਅੰਦਰ ਗਊ-ਵੰਸ਼ ਦੀ ਬਿਨਾਂ ਕਿਸੇ ਦਸਤਾਵੇਜ਼ੀ ਸਬੂਤ ਦੇ ਢੋਆ-ਢੁਆਈ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊ ਵੰਸ਼ ਦੀ ਕਿਸੇ ਵੀ ਤਰਾਂ ਨਾਲ ਢੋਆ ਢੁਆਈ 'ਤੇ ਪੂਰਨ ਪਾਬੰਦੀ ਹੋਵੇਗੀ। ਉਨ੍ਹਾਂ ਕਿਹਾ ਕਿ ਜਿਹੜੇ ਲੋਕਾਂ ਨੇ ਗਊਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਕੋਲੋਂ ਰਜਿਸਟਰਡ ਕਰਵਾਉਣ ਤਾਂ ਕਿ ਗਊਵੰਸ਼ ਨੂੰ ਲੈ ਕੇ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਇਕ ਹੋਰ ਹੁਕਮ ਤਹਿਤ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਵੱਲੋਂ ਜ਼ਿਲ੍ਹੇ ਅੰਦਰ ਪਤੰਗ/ਗੁੱਡੀਆਂ ਉਡਾਉਣ ਲਈ ਵਰਤੀ ਜਾਂਦੀ ਸੰਥੈਟਿਕ/ ਪਲਾਸਟਿਕ ਦੀ ਬਣੀ ਡੋਰ/ਚਾਇਨਾ ਡੋਰ ਅਤੇ ਮਾਂਜਾ (ਕੱਚ ਦੇ ਪਾਊਡਰ ਲੱਗੇ ਹੋਏ ਧਾਗੇ) ਨੂੰ ਵੇਚਣ/ ਖਰੀਦਣ, ਸਟੋਰ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਹ ਪਾਬੰਦੀ ਧਾਗੇ ਵਾਲੀ ਡੋਰ 'ਤੇ ਲਾਗੂ ਨਹੀ ਹੋਵੇਗੀ। ਇਹ ਪਾਬੰਦੀਆਂ ਦੇ ਹੁਕਮ 13 ਮਈ, 2026 ਤੱਕ ਲਾਗੂ ਰਹਿਣਗੇ।

# ਬਰਸਾਤ ਨੇ ਖੋਲ੍ਹੀ ਅਧੂਰੇ ਵਿਕਾਸ ਦੀ ਪੋਲ ਲੋਕਾਂ ਨੂੰ ਮੁਸ਼ਕਿਲਾਂ ਨਾਲ ਜੂਝਣਾ ਪੈ ਰਿਹਾ



ਤਪਾ ਮੰਡੀ, 9 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਨਗਰ ਕੌਂਸਲ ਤਪਾ ਵੱਲੋਂ ਲੱਗਭੱਗ ਚਾਰ ਮਹੀਨੇ ਪਹਿਲਾਂ ਘੁੰਨਸ ਰੋਡ ਦਾ ਕੰਮ ਸ਼ੁਰੂ ਹੋਇਆ ਸੀ, ਪਰ ਇੰਟਰਲਾਕਿੰਗ ਟਾਇਲਾਂ ਲਾਉਣ ਦਾ ਕੰਮ ਅਜੇ ਤੱਕ ਅਧੂਰਾ ਪਿਆ ਹੈ, ਜਿਸ ਕਾਰਨ ਸਥਾਨਕ ਲੋਕਾਂ ਨੂੰ ਗੰਭੀਰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਿੱਥੇ ਕੰਮ ਰੁਕਿਆ ਹੋਇਆ ਹੈ, ਉੱਥੇ ਅਜੇ ਤੱਕ ਟਾਇਲਾਂ ਨਹੀਂ ਲਗਾਈਆਂ ਗਈਆਂ, ਜਿਸ ਨਾਲ ਰਸਤਾ ਖਰਾਬ ਅਤੇ ਅਣਸੁਧਾਰਿਆ ਪਿਆ ਹੈ। ਹਾਲ ਹੀ ਦੀ ਬਰਸਾਤ ਨੇ ਇਸ ਸਮੱਸਿਆ ਨੂੰ ਹੋਰ ਵੀ ਵੱਡਾ ਰੂਪ ਦੇ ਦਿੱਤਾ ਹੈ। ਮੀਂਹ ਦਾ ਪਾਣੀ ਇਕੱਠਾ ਹੋ ਕੇ ਰਸਤੇ ਨੂੰ ਪੂਰੀ ਤਰ੍ਹਾਂ ਜਾਮ ਕਰ ਰਿਹਾ ਹੈ, ਜਿਸ ਨਾਲ ਆਵਾਜਾਈ ਲੱਗਭੱਗ ਅਸੰਭਵ ਬਣ ਗਈ ਹੈ। ਪੈਦਲ ਚੱਲਣ ਵਾਲਿਆਂ ਲਈ ਇਹ ਰਸਤਾ ਬਹੁਤ ਹੀ ਔਖਾ ਅਤੇ ਖਤਰਨਾਕ ਸਾਬਤ ਹੋ ਰਿਹਾ ਹੈ। ਉਹਨਾਂ ਨੂੰ ਹਰ ਰੋਜ਼ ਇਸ ਸਮੱਸਿਆ ਨਾਲ ਜੂਝਣਾ ਪੈਂਦਾ ਹੈ। ਖਾਸ ਤੌਰ 'ਤੇ ਸਕੂਲੀ ਬੱਚਿਆਂ, ਬਜ਼ੁਰਗਾਂ ਅਤੇ ਮਹਿਲਾਵਾਂ ਨੂੰ ਵੱਧ ਦਿੱਕਤ ਆ ਰਹੀ ਹੈ। ਕਈ ਵਾਰ ਸੰਬੰਧਿਤ ਅਧਿਕਾਰੀਆਂ ਨੂੰ ਸ਼ਿਕਾਇਤ ਦੇਣ ਦੇ ਬਾਵਜੂਦ ਵੀ ਅਜੇ ਤੱਕ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਇਸ ਅਧੂਰੇ ਕੰਮ ਨੂੰ ਪੂਰਾ ਕੀਤਾ ਜਾਵੇ, ਤਾਂ ਜੋ ਉਹਨਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਸੁਚੱਜੀ ਬਣ ਸਕੇ ਅਤੇ ਆਉਣ-ਜਾਣ ਦੀਆਂ ਦਿੱਕਤਾਂ ਤੋਂ ਛੁਟਕਾਰਾ ਮਿਲ ਸਕੇ।

# ਸਰਕਾਰੀ ਸਿਹਤ ਸੇਵਾਵਾਂ ਦੀ ਨਿਕਲੀ ਫੂਕ, ਭਦੌੜ ਹਸਪਤਾਲ ਅੱਗੇ ਮਰੀਜ਼ ਰਿਹਾ ਤੜਫ਼ਦਾ



ਭਦੌੜ, 9 ਅਪ੍ਰੈਲ (ਸੁਖਵਿੰਦਰ ਪਲਾਹਾ) : ਭਦੌੜ ਨੇੜਲੇ ਪਿੰਡ ਮੱਝੂਕੇ ਵਿਖੇ ਦੋ ਮੋਟਰਸਾਈਕਲਾਂ ਦੀ ਆਪਸੀ ਭਿਆਨਕ ਟੱਕਰ ਹੋਣ ਕਾਰਨ ਇੱਕ ਵਿਅਕਤੀ ਦੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਨੂੰ ਸਮੇਂ ਸਿਰ ਇਲਾਜ ਨਾ ਮਿਲਣ ਕਾਰਨ ਸਰਕਾਰੀ ਸਿਸਟਮ ਦੀਆਂ ਨਾਕਾਮੀਆਂ ਮੁੜ ਜੱਗ ਜ਼ਾਹਰ ਹੋ ਗਈਆਂ ਹਨ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਮੱਝੂਕੇ ਦੇ ਸਾਬਕਾ ਪੰਚਾਇਤ ਮੈਂਬਰ ਸ਼ਿਵਚਰਨ ਸਿੰਘ ਨੇ ਦੱਸਿਆ, ਕਿ ਜਦੋਂ ਉਹ ਮੱਝੂਕੇ ਤੋਂ ਹਿੰਮਤਪੁਰਾ ਵੱਲ ਜਾ ਰਹੇ ਸਨ ਤਾਂ ਰਸਤੇ ਵਿੱਚ ਮੋਟਰਸਾਈਕਲ ਸਵਾਰ ਗੁਰਤੇਜ ਸਿੰਘ ਉਰਫ ਬਿੱਲਾ ਪੁੱਤਰ ਦਰਸ਼ਨ ਸਿੰਘ ਵਾਸੀ ਮੱਝੂਕੇ ਗੰਭੀਰ ਜ਼ਖ਼ਮੀ ਹਾਲਤ ਵਿੱਚ ਸੜਕ 'ਤੇ ਡਿੱਗਿਆ ਪਿਆ ਸੀ, ਜਿਸ ਨੂੰ ਉਨ੍ਹਾਂ ਨੇ ਮਾਨਵਤਾ ਦੇ ਨਾਤੇ ਹੋਰ ਲੋਕਾਂ ਦੀ ਮਦਦ ਨਾਲ ਤੁਰੰਤ ਇਲਾਜ ਲਈ ਤਕਰੀਬਨ 7 ਵਜੇ ਸਰਕਾਰੀ ਹਸਪਤਾਲ ਭਦੌੜ ਪਹੁੰਚਾਇਆ ਗਿਆ, ਤਾਂ ਸਰਕਾਰੀ ਹਸਪਤਾਲ ਨੂੰ ਜਿੰਦਰਾ ਲੱਗਿਆ ਹੋਇਆ ਸੀ। ਹਸਪਤਾਲ ਵਿੱਚ ਕੋਈ ਡਾਕਟਰੀ ਸਹੂਲਤ ਨਾ ਮਿਲਣ ਕਾਰਨ ਉਨ੍ਹਾਂ ਨੂੰ ਮਜਬੂਰਨ ਮਰੀਜ਼ ਨੂੰ ਇੱਕ ਨਿੱਜੀ ਹਸਪਤਾਲ ਲਿਜਾਣਾ ਪਿਆ, ਜਿੱਥੇ ਐਕਸ-ਰੇ ਦੌਰਾਨ ਪਤਾ ਲੱਗਿਆ ਕਿ ਮਰੀਜ਼ ਦੇ ਕਾਫੀ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਇਸ ਤੋਂ ਬਾਅਦ ਜਦੋਂ ਉਹ ਪੁਲਿਸ ਕਾਰਵਾਈ ਲਈ ਥਾਣਾ ਭਦੌੜ ਵਿਖੇ ਪਹੁੰਚੇ, ਤਾਂ ਪੁਲਿਸ ਵੱਲੋਂ ਉਨ੍ਹਾਂ ਨੂੰ ਮੁੜ ਸਰਕਾਰੀ ਹਸਪਤਾਲ ਜਾ ਕੇ ਦਾਖਲ ਹੋਣ ਲਈ ਕਿਹਾ ਗਿਆ ਤਾਂ ਜੋ ਉੱਥੋਂ ਰੁੱਕਾ ਆਉਣ 'ਤੇ ਹੀ ਅਗਲੀ ਕਾਰਵਾਈ ਕੀਤੀ ਜਾ ਸਕੇ। ਜਦੋਂ ਉਹ ਦੁਬਾਰਾ ਮਰੀਜ਼ ਨੂੰ ਲੈ ਕੇ ਸਿਵਲ ਹਸਪਤਾਲ ਭਦੌੜ ਪਹੁੰਚੇ, ਤਾਂ ਹਸਪਤਾਲ ਦੀ ਹਾਲਤ ਉਹੀ ਸੀ ਅਤੇ ਉੱਥੇ ਫਿਰ ਜਿੰਦਾ ਲੱਗਿਆ ਹੋਇਆ ਮਿਲਿਆ, ਜਿਸ ਕਾਰਨ ਜ਼ਖ਼ਮੀ ਮਰੀਜ਼ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਸਾਬਕਾ ਪੰਚ ਸ਼ਿਵਚਰਨ ਸਿੰਘ ਅਤੇ ਪਿੰਡ ਵਾਸੀਆਂ ਨੇ ਮੌਜੂਦਾ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਿਰਫ ਵੱਡੇ-ਵੱਡੇ ਇਸ਼ਤਿਹਾਰ ਲਗਾ ਕੇ ਸਿਹਤ ਸਹੂਲਤਾਂ ਦੇ ਦਾਅਵੇ ਕਰਨ ਅਤੇ 10 ਲੱਖ ਰੁਪਏ ਤੱਕ ਦੇ ਫਰੀ ਇਲਾਜ ਵਾਲੇ ਕਾਰਡ ਬਣਾ ਕੇ ਲੋਕਾਂ ਦਾ ਇਲਾਜ ਨਹੀਂ ਹੁੰਦਾ, ਬਲਕਿ ਹਸਪਤਾਲਾਂ ਵਿੱਚ ਡਾਕਟਰਾਂ ਦੀ ਤਾਇਨਾਤੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ, ਤਾਂ ਜੋ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕੇ।ਇਸ ਮੌਕੇ ਜਗਸੀਰ ਸਿੰਘ ਜੱਗਾ, ਜਸਵੀਰ ਸਿੰਘ, ਬੇਅੰਤ ਸਿੰਘ, ਗਗਨ ਸਿੰਘ, ਸੌਰਵ ਕੁਮਾਰ, ਨਾਇਬ ਸਿੰਘ ਅਤੇ ਬਲਵਿੰਦਰ ਕੌਰ ਆਦਿ ਹਾਜ਼ਰ ਸਨ।

# 'ਮੇਰਾ ਘਰ ਮੇਰੇ ਨਾਮ' ਸਕੀਮ ਅਧੀਨ ਧਨੌਲਾ ਖੁਰਦ ਦੇ ਵਸਨੀਕਾਂ ਨੂੰ ਘਰਾਂ ਦੇ ਮਾਲਕੀ ਸਰਟੀਫ਼ਿਕੇਟ ਸੌਂਪੇ



ਧਨੌਲਾ/ਬਰਨਾਲਾ, 9 ਅਪ੍ਰੈਲ (ਚਮਕੌਰ ਸਿੰਘ ਗੱਗੀ) : ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਿਵਾਰਾਂ ਨੂੰ ਮਾਲਕੀ ਦਾ ਹੱਕ ਦੇਣ ਦੇ ਲਈ ਮੇਰਾ ਘਰ ਮੇਰੇ ਨਾਮ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਦੇ ਤਹਿਤ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਪਿੰਡ ਧਨੌਲਾ ਖੁਰਦ 'ਚ ਰਹਿਣ ਵਾਲੇ ਪਰਿਵਾਰਾਂ ਨੂੰ ਮਕਾਨਾਂ ਦੀਆਂ ਪੱਕੀਆਂ ਸੰਨਦਾ (ਮਾਲਕੀ ਦੇ ਸਰਟੀਫਿਕੇਟ) ਮੁਹੱਈਆ ਕਰਵਾਏ ਗਏ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ ਨੇ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਸਰਟੀਫੀਕੇਟ ਸੌਂਪੇ। ਓਹਨਾਂ ਕਿਹਾ ਕਿ ਇਹ ਸਕੀਮ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਜਾਇਦਾਦ ਮਾਲਕੀ ਅਧਿਕਾਰ ਪ੍ਰਦਾਨ ਕਰਨ ਦੇ ਮੱਦੇਨਜ਼ਰ ਚਲਾਈ ਜਾ ਰਹੀ ਹੈ। ਹੁਣ ਤੋਂ ਪਹਿਲੋਂ, ਇਲਾਕੇ ਦੇ ਬਹੁਤੇ ਲੋਕ ਆਪਣੇ ਘਰਾਂ ਵਿੱਚ ਰਹਿਣ ਦੇ ਬਾਵਜੂਦ ਕਾਨੂੰਨੀ ਦਸਤਾਵੇਜ਼ਾਂ ਜਾਂ ਮਾਲਕੀ ਅਧਿਕਾਰਾਂ ਤੋਂ ਵਾਂਝੇ ਸਨ, ਜਿਸ ਕਾਰਨ ਉਨ੍ਹਾਂ ਨੂੰ ਬੈਂਕ ਕਰਜ਼ਾ ਲੈਣ ਜਾਂ ਘਰ ਦੀ ਖ਼ਰੀਦ-ਫ਼ਰੋਖ਼ਤ ਕਰਨ ਸਮੇਂ ਕਈ ਕਿਸਮ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਸਕੀਮ ਰਾਹੀਂ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਨਾ ਸਿਰਫ਼ ਆਪਣੇ ਘਰਾਂ ਦੇ ਮੁਕੰਮਲ ਕਾਨੂੰਨੀ ਅਧਿਕਾਰ ਮਿਲਣਗੇ, ਸਗੋਂ ਉਨ੍ਹਾਂ ਦਾ ਜੀਵਨ ਸੁਖਾਲਾ ਹੋ ਜਾਵੇਗਾ। ਇਸ ਮੌਕੇ ਧਨੌਲਾ ਵਾਸੀਆਂ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਜੀ ਦਾ ਧੰਨਵਾਦ ਕੀਤਾ।ਇਸ ਮੌਕੇ ਐੱਸ ਡੀ ਐੱਮ ਬਰਨਾਲਾ ਡਾ. ਅਜੀਤਪਾਲ ਸਿੰਘ ਅਤੇ ਪਾਰਟੀ ਆਗੂ ਮੌਜੂਦ ਸਨ।

# ਟ੍ਰੇਡਰਜ਼ ਕਮਿਸ਼ਨ ਦੀ ਹੋਈ ਮੀਟਿੰਗ



ਤਪਾ ਮੰਡੀ, 9 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਪਿਛਲੇ ਦਿਨੀਂ ਮਾਣਯੋਗ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਜੀ, ਏ ਡੀ ਸੀ ਵਿਵੇਕ ਮੋਦੀ ਜੀ, ਐਸ ਪੀ ਸਰਾਫਰਾਜ ਆਲਮ, ਡੀਸੀ ਦਫ਼ਤਰ ਬਰਨਾਲਾ ਵਿਖੇ 16 ਡਿਪਾਰਟਮੈਂਟਾਂ ਦੇ ਅਫਸਰ ਸਾਹਿਬਾਨਾਂ ਨਾਲ ਵਿਧਾਨਸਭਾ ਟ੍ਰੇਡਰਜ਼ ਕਮਿਸ਼ਨ ਦੀ ਇੱਕ ਜ਼ਰੂਰੀ ਮੀਟਿੰਗ ਹੋਈ। ਜਿਸ ਵਿੱਚ ਮਨੀਸ਼ ਗਰਗ ਤਪਾ ਚੇਅਰਮੈਨ, ਗੁਰੀ ਔਲਖ ਚੇਅਰਮੈਨ ਮਹਿਲ ਕਲਾਂ, ਹਰਚਰਨ ਸਿੰਘ ਮੈਂਬਰ ਵਿਧਾਨ ਸਭਾ ਟ੍ਰੇਡਰਜ ਕਮਿਸ਼ਨ ਭਦੌੜ ਨੇ ਭਾਗ ਲਿਆ, ਜਿਸ ਵਿੱਚ ਵਪਾਰ ਕਮਿਸ਼ਨ ਵੱਲੋਂ ਜ਼ਿਲ੍ਹਾ ਬਰਨਾਲਾ ਦੇ ਵਪਾਰੀ ਵੀਰਾਂ ਨਾਲ ਪ੍ਰੋਗਰਾਮ ਤਹਿਤ ਉਨ੍ਹਾਂ ਦੀਆਂ ਮੁਸ਼ਕਿਲਾਂ ਦਰਜ਼ ਕੀਤੀਆਂ ਗਈਆਂ ਸਨ। ਇੰਨਾ ਮੁਸ਼ਕਿਲਾਂ ਨੂੰ ਸਮਾਬੱਧ ਤਰੀਕੇ ਨਾਲ ਨਜਿੱਠਣ ਤੇ ਸਾਰੇ ਅਫ਼ਸਰ ਸਾਹਿਬਾਨ ਨੂੰ ਨਿਰਦੇਸ਼ ਦਿੱਤੇ, ਤਾਂ ਜੋ ਸਰਕਾਰ ਦੀ ਰੀੜ੍ਹ ਦੀ ਹੱਡੀ ਸਮਝੇ ਜਾਂਦੇ ਵਪਾਰੀ ਵੀਰਾਂ ਨੂੰ ਕੋਈ ਮੁਸ਼ਕਿਲ ਨਾ ਆਵੇ। ਕਮਿਸ਼ਨ ਵੱਲੋਂ ਲਈਆਂ ਗਈਆਂ ਸਾਰੀਆਂ ਸ਼ਿਕਾਇਤਾਂ ਨੂੰ ਰਿਵੂਅ ਕਰਕੇ ਮੌਕੇ 'ਤੇ ਕੁਝ ਮਸਲਿਆਂ ਨੂੰ ਹੱਲ ਕੀਤਾ ਗਿਆ। ਇਸ ਮੌਕੇ ਮਨੀਸ਼ ਗਰਗ ਤਪਾ ਚੇਅਰਮੈਨ ਵਿਧਾਨ ਸਭਾ ਟ੍ਰੇਡਰਜ ਕਮਿਸ਼ਨ, ਭਦੌੜ, ਅਸ਼ੋਕ ਕੁਮਾਰ ਘੜੈਲਾ ਪ੍ਰਧਾਨ ਬਸਾਤੀ ਐਸੋਸੀਏਸ਼ਨ ਤਪਾ ਤੋਂ ਇਲਾਵਾ ਹੋਰ ਵੀ ਮੈਂਬਰ ਤੇ ਵਰਕਰ ਹਾਜ਼ਰ ਸਨ।

# ਆਰੀਆ ਭੱਟ ਕਾਲਜ ਬਰਨਾਲਾ ਵਿੱਚ ਐਨ.ਐੱਸ.ਐੱਸ. ਵੱਲੋਂ ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ



ਬਰਨਾਲਾ, 9 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਐਨ.ਐੱਸ.ਐੱਸ. ਵਿਭਾਗ ਵੱਲੋਂ 7 ਅਪ੍ਰੈਲ 2026 ਨੂੰ ਵਿਸ਼ਵ ਮਾਨਸਿਕ ਸਿਹਤ ਦਿਵਸ (World Mental Health Day) ਮਨਾਇਆ ਗਿਆ। ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਉਨ੍ਹਾਂ ਨੂੰ ਸਿਹਤਮੰਦ ਅਤੇ ਸਕਾਰਾਤਮਕ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਤਣਾਅ ਪ੍ਰਬੰਧਨ, ਭਾਵਨਾਤਮਕ ਸੰਤੁਲਨ ਬਣਾਈ ਰੱਖਣ ਅਤੇ ਸਿਹਤਮੰਦ ਤਰੀਕਿਆਂ ਨਾਲ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਮਾਨਸਿਕ ਸਿਹਤ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਵੀ ਸਾਂਝੇ ਕੀਤੇ। ਇਸ ਪ੍ਰੋਗਰਾਮ ਦੀ ਸੰਯੋਜਕ ਅਤੇ ਮੁੱਖ ਵਕਤਾ ਅਸਿਸਟੈਂਟ ਪ੍ਰੋਫੈਸਰ ਡਿੰਪੀ ਕੌਰ ਰਹੇ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਮਾਨਸਿਕ ਸਿਹਤ ਦੀ ਮਹੱਤਤਾ, ਸਕਾਰਾਤਮਕ ਸੋਚ ਅਤੇ ਸੰਤੁਲਿਤ ਜੀਵਨ ਜੀਣ ਦੀ ਲੋੜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ ਸੰਬੰਧਿਤ ਮੁੱਦਿਆਂ ਬਾਰੇ ਖੁੱਲ੍ਹ ਕੇ ਗੱਲ ਕਰਨ ਅਤੇ ਲੋੜ ਪੈਣ ਤੇ ਮਦਦ ਲੈਣ ਲਈ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਅਸਿਸਟੈਂਟ ਪ੍ਰੋਫੈਸਰ ਡਿੰਪੀ ਕੌਰ (ਪ੍ਰੋਗਰਾਮ ਅਫਸਰ) ਅਤੇ ਅਸਿਸਟੈਂਟ ਪ੍ਰੋਫੈਸਰ ਕਮਲਪ੍ਰੀਤ ਕੌਰ (ਪ੍ਰੋਗਰਾਮ ਅਫਸਰ) ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਸੰਸਥਾ ਦੇ ਪ੍ਰਬੰਧਕਾਂ ਨੇ ਐਨ.ਐੱਸ.ਐੱਸ. ਵਿਭਾਗ ਦੀ ਇਸ ਸਰਾਹਣਯੋਗ ਪਹਿਲ ਦੀ ਪ੍ਰਸ਼ੰਸਾ ਕੀਤੀ। ਇਰ. ਰਾਕੇਸ਼ ਗੁਪਤਾ, ਚੇਅਰਮੈਨ, ਡਾ. ਅਜੈ ਮਿੱਤਲ, ਡਾਇਰੈਕਟਰ, ਡਾ. ਭਾਵੇਤ ਗਰਗ, ਡੀਨ ਅਕੈਡਮਿਕ, ਡਾ. ਜਸ਼ਨ ਜੋਤ, ਆਈਕਿਊਏਸੀ ਕੋਆਰਡੀਨੇਟਰ ਅਤੇ ਮੁਖੀ ਕਾਮਰਸ ਅਤੇ ਮੈਨੇਜਮੈਂਟ ਵਿਭਾਗ, ਮਿਸਿਜ਼ ਭਾਵੁਕਤਾ ਸ਼ਰਮਾ, ਮੁਖੀ ਆਰਟਸ ਅਤੇ ਹਿਊਮੈਨਿਟੀਜ਼ ਵਿਭਾਗ ਅਤੇ ਮਿਸਟਰ ਰਜਨੀਸ਼ ਨਰੂਲਾ, ਮੁਖੀ ਕੰਪਿਊਟਰ ਐਪਲੀਕੇਸ਼ਨ ਵਿਭਾਗ ਨੇ ਪ੍ਰੋਗਰਾਮ ਦੇ ਆਯੋਜਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਭਰੇ ਕਾਰਜਕ੍ਰਮ ਕਰਵਾਉਣ ਲਈ ਪ੍ਰੇਰਿਤ ਕੀਤਾ। ਕਾਰਜਕ੍ਰਮ ਦਾ ਸਮਾਪਨ ਇਸ ਸੰਦੇਸ਼ ਨਾਲ ਕੀਤਾ ਗਿਆ, ਕਿ ਵਿਦਿਆਰਥੀ ਆਪਣੀ ਮਾਨਸਿਕ ਸਿਹਤ ਦਾ ਧਿਆਨ ਰੱਖਣ, ਇਕ ਦੂਜੇ ਦਾ ਸਹਿਯੋਗ ਕਰਨ ਅਤੇ ਸਮਾਜ ਵਿੱਚ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਵਧਾਉਣ ਲਈ ਪ੍ਰੇਰਿਤ ਕੀਤਾ।

# ਬਰਨਾਲਾ ਵਿੱਚ ਜ਼ਿਲ੍ਹਾ ਪੱਧਰੀ ਕਿਸਾਨ ਸਿਖ਼ਲਾਈ ਕੈਂਪ ਅੱਜ



ਬਰਨਾਲਾ, 9 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਖੇਤੀਬਾੜੀ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਰਨਾਲਾ ਵੱਲੋਂ ਆਤਮਾ (ATMA) ਦੇ ਸਹਿਯੋਗ ਨਾਲ ਅੱਜ 10 ਅਪ੍ਰੈਲ 2026 (ਦਿਨ ਸ਼ੁੱਕਰਵਾਰ) ਨੂੰ ਕਪਿਲ ਪੈਲੇਸ, ਨਾਨਕਸਰ ਰੋਡ, ਬਰਨਾਲਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀ ਲਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਖਪਾਲ ਸਿੰਘ ਗਿੱਲ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਦੀਆਂ ਨਵੀਆਂ ਕਿਸਮਾਂ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਮਿੱਟੀ-ਪਾਣੀ ਦੀ ਸੰਭਾਲ ਬਾਰੇ ਮਾਹਿਰਾਂ ਰਾਹੀਂ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣਾ ਹੈ। ਡਾ. ਗਿੱਲ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਵੇਰੇ 10:00 ਵਜੇ ਕੈਂਪ ਵਿੱਚ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾਉਣ ਅਤੇ ਖੇਤੀ ਮਾਹਿਰਾਂ ਦੇ ਵਿਚਾਰ ਸੁਣ ਕੇ ਵਿਗਿਆਨਕ ਖੇਤੀ ਵੱਲ ਅੱਗੇ ਵਧਣ।

# ਸ਼ਹੀਦ ਭਗਤ ਸਿੰਘ ਪਾਰਕ ਅੱਗੇ ਲੱਗੇ ਗੰਦਗੀ ਦੇ ਢੇਰਾਂ ਕਾਰਨ ਲੋਕਾਂ ਦਾ ਜਿਉਣਾ ਹੋਇਆ ਦੁੱਭਰ



ਭਦੌੜ, 9 ਅਪ੍ਰੈਲ (ਸੁਖਵਿੰਦਰ ਪਲਾਹਾ) : ਭਦੌੜ ਦੇ ਨਾਨਕਸਰ ਰੋੜ ਉੱਪਰ ਬਹੁਤ ਹੀ ਸੁੰਦਰ ਬਣੇ ਸ਼ਹੀਦ ਭਗਤ ਸਿੰਘ ਪਾਰਕ ਦੇ ਅੱਗੇ ਗੰਦਗੀ ਦੇ ਵੱਡੇ- ਵੱਡੇ ਢੇਰ ਲੱਗਣ ਕਾਰਨ ਲੋਕਾਂ ਦਾ ਜਿਉਣਾ ਦੁੱਭਰ ਹੋ ਚੁੱਕਾ ਹੈ ।ਪਿਛਲੇ 10 ਦਿਨਾਂ ਤੋਂ ਪਾਰਕ ਦੀ ਕਟਾਈ ਕਰਕੇ ਮਾਲੀਆਂ ਵੱਲੋਂ ਪੌਦਿਆਂ ਦੀ ਰਹਿੰਦ ਖੂੰਦ ਪਾਰਕ ਦੇ ਬਾਹਰ ਵਾਲੀ ਸਾਈਡ 'ਤੇ ਢੇਰ ਲਗਾ ਦਿੱਤੇ ਗਏ ਸਨ, ਪਰ ਨਗਰ ਕੌਂਸਲ ਭਦੌੜ ਵੱਲੋਂ ਆਪਣੀ ਜਿੰਮੇਵਾਰੀ ਨਾ ਸਮਝਦੇ ਹੋਏ ਗੰਦਗੀ ਢੇਰਾਂ ਵੱਲੋਂ ਨੂੰ ਚੁੱਕਣਾ ਤਾਂ ਕੀ ਵੇਖਣਾ ਵੀ ਮੁਨਾਸਿਬ ਨਹੀਂ ਸਮਝਿਆ। ਇੱਥੇ ਜ਼ਿਕਰਯੋਗ ਹੈ ਕਿ ਪੂਰੇ ਸ਼ਹਿਰ ਦੀ ਗੰਦਗੀ ਦੇ ਢੇਰ ਚੁੱਕ ਕੇ ਇਸੇ ਰਸਤੇ ਹੀ ਨਗਰ ਕੌਂਸਲ ਦੀਆਂ ਟਰਾਲੀਆਂ ਨੂੰ ਲੰਘਣਾ ਪੈਂਦਾ ਹੈ, ਪਰ ਅਫਸੋਸ ਇਸ ਗੱਲ ਹੈ ਕਿ ਇਹ ਗੰਦਗੀ ਢੇਰ ਉਹਨਾਂ ਨੂੰ ਨਜ਼ਰ ਕਿਉਂ ਨਹੀਂ ਆ ਰਹੇ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਜਦ ਤੋਂ ਇਹ ਪਾਰਕ ਹੋਂਦ ਵਿੱਚ ਆਇਆ ਹੈ ਉਸ ਸਮੇਂ ਤੋਂ ਅੱਜ ਤੱਕ ਨਗਰ ਕੌਂਸਲ ਭਦੌੜ ਵੱਲੋਂ ਕਦੇ ਵੀ ਸ਼ਹੀਦ ਭਗਤ ਸਿੰਘ ਪਾਰਕ ਦੀ ਸਫਾਈ ਨਹੀਂ ਕੀਤੀ ਗਈ ਅਤੇ ਪਹਿਲੀ ਵਾਰ ਪਾਰਕ ਦੀ ਸਫਾਈ ਕਰਨ ਤੋਂ ਬਾਅਦ ਗੰਦਗੀ ਦੇ ਇਹ ਢੇਰ ਲੱਗੇ ਹਨ, ਪਰ ਇਹਨਾਂ ਢੇਰਾਂ ਨੂੰ ਚੁੱਕਣਾ ਸ਼ਾਇਦ ਨਗਰ ਕੌਂਸਲ ਭਦੌੜ ਆਪਣਾ ਫਰਜ਼ ਹੀ ਨਹੀਂ ਸਮਝਦੀ। ਖਰਾਬ ਮੌਸਮ ਦੇ ਚੱਲਦਿਆਂ ਅਤੇ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਇਹਨਾਂ ਗੰਦਗੀ ਦੇ ਢੇਰਾਂ ਵਿੱਚੋਂ ਬਹੁਤ ਗੰਦੀ ਬਦਬੂ ਆਉਣੀ ਸ਼ੁਰੂ ਹੋ ਗਈ ਹੈ, ਜਿਸ ਕਾਰਨ ਇੱਥੇ ਕੋਈ ਵੀ ਭਿਆਨਕ ਬਿਮਾਰੀ ਫੈਲ ਸਕਦੀ ਹੈ, ਕਿਉਂਕਿ ਛੋਟੇ ਛੋਟੇ ਬੱਚੇ ਸਵੇਰੇ ਸ਼ਾਮ ਇਸ ਪਾਰਕ ਵਿੱਚ ਖੇਡਣ ਲਈ ਆਉਂਦੇ ਹਨ, ਪਰ ਮਜਬੂਰਨ ਇੱਥੇ ਆਉਣ ਵਾਲੇ ਲੋਕਾਂ ਨੂੰ ਐਂਟਰੀ ਗੇਟ ਵਿੱਚੋਂ ਹੀ ਆਪਣਾ ਨੱਕ ਬੰਨ ਕੇ ਲੰਘਣਾ ਪੈਂਦਾ ਹੈ। ਇਸ ਗੱਲ ਨੂੰ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ ਕਿ ਹਰ ਰੋਜ਼ ਸ਼ਾਮ ਨੂੰ 5:30 ਵਜੇ ਮੁੱਖ ਮੰਤਰੀ ਯੋਗਸ਼ਾਲਾ ਸਕੀਮ ਅਧੀਨ ਇੱਥੇ ਯੋਗਾ ਕੈਂਪ ਚੱਲਦਾ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਯੋਗਾ ਕਰਕੇ ਤੰਦਰੁਸਤ ਹੋਣਾ ਚਾਹੁੰਦੀਆਂ ਹਨ ਪਰ ਗੰਦਗੀ ਦੇ ਢੇਰ ਸ਼ਾਇਦ ਤੰਦਰੁਸਤੀ ਦੇ ਮੱਥੇ 'ਤੇ ਇੱਕ ਵੱਡਾ ਕਲੰਕ ਬਣੇ ਹੋਏ ਹਨ। ਮੇਟ ਦਾ ਕਹਿਣਾ: -ਇਸ ਸਬੰਧੀ ਸਫਾਈ ਕਰਮਚਾਰੀਆਂ ਦੇ ਮੇਟ ਬਲਵੀਰ ਸਿੰਘ ਨਾਲ ਜਦ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਮੈਂ ਇਹ ਗੰਦਗੀ ਦੇ ਢੇਰ ਜਲਦੀ ਹੀ ਚੁਕਵਾ ਦਿੰਦਾ ਹਾਂ, ਪਰ 10 ਦਿਨ ਬੀਤ ਜਾਣ ਦੇ ਬਾਵਜੂਦ ਵੀ ਇਹ ਗੰਦਗੀ ਦੇ ਢੇਰ ਜਿਉਂ ਦੇ ਤਿਉਂ ਪਏ ਹੋਏ ਹਨ। ਪ੍ਰਧਾਨ ਸਾਹਿਬ ਦਾ ਕੀ ਕਹਿਣਾ:-ਇਸ ਸਬੰਧੀ ਨਗਰ ਕੌਂਸਲ ਦੇ ਪ੍ਰਧਾਨ ਮਨੀਸ਼ ਕੁਮਾਰ ਗਰਗ ਨਾਲ ਜਦੋਂ ਫੋਨ ਤੇ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਮੈਂ ਜਲਦੀ ਹੀ ਇਹ ਢੇਰ ਗੰਦਗੀ ਦੇ ਢੇਰ ਚੁਕਵਾ ਦਿੰਦਾ ਹਾਂ ਅਤੇ ਅੱਗੇ ਤੋਂ ਕੋਈ ਵੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

# ਭਾਕਿਯੂ ਮਹਿਲਾ ਮਹਿਤਾ ਇਕਾਈ ਦੀ ਚੋਣ 'ਚ ਰਾਣੀ ਕੌਰ ਪ੍ਰਧਾਨ ਬਣੀ



ਤਪਾ ਮੰਡੀ, 9 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਮਹਿਤਾ ਵਿਖੇ ਮਹਿਲਾਵਾਂ ਦੀ ਚੋਣ ਜੰਥੇਬੰਦੀ ਕਰਵਾਈ ਗਈ, ਜਿਸ ਦੀ ਅਗਵਾਈ ਜ਼ਿਲ੍ਹਾ ਆਗੂ ਭੈਣ ਬਿੰਦਰਪਾਲ ਕੌਰ, ਸੰਦੀਪ ਕੌਰ ਪੱਤੀ ਹਰੀ ਸਿੰਘ ਮੋੜ ਪਿੰਡ ਕਮੇਟੀ ਦੀ ਅਗਵਾਈ 'ਚ ਕਰਵਾਈ ਗਈ, ਜਿਸ ਵਿੱਚ ਪ੍ਰਧਾਨ ਰਾਣੀ ਕੌਰ ਸਹਾਇਕ ਪ੍ਰਧਾਨ, ਕਰਨੈਲ ਕੌਰ ਮੀਤ ਪ੍ਰਧਾਨ, ਜਸਵਿੰਦਰ ਕੌਰ ਖਜਾਨਚੀ, ਰਾਮਜੀਤ ਕੌਰ ਸਹਾਇਕ ਖਜਾਨਚੀ, ਸੁਖਜੀਤ ਕੌਰ ਸਕੱਤਰ, ਸੁਖਵਿੰਦਰ ਕੌਰ ਸਹਾਇਕ ਸਕੱਤਰ, ਮਨਜੀਤ ਕੌਰ ਤੋਂ ਇਲਾਵਾ ਮਨਜੀਤ ਕੌਰ, ਮਿੰਦਰ ਕੌਰ, ਰੂਪ ਕੌਰ, ਜਸਵਿੰਦਰ ਕੌਰ, ਸੁਖਵਿੰਦਰ ਕੌਰ, ਰਛਪਾਲ ਕੌਰ, ਹਰਵਿੰਦਰ ਕੌਰ, ਰਾਜ ਕੌਰ, ਕਰਮਜੀਤ ਕੌਰ, ਜਸਵੀਰ ਕੌਰ, ਰਮਨ ਕੌਰ, ਜਸਵੀਰ ਕੌਰ ਮੈਂਬਰ ਲਏ ਗਏ। ਮਹਿਲਾਵਾਂ ਨੇ ਸੰਸਥਾ ਦੇ ਝੰਡੇ ਹੱਥਾਂ ਵਿੱਚ ਫੜ ਕੇ ਆਪਣੀ ਇੱਕਜੁੱਟਤਾ ਦਾ ਪ੍ਰਦਰਸ਼ਨ ਕੀਤਾ ਅਤੇ ਵਿਸ਼ਵਾਸ਼ ਦਿਵਾਇਆ, ਕਿ ਜੋ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਈਮਾਨਦਾਰੀ ਅਤੇ ਤਕਨਦੇਹੀ ਨਾਲ ਕੀਤੀ ਜਾਵੇਗੀ। ਮਹਿਲਾ ਆਗੂਆਂ ਨੇ ਇਹ ਵੀ ਦੱਸਿਆ ਕਿ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਲੈ ਕੇ ਸੰਘਰਸ਼ ਜਾਰੀ ਰਹੇਗਾ। ਮਹਿਲਾ ਆਗੂਆਂ ਨੇ ਸਭ ਨੂੰ ਅਪੀਲ ਕੀਤੀ ਕਿ ਉਹ ਹਰ ਤਰ੍ਹਾਂ ਦੇ ਅਨਿਆਏ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਅਤੇ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ। ਇਸ ਮੌਕੇ 'ਤੇ ਕਈ ਮਹਿਲਾਵਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਇਕੱਠੇ ਹੋ ਕੇ ਹੀ ਆਪਣੇ ਹੱਕ ਪ੍ਰਾਪਤ ਕੀਤੇ ਜਾ ਸਕਦੇ ਹਨ। ਮੀਟਿੰਗ ਦਾ ਮਾਹੌਲ ਉਤਸ਼ਾਹ ਭਰਿਆ ਸੀ ਅਤੇ ਸਭ ਨੇ ਇੱਕਜੁੱਟ ਹੋ ਕੇ ਅੱਗੇ ਵੱਧਣ ਦਾ ਵਚਨ ਦਿੱਤਾ।

# ਮਾਤਾ ਕਰਤਾਰ ਕੌਰ ਦੀ ਅੰਤਿਮ ਅਰਦਾਸ ਮੌਕੇ ਧਾਰਮਿਕ ਤੇ ਰਾਜਸੀ ਆਗੂਆਂ ਨੇ ਭਰੀ ਹਾਜ਼ਰੀ



ਬਰਨਾਲਾ, 9 ਅਪ੍ਰੈਲ (ਹਮੀਰ ਸਿੰਘ) : ਮਾਤਾ ਕਰਤਾਰ ਕੌਰ ਜੀ ਸੁਪਤਨੀ ਸੱਚਖੰਡ ਵਾਸੀ ਸੰਤ ਬਾਬਾ ਭਜਨ ਸਿੰਘ ਜੋ ਕਿ ਮਾਤਾ ਜੀ 30 ਮਾਰਚ 2026 ਨੂੰ ਸਰੀਰਕ ਚੋਲਾ ਤਿਆਗ ਗਏ ਸਨ। ਸੰਤ ਬਾਬਾ ਅਜੀਤ ਸਿੰਘ ਜੀ ਦੀ ਦੇਖ-ਰੇਖ ਹੇਠ ਨਾਨਕਸਰ ਦੇ ਵਿਚ ਹੀ ਮਾਤਾ ਜੀ ਦਾ ਸਸਕਾਰ 31 ਮਾਰਚ 2026 ਨੂੰ ਕੀਤਾ ਗਿਆ ਅਤੇ ਉਹਨਾਂ ਨਮਿਤ ਪਾਠ ਦੇ ਭੋਗ ਪਾਏ ਗਏ, ਜਿਸ ਉਪਰੰਤ ਕੀਰਤਨ ਦਰਬਾਰ ਹੋਇਆ। ਇਸ ਸਮੇਂ ਭਾਈ ਪਵਨਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਰਾਗੀ ਬਾਬਾ ਜਗਰੂਪ ਸਿੰਘ, ਰਾਗੀ ਕੁਲਦੀਪ ਸਿੰਘ ਰੱਤਾ, ਬਾਬਾ ਜੀਤ ਸਿੰਘ ਮੱਲ ਕੇ, ਸਿੰਘ ਸਾਹਿਬ ਗਿ: ਕੇਵਲ ਸਿੰਘ ਦਰਬਾਰ ਸਾਹਿਬ ਅੰਮ੍ਰਿਤਸਰ ਪਹੁੰਚੇ। ਇਸ ਸਮੇਂ ਐਮ.ਪੀ.ਸ. ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਇੰਚਾਰਜ ਅਕਾਲੀ ਦਲ ਸ. ਕੁਲਵੰਤ ਸਿੰਘ ਕੰਤਾ, ਕਾਂਗਰਸ ਪਾਰਟੀ ਤੋਂ ਐਮਐਲਏ ਕੁਲਦੀਪ ਸਿੰਘ ਕਾਲਾ ਢਿੱਲੋਂ, ਅੰਤਰਿੰਗ ਕਮੇਟੀ ਸ੍ਰਿ ਅੰਮ੍ਰਿਤਸਰ ਤੋਂ ਮੈਂਬਰ ਸ. ਪਰਮਜੀਤ ਸਿੰਘ ਖਾਲਸਾ, ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ, ਬਲਬੀਰ ਸਿੰਘ ਘੁੰਨਸ, ਐਮਸੀ ਮਹੇਸ ਕੁਮਾਰ ਲੋਟਾ, ਗਿਰਧਰ ਮਿੱਤਾ, ਨਰਿੰਦਰ ਸ਼ਰਮਾ, ਕੁਲਵੰਤ ਸਿੰਘ ਰਾਜੀ ਪ੍ਰਧਾਨ ਨਾਮ ਸਿਮਰਨ ਸੋਸਾਇਟੀ ਬਰਨਾਲਾ, ਸ੍ਰ. ਧੰਨਾ ਸਿੰਘ ਬਾਜਵਾ, ਗੁਰਜੀਤ ਸਿੰਘ ਰਾਮਣਵਾਸੀਆ ਪ੍ਰਧਾਨ ਨਗਰ ਕੌਂਸਲ ਬਰਨਾਲਾ, ਜਥੇਦਾਰ ਜਰਨੈਲ ਸਿੰਘ ਭੋਤਨਾ, ਭਾਜਪਾ ਪਾਰਟੀ ਤੋਂ ਰਜਿੰਦਰ ਉੱਪਲ, ਰੁਪਿੰਦਰ ਸਿੰਘ ਐਡਵੋਕੇਟ ਚੇਅਰਮੈਨ ਇਨਪਰੁਮੈਂਟ, ਸਾਬਕਾ ਪ੍ਰਧਾਨ ਕਾਂਗਰਸ ਕਮੇਟੀ ਬਰਨਾਲਾ ਤੋਂ ਮੱਖਣ ਸ਼ਰਮਾ, ਗੁਰਜਿੰਦਰ ਸਿੰਘ ਸਿੱਧੂ ਸਾਬਕਾ ਸੈਨਿਕ ਵਿੰਗ, ਮਾਤਾ ਗੁਰਦੇਵ ਕੌਰ ਝੋਰੜਾ, ਰਣਧੀਰ ਸਿੰਘ ਢਿੱਲੋਂ, ਭਾਈ ਸੁਖਦੇਵ ਸਿੰਘ, ਭਾਈ ਕਰਮ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਸੱਤਨਾਮ ਸਿੰਘ, ਭਾਈ ਗਿਆਨ ਸਿੰਘ, ਭਾਈ ਬਲਜੀਤ ਸਿੰਘ ਤੋਂ ਇਲਾਵਾ ਮਾਤਾ ਭਰਾ ਸੰਤ ਸਿੰਘ ਤੇ ਉਨ੍ਹਾਂ ਦੀ ਫੁੱਲਬਾੜੀ, ਧਾਰਮਿਕ ਅਤੇ ਰਾਜਸੀ ਆਗੂ ਤੇ ਹੋਰ ਜਥੇਬੰਦੀਆਂ ਦੇ ਆਗੂਆਂ ਵੱਲੋਂ ਅੰਤਿਮ ਅਰਦਾਸ ਵਿਚ ਹਾਜ਼ਰੀ ਲਗਾਈ ਗਈ ਤੇ ਪਿੰਡ ਰੱਤਾਖੇੜਾ, ਕੌਰ ਸਿੰਘ ਵਾਲਾ, ਰੌਤਾ, ਦੀਨਾ, ਕਾਂਗੜ, ਖਾਈ, ਸਮਾਧ ਭਗਤਾ, ਮਾਣੂੰਕੇ, ਨਿਹਾਲ ਸਿੰਘ ਵਾਲਾ, ਸਹਿਣਾ, ਧਨੌਲਾ, ਮੌੜਾ, ਘੰਡਾ ਬੰਨਾ, ਧੂਰਕੋਟ, ਗਾਜੀਆਣਾ, ਰਣਸੀਕੇ, ਬੁਰਜ ਹਮੀਰਾ, ਮੌੜ, ਰਾਕਪੁਰਾ, ਗਿੱਲ ਕਲਾ, ਟੱਲੇਵਾਲ, ਜੋਧਪੁਰੀਆ, ਫਰਵਾਹੀ, ਸੰਘੇੜਾ ਤੇ ਬਰਨਾਲਾ ਦੀਆ ਸੰਗਤਾ ਨੇ ਮਾਤਾ ਜੀ ਦੀ ਅੰਤਿਮ ਅਰਦਾਸ ਸਿੰਘ ਹਾਜ਼ਰੀ ਲਵਾਈ।

# ਡੀ.ਐਮ. ਕਾਲਜ ਕਰਾੜਵਾਲਾ ਦੇ ਵਿਦਿਆਰਥੀ ਦਾ ਬੀ.ਐਡ. ਦੇ ਨਤੀਜਿਆਂ 'ਚ ਸ਼ਾਨਦਾਰ ਪ੍ਰਦਰਸ਼ਨ

## , 94 ਫੀਸਦੀ ਅੰਕਾਂ ਨਾਲ ਹਾਸਿਲ ਕੀਤਾ ਪਹਿਲਾ ਸਥਾਨ



ਰਾਮਪੁਰਾ ਫੂਲ, 9 ਅਪ੍ਰੈਲ (ਮਨਪ੍ਰੀਤ ਮਿੰਟੂ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਿਤ ਡੀ.ਐਮ. ਕਾਲਜ ਆਫ ਐਜੂਕੇਸ਼ਨ ਕਰਾੜਵਾਲਾ ਦੇ ਬੀ.ਐਡ ਤੀਜੇ ਸਮੈਸਟਰ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਪ੍ਰਾਪਤ ਜਾਣਕਾਰੀ ਅਨੁਸਾਰ ਜਗਪਿੰਦਰ ਸਿੰਘ ਮਾਨ ਨੇ 94 ਫੀਸਦੀ ਅੰਕ ਹਾਸਲ ਕਰ ਪਹਿਲਾ ਸਥਾਨ ਹਾਸਿਲ ਕੀਤਾ ,ਹਰਮਨ ਕੌਰ ਤੇ ਤਾਨੀਆ ਨੇ 92 ਫੀਸਦੀ ਨਾਲ ਦੂਜਾ ਸਥਾਨ , ਇਸ ਤੋਂ ਇਲਾਵਾ ਰੁਪਿੰਦਰ ਕੌਰ ਤੇ ਸੰਦੀਪ ਕੌਰ ਨੇ 91 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ ਅਤੇ ਨਾਲ ਹੀ ਸਾਰੇ ਵਿਦਿਆਰਥੀਆ ਨੇ 90 ਫੀਸਦੀ ਅੰਕ ਪ੍ਰਾਪਤ ਕੀਤੇ ਆਖਿਰ ਵਿਚ ਕਾਲਜ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਚੰਗੇ ਨਤੀਜਿਆਂ ਪ੍ਰਤੀ ਖੁਸ਼ੀ ਜਾਹਿਰ ਕਰਦੇ ਹੋਏ ਪਹਿਲੀ ਪੁਜੀਸ਼ਨ ਪ੍ਰਾਪਤ ਕਰਨ ਵਾਲੇ ਆਪਣੇ ਭਾਣਜੇ ਜਗਪਿੰਦਰ ਸਿੰਘ ਮਾਨ ਸਮੇਤ ਸਾਰੇ ਵਿਦਿਆਰਥੀਆਂ ਵਿਚ ਆਪਣਾਪਨ ਜਾਹਿਰ ਕਰਦੇ ਹੋਏ ਉਹਨਾਂ ਨੂੰ ਭਵਿੱਖ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਆ , ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸਬੰਧਤ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਵੀ ਹਾਜ਼ਰ ਸਨ।

# ਮਾਨਸਾ ਪੁਲਿਸ ਵੱਲੋਂ ਏ.ਟੀ.ਐਮ. ਚੋਰ ਗਿਰੋਹ ਦੇ 5 ਮੈਂਬਰ ਗ੍ਰਿਫ਼ਤਾਰ

ਬੁਢਲਾਡਾ,9 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਸ੍ਰੀ ਭਾਗੀਰਥ ਸਿੰਘ ਮੀਨਾ, ਆਈ.ਪੀ.ਐਸ ਸੀਨੀਅਰ ਕਪਤਾਨ ਪੁਲਿਸ ਮਾਨਸਾ ਨੇ ਅੱਜ ਪੱਤਰਕਾਰ ਸੰਮੇਲਨ ਦੌਰਾਨ ਦੱਸਿਆ ਕਿ ਸ੍ਰੀ ਗੌਰਵ ਯਾਦਵ, ਆਈ.ਪੀ.ਐਸ. ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਅਤੇ ਸ੍ਰੀ ਹਰਜੀਤ ਸਿੰਘ ਆਈ.ਪੀ.ਐਸ. ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਠਿੰਡਾ ਰੇਂਜ ਦੀ ਅਗਵਾਈ ਹੇਠ ਮਾਨਸਾ ਪੁਲਿਸ ਵੱਲੋਂ ਚੋਰੀ ਕਰਨ ਵਾਲੇ ਗਿਰੋਹ ਦੇ 05 ਮੈਂਬਰਾਂ ਨੂੰ ਕਾਬੂ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਗਈ ਹੈ, ਜਿੰਨ੍ਹਾਂ ਪਾਸੋਂ ਚੋਰੀ ਕੀਤੀ ਏ.ਟੀ.ਐਮ. ਮਸ਼ੀਨ ਅਤੇ ਨਗਦੀ ਬਰਾਮਦ ਕਰਵਾਏ ਗਏ।ਐਸ.ਐਸ.ਪੀ. ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਹੈ ਕਿ 01 ਅਪ੍ਰੈਲ 2026 ਨੂੰ ਇੱਕ ਸੂਚਨਾ ਮਿਲੀ ਕਿ 31 ਮਾਰਚ 2026 ਦੀ ਦਰਮਿਆਨੀ ਰਾਤ ਨੂੰ ਸਰਦੂਲਗੜ੍ਹ ਰੋਡ 'ਤੇ ਝੁਨੀਰ ਵਿਖੇ ਐਸ.ਬੀ.ਆਈ. ਬੈਂਕ ਦੀ ਏ.ਟੀ.ਐਮ. ਮਸ਼ੀਨ ਦੇ ਸ਼ਟਰ ਦਾ ਤਾਲਾ ਤੋੜਕੇ ਕੁਝ ਅਣਪਛਾਤੇ ਵਿਅਕਤੀਆ ਵੱਲੋ ਰਾਤ ਦੇ ਸਮੇਂ ਏ.ਟੀ.ਐਮ. ਮਸ਼ੀਨ ਚੋਰੀ ਕਰ ਲਈ ਹੈ, ਜਿਸ ਵਿੱਚ ਬੈਂਕ ਦੇ ਰਿਕਾਰਡ ਮੁਤਾਬਿਕ 33,28,000/- ਰੁਪਏ ਸਨ, ਜਿਸ 'ਤੇ ਸੁਖਵੀਰ ਸਿੰਘ ਦੇ ਬਿਆਨ ਤੇ ਮੁਕੱਦਮਾ ਨੰਬਰ 45 ਮਿਤੀ 01.04.2026 ਅ/ਧ 331(4),305 ਬੀ.ਐਨ.ਐਸ ਥਾਣਾ



ਝੁਨੀਰ ਬਰਖਿਲਾਫ ਨਾ ਮਲੂਮ ਵਿਅਕਤੀਆ ਦਰਜ ਕੀਤਾ ਗਿਆ।ਐਸ.ਐਸ.ਪੀ. ਨੇ ਦੱਸਿਆ ਕਿ ਇਸ ਸਬੰਧੀ ਸ੍ਰੀ ਮਨਮੋਹਨ ਸਿੰਘ ਔਲਖ ਐਸ.ਪੀ (ਇੰਨਵੈ:), ਸ੍ਰੀ ਜਸਵਿੰਦਰ ਸਿੰਘ ਉਪ ਕਪਤਾਨ ਪੁਲਿਸ (ਡੀ) ਅਤੇ ਸ੍ਰੀ ਮਨਜੀਤ ਸਿੰਘ ਉਪ ਕਪਤਾਨ ਪੁਲਿਸ (ਸ:ਡ:) ਸਰਦੂਲਗੜ੍ਹ ਦੀ ਨਿਗਰਾਨੀ ਹੇਠ ਇੰਸ: ਬਿਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਝੁਨੀਰ ਦੀ ਅਗਵਾਈ ਵਿੱਚ ਸ:ਥ: ਅਵਤਾਰ ਸਿੰਘ ਸਮੇਤ ਪੁਲਿਸ ਪਾਰਟੀ ਵੱਲੋਂ ਤਕਨੀਕੀ ਢੰਗ ਨਾਲ ਮੁਕੱਦਮੇ ਦੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਤਫਤੀਸ਼ ਦੌਰਾਨ ਮੁਕੱਦਮੇ ਦੀ ਅਹਿਮੀਅਤ ਨੂੰ ਵੇਖਦੇ ਹੋਏ ਮੁਕੱਦਮੇ ਵਿੱਚ ਮੁਖਬਰੀ ਦੇ ਅਧਾਰ ਤੇ ਦੋਸ਼ੀਆਂ ਨੂੰ ਟਰੇਸ ਕਰਕੇ ਕਥਿਤ ਦੋਸ਼ੀ ਦਲਜੀਤ ਸਿੰਘ ਪੁੱਤਰ ਸਤਨਾਮ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਮਕਬੂਲਪੁਰ ਭੈਣੀ ਜ਼ਿਲ੍ਹਾ ਪਟਿਆਲਾ, ਮਨਪ੍ਰੀਤ ਸਿੰਘ ਉਰਫ ਕਾਲਾ ਪੁੱਤਰ ਮਿੱਠੂ ਸਿੰਘ ਪੁੱਤਰ ਹਰੀ ਸਿੰਘ ਵਾਸੀ ਵਾਰਡ ਨੰਬਰ 3 ਸਰਦੂਲਗੜ੍ਹ, ਭੁਪਿੰਦਰ ਸਿੰਘ ਉਰਫ ਭਿੰਦਾ ਪੁੱਤਰ ਭਗਵਾਨ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਸਾਦੀਪੁਰ ਜ਼ਿਲ੍ਹਾ ਪਟਿਆਲਾ, ਗੁਰਭੇਜ ਸਿੰਘ ਉਰਫ ਭੇਜਾ ਪੁੱਤਰ ਬਲਵਿੰਦਰ ਸਿੰਘ ਪੁੱਤਰ ਮਨਸਾ ਸਿੰਘ ਵਾਸੀ ਸਤਰਾਣਾ ਜ਼ਿਲ੍ਹਾ ਪਟਿਆਲਾ ਅਤੇ ਦੀਪਕ ਪੰਡਤ ਪੁੱਤਰ ਵਿਜੈ ਇੰਦਰ ਵਾਸੀ ਜੂਆਂ ਜ਼ਿਲ੍ਹਾ ਸੋਨੀਪਤ ਹਰਿਆਣਾ ਨੂੰ ਰਪਟ ਨੰਬਰ 42 ਮਿਤੀ 07 ਅਪ੍ਰੈਲ 2026 ਨਾਲ ਨਾਮਜ਼ਦ ਕਰਕੇ ਵਾਧਾ ਜੁਰਮ 61(2) ਬੀ.ਐਨ.ਐਸ. ਕੀਤਾ ਗਿਆ, 07 ਅਪ੍ਰੈਲ 2026 ਨੂੰ ਮੁਖਬਰੀ ਦੇ ਅਧਾਰ 'ਤੇ ਦੋਸ਼ੀਆਂ ਨੂੰ ਨਾਕਾਬੰਦੀ ਦੌਰਾਨ ਨੇੜੇ ਜਟਾਣਾ ਕੈਂਚੀਆ ਤੋਂ ਸਮੇਤ ਗੱਡੀ ਮਾਨਸਾ ਪੁਲਿਸ ਵੱਲੋ ਏ.ਟੀ.ਐਮ. ਚੋਰ ਗਿਰੋਹ ਦੇ 5 ਮੈਬਰ ਗ੍ਰਿਫਤਾਰ ਗ੍ਰਿਫਤਾਰ ਕਰਕੇ ਮਿਤੀ 08 ਅਪ੍ਰੈਲ 2026 ਨੂੰ ਉਨ੍ਹਾਂ ਪਾਸੋ ਡੂੰਘਾਈ ਨਾਲ ਪੁੱਛਗਿੱਛ ਕਰਕੇ ਦੋਸ਼ੀ ਭੁਪਿੰਦਰ ਸਿੰਘ ਉਰਫ ਭਿੰਦਾ ਦੇ ਘਰੋਂ ਉਸਦੀ ਨਿਸ਼ਾਨਦੇਹੀ ਪਰ 10,60,000/- ਰੁਪਏ ਅਤੇ ਦਲਜੀਤ ਸਿੰਘ ਦੀ ਨਿਸ਼ਾਨਦੇਹੀ ਪਰ ਉਸਦੇ ਘਰੋਂ 10,00,000/- ਰੁਪਏ ਕੁੱਲ ਰਕਮ 20,60,000/- ਰੁਪਏ ਬਰਾਮਦ ਕਰਵਾਈ ਗਈ ਹੈ ਅਤੇ ਉਸੇ ਦਿਨ ਦੋਸ਼ੀਆਂ ਨੂੰ ਇਲਾਕਾ ਮੈਜਿਸਟ੍ਰੇਟ ਦੀ ਅਦਾਲਤ ਵਿੱਚ ਪੇਸ਼ ਕਰਕੇ 02 ਦਿਨਾਂ ਦਾ ਪੁਲਿਸ ਰਿਮਾਂਡ ਹਾਸਲ ਕਰਕੇ 09 ਅਪ੍ਰੈਲ 2026 ਨੂੰ ਦੋਸ਼ੀਆਂ ਦੀ ਨਿਸ਼ਾਨਦੇਹੀ ਤੇ ਮੇਨ ਸੜਕ ਪੁਲ ਭਾਖੜਾ ਤੋਂ ਅੱਧਾ ਕਿਲੋਮੀਟਰ ਅੱਗੇ ਬਾ ਹੱਦ ਝੁਨੀਰ ਕੁਸਲਾ ਸਾਇਡ ਭਾਖੜਾ ਨਹਿਰ ਵਿਚੋਂ ਏ.ਟੀ.ਐਮ. ਮਸ਼ੀਨ ਦਾ ਪਾਰਟ ਬਰਾਮਦ ਕਰਵਾਇਆ ਗਿਆ।

# ਕਈ ਪਰਿਵਾਰ ਕਾਂਗਰਸ ਵਿੱਚ ਸ਼ਾਮਿਲ



ਬਾਜਾਖਾਨਾ, 9 ਅਪ੍ਰੈਲ ( ਅਵਤਾਰ ਸਿੰਘ ਮੱਲਾ): ਨਜ਼ਦੀਕੀ ਪਿੰਡ ਘਣੀਆ ਵਿਖੇ ਸੀਨੀਅਰ ਕਾਂਗਰਸੀ ਆਗੂ ਨਿਰਭੈ ਸਿੰਘ ਘਣੀਆ ਦੀ ਅਗਵਾਈ ਹੇਠ ਹਲਕਾ ਇੰਚਾਰਜ ਦਰਸ਼ਨ ਸਿੰਘ ਢਿਲਵਾਂ ਦੀ ਮੌਜੂਦਗੀ ਵਿੱਚ ਕਈ ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਦੌਰਾਨ ਹਲਕਾ ਇੰਚਾਰਜ ਦਰਸ਼ਨ ਸਿੰਘ ਢਿਲਵਾਂ ਨੇ ਕਿਹਾ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋ ਪ੍ਰਭਾਵਿਤ ਹੋ ਕਿ ਇਹ ਪਰਿਵਾਰ ਸਾਮਿਲ ਹੋਏ ਹਨ, ਇਹਨਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦਿੱਤਾ ਜਾਵੇ ਗਾ। ਬਲਰਾਜ ਸਿੰਘ ਭੋਲਾ,ਬਲਵਿੰਦਰ ਸਿੰਘ, ਸੋਨੂੰ ਸਿੰਘ, ਗੁਰਦਾਸ ਸਿੰਘ, ਕਰਮਜੀਤ ਸਿੰਘ, ਨਿਰਮਲ ਸਿੰਘ, ਬਲਵੀਰ ਸਿੰਘ, ਸੇਵਕ ਸਿੰਘ, ਬੂਟਾ ਸਿੰਘ, ਜਗਮੀਤ ਸਿੰਘ ਰਿੰਪੀ,ਸਫੀ ਖਾਨ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਕਾਂਗਰਸੀ ਆਗੂ ਨਿਰਭੈ ਸਿੰਘ ,ਚਮਕੌਰ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਸੁਖਮੰਦਰ ਸਿੰਘ ਨੰਬਰਦਾਰ, ਬਲਵਿੰਦਰ ਸਿੰਘ, ਜਲੌਰ ਸਿੰਘ, ਬੇਅੰਤ ਸਿੰਘ ਸੈਕਟਰੀ,ਸੁਖਵੀਰ ਸਿੰਘ ਮਾਨ, ਆਤਮਾ ਸਿੰਘ, ਹਰਨੇਕ ਸਿੰਘ ਸਾਬਕਾ ਸਰਪੰਚ, ਭੁਪਿੰਦਰ ਸਿੰਘ ਸਾਬਕਾ ਸਰਪੰਚ, ਨਿਰਮਲ ਸਿੰਘ ਚਹਿਲ, ਸੁਖਦੇਵ ਸਿੰਘ, ਕੁਲਵੰਤ ਸਿੰਘ ਸਾਬਕਾ ਮੈਂਬਰ, ਜਸਵਿੰਦਰ ਸਿੰਘ ਭਾਉ ਆਦਿ ਹਾਜ਼ਰ ਸਨ।

# ਸਾਂਸਦ ਗੁਰਮੀਤ ਸਿੰਘ ਮੀਤ ਹੇਅਰ ਵੱਲੋਂ ਜ਼ਿਲ੍ਹਾ ਅਜਾਇਬ ਘਰ ਸੰਗਰੂਰ ਲੋਕ ਅਰਪਣ

## ਕਿਹਾ ਅਜਾਇਬ ਘਰ ਪੰਜਾਬ ਦੇ ਇਤਿਹਾਸ ਅਤੇ ਵਿਰਾਸਤ ਦਾ ਜਿਉਂਦਾ ਜਾਗਦਾ ਪ੍ਰਤੀਕ

ਸੰਗਰੂਰ, 9 ਅਪ੍ਰੈਲ:(ਹਰਕੰਵਲ ਸਿੰਘ ਹੈਪੀ) :ਪੰਜਾਬ ਸਰਕਾਰ ਵੱਲੋਂ ਸੂਬੇ ਦੀ ਅਮੀਰ ਸਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦੀ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਅੱਜ ਕਰੀਬ 02.5 ਕਰੋੜ ਰੁਪਏ ਦੀ ਲਾਗਤ ਨਾਲ ਕਾਇਆ ਕਲਪ ਉਪਰੰਤ ਜ਼ਿਲ੍ਹਾ ਅਜਾਇਬ ਘਰ, ਸੰਗਰੂਰ ਨੂੰ ਲੋਕਾਂ ਲਈ ਸਮਰਪਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੰਸਦ ਮੈਂਬਰ ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ ਅਤੇ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸੰਸਦ ਮੈਂਬਰ ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਸੰਗਰੂਰ ਸ਼ਹਿਰ ਦੇ ਕੇਂਦਰ ਵਿੱਚ ਸਥਿਤ ਬਨਾਸਰ ਬਾਗ਼ ਅੰਦਰ ਬਣਿਆ ਇਹ ਅਜਾਇਬ ਘਰ ਸਿਰਫ਼ ਇਕ ਇਮਾਰਤ ਨਹੀਂ, ਸਗੋਂ ਪੰਜਾਬ ਦੇ ਇਤਿਹਾਸ ਅਤੇ ਰਾਜਸੀ ਵਿਰਾਸਤ ਦਾ ਜੀਉਂਦਾ ਜਾਗਦਾ ਪ੍ਰਤੀਕ ਹੈ। ਉਨ੍ਹਾਂ ਦੱਸਿਆ ਕਿ ਮੁਗਲ ਅਤੇ ਰਾਜਸਥਾਨੀ ਸ਼ੈਲੀ ਵਿੱਚ ਤਿਆਰ ਕੀਤੀ ਇਸ ਇਮਾਰਤ ਨੂੰ ਲੰਮੇ ਸਮੇਂ ਤੋਂ ਸੰਭਾਲ ਅਤੇ ਮੁਰੰਮਤ ਦੇ ਕੰਮਾਂ ਕਰ ਕੇ



ਬੰਦ ਰੱਖਿਆ ਗਿਆ ਸੀ, ਪਰ ਹੁਣ ਲਗਭਗ 2.5 ਕਰੋੜ ਰੁਪਏ ਦੀ ਲਾਗਤ ਨਾਲ ਇਸ ਦੀ ਕਾਇਆ ਕਲਪ ਕਰਕੇ ਮੁੜ ਸ਼ਾਨ-ਸ਼ੌਕਤ ਨਾਲ ਲੋਕਾਂ ਲਈ ਖੋਲ੍ਹ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਅਜਾਇਬ ਘਰ ਅੰਦਰ ਜੀਂਦ ਰਿਆਸਤ ਦੇ ਮਹਾਰਾਜਿਆਂ ਨਾਲ ਸਬੰਧਤ ਬੇਹੱਦ ਕੀਮਤੀ ਅਤੇ ਦੁਰਲੱਭ ਵਸਤਾਂ ਸੰਭਾਲ ਕੇ ਰੱਖੀਆਂ ਗਈਆਂ ਹਨ। ਇੱਥੇ ਮਹਾਰਾਜਾ ਗਜਪਤ ਸਿੰਘ, ਮਹਾਰਾਜਾ ਭਾਗ ਸਿੰਘ ਅਤੇ ਮਹਾਰਾਜਾ ਸੰਗਤ ਸਿੰਘ ਦੇ ਨਿੱਜੀ ਹਥਿਆਰ, ਪੁਰਾਤਨ ਪਿਸਤੌਲਾਂ, ਰਾਜਸੀ ਤਸਵੀਰਾਂ, ਸੋਨੇ ਦੀ ਕਾਰੀਗਰੀ ਵਾਲੀ ਕਿਰਪਾਨ, ਪੁਰਾਤਨ ਸਿੱਕੇ, ਸ਼੍ਰੀ ਭਗਵਤ ਪੁਰਾਣ ਅਤੇ ਹੋਰ ਵਿਰਾਸਤੀ ਸਮੱਗਰੀ ਦੇਖਣ ਲਈ ਉਪਲੱਬਧ ਹੈ।ਸੰਸਦ ਮੈਂਬਰ ਨੇ ਦੱਸਿਆ ਕਿ ਇਸ ਇਮਾਰਤ ਦੀ ਇਤਿਹਾਸਕ ਮਹੱਤਤਾ ਵੀ ਬਹੁਤ ਵੱਡੀ ਹੈ, ਕਿਉਂਕਿ ਇਹ ਉਹੀ ਦਰਬਾਰ ਹਾਲ ਹੈ ਜਿੱਥੇ ਜੀਂਦ ਰਿਆਸਤ ਦੇ ਪ੍ਰਬੰਧ ਚਲਾਏ ਜਾਂਦੇ ਸਨ ਅਤੇ ਮਹਾਰਾਜਾ ਰਣਬੀਰ ਸਿੰਘ ਨੇ ਲੰਬੇ ਸਮੇਂ ਤੱਕ ਇੱਥੋਂ ਰਾਜ ਸੰਭਾਲਿਆ। ਉਨ੍ਹਾਂ ਕਿਹਾ ਕਿ ਇਸ ਇਮਾਰਤ ਦੀ ਨੀਂਹ 1870 ਵਿੱਚ ਮਹਾਰਾਜਾ ਰਘਬੀਰ ਸਿੰਘ ਵੱਲੋਂ ਰੱਖੀ ਗਈ ਸੀ ਅਤੇ ਇਸ ਦੀ ਛੱਤ ਦਾ ਸ਼ਾਨਦਾਰ ਸੋਨੇ ਦਾ ਕੰਮ ਈਰਾਨੀ ਕਲਾਕਾਰਾਂ ਨੇ ਕੀਤਾ ਸੀ, ਜਦਕਿ ਵਿਸ਼ਵ ਪ੍ਰਸਿੱਧ ਆਰਕੀਟੈਕਟ ਭਾਈ ਰਾਮ ਸਿੰਘ ਵੱਲੋਂ ਲੱਕੜ ਦੀ ਬੇਮਿਸਾਲ ਨਕਾਸ਼ੀ ਅਤੇ ਸਜਾਵਟ ਕੀਤੀ ਗਈ ਸੀ।

# ਓ.ਐਸ.ਡੀ. ਸੁਖਵੀਰ ਸਿੰਘ ਨੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ



ਧੂਰੀ, 9 ਅਪ੍ਰੈਲ (ਰਾਜੇਸ਼ਵਰ ਪਿੰਟੂ) :ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਹਲਕਾ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਦੌਰਾਨ ਓ.ਐਸ.ਡੀ. ਸੁਖਵੀਰ ਸਿੰਘ ਨੇ ਲੋਕਾਂ ਵੱਲੋਂ ਉਠਾਈਆਂ ਗਈਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਭਰੋਸਾ ਦਿਵਾਇਆ ਕਿ ਹਰ ਇੱਕ ਸ਼ਿਕਾਇਤ ਦਾ ਨਿਰਧਾਰਿਤ ਸਮੇਂ ਅੰਦਰ ਹੱਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ-ਸਿਰ ਹੱਲ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ।ਓ.ਐਸ.ਡੀ. ਸੁਖਵੀਰ ਸਿੰਘ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰਾਂ ਰਾਹੀਂ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਦਰਜ ਕਰਵਾਉਣ ਅਤੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਪ੍ਰਾਪਤ ਕਰਨ ਵਿੱਚ ਵੱਡੀ ਸਹੂਲਤ ਮਿਲ ਰਹੀ ਹੈ।ਇਸ ਮੌਕੇ ਮੁੱਖ ਮੰਤਰੀ ਫ਼ੀਲਡ ਅਫ਼ਸਰ ਅਰਵਿੰਦ ਕੁਮਾਰ, ਰਮਨਦੀਪ ਸਿੰਘ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਨੂੰ ਮਿਲੀਆਂ ਸ਼ਿਕਾਇਤਾਂ ਦੇ ਜਲਦ ਨਿਪਟਾਰੇ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ।

# ਸ਼੍ਰੋਮਣੀ ਅਕਾਲੀ ਦਲ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਚੁਣੇ ਜਾਣ ਦੇ ਸ਼ੁਕਰਾਨੇ ਵਜੋਂ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਭਗਤਾ ਭਾਈ ਕਾ, 9 ਅਪ੍ਰੈਲ (ਸਵਰਨ ਸਿੰਘ ਭਗਤਾ) :ਨਜ਼ਦੀਕੀ ਪਿੰਡ ਮਲੂਕਾ ਵਿਖੇ ਸਥਿਤ ਇਤਿਹਾਸਕ ਗੁਰਦੁਆਰਾ ਤਾਰੂਆਣਾ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਬਲਾਕ ਸੰਮਤੀ ਚੋਣਾਂ ਵਿਚ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਅਤੇ ਸੰਮਤੀ ਦੇ ਆਪਣੇ ਹੀ ਦਲ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਚੁਣੇ ਜਾਣ ਦੇ ਸ਼ੁਕਰਾਨੇ ਵਜੋਂ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਸ੍ਰੀ ਆਖੰਡ ਸਾਹਿਬ ਦੇ ਭੋਗ ਪਾਏ ਗਏ ਅਤੇ ਦਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ, ਜਿਸ ਵਿਚ ਹਲਕੇ ਦੇ ਵਰਕਰਾਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ, ਜਿਸ ਕਾਰਨ ਇਸ ਮੀਟਿੰਗ ਨੇ ਇਕ ਰੈਲੀ ਦਾ ਰੂਪ ਧਾਰਨ ਕਰ ਲਿਆ। ਅਰਦਾਸ ਤੋਂ ਬਾਅਦ ਪੰਜਾਬ ਦੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਨੇ ਸੰਬੋਧਨ ਕਰਦਿਆਂ ਆਉਣ ਵਾਲੀਆਂ ਮਿਉਂਸਪਲ ਚੋਣਾਂ ਲਈ ਹੁਣੇ ਤੋਂ ਤਿਆਰੀਆਂ ਸ਼ੁਰੂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਤਕੜੇ ਹੋ ਕੇ ਮੈਦਾਨ ਵਿੱਚ ਉਤਰਨ ਅਤੇ ਡਰ-ਭੈਅ ਛੱਡ ਕੇ ਇਕਜੁੱਟਤਾ ਨਾਲ ਚੋਣਾਂ ਲੜਣ। ਉਨ੍ਹਾਂ ਕਿਹਾ ਕਿ ਜਿਹੜੇ ਵਰਕਰ ਚੋਣ ਲੜਨ ਤੋਂ ਡਰਦੇ ਹਨ, ਉਹ ਅੱਗੇ ਨਹੀਂ ਵੱਧ ਸਕਦੇ। ਉਨ੍ਹਾਂ ਆਪਣੇ ਸੰਬੋਧਨ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਖਾਸ ਤੌਰ 'ਤੇ ਉਭਾਰਦਿਆਂ ਕਿਹਾ ਕਿ



ਪਾਰਟੀ ਨੂੰ ਮਜ਼ਬੂਤ ਕਰਨ ਲਈ ਯੂਥ ਨੂੰ ਅੱਗੇ ਲਿਆਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਵਰਕਰਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਕਿ ਹਰ ਪਿੰਡ ਵਿੱਚ ਨੌਜਵਾਨਾਂ ਨੂੰ ਜ਼ਿੰਮੇਵਾਰੀਆਂ ਦਿੱਤੀਆਂ ਜਾਣ ਅਤੇ ਯੂਥ ਵਿੰਗ ਨੂੰ ਤਿੰਨ-ਤਿੰਨ ਸਰਗਰਮ ਮੈਂਬਰਾਂ ਨਾਲ ਤਿਆਰ ਕੀਤਾ ਜਾਵੇ, ਤਾਂ ਜੋ ਜ਼ਮੀਨੀ ਪੱਧਰ 'ਤੇ ਪਾਰਟੀ ਦੀ ਪਕੜ ਮਜ਼ਬੂਤ ਹੋ ਸਕੇ ਅਤੇ ਇਸ ਲਈ ਹਰ ਵਾਰਡ ਵਿੱਚ ਯੋਗ ਉਮੀਦਵਾਰ ਤਿਆਰ ਕੀਤੇ ਜਾਣ ਅਤੇ ਲੋਕਾਂ ਦੀ ਪਸੰਦ ਦੇ ਆਧਾਰ 'ਤੇ ਚੋਣ ਲੜਾਈ ਜਾਵੇ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਇੱਕ-ਇੱਕ ਵਾਰਡ ਲਈ ਵੱਧ ਤੋਂ ਵੱਧ ਨਾਮ ਭੇਜੇ ਜਾਣ, ਜਿਨ੍ਹਾਂ ਵਿੱਚੋਂ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਸ. ਮਲੂਕਾ ਨੇ ਜਥੇਬੰਦੀ ਮਜ਼ਬੂਤ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨੌਜਵਾਨਾਂ, ਦਲਿਤਾਂ, ਗਰੀਬ ਵਰਗਾਂ ਅਤੇ ਮਹਿਲਾਵਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਿਆ ਜਾਵੇ। ਉਨ੍ਹਾਂ ਦੱਸਿਆ ਕਿ ਹਰ ਪਿੰਡ ਵਿੱਚ ਵੱਖ-ਵੱਖ ਵਿੰਗਾਂ ਦੇ ਪ੍ਰਧਾਨ ਅਤੇ ਅਹੁਦੇਦਾਰ ਨਿਯੁਕਤ ਕਰਕੇ ਪਾਰਟੀ ਦਾ ਢਾਂਚਾ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿੱਥੇ ਜਥੇਬੰਦੀ ਮਜ਼ਬੂਤ ਹੁੰਦੀ ਹੈ, ਉੱਥੇ ਵੋਟਾਂ ਆਪਣੇ ਆਪ ਵਧਦੀਆਂ ਹਨ ਅਤੇ ਇਸ ਮੰਤਵ ਲਈ ਹਰ ਪਿੰਡ ਵਿੱਚ ਵੋਟਾਂ ਵਧਾਉਣ ਲਈ ਖਾਸ ਮੁਹਿੰਮ ਚਲਾਈ ਜਾਵੇ ਅਤੇ ਰੁੱਸੇ ਹੋਏ ਵਰਕਰਾਂ ਨੂੰ ਮਨਾਇਆ ਜਾਵੇ। ਉਨ੍ਹਾਂ ਜ਼ੋਰ ਦਿੱਤਾ ਕਿ ਆਪਸੀ ਖਿੱਚਤਾਣ ਛੱਡ ਕੇ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਹੈ। ਸਾਬਕਾ ਮੰਤਰੀ ਨੇ ਕਿਹਾ ਕਿ ਆਉਣ ਵਾਲਾ ਸਮਾਂ ਪਾਰਟੀ ਲਈ ਅਨੁਕੂਲ ਹੈ ਅਤੇ ਜੇਕਰ ਵਰਕਰ ਮਿਹਨਤ ਕਰਨਗੇ ਤਾਂ ਰਾਜਭਾਗ ਮੁੜ ਪਾਰਟੀ ਦੇ ਹੱਥ ਆ ਸਕਦਾ ਹੈ। ਉਨ੍ਹਾਂ ਵਰਕਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਜੋ ਵੀ ਪਾਰਟੀ ਲਈ ਇਮਾਨਦਾਰੀ ਨਾਲ ਕੰਮ ਕਰੇਗਾ, ਉਸ ਦੀ ਪੂਰੀ ਕਦਰ ਕੀਤੀ ਜਾਵੇਗੀ। ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਪੰਜਾਬ ਦੇ ਹਾਲਾਤਾਂ ਲਈ ਪਿਛਲੀਆਂ ਸਰਕਾਰਾਂ ਜ਼ਿੰਮੇਵਾਰ ਹਨ ਅਤੇ ਲੋਕ ਹੁਣ ਬਦਲਾਅ ਚਾਹੁੰਦੇ ਹਨ।

# ਵੇਦਾਂਤਾ ਪਾਵਰ ਖੇਤੀਬਾੜੀ ਦੇ ਕਚਰੇ ਤੋਂ ਊਰਜਾ ਬਣਾਉਣ ਦੀ ਪ੍ਰਕਿਰਿਆ ਨੂੰ ਵਧਾ ਰਹੀ ਹੈ

ਸਰਦੂਲਗੜ੍ਹ, 9 ਅਪ੍ਰੈਲ ( ਲਛਮਣ ਸਿੱਧੂ ) : ਜਦੋਂ ਭਾਰਤ ਹਵਾ ਪ੍ਰਦੂਸ਼ਣ ਨੂੰ ਘਟਾਉਣ ਲਈ ਵਿਵਹਾਰਿਕ ਹੱਲਾਂ ਦੀ ਖੋਜ ਕਰ ਰਿਹਾ ਹੈ, ਤਾਂ ਫਸਲੀ ਅਵਸ਼ੇਸ਼ਾਂ ਦਾ ਪ੍ਰਬੰਧਨ ਇੱਕ ਮੁੱਖ ਚੁਣੌਤੀ ਬਣਿਆ ਹੋਇਆ ਹੈ। ਕਈ ਸਾਲਾਂ ਤੋਂ, ਕਿਸਾਨਾਂ ਵੱਲੋਂ ਅਗਲੇ ਫਸਲ ਚੱਕਰ ਲਈ ਖੇਤਾਂ ਨੂੰ ਜਲਦੀ ਸਾਫ ਕਰਨ ਲਈ ਪਰਾਲ਼ੀ ਸਾੜਨਾ ਹੀ ਇਕਲੌਤਾ ਯੋਗ ਵਿਕਲਪ ਮੰਨਿਆ ਜਾਂਦਾ ਰਿਹਾ ਹੈ, ਹਾਲਾਂਕਿ ਇਹ ਪ੍ਰਥਾ ਸਰਦੀਆਂ ਦੇ ਮਹੀਨਿਆਂ ਦੌਰਾਨ ਆਪਣੇ ਚਰਮ 'ਤੇ ਹੁੰਦੀ ਹੈ, ਪਰ ਇਸਦਾ ਉੱਤਰੀ ਭਾਰਤ ਵਿੱਚ, ਖਾਸ ਕਰਕੇ ਪੰਜਾਬ, ਹਰਿਆਣਾ ਅਤੇ ਐਨਸੀਆਰ ਵਿੱਚ ਹਵਾ ਦੀ ਗੁਣਵੱਤਾ 'ਤੇ ਗੰਭੀਰ ਅਸਰ ਪੈਂਦਾ ਹੈ, ਜਿਸ ਕਰਕੇ ਮੌਸਮ ਆਉਣ ਤੋਂ ਪਹਿਲਾਂ ਹੀ ਸ਼ੁਰੂਆਤੀ ਅਤੇ ਵੱਡੇ ਪੱਧਰ ਦੇ ਸੁਧਾਰ ਬਹੁਤ ਜ਼ਰੂਰੀ ਹਨ।ਇਸਦੇ ਜਵਾਬ ਵਜੋਂ, ਕਮਿਸ਼ਨ ਫਾਰ ਏਅਰ ਕਵਾਲਟੀ ਮੈਨੇਜਮੈਂਟ ਨੇ ਦਿੱਲੀ ਤੋਂ 300 ਕਿਲੋਮੀਟਰ ਦੇ ਘੇਰੇ ਵਿੱਚ ਆਉਣ ਵਾਲੇ ਥਰਮਲ ਪਾਵਰ ਪਲਾਂਟਾਂ ਲਈ ਕੋਲੇ ਦੇ ਨਾਲ ਬਾਇਓਮਾਸ ਦੀ ਕੋ-ਫਾਇਰਿੰਗ ਲਾਜ਼ਮੀ ਕੀਤੀ ਹੈ, ਜਿਸ ਨਾਲ ਊਰਜਾ ਉਤਪਾਦਨ ਅਤੇ ਖੇਤੀਬਾੜੀ ਕਚਰੇ ਦੇ ਪ੍ਰਬੰਧਨ ਵਿਚਕਾਰ ਸਿੱਧਾ ਸੰਬੰਧ ਬਣਦਾ ਹੈ ਅਤੇ ਮੌਸਮੀ ਪ੍ਰਦੂਸ਼ਣ ਦੇ ਵਾਧੇ ਨੂੰ ਕਾਬੂ ਕਰਨ ਵਿੱਚ ਮਦਦ ਮਿਲਦੀ ਹੈ।ਇਸ ਬਦਲਾਅ ਦਾ ਇੱਕ ਅੱਗੇ ਵੱਧ ਉਦਾਹਰਨ ਵੇਦਾਂਤਾ ਪਾਵਰ ਦਾ



ਤਲਵੰਡੀ ਸਾਬੋ ਪਾਵਰ ਲਿਮਿਟੇਡ ਪਲਾਂਟ ਹੈ, ਜੋ ਪੰਜਾਬ ਦੇ ਮੰਸਾ ਵਿੱਚ ਸਥਿਤ ਹੈ। ਇਸ ਪਲਾਂਟ ਨੇ ਵਿੱਤੀ ਸਾਲ 2026 ਵਿੱਚ ਹੁਣ ਤੱਕ 5.21% ਦੀ ਔਸਤ ਬਾਇਓਮਾਸ ਕੋ-ਫਾਇਰਿੰਗ ਦਰ ਹਾਸਲ ਕੀਤੀ ਹੈ, ਜੋ ਲਾਜ਼ਮੀ ਮਾਪਦੰਡਾਂ ਤੋਂ ਵੱਧ ਹੈ। ਇਹ ਟੋਰਰਿਫਾਈਡ ਬਾਇਓਮਾਸ ਦੇ ਸਭ ਤੋਂ ਵੱਡੇ ਉਪਭੋਗਤਾਵਾਂ ਵਿੱਚੋਂ ਇੱਕ ਬਣ ਚੁੱਕਾ ਹੈ ਅਤੇ ਨਿੱਜੀ ਖੇਤਰ ਵਿੱਚ ਸ਼੍ਰੇਸ਼ਠ ਪ੍ਰਦਰਸ਼ਨ ਕਰਨ ਵਾਲਿਆਂ ਵਿੱਚ ਆਪਣੀ ਪਹਿਚਾਣ ਬਣਾਈ ਹੈ।ਇਸ ਮਾਡਲ ਦਾ ਮੂਲ ਸਿਧਾਂਤ ਸਧਾਰਣ ਹੈ: ਖੇਤਾਂ ਵਿੱਚ ਧਾਨ ਦੀ ਪਰਾਲੀ ਸਾੜਨ ਦੀ ਬਜਾਇ, ਕਿਸਾਨ ਇਸਨੂੰ ਵੇਚ ਸਕਦੇ ਹਨ ਅਤੇ ਇਸਨੂੰ ਪਾਵਰ ਪਲਾਂਟਾਂ ਲਈ ਇੰਧਨ ਵਿੱਚ ਤਬਦੀਲ ਕੀਤਾ ਜਾਂਦਾ ਹੈ। ਟੀਐਸਪੀਐਲ ਨੇ ਵਿੱਤੀ ਸਾਲ 2026 ਵਿੱਚ 3,60,347.54 ਮੀਟ੍ਰਿਕ ਟਨ ਟੋਰਰਿਫਾਈਡ ਬਾਇਓਮਾਸ ਦੀ ਕੋ-ਫਾਇਰਿੰਗ ਕੀਤੀ ਹੈ ਅਤੇ 0.40 ਮਿਲੀਅਨ ਟਨ CO, ਉਤਸਰਜਨ ਵਿੱਚ ਕਮੀ ਵਿੱਚ ਯੋਗਦਾਨ ਪਾਇਆ ਹੈ। ਇਸ ਨੇ ਮੰਸਾ ਖੇਤਰ ਵਿੱਚ ਕਰੀਬ 3800 ਕਿਸਾਨਾਂ ਨੂੰ ਜੋੜਿਆ ਹੈ, 8 ਲੱਖ ਤੋਂ ਵੱਧ ਮੀਟ੍ਰਿਕ ਟਨ ਧਾਨ ਦੀ ਪਰਾਲੀ ਸੁਰੱਖਿਅਤ ਕੀਤੀ ਹੈ ਅਤੇ ਇੱਕ ਵੱਡੀ, ਸੁਚੱਜੀ ਟੋਰਰਿਫਾਈਡ ਬਾਇਓਮਾਸ ਸਪਲਾਈ ਚੇਨ ਇਕੋਸਿਸਟਮ ਬਣਾਉਣ ਵਿੱਚ ਮਦਦ ਕੀਤੀ ਹੈ।ਇਸ ਨੂੰ ਸਮਰਥਨ ਦੇਣ ਲਈ, ਕੰਪਨੀ ਨੇ ਪੰਜਾਬ ਦੀ ਸਭ ਤੋਂ ਵੱਡੀ ਟੋਰਰਿਫਾਈਡ ਬਾਇਓ-ਪੈਲਟ ਮੈਨੂਫੈਕਚਰਿੰਗ ਫੈਸਿਲਟੀ ਦੇ ਵਿਕਾਸ ਨੂੰ ਯੋਗ ਬਣਾਇਆ ਹੈ, ਜਿਸ ਦੀ ਸਮਰੱਥਾ 1000 ਟਨ ਪ੍ਰਤੀ ਦਿਨ ਹੈ। ਇਸ ਨਾਲ ਯਕੀਨੀ ਬਣਾਇਆ ਜਾਂਦਾ ਹੈ ਕਿ ਫਸਲੀ ਅਵਸ਼ੇਸ਼ ਲਗਾਤਾਰ ਵਰਤੋਂਯੋਗ ਇੰਧਨ ਵਿੱਚ ਤਬਦੀਲ ਹੁੰਦੇ ਰਹਿਣ, ਨਾਲ ਹੀ ਕਿਸਾਨਾਂ ਲਈ ਇੱਕ ਭਰੋਸੇਯੋਗ ਬਾਜ਼ਾਰ ਵੀ ਤਿਆਰ ਹੁੰਦਾ ਹੈ।ਇਸਦਾ ਪ੍ਰਭਾਵ ਪਹਿਲਾਂ ਹੀ ਨਜ਼ਰ ਆ ਰਿਹਾ ਹੈ। ਮੰਸਾ ਵਿੱਚ, ਕੱਟਾਈ ਦੇ ਮੌਸਮ ਦੇ ਅੰਤ 'ਤੇ ਪਰਾਲੀ ਸਾੜਨ ਦੇ ਮਾਮਲੇ ਤੇਜ਼ੀ ਨਾਲ ਘਟੇ ਹਨ—2023 ਵਿੱਚ 2,253 ਤੋਂ ਘਟ ਕੇ 2025 ਵਿੱਚ 306 ਰਹਿ ਗਏ ਹਨ, ਜੋ ਕਿ 87% ਦੀ ਕਮੀ ਹੈ। 100 ਤੋਂ ਵੱਧ ਪਿੰਡਾਂ ਨੇ ਜ਼ੀਰੋ ਫਾਰਮ ਫਾਇਰਜ਼ ਦੀ ਰਿਪੋਰਟ ਕੀਤੀ ਹੈ ਅਤੇ 28,000 ਏਕੜ ਤੋਂ ਵੱਧ ਖੇਤੀਬਾੜੀ ਜ਼ਮੀਨ ਨੂੰ ਸਾੜਨ ਤੋਂ ਬਚਾਇਆ ਗਿਆ ਹੈ। ਇਹ ਬਦਲਾਅ ਸਿਰਫ ਸਥਾਨਕ ਹੀ ਨਹੀਂ, ਸਗੋਂ ਵੱਡੇ ਖੇਤਰ ਵਿੱਚ ਵੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਯੋਗਦਾਨ ਪਾ ਰਹੇ ਹਨ।

# ਅਮਨ ਅਰੋੜਾ ਵੱਲੋਂ ਕ੍ਰਿਸ਼ਨਾ ਦੇਵੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਸੁਨਾਮ ਊਧਮ ਸਿੰਘ ਵਾਲਾ, 9 ਅਪ੍ਰੈਲ ( ਰਾਉਵਿਰਿੰਦਰ ਸਿੰਘ ਮਠਾੜੂ/ਮੋਹਣ ਸ਼ਰਮਾ) : ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸੁਨਾਮ ਦੇ ਪ੍ਰਸਿੱਧ ਸਿੰਗਲਾ ਪਰਿਵਾਰ ਦੀ ਮਾਤਾ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਦੇ ਦੇਹਾਂਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੀਡੀਆ ਕਰਮੀ ਰਾਜੀਵ ਸਿੰਗਲਾ ਅਤੇ ਕਾਰੋਬਾਰੀ ਰੂਪੇਸ਼ ਸਿੰਗਲਾ ਦੀ ਮਾਤਾ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਦਾ ਦੇਹਾਂਤ ਸਿਰਫ਼ ਸਿੰਗਲਾ ਪਰਿਵਾਰ ਹੀ ਨਹੀਂ, ਸਗੋਂ ਪੂਰੇ ਇਲਾਕੇ ਲਈ ਇੱਕ ਵੱਡਾ ਅਤੇ ਅਪੂਰਣਯੋਗ ਘਾਟਾ ਹੈ। ਉਨ੍ਹਾਂ ਕਿਹਾ ਕਿ ਮਾਤਾ ਕ੍ਰਿਸ਼ਨਾ ਦੇਵੀ ਨੇ ਆਪਣੇ ਜੀਵਨ ਦੌਰਾਨ ਸਾਦਗੀ, ਸੇਵਾ ਅਤੇ ਮਨੁੱਖਤਾ ਦੇ ਉੱਚੇ ਆਦਰਸ਼ਾਂ ਨੂੰ ਅਪਣਾਇਆ ਅਤੇ ਆਪਣੇ ਪਰਿਵਾਰ ਨੂੰ ਵੀ ਇਨ੍ਹਾਂ ਹੀ ਮੁੱਲਾਂ ਨਾਲ ਜੋੜਿਆ।ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਮਾਤਾ ਇੱਕ ਧਾਰਮਿਕ ਵਿਚਾਰਧਾਰਾ ਵਾਲੀ, ਦਿਆਲੂ ਅਤੇ ਸਹਿਯੋਗੀ ਸੁਭਾਅ ਦੀ ਮਾਲਕ ਸਨ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਦੀ ਭਲਾਈ ਅਤੇ ਸਮਾਜਿਕ ਏਕਤਾ ਨੂੰ ਪ੍ਰੋਤਸਾਹਿਤ ਕੀਤਾ। ਉਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਕੀਤੀ ਜਾਵੇਗੀ।ਕੈਬਨਿਟ ਮੰਤਰੀ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਦੁੱਖ ਦੀ ਇਸ ਘੜੀ ਵਿੱਚ ਪਰਿਵਾਰ ਨੂੰ ਹੌਸਲਾ, ਧੀਰਜ ਅਤੇ ਤਾਕਤ ਬਖ਼ਸ਼ੇ। ਉਨ੍ਹਾਂ ਨੇ ਅੱਗੇ ਕਿਹਾ ਕਿ ਇਸ ਦੁੱਖ ਭਰੀ ਘੜੀ ਵਿੱਚ ਉਹ ਸਿੰਗਲਾ ਪਰਿਵਾਰ ਦੇ ਨਾਲ ਖੜ੍ਹੇ ਹਨ ਅਤੇ ਪਰਿਵਾਰ ਦੇ ਦੁੱਖ ਵਿੱਚ ਸ਼ਾਮਲ ਹਨ।ਉਨ੍ਹਾਂ ਵੱਲੋਂ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸਨੇਹੀਆਂ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਗਈ ਅਤੇ ਵਿਛੜੀ ਆਤਮਾ ਦੀ ਆਤਮਿਕ ਸ਼ਾਂਤੀ ਲਈ ਪ੍ਰਾਰਥਨਾ ਕੀਤੀ।ਇਸ ਮੌਕੇ ਜਤਿੰਦਰ ਜੈਨ, ਮੁਕੇਸ਼ ਜੁਨੇਜਾ, ਰਵੀ ਕਮਲ ਗੋਇਲ, ਸੰਦੀਪ ਜਿੰਦਲ, ਮਨਪ੍ਰੀਤ ਬਾਂਸਲ, ਹਰਚੰਦ ਭੁੱਲਰ, ਸਰਬਜੀਤ ਧਾਲੀਵਾਲ, ਯਸ਼ ਪਾਲ ਮੰਗਲਾ, ਰਾਕੇਸ਼ ਗਾਗੀ, ਰਾਕੇਸ਼ ਸ਼ਰਮਾ ਅਤੇ ਅਜੈ ਜਿੰਦਲ ਵਲੋਂ ਵੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

# ਸਲਾਈਟ ਵਿਦਿਆਰਥੀਆਂ ਨੇ ਕੀਤਾ ਐਸ.ਕੇ. ਐਗਰੋ ਫੂਡ ਇੰਡਸਟਰੀਜ਼ ਦਾ ਉਦਯੋਗਿਕ ਦੌਰਾ

ਲੌਂਗੋਵਾਲ, 9 ਅਪ੍ਰੈਲ (ਭਗਵੰਤ ਸ਼ਰਮਾ) - ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ) ਲੌਂਗੋਵਾਲ ਦੇ ਫੂਡ ਇੰਜਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਨੇ ਆਧੁਨਿਕ ਫੂਡ ਪ੍ਰੋਸੈਸਿੰਗ ਕਾਰਜਾਂ ਬਾਰੇ ਪ੍ਰੈਕਟੀਕਲ ਸਮਝ ਪ੍ਰਾਪਤ ਕਰਨ ਲਈ ਪੰਜਾਬ ਦੇ ਅਤਿ ਆਧੁਨਿਕ ਪਲਾਂਟ ਐਸ.ਕੇ. ਐਗਰੋ ਫੂਡ ਇੰਡਸਟਰੀਜ਼ ਬਡਬਰ ਦਾ ਉਦਯੋਗਿਕ ਦੌਰਾ ਕੀਤਾ। ਪ੍ਰੋ. ਮਨੀਕਾਂਤ ਪਾਸਵਾਨ ਡਾਇਰੈਕਟਰ ਸਲਾਈਟ ਦੀ ਅਗਵਾਈ ਹੇਠ ਇਹ ਦੌਰਾ ਵਿਭਾਗ ਦੇ ਮੁਖੀ ਪ੍ਰੋਫੈਸਰ ਸੀ.ਐਸ. ਰਿਆੜ ਦੇ ਮਾਰਗਦਰਸ਼ਨ ਵਿੱਚ ਕੀਤਾ ਗਿਆ। ਜਿਸ ਵਿੱਚ ਨਵਦੀਪ ਜਿੰਦਲ, ਮੈਡਮ ਪ੍ਰਵੀਨ ਅਤੇ ਹੋਰ ਅਧਿਆਪਕ ਸ਼ਾਮਲ ਸਨ। ਐਸ.ਕੇ. ਐਗਰੋ ਫੂਡ ਵਲੋਂ ਉਦਯੋਗ ਦੇ ਪ੍ਰੋਪਰਾਈਟਰ ਨਵਲ ਗਰਗ



ਅਤੇ ਅਭਿਸ਼ੇਕ ਗਰਗ ਨੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਨੂੰ ਪਲਾਂਟ ਬਾਰੇ ਉਦਯੋਗਿਕ ਸਮਝ ਪ੍ਰਦਾਨ ਕੀਤੀ। ਇਸ ਦੌਰੇ ਦੌਰਾਨ ਸੰਜੇ ਗਰਗ ਨੇ ਵਿਦਿਆਰਥੀਆਂ ਨੂੰ ਸਵਿਟਜ਼ਰਲੈਂਡ ਤੋਂ ਲਿਆਂਦੀ ਅਤਿ-ਆਧੁਨਿਕ ਮਸੀਨਰੀ ਅਤੇ ਨਿਰਮਾਣ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਜਿੱਥੇ ਉਨ੍ਹਾਂ ਨੇ ਉੱਚ ਮਿਆਰੀ ਲੈਬ ਟੈਸਟਿੰਗ, ਰੱਖ ਰਖਾਓ, ਕੁਆਲਿਟੀ ਕੰਟਰੋਲ, ਅਤੇ ਪੈਕੇਜਿੰਗ ਦੀ ਆਟੋਮੈਟਿਕ ਪ੍ਰਕਿਰਿਆ ਤੋਂ ਇਲਾਵਾ ਆਟਾ, ਮੈਦਾ, ਦਲੀਆ, ਚੋਕਰ ਅਤੇ ਸੂਜੀ ਦੀਆਂ ਨਿਰਮਾਣ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਵਿਦਿਆਰਥੀਆਂ ਨੇ ਵੱਡੇ ਪੱਧਰ ਤੇ ਭੋਜਨ ਉਤਪਾਦਨ ਵਿੱਚ ਅਪਣਾਏ ਜਾਣ ਵਾਲੇ ਸਖ਼ਤ ਸੁਰੱਖਿਆ ਪ੍ਰੋਟੋਕੋਲ ਅਤੇ ਕੁਆਲਿਟੀ ਬਾਰੇ ਗਿਆਨ ਪ੍ਰਾਪਤ ਕੀਤਾ।

# ਇੰਦਰਜੀਤ ਸ਼ਰਮਾ ਦੇ ਦੇਹਾਂਤ 'ਤੇ ਵੱਖ ਵੱਖ ਆਗੂਆਂ ਵੱਲੋਂ ਦੁੱ ਖ ਦਾ ਪ੍ਰਗਟਾਵਾ

ਬਾਜਾਖਾਨਾ, 9 ਅਪ੍ਰੈਲ (ਅਵਤਾਰ ਸਿੰਘ ਮੱਲਾ) : ਪਿਛਲੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਸੀਨੀਅਰ ਆਗੂ ਅਤੇ ਪੁਲਿਸ ਇੰਨਸਪੈਕਟਰ ਸ੍ਰੀ ਕੁਲਬੀਰ ਚੰਦ ਸ਼ਰਮਾ ਅਤੇ ਸ੍ਰੀ ਅਰੁਣਜੀਤ ਸਰਮਾ ਦੇ ਵੱਡੇ ਭਰਾ ਸ੍ਰੀ ਇੰਦਰਜੀਤ ਸ਼ਰਮਾ ਜੋ ਕਿ ਪਿਛੇ ਲੰਬੇ ਸਮੇ ਬਿਮਾਰ ਚੱਲੇ ਆ ਰਹੇ ਸਨ ਉਹਨਾਂ ਦਾ ਦੇਹਾਂਤ ਹੋ ਗਿਆ, ਜਿਸ ਨਾਲ ਪਰਿਵਾਰ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਕਿਉਕਿ ਇੰਦਰੀਤ ਸ਼ਰਮਾ ਇੱਕ ਚੰਗੇ ਸੁਭਾਅ ਦੇ ਮਾਲਕ ਮਿੱਠ ਬੋਲੜੇ ਅਤੇ ਇੱਕ ਚੰਗੇ ਬੁਲਾਰੇ ਸਨ । ਪਰਿਵਾਰ ਅਤੇ ਛੋਟੇ ਭਰਾ ਇੰਨਸਪੈਕਟਰ ਕੁਲਬੀਰ ਚੰਦ ਸਰਮਾ ਅਤੇ ਅਰੁਣਜੀਤ ਸਰਮਾ ਨਾਲ ਸ੍ਰੋਮਣੀ ਅਕਾਲੀ ਦੇ ਵੱਖ-ਵੱਖ ਆਗੂਆਂ ਵੱਲੋ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਜਿੰਨ੍ਹਾਂ ਸ੍ਰ ਮਨਤਾਰ ਸਿੰਘ ਬਰਾੜ ਸਾਬਕਾ ਐਮ ਐਲ ਏ ਸ੍ਰ ਸੂਬਾ ਸਿੰਘ ਬਾਦਲ ਹਲਕਾ ਇਨਚਾਰਜ ਜੈਤੋ ਸ੍ਰ ਸੇਰ ਸਿੰਘ ਮੰਡਵਾਲਾ ਜ਼ਿਲ੍ਹਾ ਪ੍ਰਧਾਨ ਸਰੋਮਣੀ ਅਕਾਲੀ ਦਲ ਫਰੀਦਕੋਟ ਸ੍ਰ ਰਾਜਵਿੰਦਰ ਸਿੰਘ ਧਰਮਕੋਟ ਸ੍ਰ ਯਾਦਵਿੰਦਰ ਸਿੰਘ ਜੈਲਦਾਰ ਸ੍ਰ ਗੁਰਚੇਤ ਸਿੰਘ ਢਿੱਲੋਂ ਵਰਕਿੰਗ ਕਮੇਟੀ ਮੈਬਰ ਸ੍ਰ ਤਰਲੋਚਨ ਸਿੰਘ ਦੁੱਲਟ,ਭੁਪਿੰਦਰ ਸਿੰਘ ਲਾਲੀ ਬਾਦਲ ਮੈਂਬਰ ਜ਼ਿਲ੍ਹਾ ਪ੍ਰੀਸ਼ਦ,ਡਾ. ਗੁਰਨਾਇਬ ਸਿੰਘ ਮੱਲਾ ਸਰਕਲ ਪ੍ਰਧਾਨ ਬਾਜਾਖਾਨਾ ਸ੍ਰ ਗੁਰਬਖਸ ਸਿੰਘ ਸਾਬਕਾ ਸਰਪੰਚ ਮੱਲਾ ਰਾਜਪਾਲ ਸਿੰਘ ਡੇਲਿਆਂਵਾਲੀ , ਬੀਬੀ ਅਮਰਜੀਤ ਕੌਰ ਪੰਜਗਰਾਈ . ਗੁਰਤੇਗਪਾਲ ਸੀਰਾ ਜੈਤੋ .ਨਿਰਮਲ ਸਿੰਘ ਵੜਿੰਗ ਡੋਡ ,ਪਰਗਟ ਸਿੰਘ ਡੋਡ ,ਸਾਬਕਾ ਸਰਪੰਚ ਜਗਰੂਪ



ਸਿੰਘ ਘਣੀਆ ਯੂਥ ਆਗੂ ਦਿਆ ਸਿੰਘ ਘਣੀਆ ਕਨੇਡਾ, ਜਗਮੀਤ ਸਿੰਘ ਘਣੀਆ,ਗੁਲਸਨ ਰੋਮਾਣਾ ਹਰਭਗਵਾਨ ਘਣੀਆ , ਯੂਥ ਆਗੂ ਜਗਸੀਰ ਸਿੰਘ ਸੀਰਾ ਬਾਜਾਖਾਨਾ,ਕੁਲਦੀਪ ਸਿੰਘ ਢਿੱਲੋ ਬਾਜਾਖਾਨਾ,ਸਰਬਜੀਤ ਸਿੰਘ ਬਾਜਾਖਾਨਾ ,ਅੰਗਰੇਜ ਸਿੰਘ ਝੱਖੜਵਾਲਾ ਨੋਨਾ ਝੱਖੜਵਾਲਾ ਜਸਵਿੰਦਰ ਸਿੰਘ ਝੱਖੜਵਾਲਾ , ਬੌਬੀ ਢਿੱਲੋ ਝੱਖੜਵਾਲਾ, ਅੰਗਰੇਜ ਸਿੰਘ ਝੱਖੜਵਾਲਾ, ਰਵੀ ਸਿੰਘ ਝੱਖੜਵਾਲਾ, ਚਮਕੌਰ ਸਿੰਘ ਝੱਖੜਵਾਲਾ ,ਕੁਲਵੀਰ ਸਿੰਘ ਝੱਖੜਵਾਲਾ, ਬਿੱਟੂ ਸਿੰਘ ਦਲ ਸਿੰਘ ਵਾਲਾ,ਸਰਬਜੀਤ ਸਿੰਘ ਸਰਪੰਚ ਦਬੜੀਖਾਨਾ ,ਸਾਬਕਾ ਸਰਪੰਚ ਗੁਰਾਂਦਿਤਾ ਸਿੰਘ ਸਾਬਕਾ ਸਰਪੰਚ ਦਬੜੀਖਾਨਾ , ਗਰਮੀਤ ਸਿੰਘ ਸਾਬਕਾ ਸਰਪੰਚ ਉਕੰਦਵਾਲਾ ਡਾ ਮਲਕੀਤ ਸਿੰਘ ਰਾਊਵਾਲਾ ਆਦਿ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ । 12 ਤਰੀਕ ਨੂੰ ਗੁਰਦੁਆਰਾ ਗੰਗਸਰ ਦੀਵਾਨ ਹਾਲ ਜੈਤੋ ਵਿਖੇ ਭੋਗ ਪਾਇਆ ਜਾਵੇਗਾ।

# ਅਮਨ ਅਰੋੜਾ ਵੱਲੋਂ ਹਲਕਾ ਸੁਨਾਮ ਦੇ ਪਿੰਡਾਂ ਦੇ ਵਿਕਾਸ ਲਈ 65 ਲੱਖ ਰੁਪਏ ਦੇ ਚੈੱਕ ਤਕਸੀਮ

## ਬਲਵਾੜ ਕਲਾਂ, ਖੁਰਾਣੀ, ਸੋਹੀਆਂ ਕਲਾਂ, ਈਲਵਾਲ, ਕਨੋਈ ਤੇ ਕੁਲਾਰ ਖੁਰਦ ਵਿਖੇ ਵਿਕਾਸ ਕਾਰਜਾਂ ਲਈ ਚੈੱਕ ਵੰਡੇ

ਸੁਨਾਮ ਊਧਮ ਸਿੰਘ ਵਾਲਾ, 9 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) :ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਹਲਕੇ ਦੇ ਪਿੰਡ ਬਲਵਾੜ ਕਲਾਂ, ਖੁਰਾਣੀ, ਸੋਹੀਆਂ ਕਲਾਂ, ਈਲਵਾਲ, ਕਨੋਈ ਅਤੇ ਕੁਲਾਰ ਖੁਰਦ ਦਾ ਵਿਸਤ੍ਰਿਤ ਦੌਰਾ ਕਰਦਿਆਂ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਲਈ 65 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਪੰਚਾਇਤਾਂ ਨੂੰ ਸੌਂਪੇ। ਇਸ ਮੌਕੇ ਉਨ੍ਹਾਂ ਨੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਵੀ ਲਿਆ ਅਤੇ ਸਥਾਨਕ ਲੋਕਾਂ ਨਾਲ ਸੰਵਾਦ ਕਰਦੇ ਹੋਏ, ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਮਾਡਲ ਪਿੰਡਾਂ ਵਿੱਚ ਤਬਦੀਲ ਕਰਨ ਲਈ ਵਚਨਬੱਧ ਹੈ ਅਤੇ ਇਸੇ ਦਿਸ਼ਾ ਵਿੱਚ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਤਹਿਤ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ, ਗਲੀ-ਨਾਲੀਆਂ ਬਣਾਉਣ, ਸਾਫ਼ ਪੀਣਯੋਗ ਪਾਣੀ ਦੀ ਉਪਲੱਬਧਤਾ, ਸਟਰੀਟ



ਲਾਈਟਾਂ ਦੀ ਸਥਾਪਨਾ ਅਤੇ ਸਰਕਾਰੀ ਇਮਾਰਤਾਂ ਦੀ ਮੁਰੰਮਤ ਵਰਗੇ ਕੰਮ ਤਰਜੀਹੀ ਅਧਾਰ ਤੇ ਕੀਤੇ ਜਾ ਰਹੇ ਹਨ।ਉਨ੍ਹਾਂ ਹੋਰ ਦੱਸਿਆ ਕਿ ਇਹ ਗ੍ਰਾਂਟਾਂ ਪਿੰਡ ਵਾਸੀਆਂ ਦੀਆਂ ਮੰਗਾਂ ਅਤੇ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜਾਰੀ ਕੀਤੀਆਂ ਗਈਆਂ ਹਨ, ਤਾਂ ਜੋ ਕੋਈ ਵੀ ਪਿੰਡ ਵਿਕਾਸ ਪੱਖੋਂ ਪਿੱਛੇ ਨਾ ਰਹਿ ਜਾਵੇ। ਕੈਬਨਿਟ ਮੰਤਰੀ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਨੂੰ ਸਮੇਂ-ਸਿਰ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਸਰਕਾਰੀ ਫੰਡਾਂ ਦੀ ਸਹੀ ਵਰਤੋਂ ਨਾਲ ਹੀ ਲੋਕਾਂ ਦਾ ਭਰੋਸਾ ਮਜ਼ਬੂਤ ਹੁੰਦਾ ਹੈ ਅਤੇ ਇਲਾਕੇ ਦੀ ਤਰੱਕੀ ਸੰਭਵ ਬਣਦੀ ਹੈ।ਕੈਬਨਿਟ ਮੰਤਰੀ ਨੇ ਕੁਝ ਚੱਲ ਰਹੇ ਕੰਮਾਂ ਦੀ ਮੌਕੇ ਤੇ ਜਾਂਚ ਵੀ ਕੀਤੀ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਦੇ ਹੋਏ ਕੰਮ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਸਬਜ਼ੀ ਕਾਸ਼ਤਕਾਰਾਂ ਦੇ ਬਰਸਾਤ ਕਾਰਨ ਹੋਏ ਨੁਕਸਾਨ ਬਾਬਤ ਮੀਡੀਆ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫਸਲਾਂ ਦੇ ਨੁਕਸਾਨ ਸਬੰਧੀ ਵਿਸ਼ੇਸ਼ ਗਿਰਦਾਵਰੀ ਦੇ ਨਿਰਦੇਸ਼ ਦੇ ਦਿੱਤੇ ਗਏ ਹਨ ਤੇ ਹਰ ਕਿਸਾਨ ਨੂੰ ਢੁਕਵਾਂ ਮੁਆਵਜ਼ਾ ਦਿੱਤਾ ਜਾਵੇਗਾ ਤੇ ਸਬਜ਼ੀਆਂ ਦੇ ਹੋਏ ਨੁਕਸਾਨ ਸਬੰਧੀ ਵੀ ਵਿਸ਼ੇਸ਼ ਗਿਰਦਾਵਰੀ ਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕੈਬਨਿਟ ਮੰਤਰੀ ਨੇ ਇਸ ਮੌਕੇ ਇਹ ਵੀ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੀ ਧਰਤੀ ਯੋਧਿਆਂ, ਸੰਘਰਸ਼ੀਆਂ ਤੇ ਸ਼ਹੀਦਾਂ ਦੀ ਧਰਤੀ ਹੈ ਤੇ ਇਸ ਧਰਤੀ ਸਬੰਧੀ ਕਿਸੇ ਵੱਲੋਂ ਵੀ ਬੋਲਿਆ ਕੋਈ ਵੀ ਅਪਮਾਨਜਨਕ ਸ਼ਬਦ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਪਿੰਡਾਂ ਦੇ ਵਾਸੀਆਂ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਗ੍ਰਾਂਟਾਂ ਨਾਲ ਲੰਬੇ ਸਮੇਂ ਤੋਂ ਪੈਂਡਿੰਗ ਪਏ ਵਿਕਾਸ ਕਾਰਜ ਹੁਣ ਜਲਦੀ ਮੁਕੰਮਲ ਹੋਣਗੇ, ਜਿਸ ਨਾਲ ਪਿੰਡਾਂ ਦੀ ਹਾਲਤ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜ ਜ਼ਮੀਨੀ ਪੱਧਰ ਤੇ ਨਜ਼ਰ ਆ ਰਹੇ ਹਨ। ਇਸ ਮੌਕੇ ਸਥਾਨਕ ਪੰਚਾਇਤ ਮੈਂਬਰਾਂ, ਪ੍ਰਮੁੱਖ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਐਨ.ਡੀ.ਪੀ.ਐਸ. ਐਕਟ ਤਹਿਤ 6 ਮੁਕੱਦਮੇ ਦਰਜ; 8 ਮੁਲਜ਼ਮ ਗ੍ਰਿਫ਼ਤਾਰ

ਸੰਗਰੂਰ, 9 ਅਪ੍ਰੈਲ(ਹਰਕੰਵਲ ਸਿੰਘ ਹੈਪੀ) :ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜ਼ਨ ਸੰਗਰੂਰ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਅਤੇ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਲੰਘੇ ਹਫਤੇ ਮਿਤੀ 31.03.2026 ਤੋਂ 06.04.2026 ਦੌਰਾਨ ਡਰੱਗ ਦੇ 06 ਕੇਸ ਦਰਜ ਕਰ ਕੇ 08 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਉਪਰੰਤ 45 ਗ੍ਰਾਮ ਹੈਰੋਇਨ/ਚਿੱਟਾ, 04 ਕਿਲੋ 500 ਗ੍ਰਾਮ ਗਾਂਜਾ ਅਤੇ 05 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ ਬ੍ਰਾਮਦ ਕੀਤੀ ਗਈ ਹੈ।ਇਸ ਤੋਂ ਇਲਾਵਾ ਹੀਨੀਅਸ ਕਰਾਇਮ ਵਾ ਹੋਰ ਜੁਰਮਾਂ ਤਹਿਤ 09 ਕਥਿਤ ਦੋਸ਼ੀਆਨ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 05 ਵਿਅਕਤੀਆਂ ਨੂੰ ਨਸ਼ੇ ਤੋਂ ਨਿਜਾਤ ਦਿਵਾਉਣ ਲਈ ਦਵਾਈ ਦਿਵਾਈ ਗਈ ਹੈ।ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 112 ਟਰੈਫਿਕ ਚਲਾਨ ਕੀਤੇ ਗਏ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਕੇ 110 ਵਿਅਕਤੀਆਂ ਵਿਰੁੱਧ 172 ਤਹਿਤ ਕਾਰਵਾਈ ਕੀਤੀ ਗਈ ਅਤੇ 04 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ ਸਪੋਰਟਸ ਕਲੱਬਾਂ/ਮੋਹਤਵਤਰਾਂ ਨਾਲ ਮੀਟਿੰਗਾਂ ਕਰ ਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਨਸ਼ਿਆ ਸਬੰਧੀ ਪੁਲਿਸ ਨੂੰ ਸਮੇਂ ਸਿਰ ਸੂਚਨਾ ਦੇਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਇਤਲਾਹ ਮਿਲਣ ਤੇ ਫੌਰੀ ਕਾਨੂੰਨੀ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।



# ਪਟਿਆਲਾ-ਆਸ/ਪਾਸ



## ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਨੂੰ ਪਰਾਲੀ ਨੂੰ ਅੱਗ ਲਾਉਣ ਦੇ ਮਾਮਲੇ ਘਟਾਉਣ ਦੀ ਪਹਿਲ ਲਈ ਮਿਲਿਆ ਸਕੌਚ ਸਿਲਵਰ ਐਵਾਰਡ

ਪਟਿਆਲਾ, 9 ਅਪ੍ਰੈਲ (ਰੁਪਾਣਾ/ਦੀਪਕ ਜੈਦਕਾ) : ਪੰਜਾਬ ਪ੍ਰਦੂਸ਼ਨ ਨਿਯੰਤਰਣ ਬੋਰਡ ਨੂੰ ਇਸਦੇ ਪ੍ਰੋਜੈਕਟ ਸੰਕਟ ਤੋਂ ਸਫਲਤਾ ਤੱਕ-ਪੰਜਾਬ ਦੀ ਸ਼ੁੱਧ ਹਵਾ ਬਦਲਾਅ ਯਾਤਰਾ ਲਈ ਵਾਤਾਵਰਨ ਸ਼੍ਰੇਣੀ ਵਿੱਚ ਸਕੌਚ ਸਿਲਵਰ ਐਵਾਰਡ-2025 ਨਾਲ ਸਨਮਾਨਿਤ ਕੀਤਾ ਗਿਆ ਹੈ।ਇਹ ਐਵਾਰਡ ਬੀਤੇ ਦਿਨੀ ਨਵੀਂ ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਵਿੱਚ ਹੋਏ 107ਵੇਂ ਸਕੌਚ ਸਮਿਟ 'ਗਵਰਨੈਂਸ ਟ੍ਰਾਂਸਫਾਰਮਡ' ਦੌਰਾਨ ਪ੍ਰਦਾਨ ਕੀਤਾ ਗਿਆ। ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਦੀ ਇਸ ਪ੍ਰਾਪਤੀ ਬਾਰੇ ਦੱਸਦਿਆਂ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ, ਬੋਰਡ ਨੂੰ ਮਿਲੀ ਇਸ ਰਾਸ਼ਟਰੀ ਮਾਨਤਾ ਨਾਲ ਸਾਡਾ ਬੋਰਡ ਮਾਣ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਨਮਾਨ ਇੱਕ ਗੰਭੀਰ ਵਾਤਾਵਰਨ ਚੁਣੌਤੀ ਨੂੰ ਹੱਲ ਕਰਨ



ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ, ਜੀਰੋ ਸਟੱਬਲ ਬਰਨਿੰਗ ਦੇ ਟੀਚੇ ਦੀ ਪ੍ਰਾਪਤੀ ਨੂੰ ਜਾਰੀ ਰੱਖਦਿਆਂ ਭਵਿੱਖ ਵਿੱਚ ਪਰਾਲੀ ਸਾੜਨ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਯੋਜਨਾਬੱਧ ਕਦਮ ਚੁੱਕ ਰਿਹਾ ਹੈ। ਰੀਨਾ ਗੁਪਤਾ ਨੇ ਦੱਸਿਆ ਕਿ ਪਿਛਲੇ ਪੰਜ ਸਾਲਾਂ ਵਿੱਚ, ਪੰਜਾਬ ਨੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਹੱਲ ਕਰਨ ਲਈ ਬਹੁ-ਵਿਭਾਗੀ ਕੋਸ਼ਿਸ਼ਾਂ ਰਾਹੀਂ ਮਹੱਤਵਪੂਰਨ ਤਰੱਕੀ ਕੀਤੀ ਹੈ। ਇਸ ਵਿੱਚ ਰੀਅਲ-ਟਾਈਮ ਮਾਨੀਟਰਿੰਗ ਅਤੇ ਲਾਗੂਕਰਨ ਦੇ ਨਾਲ-ਨਾਲ ਲੰਬੇ ਸਮੇਂ ਦੇ ਢਾਂਚਾਗਤ ਕਦਮ ਸ਼ਾਮਲ ਹਨ, ਜਿਵੇਂ ਕਿ ਸੀ ਆਰ ਐਮ ਮਸ਼ੀਨਰੀ ਦੀ ਵੱਡੇ ਪੱਧਰ 'ਤੇ ਤੈਨਾਤੀ, ਕਸਟਮ ਹਾਇਰਿੰਗ ਸੈਂਟਰਾਂ ਦੀ ਮਜ਼ਬੂਤੀ, ਅਤੇ ਝੋਨੇ ਦੀ ਪਰਾਲੀ ਦੇ ਬਾਹਰੀ ਉਪਯੋਗ ਵਿੱਚ ਵਾਧਾ-ਜੋ 8.8 ਲੱਖ ਟਨ ਤੋਂ ਵੱਧ ਕੇ 40 ਲੱਖ ਟਨ ਸਾਲਾਨਾ ਹੋ ਗਿਆ ਹੈ। ਜ਼ਿਕਰਯੋਗ ਹੈ ਕਿ ਸਕੌਚ ਐਵਾਰਡ ਇੱਕ ਕਠਿਨ ਮੁਲਾਂਕਣ ਪ੍ਰਕਿਰਿਆ ਰਾਹੀਂ ਦਿੱਤਾ ਜਾਂਦਾ ਹੈ, ਜਿਸ ਵਿੱਚ ਪੇਸ਼ਕਾਰੀ, ਪੇਸ਼ੇਵਰ ਮੁਹਾਰਤ ਜਿਊਰੀ ਅਤੇ ਜਨਤਕ ਵੋਟਿੰਗ ਸ਼ਾਮਲ ਹੁੰਦੀ ਹੈ।

## ਸਿੰਚਾਈ ਲਈ ਨਹਿਰੀ ਪਾਣੀ ਟੇਲਾਂ ਤੱਕ ਪੁੱਜਦਾ ਕਰਕੇ ਪਾਣੀ ਤੇ ਪੰਜਾਬ ਨੂੰ ਬਚਾਉਣਾ ਮਾਨ ਸਰਕਾਰ ਦਾ ਮਕਸਦ : ਬਰਿੰਦਰ ਗੋਇਲ

### ➢ਜਲ ਸਰੋਤ ਮੰਤਰੀ ਵੱਲੋਂ ਸ਼ੁਤਰਾਣਾ ਹਲਕੇ ਦੇ ਕਿਸਾਨਾਂ ਨੂੰ ਵੱਡਾ ਤੋਹਫ਼ਾ, 1.45 ਕਰੋੜ ਦੇ ਸਿੰਚਾਈ ਪ੍ਰੋਜੈਕਟਾਂ ਦਾ ਲੋਕ ਅਰਪਣ

ਪਾਤੜਾਂ, 9 ਅਪ੍ਰੈਲ (ਹਰਮਿੰਦਰ ਕਰਤਾਰਪੁਰ) : ਪੰਜਾਬ ਦੇ ਖਣਨ, ਭੂ ਵਿਗਿਆਨ, ਭੂਮੀ ਤੇ ਜਲ ਸੰਭਾਲ ਅਤੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸ਼ੁਤਰਾਣਾ ਹਲਕੇ ਦੇ ਕਿਸਾਨਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਅੱਜ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਨਾਲ 1.45 ਕਰੋੜ ਰੁਪਏ ਦੇ ਸਿੰਚਾਈ ਪ੍ਰਾਜੈਕਟਾਂ ਦਾ ਲੋਕ ਅਰਪਣ ਕੀਤਾ ਹੈ। ਜਲ ਸਰੋਤ ਮੰਤਰੀ ਨੇ ਪਿੰਡ ਕੱਲਰ ਭੈਣੀ ਵਿਖੇ 11.87 ਲੱਖ ਰੁਪਏ ਦੀ ਲਾਗਤ ਨਾਲ ਛੱਪੜ ਤੋਂ ਸੋਲਰ ਮੋਟਰ ਰਾਹੀ ਸਾਂਝਾ ਜਮੀਨ ਦੋਜ ਨਾਲੀਆਂ ਰਾਹੀਂ ਸਿੰਚਾਈ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਪਿੰਡ ਸਧਾਰਨਪੁਰ ਵਿਖੇ 1 ਕਰੋੜ 33.20 ਲੱਖ ਰੁਪਏ ਦੀ ਲਾਗਤ ਵਾਲੇ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਲਈ ਨਹਿਰੀ ਮੋਘਾ (10500 ਖੱਬਾ ਪਾਸਾ) ਤੋਂ ਨਵੇਂ ਉਸਾਰੀ ਕੀਤੇ ਜਾਣ ਵਾਲੇ ਸਾਂਝੇ ਜਮੀਨ ਦੋਜ਼ ਨਾਲੀਆਂ ਨਾਲ ਸਿੰਚਾਈ ਪ੍ਰਾਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਹੈ।ਉਨ੍ਹਾਂ ਕਿਹਾ ਕਿ ਇਹਨਾਂ ਪ੍ਰਾਜੈਕਟਾਂ ਨਾਲ ਕਿਸਾਨਾਂ ਦੀ ਫਸਲ ਦੀ ਪੈਦਾਵਾਰ ਵਿੱਚ ਵੀ ਵਾਧਾ ਹੋਵੇਗਾ ਅਤੇ ਧਰਤੀ ਹੇਠਲੇ ਪਾਣੀ ਦੀ 20 ਤੋਂ 30 ਪ੍ਰਤੀਸ਼ਤ ਤੱਕ ਬਚਤ ਵੀ ਹੋਵੇਗੀ।ਉਨ੍ਹਾਂ



ਕਿਹਾ ਕਿ ਪਾਣੀ ਬਚਾਉਣ ਲਈ ਅਜਿਹੇ ਪ੍ਰਾਜੈਕਟ ਹਰ ਪਿੰਡ ਵਿੱਚ ਲਗਾਏ ਜਾਣਗੇ। ਬਰਿੰਦਰ ਗੋਇਲ ਨੇ ਇਸ ਮੌਕੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਬਿਹਤਰ ਤੇ ਲੰਬੇ ਸਮੇ ਦੀਆਂ ਸਿੰਚਾਈ ਸਹੂਲਤਾਂ ਪ੍ਰਦਾਨ ਕਰਨ ਲਈ ਧਰਤੀ ਹੇਠਲੇ ਪਾਣੀ ਉੱਪਰ ਨਿਰਭਰਤਾ ਘਟਾਉਣ ਦੇ ਸੰਕਲਪ ਨੂੰ ਪੂਰਾ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਗੋਇਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਨੇਹਾ ਕਿ ਪਾਣੀ ਦੀ ਬੂੰਦ-ਬੂੰਦ ਬਚਾਅ ਕੇ ਖੇਤਾਂ ਨੂੰ ਲਾਈ ਜਾਵੇਗੀ ਵੀ ਕਿਸਾਨਾਂ ਨਾਲ ਸਾਂਝਾ ਕਰਦਿਆਂ ਦੱਸਿਆ ਕਿ ਛੱਪੜਾਂ ਦਾ ਅਜਾਈਂ ਜਾਂਦਾ ਪਾਣੀ ਵੀ ਸਿੰਚਾਈ ਲਈ ਵਰਤਿਆ ਜਾਵੇਗਾ।ਉਨ੍ਹਾਂ ਕਿਹਾ ਕਿ ਵਿਅਰਥ ਹੋਕੇ ਦੂਜੇ ਸੂਬਿਆਂ ਨੂੰ ਜਾਂਦਾ ਨਹਿਰੀ ਪਾਣੀ ਟੇਲਾਂ ਤੱਕ ਪੁੱਜਦਾ ਕਰਕੇ ਪਾਣੀ ਦੇ ਨਾਲ-ਨਾਲ ਪੰਜਾਬ ਨੂੰ ਬਚਾਉਣ ਭਗਵੰਤ ਮਾਨ ਸਰਕਾਰ ਦਾ ਮਕਸਦ ਹੈ, ਜਿਸ ਵਿੱਚ ਅਸੀਂ ਕਾਮਯਾਬ ਹੋ ਰਹੇ ਹਾਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 6700 ਕਰੋੜ ਰੁਪਏ ਖਰਚ ਕੇ ਨਹਿਰੀ ਸਿਸਟਮ ਨੂੰ ਅਪਗ੍ਰੇਡ ਤੇ ਮਜ਼ਬੂਤ ਕਰਕੇ ਨਹਿਰੀ ਪਾਣੀ ਸਿੰਚਾਈ ਲਈ ਵਰਤਿਆ। ਜਿੱਥੇ ਧਰਤੀ ਹੇਠਲਾ ਪੀਣ ਵਾਲਾ ਪਾਣੀ ਖਰਾਬ ਹੈ, ਉਥੇ ਨਹਿਰੀ ਪਾਣੀ ਪੀਣ ਲਈ ਦਿੱਤਾ ਜਾਵੇਗਾ। ਉਨ੍ਹਾਂ ਹੋਰ ਕਿਹਾ ਕਿ ਘੱਗਰ ਸਮੇਤ ਬਾਕੀ ਦਰਿਆਵਾਂ ਦੇ ਹੜ੍ਹ ਤੋਂ ਬਚਾਅ ਲਈ 30 ਜੂਨ ਤੱਕ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਕੱਲਰ ਭੈਣੀ ਅਤੇ ਸਧਾਰਨਪੁਰ ਵਿਖੇ ਕਿਸਾਨਾਂ ਦੇ ਇੱਕਠ ਨੂੰ ਸੰਬੋਧਨ ਕਰਦਿਆਂ ਭੂਮੀ ਹੇਠਲੇ ਪਾਣੀ ਦੀ ਸੰਭਾਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਅਜਿਹੇ ਪਾਣੀ ਦੀ ਬੱਚਤ ਵਾਲੇ ਪ੍ਰੋਜੈਕਟਾਂ ਦੀ ਉਸਾਰੀ ਲਈ ਫੰਡਾਂ ਦੀ ਕੋਈ ਘਾਟ ਨਹੀ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਣੀ ਦੀ ਇੱਕ-ਇੱਕ ਬੂੰਦ ਕੀਮਤੀ ਹੈ, ਜਿਸ ਲਈ ਕਿਸਾਨ ਪਾਣੀ ਸਦਾ ਸੰਜਮ ਨਾਲ ਤੇ ਸੰਭਾਲ ਕੇ ਵਰਤਣ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦਾ ਧੰਨਵਾਦ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਸ਼ੁਤਰਾਣਾ ਹਲਕੇ ਦੇ ਕਿਸਾਨਾਂ ਦੀ ਬਾਂਹ ਕੇਵਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੀ ਫੜੀ ਹੈ, ਜਦਕਿ ਪਿਛਲੀਆਂ ਸਰਕਾਰਾਂ ਨੇ ਇਸ ਹਲਕੇ ਨੂੰ ਸਦਾ ਅੱਖੋਂ ਪਰੋਖੇ ਕਰੀ ਰੱਖਿਆ ਸੀ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਕੱਲਰ ਭੈਣੀ ਵਿਖੇ ਛੱਪੜ ਤੋਂ ਸੋਲਰ ਮੋਟਰ ਰਾਹੀ ਸਾਂਝਾ ਜਮੀਨ ਦੋਜ ਨਾਲੀਆਂ ਸਿੰਚਾਈ ਦੇ ਪ੍ਰੋਜੈਕਟ ਅਧੀਨ 35.37 (100 ਏਕੜ) ਹੈਕਟੇਅਰ ਰਕਬਾ ਖੇਤਾਂ ਦੀ ਸਿੰਚਾਈ ਲਈ ਕਵਰ ਕੀਤਾ ਗਿਆ ਹੈ, ਜਿਸ ਨਾਲ 24 ਕਿਸਾਨ ਪਰਿਵਾਰਾਂ ਨੂੰ ਲਾਭ ਮਿਲੇਗਾ, ਜਦੋਂਕਿ ਪਿੰਡ ਸਧਾਰਨਪੁਰ ਦੇ ਸਿੰਚਾਈ ਪ੍ਰਾਜੈਕਟ ਅਧੀਨ 9 ਕਿੱਲੋਮੀਟਰ ਪਾਈਪਾਂ ਪਾਕੇ 204 ਹੈਕਟੇਅਰ (600 ਏਕੜ ਰਕਬਾ) ਖੇਤਾਂ ਦੀ ਸਿੰਚਾਈ ਲਈ ਕਵਰ ਕੀਤਾ ਗਿਆ ਹੈ, ਜਿਸ ਨਾਲ 41 ਕਿਸਾਨ ਪਰਿਵਾਰਾਂ ਨੂੰ ਲਾਭ ਮਿਲੇਗਾ। ਕੁਲਵੰਤ ਸਿੰਘ ਨੇ ਦੱਸਿਆ ਕਿ ਹਲਕੇ ਦੀਆਂ ਸੜਕਾਂ ਦਾ ਨਿਰਮਾਣ ਕਾਰਜ ਸ਼ੁਰੂ ਹੋ ਚੁੱਕਾ ਹੈ। ਇਸ ਮੌਕੇ ਪਟਿਆਲਾ ਦੇ ਭੂਮੀ ਅਤੇ ਜਲ ਸੰਭਾਲ ਵਿਭਾਗ ਦੇ ਭੂਮੀ ਪਾਲ ਭੁਪਿੰਦਰ ਸਿੰਘ ਸੈਣੀ, ਮੰਡਲ ਭੂਮੀ ਰੱਖਿਆ ਅਫ਼ਸਰ ਅਰਵਿੰਦਰ ਸਿੰਘ ਕਾਲੜਾ, ਉੱਪ ਮੰਡਲ ਭੂਮੀ ਰੱਖਿਆ ਅਫ਼ਸਰ ਗੁਰਸੇਵਕ ਸਿੰਘ ਧਾਲੀਵਾਲ ਅਤੇ ਗੁਰਵਿੰਦਰ ਸਿੰਘ ਸਮੇਤ ਮਹਿੰਗਾ ਸਿੰਘ ਬਰਾੜ, ਮਦਨ ਗੋਇਲ, ਮਲਕੀਤ ਸਿੰਘ, ਕੁਲਵਿੰਦਰ ਸਿੰਘ, ਕੁਲਦੀਪ ਸਿੰਘ ਥਿੰਦ, ਤੇਜੀ ਬੂਰੜ, ਲਾਡੀ ਕੱਲਰ ਭੈਣੀ, ਜਸਵਿੰਦਰ ਕੌਰ, ਟਹਿਲ ਸਿੰਘ ਸਮੇਤ ਦੋਵਾਂ ਪਿੰਡਾਂ ਦੇ ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਸਨੀਕ ਵੀ ਹਾਜ਼ਰ ਸਨ।

## ਸ਼ੇਰਪੁਰ 'ਚ ਕਮਿਊਨਿਟੀ ਹੈਲਥ ਸੈਂਟਰ ਦੇ ਬਾਹਰ ਗੰਦੇ ਪਾਣੀ ਦਾ ਡੇਰਾ

### ਪ੍ਰਸ਼ਾਸਨ ਸੁੱਤਾ-ਬਿਮਾਰੀਆਂ ਦਾ ਵੱਧ ਰਿਹੈ ਖ਼ਤਰਾ

ਸ਼ੇਰਪੁਰ, 9 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਸਥਾਨਕ ਕਸਬਾ ਸ਼ੇਰਪੁਰ ਦਾ ਕਮਿਊਨਿਟੀ ਹੈਲਥ ਸੈਂਟਰ ਪਿਛਲੇ ਕਈ ਮਹੀਨਿਆਂ ਤੋਂ ਗੰਦੇ ਪਾਣੀ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ, ਜਿਸ ਕਾਰਨ ਇਲਾਕਾ ਵਾਸੀਆਂ ਵਿੱਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਹਸਪਤਾਲ ਦਾ ਮੁੱਖ ਦਰਵਾਜ਼ਾ ਪਿਛਲੇ ਲਗਭਗ ਦੋ ਮਹੀਨਿਆਂ ਤੋਂ ਗੰਦਗੀ ਨਾਲ ਭਰਿਆ ਪਿਆ ਹੈ ਅਤੇ ਨਾਲ ਲੱਗਦੇ ਨਾਲੇ ਦਾ ਗੰਦਾ ਪਾਣੀ ਓਵਰਫਲੋ ਹੋ ਕੇ ਗੇਟ ਅੱਗੇ ਇਕੱਠਾ ਹੋ ਗਿਆ ਹੈ, ਜੋ ਹੁਣ ਛੱਪੜ ਦਾ ਰੂਪ ਧਾਰ ਚੁੱਕਾ ਹੈ। ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਨੂੰ ਸਭ ਤੋਂ ਪਹਿਲਾਂ ਇਸ ਗੰਦਗੀ ਭਰੇ ਮਾਹੌਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਹਾਲਤ ਨਾ ਸਿਰਫ਼ ਸਿਹਤ ਸੇਵਾਵਾਂ 'ਤੇ ਸਵਾਲ ਖੜੇ ਕਰਦੀ ਹੈ, ਸਗੋਂ ਵੱਖ-ਵੱਖ ਬਿਮਾਰੀਆਂ ਨੂੰ ਵੀ ਸੱਦਾ ਦੇ ਰਹੀ ਹੈ। ਇੱਕ ਪਾਸੇ ਸਿਹਤ ਵਿਭਾਗ ਵੱਲੋਂ ਡੇਂਗੂ ਵਰਗੀਆਂ ਖ਼ਤਰਨਾਕ ਬਿਮਾਰੀਆਂ ਤੋਂ ਬਚਾਅ ਲਈ ਕਸਬੇ



ਵਿੱਚ ਲਾਰਵਾ ਨਾਸ਼ਕ ਦਵਾਈਆਂ ਦਾ ਛਿੜਕਾਅ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਕਿਤੇ ਵੀ ਗੰਦਾ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਦੂਜੇ ਪਾਸੇ, ਹਸਪਤਾਲ ਦੇ ਦਰਵਾਜ਼ੇ 'ਤੇ ਹੀ ਗੰਦੇ ਪਾਣੀ ਦਾ ਛੱਪੜ ਬਣਿਆ ਹੋਇਆ ਹੈ, ਜੋ ਦੀਵੇ ਥੱਲੇ ਹਨੇਰਾ ਵਾਲੀ ਕਹਾਵਤ ਨੂੰ ਸੱਚ ਕਰਦਾ ਹੈ। ਸਥਾਨਕ ਲੋਕਾਂ ਦੇ ਅਨੁਸਾਰ, ਇਹ ਮਾਮਲਾ ਕਈ ਵਾਰ ਸੰਬੰਧਿਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਇਆ ਗਿਆ ਹੈ, ਪਰ ਅਜੇ ਤੱਕ ਕੋਈ ਢੁਕਵਾਂ ਹੱਲ ਨਹੀਂ ਕੀਤਾ ਗਿਆ। ਇਸ ਸਬੰਧੀ ਜਦੋਂ ਸੀਨੀਅਰ ਮੈਡੀਕਲ ਅਫਸਰ (SMO) ਸ਼ੇਰਪੁਰ ਜਸਦੀਪ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਸ ਸਮੱਸਿਆ ਬਾਰੇ 10-15 ਦਿਨ ਪਹਿਲਾਂ ਹੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ (BDPO) ਨੂੰ ਲਿਖਤੀ ਰੂਪ ਵਿੱਚ ਜਾਣਕਾਰੀ ਦਿੱਤੀ ਜਾ ਚੁੱਕੀ ਹੈ। ਉੱਥੇ ਹੀ, ਜਦੋਂ ਬਲਾਕ ਪੰਚਾਇਤ ਅਫਸਰ ਸੰਜੀਵ ਕੁਮਾਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸੈਕਟਰੀਆਂ ਦੀ ਮੀਟਿੰਗ ਬੁਲਾਈ ਗਈ ਹੈ ਅਤੇ ਹਸਪਤਾਲ ਦੇ ਗੇਟ ਅੱਗੇ ਬਣੇ ਇਸ ਗੰਦੇ ਪਾਣੀ ਦੇ ਮਸਲੇ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਫਿਲਹਾਲ, ਲੋਕ ਪ੍ਰਸ਼ਾਸਨ ਤੋਂ ਤੁਰੰਤ ਕਾਰਵਾਈ ਦੀ ਮੰਗ ਕਰ ਰਹੇ ਹਨ, ਤਾਂ ਜੋ ਇਸ ਗੰਭੀਰ ਸਿਹਤ ਸੰਕਟ ਨੂੰ ਵਧਣ ਤੋਂ ਰੋਕਿਆ ਜਾ ਸਕੇ।

## ਫ਼ਸਲਾਂ ਨੂੰ ਗੜ੍ਹੇਮਾਰੀ ਨੇ ਪਹੁੰਚਾਇਆ ਨੁਕਸਾਨ, ਤੁਰੰਤ ਮੁਆਵਜ਼ੇ ਦੀ ਮੰਗ : ਧੰਜੂ

ਸਨੌਰ, 9 ਅਪ੍ਰੈਲ (ਪ੍ਰਥਮ ਕੁਮਾਰ) : ਕਿਸਾਨ ਕਾਂਗਰਸ ਦੇ ਸੂਬਾ ਮੀਤ ਪ੍ਰਧਾਨ ਦਲਵਿੰਦਰ ਸਿੰਘ ਧੰਜੂ ਨੇ ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਹੋ ਰਹੀ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਨੂੰ ਹੋਏ ਭਾਰੀ ਨੁਕਸਾਨ 'ਤੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਹਜ਼ਾਰਾਂ ਏਕੜ ਵਿੱਚ ਖੜੀ ਪੱਕੀ ਕਣਕ ਦੀ ਫ਼ਸਲ ਮੁਕੰਮਲ ਤੌਰ 'ਤੇ ਬਰਬਾਦ ਹੋ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਝਟਕਾ ਲੱਗਿਆ ਹੈ। ਧੰਜੂ ਨੇ ਪੰਜਾਬ ਸਰਕਾਰ ਨੂੰ ਅਪੀਲ



ਕਰਦਿਆਂ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਤੁਰੰਤ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਘੱਟੋ-ਘੱਟ 50,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਕਿਸਾਨਾਂ ਨੂੰ ਜਾਰੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਕਿਸਾਨ ਪਹਿਲਾਂ ਹੀ ਕਰਜ਼ੇ ਅਤੇ ਵਧ ਰਹੀ ਲਾਗਤਾਂ ਨਾਲ ਜੂਝ ਰਹੇ ਹਨ, ਅਤੇ ਇਸ ਤਰ੍ਹਾਂ ਦੀ ਕੁਦਰਤੀ ਆਫ਼ਤ ਨੇ ਉਨ੍ਹਾਂ ਦੀ ਹਾਲਤ ਹੋਰ ਵੀ ਨਾਜ਼ੁਕ ਬਣਾ ਦਿੱਤੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਪੰਜਾਬ ਦੇ ਕਿਸਾਨਾਂ ਦੀ ਮਦਦ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕੀਤਾ ਜਾਵੇ, ਤਾਂ ਜੋ ਇਸ ਔਖੇ ਸਮੇਂ ਵਿੱਚ ਕਿਸਾਨਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਤਹਿ ਕੀਤੀ ਰਕਮ ਨਾਲ ਤਾਂ ਕਿਸਾਨਾਂ ਦੀ ਫ਼ਸਲ ਦੀ ਲਾਗਤ ਵੀ ਪੂਰੀ ਨਹੀਂ ਹੁੰਦੀ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਜਿਨ੍ਹਾਂ ਕਿਸਾਨਾਂ ਨੇ ਜ਼ਮੀਨ ਠੇਕੇ 'ਤੇ ਲੈ ਕੇ ਖੇਤੀ ਕੀਤੀ ਹੈ, ਉਨ੍ਹਾਂ ਦੇ ਨੁਕਸਾਨ ਦੀ ਭਰਪਾਈ ਲਈ ਵੀ ਸਰਕਾਰ ਨੂੰ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ।

## ਹਰਜੰਟ ਸਿੰਘ ਲੁਬਾਣਾ ਟੇਕੂ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਸੰਗਤਾਂ ਨੂੰ ਦਰਸ਼ਨ ਕਰਵਾਏ



ਭਾਦਸੋਂ, 9 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰਿਟਾਇਰਡ ਅਧਿਆਪਕ ਹਰਜੰਟ ਸਿੰਘ ਲੁਬਾਣਾ ਟੇਕੂ ਦੀ ਅਗਵਾਈ ਵਿੱਚ ਗੁਰੂ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਪਿੰਡ ਲੁਬਾਣਾ ਟੇਕੂ ਤੋਂ ਸਾਧ ਸੰਗਤ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਲੈਕੇ ਗਏ/ ਸਾਰੀ ਸੰਗਤ ਨੇ ਸਤਿਗੁਰੂ ਰਵਿਦਾਸ ਜੀ ਮਹਾਰਾਜ ਦੇ ਤਪਸਥਾਨ ਅਤੇ ਚਰਨ ਛੋਹ ਗੰਗਾ ਵਿਖੇ ਮੱਥਾ ਟੇਕਿਆ /ਸੰਗਤ ਨੇ ਬਹੁਤ ਹੀ ਸ਼ਰਧਾ ਨਾਲ ਇਹ ਪਵਿੱਤਰ ਅਸਥਾਨ ਦੀ ਯਾਤਰਾ ਕੀਤੀ ਯਾਤਰਾ ਦੌਰਾਨ ਸੰਗਤ ਦੇ ਚਿਹਰਿਆਂ 'ਤੇ ਬਹੁਤ ਖੁਸ਼ੀ ਅਤੇ ਸੰਤੁਸ਼ਟੀ ਦੇ ਨਜ਼ਾਰੇ ਵੇਖ ਕੇ ਦਿਲ ਨੂੰ ਬਹੁਤ ਸਕੂਨ ਮਿਲਿਆ ਅਤੇ ਮਾਸਟਰ ਹਰਜੰਟ ਸਿੰਘ ਨੂੰ ਸੰਗਤ ਵੱਲੋਂ ਬਹੁਤ ਅਸੀਸਾਂ ਦਿੱਤੀਆਂ ਗਈਆਂ ਅਤੇ ਧੰਨਵਾਦ ਕੀਤਾ ਗਿਆ।

## ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਮੀਟਿੰਗ



ਨਾਭਾ, 9 ਅਪ੍ਰੈਲ (ਬਲਜਿੰਦਰ ਮਾਨ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਨਿਰਮਲ ਸਿੰਘ ਨਰਮਾਣਾ ਦੀ ਅਗਵਾਈ 'ਚ ਗੁਰਦੁਆਰਾ ਸਹਿਬ ਪਿੰਡ ਦੁਲੱਦੀ ਵਿਖੇ ਹੋਈ, ਜਿਸ ਵਿੱਚ ਚਾਲੂ ਹਾੜੀ ਸੀਜਨ ਦੌਰਾਨ ਮੰਡੀਆ 'ਚ ਕਿਸਾਨਾਂ ਨੂੰ ਆਉਣ ਵਾਲੀਆ ਸਮੱਸਿਆਵਾ ਸਬੰਧੀ ਵਿਚਾਰ ਵਟਾਦਰਾ ਕੀਤਾ ਗਿਆ ਅਤੇ ਬੇਮੌਸਮੇ ਮੀਹ ਕਾਰਨ ਕਿਸਾਨਾਂ ਦੀਆ ਫਸਲਾ ਦੇ ਹੋਏ ਨੁਕਸਾਨ ਦਾ ਸਰਕਾਰ ਤੋਂ 50000 ਮੁਆਵਜੇ ਦੀ ਮੰਗ ਕੀਤੀ ਗਈ। ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਨੇ ਕਿਹਾ ਕਿ ਮੰਡੀਆ 'ਚ ਕਿਸਾਨਾ ਦੀ ਲੁੱਟ ਰੋਕਣ ਲਈ ਕੰਡੇ ਚੈਕ ਕੀਤੇ ਜਾਣਗੇ ਤੇ ਕਿਸਾਨਾ ਨਾਲ ਕਿਸੇ ਕਿਸਮ ਦਾ ਧੱਕਾ ਨਹੀ ਹੋਣ ਦਿੱਤਾ ਜਾਵੇਗਾ। ਇਸ ਮੌਕੇ ਸਵਰਨਜੀਤ ਸਿੰਘ ਛੀਟਾਂਵਾਲਾ, ਲਖਵੀਰ ਸਿੰਘ ਦੁਲੱਦੀ, ਬੰਤ ਸਿੰਘ ਘਮਰੋਦਾ, ਬੱਖਾ ਸਿੰਘ ਛੀਟਾਂਵਾਲਾ, ਗਰਜਾ ਸਿੰਘ ਘਮਰੋਦਾ, ਮਹਿੰਦਰ ਸਿੰਘ ਬਿਨਾਹੇੜੀ, ਕਮਲਵੀਰ ਸਿੰਘ ਦੁਲੱਦੀ ਤੋ ਇਲਾਵਾ ਹੋਰ ਕਿਸਾਨ ਮੌਜੂਦ ਸਨ।

## ਮੰਗਾਂ ਸਬੰਧੀ ਬੈਂਕ ਪੈਨਸ਼ਨਰਾਂ ਵੱਲੋਂ ਧਰਨਾ

ਪਟਿਆਲਾ, 9 ਅਪ੍ਰੈਲ (ਚ.ਨ.ਸ.) : ਅੱਜ ਆਲ ਇੰਡੀਆ ਬੈਂਕ ਰਿਟਾਇਰੀਜ਼ ਫੈਡਰੇਸ਼ਨ ਪਟਿਆਲਾ ਜ਼ਿਲ੍ਹਾ ਇਕਾਈ ਵੱਲੋਂ ਪ੍ਰਧਾਨ ਵੀ.ਕੇ. ਸ਼ਰਮਾ ਅਤੇ ਜਨਰਲ ਸਕੱਤਰ ਹਰਚਰਨ ਸਿੰਘ ਦੀ ਅਗਵਾਈ ਹੇਠ ਦਿੱਤੇ ਗਏ ਸੱਦੇ 'ਤੇ ਸਾਰੇ ਬੈਂਕਾਂ ਦੇ 200 ਬੈਂਕ ਪੈਨਸ਼ਨਰਾਂ ਨੇ ਪੀ.ਐਨ.ਬੀ. ਛੋਟੀ ਬਾਰਾਂਦਰੀ ਪਟਿਆਲਾ ਦੇ ਸਾਹਮਣੇ ਵਿਸ਼ਾਲ ਧਰਨਾ ਦਿੱਤਾ। ਦਵਿੰਦਰ ਸਿੰਘ ਜਟਾਣਾ ਜਨਰਲ ਸਕੱਤਰ ਉੱਤਰੀ ਰਾਜਾਂ ਨੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਤੁਰੰਤ ਪੈਨਸ਼ਨ ਅੱਪਡੇਟ, ਗੱਲਬਾਤ ਦਾ ਅਧਿਕਾਰ ਅਤੇ ਸਿਹਤ ਬੀਮਾ ਪ੍ਰੀਮੀਅਮ ਤੋਂ ਜੀ.ਐਸ.ਟੀ. ਹਟਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ 12 ਸਾਲਾਂ ਤੋਂ ਪੈਨਸ਼ਨ ਅੱਪਡੇਟ ਲਈ ਲੜ ਰਹੇ ਏ.ਆਈ.ਬੀ.ਆਰ.ਐਫ. ਨੇ ਵਿੱਤ ਮੰਤਰੀ ਸਮੇਤ 350 ਸੰਸਦ ਮੈਂਬਰਾਂ ਅਤੇ ਮੰਤਰੀਆਂ ਨਾਲ



ਮੁਲਾਕਾਤ ਕੀਤੀ ਪਰ ਕੋਈ ਨਤੀਜਾ ਨਹੀਂ ਨਿਕਲਿਆ। ਸ੍ਰ. ਗੁਰਚਰਨ ਸਿੰਘ ਸਿੱਧੂ ਨੇ ਸੰਬੋਧਨ ਕਰਦੇ ਹੋਏ ਸੌ ਪ੍ਰਤੀਸ਼ਤ ਡੀ.ਏ. ਬਕਾਏ ਵਿੱਚ ਬੇਨਿਯਮੀਆਂ ਸਮੇਤ ਅਦਾਲਤੀ ਮਾਮਲਿਆਂ ਬਾਰੇ ਦੱਸਿਆ। ਕਮਲਜੀਤ ਸਿੰਘ ਸਕੱਤਰ ਐਨ. ਐਸ. ਬੀ. ਆਰ. ਐਫ. ਨੇ ਸੌ ਪ੍ਰਤੀਸ਼ਤ ਡੀ.ਏ. ਬਕਾਏ ਵਿੱਚ ਬੇਨਿਯਮੀਆਂ ਬਾਰੇ ਦੱਸਿਆ। ਐਸ.ਕੇ. ਗੌਤਮ ਪ੍ਰਧਾਨ ਪੰਜਾਬ ਬੈਂਕ ਕਰਮਚਾਰੀ ਫੈਡਰੇਸ਼ਨ ਨੇ ਪਰਿਵਾਰਕ ਪੈਨਸ਼ਨ ਵਾਧੇ ਅਤੇ ਸੌ ਪ੍ਰਤੀਸ਼ਤ ਡੀ.ਏ. ਬਾਰੇ ਦੱਸਿਆ, ਉਨ੍ਹਾਂ ਪੈਨਸ਼ਨਰਾਂ ਦੀਆਂ ਮੰਗਾਂ ਲਈ ਏ.ਆਈ.ਬੀ.ਈ.ਏ./ ਯੂ.ਐਫ.ਬੀ.ਯੂ. ਦੇ ਸਮਰਥਨ ਦਾ ਵੀ ਭਰੋਸਾ ਦਿੱਤਾ।ਧਰਨੇ ਨੂੰ ਐਨ. ਐਸ. ਸੋਚ, ਜਸਪਾਲ ਸਿੰਘ ਸੈਣੀ, ਭੁਪਿੰਦਰ ਸਿੰਘ, ਮਨਜੀਤ ਵਾਲੀਆ, ਅਮਰਜੀਤ ਸਿੰਘ, ਸ਼ੁਭ ਕਰਨ ਗਿੱਲ, ਸ਼ਿਮਲਾ ਵਰਮਾ ਨੇ ਵੀ ਸੰਬੋਧਨ ਕੀਤਾ।

## ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸਰਕਾਰ ਇਨਕਾਰੀ, ਅਦਾਲਤਾਂ ਦੇ ਰਹੀਆਂ ਸਵਾਗਤਯੋਗ ਫ਼ੈਸਲੇ: ਪ੍ਰੋ. ਬਡੂੰਗਰ

ਪਟਿਆਲਾ, 9 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਉਸ ਫ਼ੈਸਲੇ ਦਾ ਸਵਾਗਤ ਕੀਤਾ, ਜਿਸ ਵਿਚ ਪੰਜਾਬ ਦੇ ਕਰਮਚਾਰੀਆਂ, ਪੈਨਸ਼ਨ ਧਾਰਕਾਂ ਨੂੰ ਉਨ੍ਹਾਂ ਦੇ ਬਣਦੇ ਡੀ.ਏ. ਦੇ ਪੂਰੇ ਬਕਾਏ 30 ਜੂਨ ਤੀਕ ਦੇਣ ਦੇ ਆਦੇਸ਼ ਹੋਏ ਹਨ। ਸਾਬਕਾ ਪ੍ਰਧਾਨ ਨੇ ਕਿਹਾ ਕਿ ਸੰਘਰਸ਼ ਕਰ ਰਹੇ ਮੁਲਾਜ਼ਮਾਂ ਕੋਲ ਅਦਾਲਤ ਹੀ ਇੱਕੋ ਇਕ ਰਾਹ ਸੀ, ਜਿਸ ਵਿਚ ਮੁਲਾਜ਼ਮਾਂ ਦੀ ਜਿੱਤ ਹੋਈ ਹੈ ਅਤੇ ਸਰਕਾਰ ਨੂੰ ਸ਼ਰਮਸਾਰ ਹੋਣਾ ਪਿਆ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਜਦੋਂ ਸਰਕਾਰਾਂ ਲੋਕਾਂ ਤਥਾ ਕਰਚਮਾਰੀਆਂ ਦੀਆਂ ਜਾਇਜ਼ ਮੰਗਾਂ ਮੰਨਣ ਤੋਂ ਇਨਕਾਰੀ ਹੋ ਜਾਂਦੀਆਂ ਹਨ ਤਾਂ ਹੀ ਪੀੜਤ ਲੋਕਾਂ ਅਤੇ ਕਰਮਚਾਰੀਆਂ ਨੂੰ ਕਚਹਿਰੀ ਦਾ ਦਰਵਾਜ਼ਾ ਖੜਕਾਉਣਾ ਪੈਂਦਾ ਹੈ ਜੋ ਵਰਤਾਰਾ ਮੰਦਭਾਗਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਦੀਆਂ ਸੜਕਾਂ 'ਤੇ ਸੰਘਰਸ਼ ਕਰ ਰਹੇ



ਅਧਿਆਪਕ, ਮੁਲਾਜ਼ਮ ਅਤੇ ਨਰਸਾਂ ਤੱਕ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਜਿਸ ਕਾਰਨ ਆਮ ਜਨਤਾ ਵੀ ਅਜਿਹੇ ਸੰਘਰਸ਼ ਵਿਚ ਅਨੇਕਾਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਹੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਦੀਆਂ ਨਰਸ ਬੱਚੀਆਂ ਵੀ ਆਪਣਾ 4600/- ਰੁਪਏ ਦਾ ਪੇ-ਗ੍ਰੇਡ ਲੈਣ ਲਈ ਕਾਫੀ ਸਮੇਂ ਤੋਂ ਸੰਘਰਸ਼ ਕਰ ਰਹੀਆਂ ਹਨ। ਸਾਬਕਾ ਪ੍ਰਧਾਨ ਨੇ ਪੰਜਾਬ ਸਰਕਾਰ ਖਾਸ ਕਰਕੇ ਮੁੱਖ ਮੰਤਰੀ ਪੰਜਾਬ ਨੂੰ ਨਰਸ ਬੱਚੀਆਂ ਦੀਆਂ ਜਾਇਜ ਮੰਗਾਂ ਤੁਰੰਤ ਮੰਨਕੇ ਉਨ੍ਹਾਂ ਨੂੰ ਲੋਕ ਸੇਵਾ ਵਿਚ ਕਾਰਜਸ਼ੀਲ ਕਰਨ ਦੀ ਅਪੀਲ ਕੀਤੀ ਹੈ।

## ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਵੱਲੋਂ 270 ਪੋਸਟਾਂ ਦੇ ਨਿਯੁਕਤੀ ਪੱਤਰ ਜਲਦੀ ਜਾਰੀ ਕਰਨ ਦੀ ਮੰਗ

### ➢12 ਨੂੰ ਸਿਹਤ ਮੰਤਰੀ ਦੀ ਕੋਠੀ ਦਾ ਕੀਤਾ ਜਾਵੇਗਾ ਘਿਰਾਓ

ਪਟਿਆਲਾ, 9 ਅਪ੍ਰੈਲ (ਰੁਪਾਣਾ) : ਯੂਨੀਅਨ ਦੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਥੂਹੀ ਵਲੋਂ ਦੱਸਿਆ ਗਿਆ ਹੈ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵੱਲੋਂ ਕੱਢੀ ਗਈ MPHW (Male) ਦੀਆਂ 270 ਅਸਾਮੀਆਂ ਦਾ ਪੇਪਰ ਲਿਆ ਗਿਆ ਸੀ, ਅਤੇ ਉਸ ਦਾ ਰਿਜਲਟ ਵੀ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਜਾਰੀ ਕਰ ਦਿੱਤਾ ਗਿਆ ਸੀ, ਪਰ ਅਜੇ ਤੱਕ ਸਲੈਕਟ 270 ਸਾਥੀਆਂ ਨੂੰ ਜੁਆਇੰਨਿੰਗ ਲੈਟਰ ਜਾਰੀ ਨਹੀਂ ਕੀਤੇ ਗਏ।ਇਹ ਗੱਲ ਸਿਹਤ ਮੰਤਰੀ ਜੀ ਦੇ ਧਿਆਨ ਵਿੱਚ ਲਿਆਉਣਾ ਜ਼ਰੂਰੀ ਹੈ ਕਿ 19 ਤਰੀਖ ਨੂੰ ਸਾਡੀ ਡਿਪਾਰਟਮੈਂਟ ਅਤੇ ਮਾਣਯੋਗ ਸਿਹਤ ਮੰਤਰੀ ਡਾ.ਬਲਬੀਰ ਸਿੰਘ ਨਾਲ ਪੈਨਲ ਮੀਟਿੰਗ ਹੋਈ ਸੀ, ਤਾਂ ਉਸ ਵਿੱਚ ਸਾਨੂੰ 20 ਦਿਨ ਵਿੱਚ ਜੁਆਇੰਨ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ, ਉਹ ਵੀ ਲਾਰਾ ਹੀ ਸਾਬਿਤ ਹੋਇਆ ਹੈ। ਇਸ ਸੰਬੰਧੀ ਵਾਰ ਵਾਰ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਨੂੰ ਮਿਲ ਕੇ ਆਪਣੀ ਮੰਗ ਤੋਂ ਜਾਣੂ ਕਰਵਾ ਚੁੱਕੇ ਹਾਂ , ਪਰ ਲਗਾਤਾਰ ਨਿਯੁਕਤੀ ਪੱਤਰ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ। ਇਸ ਲਈ ਅਸੀਂ ਮੇਰਿਟ ਸੂਚੀ ਵਿੱਚ ਸ਼ਾਮਲ ਸਾਰੇ ਯੋਗ ਉਮੀਦਵਾਰਾਂ ਨੂੰ ਤੁਰੰਤ ਨਿਯੁਕਤੀ ਪੱਤਰ ਜਾਰੀ ਕਰਵਾਉਣ ਲਈ 12 ਅਪ੍ਰੈਲ ਦਿਨ ਐਤਵਾਰ ਨੂੰ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ ਤਾਂ ਜੋ ਜਾਇਜ ਮੰਗਾਂ ਜਲਦੀ ਤੋਂ ਜਲਦੀ ਹੱਲ ਕਰਵਾਈਆਂ ਜਾ ਸਕਣ। ਇਸ ਮੌਕੇ ਰਾਜ ਸੰਗਤੀਵਾਲਾ, ਨਾਹਰ ਸਿੰਘ, ਲਖਵਿੰਦਰ ਸਿੰਘ, ਸਾਹਿਬ ਸਿੰਘ, ਰਵਿੰਦਰ ਸਿੰਘ ਅਜਨਾਲਾ, ਨੀਰਜ਼ ਕੁਮਾਰ, ਵਿਕਰਮ ਫਿਰੋਜ਼ਪੁਰ, ਨਵਦੀਪ ਸਿੰਘ, ਗਗਨਦੀਪ ਸਿੰਘ, ਹਰਮਨ ਸਿੰਘ, ਦੀਪ ਸਿੰਘ, ਜਗਤਾਰ ਸਿੰਘ , ਮਨਪ੍ਰੀਤ ਸਿੰਘ, ਮੇਜਰ ਪਾਤੜਾਂ, ਮਨਦੀਪ ਝੁਨੀਰ, ਹਰਕੀਰਤ ਸਿੰਘ, ਸਤਵੀਰ ਸਿੰਘ, ਭੁਪਿੰਦਰ ਸੁਨਾਮ, ਗੁਰਪਿਆਰ ਸਿੰਘ ਮਾਨਸਾ ਆਦਿ ਹਾਜ਼ਰ ਸਨ।

## ਸੁਖਵਿੰਦਰ ਕੰਬੋਜ ਦੀ ਕਾਵਿ ਪੁਸਤਕ 'ਮਹਿਕ ਹਵਾ ਤੇ ਬੱਦਲ' 'ਤੇ ਵਿਚਾਰ ਚਰਚਾ




ਪਟਿਆਲਾ, 9 ਅਪ੍ਰੈਲ (ਚ.ਨ.ਸ.) :ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਿਹੜੇ ਸੁਖਵਿੰਦਰ ਕੰਬੋਜ ਦੀ ਕਾਵਿ 'ਮਹਿਕ ਹਵਾ ਤੇ ਬੱਦਲ' 'ਤੇ ਵਿਚਾਰ ਚਰਚਾ ਕਰਵਾਈ ਗਈ। ਸਭ ਤੋਂ ਪਹਿਲਾਂ ਸ਼ਾਇਰ ਜਗਦੀਪ ਸਿੱਧੂ ਹੋਰਾਂ ਨੇ ਸੁਖਵਿੰਦਰ ਕੰਬੋਜ ਦੀ ਗ਼ੈਰਹਾਜ਼ਰੀ ਵਿਚ ਉਹਨਾਂ ਦੀਆਂ ਕਵਿਤਾਵਾਂ ਦਾ ਪਾਠ ਕੀਤਾ। ਇਸ ਉਪਰੰਤ ਅੱਜ ਦੇ ਮੁੱਖ ਵਕਤਾ ਪੰਜਾਬੀ ਯੂਨਵਰਸਿਟੀ ਦੇ ਪੰਜਾਬੀ ਸਾਹਿਤ ਅਧਿਐਨ ਵਿਭਾਗ ਤੋਂ ਉੱਘੀ ਆਲੋਚਕਾ ਡਾ. ਵੀਰਪਾਲ ਕੌਰ ਸਿੱਧੂ ਨੇ ਪਰਚਾ ਪੜ੍ਹਿਆ। ਉਹਨਾਂ ਕਿਹਾ ਕਿ ਸੁਖਵਿੰਦਰ ਕੰਬੋਜ ਸਾਡਾ ਸਮਰੱਥ ਸ਼ਾਇਰ ਹੈ। ਇਸ ਤੋਂ ਬਾਅਦ ਚੰਡੀਗੜ੍ਹ ਤੋਂ ਆਏ ਬੁਲਾਰੇ ਪਾਲ ਅਜਨਬੀ ਨੇ ਕਿਹਾ ਕਿ ਸੁਖਵਿੰਦਰ ਕੰਬੋਜ ਦੀ ਕਵਿਤਾ ਦਾ ਸਰੋਦੀ ਸੁਰ ਬਿਰਹਾ ਤੇ ਉਦਾਸੀ ਹੈ। ਚੰਡੀਗੜ੍ਹ ਤੋਂ ਹੀ ਆਏ ਉੱਘੇ ਗੀਤਕਾਰ ਤੇ ਵਾਰਤਕਕਾਰ ਸੁਰਜੀਤ ਸੁਮਨ ਹੋਰਾਂ ਨੇ ਕੁਝ ਕਵਿਤਾਵਾਂ ਦਾ ਉਦਾਹਰਨ ਦੇ ਕੇ ਕਿਹਾ ਕਿ ਸੁਖਵਿੰਦਰ ਦੀ ਸ਼ਾਇਰੀ ਦਾ ਮੁੱਖ ਸੁਰ ਸਾਮਰਾਜ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨਾ ਹੈ। ਵਿਚਾਰ ਚਰਚਾ ਦੇ ਮੁੱਖ ਮਹਿਮਾਨ ਪੰਜਾਬੀ ਅਧਿਐਨ ਵਿਭਾਗ ਦੇ ਮੁੱਖੀ ਡਾ. ਮੋਹਨ ਤਿਆਗੀ ਨੇ ਸੁਖਵਿੰਦਰ ਕੰਬੋਜ ਦੀ ਕਵਿਤਾ ਬਾਰੇ ਬੋਲਦਿਆਂ ਕਿਹਾ ਕਿ ਕੰਬੋਜ ਪੰਜਾਬੀ ਕਵਿਤਾ ਦਾ ਮਾਣਮੱਤਾ ਸ਼ਾਇਰ ਹੈ।ਇਸ ਉਪਰੰਤ ਅੱਜ ਦੇ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਉੱਘੇ ਚਿੰਤਕ ਤੇ ਕਵੀ ਡਾ. ਗੁਰਨਾਇਬ ਸਿੰਘ ਨੇ ਅੱਜ ਦੀ ਵਿਚਾਰ ਚਰਚਾ ਨੂੰ ਸਫ਼ਲ ਦੱਸਿਆ ਤੇ ਸੁਖਵਿੰਦਰ ਕੰਬੋਜ ਦੀ ਸ਼ਾਇਰੀ ਨੂੰ ਪ੍ਰਤੀਰੋਧ ਦੀ ਸ਼ਾਇਰੀ ਕਿਹਾ। ਆਖ਼ਰ ਵਿਚ ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਨੇ ਕਿਹਾ ਕਿ ਜਦੋਂ ਏਥੇ ਵਾਰ ਵਾਰ ਜ਼ਿਕਰ ਹੋਇਆ ਕਿ ਕਵੀ ਸੁਖਵਿੰਦਰ ਕੰਬੋਜ, ਪਾਸ਼, ਲਾਲ ਦਿਲ, ਸੰਤ ਰਮ ਉਦਾਸੀ ਦੇ ਕੱਦ ਦਾ ਸ਼ਾਇਰ ਹੈ।ਇਸ ਵਿਚਾਰ ਚਰਚਾ ਦੇ ਕਨਵੀਨਰ ਮੀਡੀਆ ਵਿਭਾਗ ਤੋਂ ਡਾ. ਕੁਲਪਿੰਦਰ ਸ਼ਰਮਾ ਸਨ। ਮੰਚ ਸੰਚਾਲਨ ਜਗਦੀਪ ਸਿੱਧੂ ਨੇ ਕੀਤਾ।

## ਜੇਲ੍ਹ 'ਚੋਂ ਮੋਬਾਇਲ ਫੋਨ ਤੇ ਹੋਰ ਸਮਾਨ ਬ੍ਰਾਮਦ

ਪਟਿਆਲਾ, 9 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਸਰਤਾਜ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀਆਂ ਹਵਾਲਾਤੀ ਸੁਖਪਾਲ ਸਿੰਘ ਵਾਸੀ ਪਿੰਡ ਜਯੋਤੀਸ਼ਾਹ ਥਾਣਾ ਸਦਰ ਪੱਟੀ ਜ਼ਿਲ੍ਹਾ ਤਰਨਤਾਰਨ, ਹਾਲ ਕੇਂਦਰੀ ਜੇਲ ਪਟਿਆਲਾ ਅਤੇ ਹਵਾਲਾਤੀ ਜਸ਼ਨਦੀਪ ਸਿੰਘ ਵਾਸੀ ਰਾਘੋ ਮਾਜਰਾ ਨੇੜੇ ਕੰਬੋਜ਼ ਧਰਮਸ਼ਾਲਾ ਥਾਣਾ ਕੋਤਵਾਲੀ ਪਟਿਆਲਾ, ਹਾਲ ਕੇਂਦਰੀ ਜੇਲ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਤਲਾਸ਼ੀ ਦੌਰਾਨ 10 ਨੰ. ਚੱਕੀਆਂ ਦੀ ਚੱਕੀ ਨੰ.7 ਦੀ ਅਚਨਚੇਤ ਤਲਾਸ਼ੀ ਕੀਤੀ ਗਈ ਤਲਾਸ਼ੀ ਦੌਰਾਨ ਹਵਾਲਾਤੀ ਸੁਖਪਾਲ ਸਿੰਘ ਦੀ ਲੋਅਰ ਵਿੱਚੋਂ 1 ਕੀਪੈਡ ਮੋਬਾਇਲ ਫੋਨ ਕੈਚੇਡਾ ਕੰਪਲ ਸਮੇਤ ਬੈਟਰੀ ਬਿਨ੍ਹਾਂ ਸਿਮ ਕਾਰਡ ਅਤੇ ਹਵਾਲਾਤੀ ਜਸ਼ਨਦੀਪ ਸਿੰਘ ਦੇ ਪਾਈ ਹੋਈ ਲੋਅਰ ਵਿੱਚੋਂ 1 ਟੱਚ ਮੋਬਾਇਲ ਫੋਨ ਰੈਡਮੀ ਕੰਪਨੀ ਅਤੇ ਇੱਕ ਸਿਮ ਬ੍ਰਾਮਦ ਹੋਇਆ। ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਗੁਰਦਿਆਲ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ ਪਟਿਆਲਾ ਨੇ ਕਥਿਤ ਦੋਸ਼ੀਆਂ ਹਵਾਲਾਤੀ ਸੁਖਪਾਲ ਸਿੰਘ ਵਾਸੀ ਪਿੰਡ ਜਯੋਤੀਸ਼ਾਹ ਥਾਣਾ ਸਦਰ ਪੱਟੀ ਜ਼ਿਲ੍ਹਾ ਤਰਨਤਾਰਨ, ਹਾਲ ਕੇਂਦਰੀ ਜੇਲ ਪਟਿਆਲਾ ਅਤੇ ਹਵਾਲਾਤੀ ਜਸ਼ਨਦੀਪ ਸਿੰਘ ਵਾਸੀ ਰਾਘੋ ਮਾਜਰਾ ਨੇੜੇ ਕੰਬੋਜ਼ ਧਰਮਸ਼ਾਲਾ ਹਾਲ ਕੇਂਦਰੀ ਜੇਲ ਪਟਿਆਲਾ, ਹਵਾਲਾਤੀ ਮਨੀਸ਼ ਵਾਸੀ ਗਲੀ ਨੰ. 2 ਗੁਰੂ ਤੇਗ ਬਹਾਦਰ ਕਲੋਨੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਬੈਰਕ ਨੰ. 5, 6 ਦੀ ਬੈਠਕ ਨੰ. 5-ਬੀ ਦੀ ਅਚਨਚੇਤ ਤਲਾਸ਼ੀ ਦੌਰਾਨ ਹਵਾਲਾਤੀ ਸੁਖਪਾਲ ਸਿੰਘ ਦੀ ਪਾਈ ਹੋਈ ਲੋਅਰ ਵਿੱਚੋਂ 1 ਟੱਚ ਮੋਬਾਇਲ ਫੋਨ ਔਪੋ ਕੰਪਨੀ ਸਮੇਤ ਸਿਮ ਕਾਰਡ ਬ੍ਰਾਮਦ ਹੋਇਆ ਪੁੱਛ ਪੜਤਾਲ ਤੋਂ ਪਤਾ ਲੱਗਾ ਕਿ ਹਵਾਲਾਤੀ ਜਸ਼ਨਦੀਪ ਸਿੰਘ ਅਤੇ ਹਵਾਲਾਤੀ ਮਨੀਸ਼ ਨਾਲ ਮਿਲ ਕੇ ਇਸ ਮੋਬਾਇਲ ਫੋਨ ਦੀ ਵਰਤੋਂ ਕਰਦੇ ਹਨ।

## ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਡਾਇਮੰਡ ਜੁਬਲੀ ਬੈਚਾਂ ਦਾ ਪੁਨਰ-ਮਿਲਨ



ਨਾਭਾ, 9 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ) : ਪੰਜਾਬ ਪਬਲਿਕ ਸਕੂਲ, ਨਾਭਾ ਵਿਖੇ ਬੀਤੇ ਮੰਗਲਵਾਰ ਨੂੰ 1963 ਅਤੇ 1964 ਬੈਚਾਂ ਦੇ ਡਾਇਮੰਡ ਜੁਬਲੀ ਰੀਯੂਨੀਅਨ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਉਨ੍ਹਾਂ ਉੱਘੇ ਸਾਬਕਾ ਵਿਦਿਆਰਥੀਆਂ ਨੂੰ ਇਕੱਠਾ ਕੀਤਾ ਗਿਆ ਜੋ ਆਪਣੇ ਸਕੂਲ ਵਿੱਚ ਵਾਪਸ ਆਏ ਸਨ ਅਤੇ ਪਿਆਰੀਆਂ ਯਾਦਾਂ ਨੂੰ ਮੁੜ ਜੋੜਨ, ਯਾਦ ਕਰਨ ਅਤੇ ਤਾਜ਼ਾ ਕਰਨ ਲਈ ਇਕੱਠੇ ਹੋਏ ਸਨ। ਸਕੂਲ ਪਹੁੰਚੇ ਪੁਰਾਣੇ ਵਿਦਿਆਰਥੀਆਂ ਵਿੱਚ ਵਾਈਸ ਐਡਮਿਰਲ ਜੇ.ਐਸ. ਬੇਦੀ, ਪੀਵੀਐਸਐਮ, ਯੂਵਾਈਐਸਐਮ, ਏਵੀਐਸਐਮ, ਵੀਐਸਐਮ, ਏਡੀਸੀ (ਸੇਵਾਮੁਕਤ), ਕਰਨਲ ਐਨ.ਐਨ. ਡੋਗਰਾ (ਸੇਵਾਮੁਕਤ), ਲੈਫਟੀਨੈਂਟ ਜਨਰਲ ਓ.ਪੀ. ਨੰਦਰਾਜੋਗ, ਪੀਵੀਐਸਐਮ, ਏਵੀਐਸਐਮ, ਵੀਐਸਐਮ, ਏਡੀਸੀ (ਸੇਵਾਮੁਕਤ), ਸ਼੍ਰੀ ਬੀ.ਐਸ. ਨਈਅਰ ਅਤੇ ਮੇਜਰ ਜਨਰਲ ਸੁਰੇਸ਼ਵਰ ਤਿਵਾੜੀ (ਸੇਵਾਮੁਕਤ), ਵਿੰਗ ਕਮਾਂਡਰ ਕੇ.ਐਨ. ਬਾਂਸਲ (ਸੇਵਾਮੁਕਤ), ਸ਼੍ਰੀ ਗੁਰਿੰਦਰ ਸਿੰਘ ਧਨੋਆ, ਆਈਪੀਐਸ (ਸੇਵਾਮੁਕਤ), ਵਿੰਗ ਕਮਾਂਡਰ ਰਵਿੰਦਰ ਖੰਨਾ (ਸੇਵਾਮੁਕਤ), ਸ਼੍ਰੀ ਅਨਿਲ ਲੂਥਰਾ, ਬ੍ਰਿਗੇਡੀਅਰ ਜੇ.ਐਸ. ਸੰਧੂ (ਸੇਵਾਮੁਕਤ), ਲੈਫਟੀਨੈਂਟ ਜਨਰਲ ਟੀ.ਕੇ. ਸਪਰੂ, ਪੀਵੀਐਸਐਮ, ਵਾਈਐਸਐਮ (ਸੇਵਾਮੁਕਤ) ਅਤੇ ਸ਼੍ਰੀ ਹਰਪ੍ਰੀਤ ਸਿੱਧੂ ਸ਼ਾਮਲ ਸਨ । ਸਾਬਕਾ ਵਿਦਿਆਰਥੀ ਸਵੇਰੇ ਜੂਨੀਅਰ ਵਿੰਗ ਕੈਂਪਸ ਪਹੁੰਚੇ, ਜਿੱਥੇ ਉਨ੍ਹਾਂ ਨੇ ਰਜਿਸਟ੍ਰੇਸ਼ਨ ਪੂਰੀ ਕੀਤੀ ਅਤੇ ਹੈੱਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਤੋਂ ਬਾਅਦ ਇੱਕ ਰਸਮੀ ਸਮੂਹ ਫੋਟੋ ਨੇ ਉਨ੍ਹਾਂ ਦੇ ਪੁਰਾਣੇ ਸਕੂਲ ਦੇ ਪੁਰਾਣੇ ਸਫ਼ਰ ਦੀ ਸ਼ੁਰੂਆਤ ਕੀਤੀ। ਦਿਨ ਦਾ ਸਭ ਤੋਂ ਦਿਲਚਸਪ ਹਿੱਸਾ ਸਕੂਲ ਆਡੀਟੋਰੀਅਮ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਸੀ। ਸਾਬਕਾ ਵਿਦਿਆਰਥੀਆਂ ਨੇ ਆਪਣੇ ਸ਼ੁਰੂਆਤੀ ਸਾਲਾਂ 'ਤੇ ਪਿਆਰ ਨਾਲ ਵਿਚਾਰ ਕੀਤਾ, ਪ੍ਰੇਰਨਾਦਾਇਕ ਅਨੁਭਵ ਸਾਂਝੇ ਕੀਤੇ ਅਤੇ ਕੀਮਤੀ ਜੀਵਨ ਸਬਕ ਪੇਸ਼ ਕੀਤੇ। ਸਮਾਰੋਹ ਦੌਰਾਨ, ਸਾਬਕਾ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਹੈੱਡਮਾਸਟਰ ਡਾ. ਡੀਸੀ ਸ਼ਰਮਾ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਦਿਨ ਦਾ ਸਮਾਪਨ ਹੈੱਡਮਾਸਟਰ ਗ੍ਰੀਨ ਵਿਖੇ ਇੱਕ ਰੁੱਖ ਲਗਾਉਣ ਦੀ ਰਸਮ ਨਾਲ ਹੋਇਆ, ਜੋ ਕਿ ਸਾਬਕਾ ਵਿਦਿਆਰਥੀਆਂ ਅਤੇ ਸਕੂਲ ਵਿਚਕਾਰ ਸਥਾਈ ਬੰਧਨ ਦਾ ਪ੍ਰਤੀਕ ਹੈ।

## ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਅਤੇ ਉਘੇ ਵਿਦਵਾਨ ਡਾ. ਅਮਰ ਕੋਮਲ ਦਾ ਦੇਹਾਂਤ

ਪਟਿਆਲਾ, 9 ਅਪ੍ਰੈਲ (ਚ.ਨ.ਸ.) ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਅਤੇ ਉਘੇ ਵਿਦਵਾਨ ਡਾ.ਅਮਰ ਕੋਮਲ (93) ਦਾ ਬੀਤੇ ਦਿਨੀਂ ਸਵੇਰੇ ਪਟਿਆਲਾ ਵਿਖੇ ਦੇਹਾਂਤ ਹੋ ਗਿਆ ਹੈ। ਉਨ੍ਹਾਂ ਦਾ ਸਸਕਾਰ ਬੀਤੇ ਦਿਨੀਂ ਬਡੂੰਗਰ ਸਮਸ਼ਾਨਘਾਟ ਵਿਖੇ ਬਾਦ ਦੁਪਹਿਰ ਕੀਤਾ ਗਿਆ। ਉਨ੍ਹਾਂ ਦੇ ਸਪੁੱਤਰ ਡਾ. ਸੰਜੀਵ ਕਾਲੀਆ ਅਤੇ ਪੋਤਰੇ ਡਾ. ਅੰਕਿਤ ਕਾਲੀਆ ਨੇ ਉਨ੍ਹਾਂ ਦੀ ਚਿਤਾ ਨੂੰ ਅਗਨੀ ਵਿਖਾਈ। ਡਾ. ਅਮਰ ਕੋਮਲ ਦੇ ਦਿਹਾਂਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪ ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਡਾ. ਕੋਮਲ ਪੰਜਾਬੀ ਮਾਂ ਬੋਲੀ ਤੇ ਸਾਹਿਤ ਦੇ ਨਿਸ਼ਕਾਮ ਸੇਵਕ ਸਨ ਅਤੇ ਉਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਨੂੰ ਕਈ ਪੁਸਤਕਾਂ ਲਿਖ ਕੇ ਅਤੇ ਫਿਰ ਯੂਨੀਵਰਸਿਟੀ ਨੂੰ ਆਪਣੀ ਨਿੱਜੀ ਲਾਇਬ੍ਰੇਰੀ ਭੇਟ ਕਰਕੇ ਯੂਨੀਵਰਸਿਟੀ ਦਾ ਮਾਣ ਵਧਾਇਆ। ਉਨ੍ਹਾਂ ਦੀ ਤਰਫ਼ੋਂ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਅਤੇ ਭਾਈ ਕਾਨ੍ਹ ਸਿੰਘ ਨਾਭਾ ਲਾਇਬ੍ਰੇਰੀ ਦੇ ਇੰਚਾਰਜ ਡਾ. ਅਮਿਤ ਮਿੱਤਲ ਨੇ ਮ੍ਰਿਤਕ ਦੇਹ ਉਪਰ ਸ਼ਾਲ ਨਾਲ ਅਦਬ ਸਤਿਕਾਰ ਭੇਂਟ ਕੀਤਾ। ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਪ੍ਰਧਾਨ ਡਾ. ਦਰਸ਼ਨ ਸਿੰਘ 'ਆਸ਼ਟ' ਨੇ ਕਿਹਾ ਕਿ ਡਾ.ਅਮਰ ਕੋਮਲ ਦੇ ਦਿਹਾਂਤ ਨਾਲ ਪੰਜਾਬੀ ਬਾਲ ਸਾਹਿਤ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾਂ ਦੇ ਸਸਕਾਰ ਮੌਕੇ ਪੰਜਾਬੀ ਸਾਹਿਤ ਸਭਾ ਪਟਿਆਲਾ ਦੇ ਸਰਪ੍ਰਸਤ ਬਾਬੂ ਸਿੰਘ ਰੈਹਲ, ਸੁਖਦੇਵ ਸਿੰਘ ਚਹਿਲ, ਦਵਿੰਦਰ ਪਟਿਆਲਵੀ, ਬਲਬੀਰ ਸਿੰਘ ਦਿਲਦਾਰ, ਨਵਦੀਪ ਸਿੰਘ ਮੁੰਡੀ ਆਦਿ ਤੋਂ ਇਲਾਵਾ ਡਾ. ਸਤੀਸ਼ ਕੁਮਾਰ ਵਰਮਾ,ਦਰਸ਼ਨ ਬੁੱਟਰ, ਸਹਾਇਕ ਡਾਇਰੈਕਟਰ ਤੇਜਿੰਦਰ ਸਿੰਘ ਗਿੱਲ, ਡਾ. ਹਰਪ੍ਰੀਤ ਸਿੰਘ ਰਾਣਾ, ਡਾ. ਅਮਰਜੀਤ ਕੌਂਕੇ, ਬਲਵਿੰਦਰ ਸਿੰਘ ਭੱਟੀ, ਅੰਮ੍ਰਿਤਪਾਲ ਸਿੰਘ ਸ਼ੈਦਾ, ਕੁਲਵੰਤ ਸਿੰਘ ਨਾਰੀਕੇ, ਬਲਵਿੰਦਰ ਸੰਧੂ, ਡਾ. ਕੁਲਦੀਪ ਸਿੰਘ ਦੀਪ,ਭਾਸ਼ੋ, ਡਾ. ਕੰਵਰ ਜਸਮਿੰਦਰ ਸਿੰਘ ਆਦਿ ਤੋਂ ਇਲਾਵਾ ਡਾ. ਅਮਰ ਕੋਮਲ ਦੇ ਸਕੇ ਸੰਬੰਧੀ ਅਤੇ ਵੱਡੀ ਗਿਣਤੀ ਵਿਚ ਹੋਰ ਲੇਖਕ ਅਤੇ ਵਿਦਿਆਰਥੀ ਆਦਿ ਸ਼ਾਮਿਲ ਸਨ।

## ਪਿੰਡ ਦੀਦਾਰਗੜ੍ਹ ਵਿਖੇ ਨਵੇਂ ਬਣੇ ਆਮ ਆਦਮੀ ਕਲੀਨਿਕ ਦਾ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਹੋਇਆ ਵੱਡਾ ਲਾਭ

### ਇਲਾਕੇ ਦੇ ਲੋਕ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ : ਡਾ. ਪਾਰੁਲ

ਸ਼ੇਰਪੁਰ, 9 ਅਪ੍ਰੈਲ (ਬਲਜੀਤ ਸਿੰਘ ਟਿੱਬਾ): ਸ਼ੇਰਪੁਰ ਬਲਾਕ ਦੇ ਪਿੰਡ ਦੀਦਾਰਗੜ੍ਹ ਵਿਖੇ ਪੰਜਾਬ ਸਰਕਾਰ ਦੁਆਰਾ ਖੋਲ੍ਹੇ ਗਏ ਆਮ ਆਦਮੀ ਕਲੀਨਿਕ ਵਿੱਚ ਸਿਹਤ ਸੇਵਾਵਾਂ ਲਈ ਵੱਡੀ ਸਹੂਲਤ ਪ੍ਰਾਪਤ ਹੋਈ ਹੈ ਅਤੇ ਉਨ੍ਹਾਂ ਦੇ ਸਮੇਂ ਅਤੇ ਪੈਸੇ ਦੀ ਵੀ ਬੱਚਤ ਹੋ ਰਹੀ ਹੈ। ਪਿੰਡ ਦੀਦਾਰਗੜ੍ਹ ਵਿਖੇ ਆਮ ਆਦਮੀ ਕਲੀਨਿਕ ਖੁੱਲਣ ਨਾਲ ਆਸ ਪਾਸ ਦੇ ਪਿੰਡਾਂ ਨੂੰ ਮੁਫਤ ਸਿਹਤ ਸਹੂਲਤਾਂ ਦਾ ਵੱਡਾ ਲਾਭ ਪ੍ਰਾਪਤ ਹੋਇਆ ਹੈ। ਜ਼ਿਕਰਯੋਗ ਹੈ ਕਿ ਇਸ ਕਲੀਨਿਕ ਦਾ ਉਦਘਾਟਨ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ 28 ਮਾਰਚ ਨੂੰ ਵਰਚੂਅਲ ਤਰੀਕੇ ਨਾਲ ਅਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸਰਪੰਚ ਕੁਲਦੀਪ ਸਿੰਘ ਦੁਆਰਾ ਕੀਤਾ ਗਿਆ ਸੀ। ਆਮ ਆਦਮੀ ਕਲੀਨਿਕ ਵਿੱਚ ਤਾਇਨਾਤ ਡਾ. ਪਾਰੁਲ ਨੇ ਦੱਸਿਆ ਕਿ ਕਲੀਨਿਕ ਵਿੱਚ ਰੋਜ਼ਾਨਾ ਵੱਡੀ ਗਿਣਤੀ ਵਿੱਚ ਮਰੀਜ਼ ਪਹੁੰਚ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਮਰੀਜ਼ਾਂ ਨੂੰ ਇੱਥੇ ਵਧੀਆ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਸਾਰੇ ਮਰੀਜ਼ਾਂ ਨੂੰ



ਗੁਣਵੱਤਾ ਯੁਕਤ ਸਿਹਤ ਸੇਵਾਵਾਂ ਦੇਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਦਾ ਮਰੀਜ਼ਾਂ ਨੂੰ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ ! ਉਨ੍ਹਾਂ ਨੇ ਹੋਰ ਦੱਸਿਆ ਕਿ ਆਮ ਆਦਮੀ ਕਲੀਨਿਕ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ, ਜਿਸ ਨਾਲ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋ ਰਿਹਾ ਹੈ। ਪਿੰਡ ਦੀਦਾਰਗੜ੍ਹ ਅਤੇ ਆਸ ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਵੱਡਾ ਲਾਭ ਹੋ ਰਿਹਾ ਹੈ, ਜਿੱਥੇ ਰੋਜ਼ਾਨਾ ਮਰੀਜ਼ ਆਪਣੇ ਟੈਸਟ ਕਰਵਾਉਣ ਅਤੇ ਬਿਮਾਰੀ ਦੀ ਦਵਾਈ ਲੈਣ ਲਈ ਪੁੱਜ ਰਹੇ ਹਨ। ਇਸ ਆਮ ਆਦਮੀ ਕਲੀਨਿਕ ਵਿੱਚ ਲੋਕਾਂ ਨੂੰ 107 ਤਰ੍ਹਾਂ ਦੀਆਂ ਮੁਫ਼ਤ ਦਵਾਈਆਂ ਅਤੇ 47 ਕਿਸਮ ਦੇ ਡਾਇਗਨੌਸਟਿਕ ਟੈਸਟ ਮੁਹੱਈਆ ਕਰਵਾਏ ਜਾਂਦੇ ਹਨ। ਇਸ ਮੌਕੇ ਸਟਾਫ ਮਨਜੀਤ ਕੌਰ ਸੀ ਏ, ਫਾਰਮੇਸੀ ਅਫ਼ਸਰ ਜਸਕਰਨ ਸਿੰਘ ਅਤੇ ਜਸਵੀਰ ਕੌਰ ਮੌਜੂਦ ਸਨ।



# ਪਟਿਆਲਾ-ਆਸ/ਪਾਸ



## ਹਡਾਣਾ ਵੱਲੋਂ ਸਨੌਰ ਅਨਾਜ ਮੰਡੀ ਵਿਖੇ ਕਣਕ ਦੀ ਖ਼ਰੀਦ ਪ੍ਰਕਿਰਿਆ ਦਾ ਆਗਾਜ਼, ਪ੍ਰਬੰਧਾਂ ਦਾ ਵੀ ਲਿਆ ਜਾਇਜ਼ਾ

### ➢ਤੈਅ ਸਮੇਂ ਅੰਦਰ ਅਦਾਇਗੀ ਲਈ ਵਚਨਬੱਧ : ਹਲਕਾ ਇੰਚਾਰਜ

ਦੇਵੀਗੜ੍ਹ ,9 ਅਪ੍ਰੈਲ (ਗੁਰਜੀਤ ਸਿੰਘ ਢੋਟ ) : ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਕੀਤੇ ਗਏ ਵਾਅਦੇ ਤਹਿਤ ਅੱਜ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਸਨੌਰ ਦੀਆਂ ਭੁੱਨਰਹੇੜੀ, ਦੇਵੀਗੜ੍ਹ, ਦੁੱਧਨਸਾਧਾਂ ਆਦਿ ਵੱਖ ਵੱਖ ਅਨਾਜ ਮੰਡੀਆਂ ਵਿਖੇ ਪਹੁੰਚ ਕੇ ਕਣਕ ਦੀ ਖ਼ਰੀਦ ਪ੍ਰਕਿਰਿਆ ਦੀ ਰਸਮੀ ਸ਼ੁਰੂਆਤ ਕਰਵਾਈ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਅਤੇ ਮੰਡੀ ਵਿੱਚ ਖ਼ਰੀਦ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਉਨ੍ਹਾਂ ਨਾਲ ਮਾਰਕੀਟ ਕਮੇਟੀ ਦੁੱਧਨਸਾਦਾਂ ਦੇ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਬਲਾਕ ਸੰਮਤੀ ਭੁੱਨਰਹੇੜੀ ਦੇ ਚੇਅਰਮੈਨ ਹੈਪੀ ਪਹਾੜੀਪੁਰ, ਵਾਈਸ ਚੇਅਰਮੈਨ ਸਿਮਰਨਜੀਤ ਸਿੰਘ ਸੋਹਲ, ਹਰਪ੍ਰੀਤ ਸਿੰਘ ਘੁਮਾਣ, ਗੁਰਪ੍ਰੀਤ ਸਿੰਘ ਗੋਪੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਇੰਸਪੈਕਟਰ ਵੇਅਰ ਹਾਊਸ ਲਖਵਿੰਦਰ ਸਿੰਘ, ਇੰਸਪੈਕਟਰ ਪਨਸਪ ਜਗਿੰਦਰ ਸਿੰਘ, ਇੰਸਪੈਕਟਰ ਪਨਗਰੇਨ ਕਿਰਨਦੀਪ, ਮੰਡੀ ਸੁਪਰਵਾਈਜ਼ਰ ਅਰੁਣਦੀਪ,ਪ੍ਰਧਾਨ ਅਨਾਜ ਮੰਡੀ ਸਨੌਰ ਰਜਤ ਕਪੂਰ, ਆੜ੍ਹਤੀ ਰਘਵੀਰ ਚੰਦ ਵਾਲੀਆ, ਵਿਨੋਦ ਗੋਇਲ, ਅਜੇ ਗੁਪਤਾ ,ਪਾਰਸ, ਸਚਿਨ ਤਾਇਲ, ਸੁਭਾਸ਼ ਚੰਦ, ਵਿਜੇ ਗੋਇਲ, ਗਗਨਦੀਪ, ਕਵਲਜੀਤ ਵਾਲੀਆ, ਨਿਤਿਨ ਗੋਇਲ ,ਮੁਨੀਸ਼, ਤਾਰਿਕ ਗੁਪਤਾ, ਗੌਰਵ ਸਿੰਘਲਾ, ਅਨਿਲ ਬੰਸਲ, ਅਸ਼ੋਕੀ, ਹਰਜਿੰਦਰ ਹਰੀਕਾ, ਅਮਰਦੀਪ ਰਨਵਾ ,ਮੋਨੂ ਗਰਗ ,ਮੁਨੀਸ਼ ਅਤੇ ਹੋਰ ਕਿਸਾਨ ਭਾਈਚਾਰਾ ਮੌਜੂਦ ਰਿਹਾ। ਰਣਜੋਧ ਸਿੰਘ ਹਡਾਣਾ ਨੇ ਦੁੱਧਨਸਾਦਾਂ ਮੰਡੀ ਵਿਖੇ ਖ਼ਰੀਦ ਪ੍ਰਕਿਰਿਆ ਦਾ ਨਿਰੀਖਣ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨੂੰ ਮੰਡੀ ਵਿੱਚ ਫ਼ਸਲ ਲਿਆਉਣ ਤੋਂ ਲੈ ਕੇ ਚੁਕਾਈ ਤੱਕ ਕੋਈ ਮੁਸ਼ਕਲ ਨਹੀਂ ਆਉਣੀ ਚਾਹੀਦੀ। ਉਨ੍ਹਾਂ ਪੀਣ ਵਾਲੇ ਪਾਣੀ, ਬਿਜਲੀ, ਸਾਫ਼-ਸਫ਼ਾਈ ਅਤੇ ਕਿਸਾਨਾਂ ਦੇ ਬੈਠਣ ਲਈ ਕੀਤੇ ਗਏ ਪ੍ਰਬੰਧਾਂ ਦੀ ਖ਼ੁਦ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਕਿਸਾਨਾਂ ਦੇ ਖ਼ੂਨ-ਪਸੀਨੇ ਦੀ ਕਮਾਈ ਦਾ ਇੱਕ-ਇੱਕ ਦਾਣਾ ਚੁੱਕਣ ਲਈ ਪੂਰੀ ਤਰ੍ਹਾਂ ਤਿਆਰ ਹੈ। ਹਡਾਣਾ ਨੇ ਇਸ ਮੌਕੇ ਸਬੰਧਤ ਅਧਿਕਾਰੀਆਂ ਨਾਲ ਖ਼ਰੀਦ ਕਾਰਜਾਂ ਵਿੱਚ ਤੇਜ਼ੀ ਲਿਆਉਣ ਬਾਰੇ ਚਰਚਾ ਵੀ ਕੀਤੀ। ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਵੀ ਵਿਸ਼ਵਾਸ ਦਿਵਾਇਆ ਕਿ ਉਹ ਕਿਸਾਨਾਂ ਦੀ ਸਹੂਲਤ ਲਈ ਪ੍ਰਸ਼ਾਸਨਿਕ ਕੰਮਾਂ ਦਾ ਪੂਰਾ ਸਹਿਯੋਗ ਕਰਨਗੇ। ਹਡਾਣਾ ਨੇ ਅਖੀਰ ਵਿੱਚ ਕਿਹਾ ਕਿ 2026 ਦੀ ਇਹ ਖ਼ਰੀਦ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਵੇਗੀ ਅਤੇ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੀ ਤੇ ਤੁਰੰਤ ਅਦਾਇਗੀ ਯਕੀਨੀ ਬਣਾਈ ਜਾਵੇਗੀ।

## ਹਰਚੰਦ ਸਿੰਘ ਬਰਸਟ ਨੇ ਸਮਾਣਾ ਦੀ ਅਨਾਜ ਮੰਡੀ ਵਿਖੇ ਕਰੋੜਾਂ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ

### ➢ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਕਣਕ ਦੀ ਖ਼ਰੀਦ ਕਰਵਾਈ ਸ਼ੁਰੂ



ਸਮਾਣਾ, 9 ਅਪ੍ਰੈਲ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਮੰਡੀਆਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਧੁਨਿਕ ਤਕਨੀਕਾਂ ਨਾਲ ਜੋੜਨ ਅਤੇ ਕਿਸਾਨਾਂ ਦੀ ਸਹੂਲਤ ਲਈ ਵਿਸ਼ੇਸ਼ ਪੱਧਰ 'ਤੇ ਕਾਰਜ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅਨਾਜ ਮੰਡੀ, ਸਮਾਣਾ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਉਦਘਾਟਨ ਕੀਤਾ ਗਿਆ, ਜਿਸਦੀ ਕੁੱਲ ਲਾਗਤ ਕਰੀਬ 4 ਕਰੋੜ ਰੁਪਏ ਹੈ। ਇਸਦੇ ਨਾਲ ਹੀ ਸ. ਬਰਸਟ ਨੇ ਕਣਕ ਦੀ ਸਰਕਾਰੀ ਖਰੀਦ ਵੀ ਸ਼ੁਰੂ ਕਰਵਾਈ ਅਤੇ ਮੰਡੀ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜਾ ਲਿਆ। ਸਮਾਗਮ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਮੰਡੀਆਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਬਣਾਇਆ ਜਾ ਰਿਹਾ ਹੈ, ਤਾਂ ਜੋ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਮੰਡੀਆਂ ਵਿੱਚ ਆਉਣ ਵਾਲੇ ਹੋਰ ਲੋਕਾਂ ਨੂੰ ਚੰਗੀਆਂ ਸਹੂਲਤਾਂ ਮਿਲ ਸਕਣ ਅਤੇ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ। ਪੰਜਾਬ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਮਾਣਾ ਮੰਡੀ ਵਿਖੇ ਸਟੀਲ ਕਵਰ ਸ਼ੈਡ ਦਾ ਕੰਮ ਪੂਰਾ ਹੋ ਚੁੱਕਾ ਹੈ, ਜਿਸ ਨਾਲ ਬਾਰਿਸ਼ ਅਤੇ ਖਰਾਬ ਮੌਸਮ ਦੌਰਾਨ ਕਿਸਾਨਾਂ ਦੀ ਫਸਲ ਨੂੰ ਭਿੱਜਣ ਤੋਂ ਬਚਾਇਆ ਜਾ ਸਕੇਗਾ। ਇਸਦੇ ਨਾਲ ਹੀ ਮੰਡੀ ਵਿੱਚ ਰੂਫ਼ ਟੌਪ ਸੋਲਰ ਪਾਵਰ ਪਲਾਂਟ ਵੀ ਲਗਾਇਆ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆਂ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ। ਇਸ ਮੌਕੇ ਸਤਨਾਮ ਸਿੰਘ ਚੀਮਾ ਪ੍ਰਧਾਨ ਸਬਜੀ ਮੰਡੀ ਸਮਾਣਾ, ਸੰਦੀਪ ਗਰਗ ਸਾਬਕਾ ਪ੍ਰਧਾਨ ਅਨਾਜ ਮੰਡੀ ਸਮਾਣਾ, ਨਰਿੰਦਰ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਮਾਣਾ, ਤਰਸੇਮ ਗੋਇਲ ਸਾਬਕਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਮਾਣਾ, ਐਡਵੋਕੇਟ ਗੁਲਜਾਰ ਸਿੰਘ ਵਿਰਕ ਸੰਗਠਨ ਇੰਚਾਰਜ ਹਲਕਾ ਸਮਾਣਾ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਅਸ਼ੋਕ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਜਸਬੀਰ ਸਿੰਘ ਜ਼ਿਲ੍ਹਾ ਪਰਿਸ਼ਦ ਮੈਂਬਰ, ਦਲਬਾਰਾ ਸਿੰਘ ਬਲਾਕ ਸਮੰਤੀ ਮੈਂਬਰ, ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਹਜਾਰੀ ਲਾਲ ਜੌਹਰੀ, ਸ਼ੰਕਰ ਜਿੰਦਲ, ਵੀਰ ਦਵਿੰਦਰ ਸਿੰਘ ਸਰਪੰਚ ਖੇੜੀ ਭੀਮਾ, ਰਾਮ ਸਿੰਘ ਸਰਪੰਚ ਫਤਿਹਪੁਰ, ਜੱਸੀ ਸਰਪੰਚ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਜਵੀਰ ਸਰਪੰਚ ਬਲਮਗੜ੍ਹ, ਸਰਬਜੀਤ ਸਿੰਘ ਸਰਪੰਚ ਗਾਜੇਵਾਸ, ਸੋਮੀ ਸਰਪੰਚ ਤਰਖਾਣ ਮਾਜਰਾ, ਜਤਿੰਦਰ ਸਿੰਘ ਸਰਪੰਚ ਗੁਰੂ ਨਾਨਕ ਨਗਰ, ਜਗਸੀਰ ਸਿੰਘ ਸਰਪੰਚ ਗੁਰੂ ਤੇਗ ਬਹਾਦਰ ਨਗਰ, ਜੋਨੀ ਗਰਗ ਸਕੱਤਰ ਮਾਰਕਿਟ ਕਮੇਟੀ ਪਟਿਆਲਾ ਸਮੇਤ ਮੰਡੀ ਬੋਰਡ ਦੇ ਅਧਿਕਾਰੀ, ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਰਹੇ।

## ਸਨੌਰ ਮੰਡੀ 'ਚ ਕਣਕ ਦੀ ਖਰੀਦ ਲਈ ਵਧੀਆ ਪ੍ਰਬੰਧ : ਸਿਰਸਵਾਲ



ਪਟਿਆਲਾ, 9 ਅਪ੍ਰੈਲ (ਦੀਪਕ ਜੈਦਕਾ) : ਸਨੌਰ ਮੰਡੀ ਵਿੱਚ ਕਣਕ ਦੀ ਖਰੀਦ ਦੀ ਸ਼ੁਰੂਆਤ ਅਸ਼ੋਕ ਸਿਰਸਵਾਲ, ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ ਵੱਲੋਂ ਕਰਵਾਈ ਗਈ। ਉਨ੍ਹਾਂ ਮੌਕੇ 'ਤੇ ਪਹੁੰਚ ਕੇ ਖਰੀਦ ਸੰਬੰਧੀ ਤਿਆਰੀਆਂ ਦਾ ਜਾਇਜ਼ਾ ਲਿਆ। ਇਸ ਮੌਕੇ ਸਵਿੰਦਰ ਧਨੰਜੈ, ਮੈਂਬਰ ਬ੍ਰਾਹਮਣ ਪਲਾਈ ਬੋਰਡ, ਮਾਰਕੀਟ ਕਮੇਟੀ ਦੇ ਮੁਲਾਜ਼ਮ, ਕਿਸਾਨ, ਆੜ੍ਹਤੀਆ ਅਤੇ ਮਜ਼ਦੂਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਕਣਕ ਦੀ ਖਰੀਦ ਲਈ ਸੁਚੱਜੇ ਅਤੇ ਸੁਵਿਧਾਜਨਕ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਮੰਡੀ ਵਿੱਚ ਸਫਾਈ, ਪੀਣ ਵਾਲੇ ਪਾਣੀ, ਬੈਠਣ ਦੀ ਸਹੂਲਤ ਅਤੇ ਛਾਂ ਆਦਿ ਦੇ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਹਨ। ਚੇਅਰਮੈਨ ਸਿਰਸਵਾਲ ਨੇ ਦੱਸਿਆ ਕਿ ਸਰਕਾਰ ਵੱਲੋਂ ਨਿਰਧਾਰਤ ਕੀਮਤਾਂ ਅਨੁਸਾਰ ਕਣਕ ਦੀ ਖਰੀਦ ਅਤੇ ਭੁਗਤਾਨ ਸਮੇਂ ਸਿਰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਮੰਡੀ ਵਿੱਚ ਆਉਣ ਵਾਲੀ ਹਰ ਫ਼ਸਲ ਦੀ ਸੁਚਾਰੂ ਢੰਗ ਨਾਲ ਖਰੀਦ ਕੀਤੀ ਜਾਵੇ। ਅਖੀਰ ਵਿੱਚ ਉਨ੍ਹਾਂ ਨੇ ਮੰਡੀਆਂ ਦੇ ਸਾਰੇ ਸਟਾਫ ਨੂੰ ਨਿਰਦੇਸ਼ ਦਿੱਤੇ ਕਿ ਕਿਸਾਨਾਂ ਨਾਲ ਸਨਮਾਨਜਨਕ ਵਿਵਹਾਰ ਕੀਤਾ ਜਾਵੇ ਅਤੇ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸੁਚਾਰੂ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਦਾ ਭਰੋਸਾ ਹੋਰ ਮਜ਼ਬੂਤ ਹੋ ਸਕੇ।

## ਡੀ.ਜੀ.ਪੀ. ਅਰਪਿਤ ਸ਼ੁਕਲਾ ਵੱਲੋਂ ਤਾਇਕਵਾਂਡੋ ਕੈਲੰਡਰ ਰਿਲੀਜ਼



ਪਟਿਆਲਾ, 9 ਅਪ੍ਰੈਲ (ਚ.ਨ.ਸ.) : ਤਾਇਕਵਾਂਡੋ ਖੇਡ ਨੂੰ ਸਮਰਪਿਤ ਕੈਲੰਡਰ ਪਟਿਆਲਵੀ ਕੋਚ ਸਤਵਿੰਦਰ ਸਿੰਘ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਪੰਜਾਬ ਤਾਇਕਵਾਂਡੋ ਐਸੋਸੀਏਸ਼ਨ ਦੇ ਪ੍ਰਧਾਨ ਅਰਪਿਤ ਸ਼ੁਕਲਾ ਆਈਪੀਐਸ ਸਪੈਸ਼ਲ ਡੀਜੀਪੀ ਪੰਜਾਬ ਪੁਲਿਸ ਨੇ ਰਿਲੀਜ਼ ਕੀਤਾ ਅਤੇ ਉਹਨਾਂ ਨੇ ਕੋਚ ਸਤਵਿੰਦਰ ਸਿੰਘ ਨੂੰ ਵਧਾਈਆਂ ਦਿੰਦੇ ਹੋਏ ਕਿਹਾ ਕਿ ਸਤਵਿੰਦਰ ਸਿੰਘ ਨੇ ਸੱਚਮੁੱਚ ਪੰਜਾਬ ਤਾਇਕਵਾਂਡੋ ਖੇਡ ਨੂੰ ਵਡਮੁੱਲੀ ਦੇਣ ਦਿੱਤੀ ਹੈ। ਜਿਸ ਨੇ ਇਸ ਖੇਡ ਦਾ ਪ੍ਰਚਾਰ ਵੀ ਕੀਤਾ। ਇਸ ਮੌਕੇ ਤੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ਼ਿਵ ਪ੍ਰਕਾਸ਼ ਸ਼ੁਕਲਾ, ਟੈਕਨੀਕਲ ਡਾਇਰੈਕਟਰ ਸ਼ਿਵ ਕੁਮਾਰ ਮਹਾਰਾਜਾ ਰਣਜੀਤ ਸਿੰਘ ਅਵਾਰਡੀ, ਪ੍ਰੈਸ ਸੈਕਟਰੀ ਨਿਖਿਲ ਹੰਸ, ਅਤੇ ਆਫਿਸ ਸੈਕਟਰੀ ਹਰਮੀਤ ਸਿੰਘ ਵੀ ਮੌਜੂਦ ਰਹੇ।

## ਵਿਸ਼ਵ ਸਿਹਤ ਦਿਵਸ ਨਾਲ ਸਬੰਧਤ ਸੈਮੀਨਾਰ ਕਰਵਾਇਆ



ਪਟਿਆਲਾ, 9 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ ਆਫ਼ ਐਜੂਕੇਸ਼ਨ, ਪਟਿਆਲਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਕਾਲਜ ਕੈਂਪਸ ਵਿੱਚ ਜ਼ਿਲ੍ਹਾ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਸਹਿਯੋਗ ਨਾਲ ਵਿਸ਼ਵ ਸਿਹਤ ਦਿਵਸ ਅਤੇ ਪੋਸ਼ਣ ਪਖਵਾੜਾ ਨਾਲ ਸਬੰਧਤ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸਾਲ ਦੇ ਵਿਸ਼ਵ ਸਿਹਤ ਦਿਵਸ ਦਾ ਥੀਮ 'Together for Health, Stand with Science' ਰੱਖਿਆ ਗਿਆ। । ਇਸ ਮੌਕੇ ਡਾ.ਕਿਰਨਪ੍ਰੀਤ ਕੌਰ (ਮੈਡੀਕਲ ਅਫ਼ਸਰ,ਪਟਿਆਲਾ) ਇਸ ਪ੍ਰੋਗਰਾਮ ਦੇ ਮੁੱਖ ਵਕਤਾ ਰਹੇ । ਉਹਨਾਂ ਨੇ 'ਚੰਗੀ ਜੀਵਨ ਸ਼ੈਲੀ' ਅਤੇ 'ਸੰਤੁਲਿਤ ਭੋਜਨ' ਬਾਰੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ। ਕਾਲਜ ਪ੍ਰਿੰਸੀਪਲ, ਡਾ.ਹਰਮੀਤ ਕੌਰ ਆਨੰਦ ਨੇ ਮੁੱਖ ਵਕਤਾ ਨੂੰ ਰਸਮੀ ਤੌਰ 'ਤੇ 'ਜੀ ਆਇਆਂ' ਕਹਿੰਦੇ ਹੋਏ ਕਿਹਾ ਕਿ ਚੰਗੀ ਸਿਹਤ ਸਾਡੀ ਚੰਗੀ ਜੀਵਨ ਸ਼ੈਲੀ ਦੀ ਦੇਣ ਹੈ। ਵਧੀਆ ਜੀਵਨ ਸ਼ੈਲੀ ਸਾਨੂੰ ਬਹੁਤ ਸਾਰੀਆਂ ਬਿਮਾਰੀਆਂ ਤੋਂ ਰੋਕਥਾਮ ਕਰਨ ਵਿੱਚ ਸਹਾਈ ਹੁੰਦੀ ਹੈ। ਡਾ ਕਿਰਨਪ੍ਰੀਤ ਕੌਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਹ ਸਾਡੇ ਸਰੀਰਾਂ ਲਈ ਬਹੁਤ ਹੀ ਮਹੱਤਵਪੂਰਨ ਗੱਲ ਹੈ ਕਿ ਅਸੀਂ ਉਸ ਤਰ੍ਹਾਂ ਦੀ ਜੀਵਨ ਸ਼ੈਲੀ ਨੂੰ ਅਪਨਾਈਏ ਜੋ ਸਾਡੇ ਸਰੀਰ ਲਈ ਉਚਿੱਤ ਹੋਵੇ। ਪ੍ਰੋਗਰਾਮ ਦੇ ਅੰਤ ਵਿੱਚ ਡਾ.ਗੁਰਵਿੰਦਰ ਕੌਰ (ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ) ਨੇ ਮੁੱਖ ਵਕਤਾ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਰਿਹਾ।

## ਗੜ੍ਹੇਮਾਰੀ ਨਾਲ ਨੁਕਸਾਨੀ ਫ਼ਸਲ ਲਈ ਤੁਰੰਤ ਮੁਆਵਜ਼ਾ ਜਾਰੀ ਕਰੇ ਸਰਕਾਰ : ਰਾਜਵੰਤ ਕੌਰ



ਦੇਵੀਗੜ੍ਹ, 9 ਅਪ੍ਰੈਲ (ਗੁਰਜੀਤ ਸਿੰਘ ਢੋਟ ) : ਗੜੇਮਾਰੀ ਨਾਲ ਨੁਕਸਾਨੀ ਕਿਸਾਨਾਂ ਦੀ ਫਸਲ ਦਾ ਤੁਰੰਤ ਮੁਆਵਜ਼ਾ ਜਾਰੀ ਕਰੇ ਸਰਕਾਰ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਨੌਰ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੀ ਸੀਨੀਅਰ ਆਗੂ ਰਾਜਵੰਤ ਕੌਰ ਘੜਾਮ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਨੇ ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਹੋ ਰਹੀ ਬੇਮੌਸਮੀ ਬਾਰਿਸ਼ ਅਤੇ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਨੂੰ ਹੋਏ ਭਾਰੀ ਨੁਕਸਾਨ 'ਤੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਹਜ਼ਾਰਾਂ ਏਕੜ ਵਿੱਚ ਖੜੀ ਪੱਕੀ ਕਣਕ ਦੀ ਫ਼ਸਲ ਮੁਕੰਮਲ ਤੌਰ 'ਤੇ ਬਰਬਾਦ ਹੋ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਝਟਕਾ ਲੱਗਿਆ ਹੈ। ਰਾਜਵੰਤ ਕੌਰ ਘੜਾਮ ਨੇ ਸੂਬਾ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਪ੍ਰਭਾਵਿਤ ਇਲਾਕਿਆਂ ਵਿੱਚ ਤੁਰੰਤ ਵਿਸ਼ੇਸ਼ ਗਿਰਦਵਰੀ ਕਰਵਾ ਕੇ ਘੱਟੋ-ਘੱਟ 50,000 ਰੁਪਏ ਤੋਂ ਵੱਧ ਪ੍ਰਤੀ ਏਕੜ ਮੁਆਵਜ਼ਾ ਕਿਸਾਨਾਂ ਨੂੰ ਦਿੱਤਾ ਜਾਵੇ ਤਾਂ ਜੋ ਉਹਨਾਂ ਦੀ ਆਰਥਿਕ ਸਥਿਤੀ ਨੂੰ ਸੁਧਾਰਿਆ ਜਾ ਸਕੇ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਪੰਜਾਬ ਦੇ ਕਿਸਾਨਾਂ ਦੀ ਮਦਦ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕੀਤਾ ਜਾਵੇ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਕਿਸਾਨ ਦੇਸ਼ ਨੂੰ ਅਨਾਜ ਵਿੱਚ ਆਤਮਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ, ਇਸ ਲਈ ਇਸ ਸੰਕਟ ਵੇਲੇ ਉਨ੍ਹਾਂ ਦੀ ਮਦਦ ਕਰਨਾ ਸਰਕਾਰਾਂ ਦੀ ਜ਼ਿੰਮੇਵਾਰੀ ਵੀ ਬਣਦੀ ਹੈ।

## ਪੰਜਾਬ ਨੰਬਰਦਾਰ ਐਸੋਸੀਏਸ਼ਨ (ਗਾਲਿਬ) ਦੀ ਮਹੀਨਾਵਾਰ ਮੀਟਿੰਗ

### ➢ਐਸ.ਡੀ.ਐਮ. ਸਮਾਣਾ ਰਾਹੀਂ ਪ੍ਰਿੰਸੀਪਲ ਸੈਕਟਰੀ ਮਾਲ ਵਿਭਾਗ ਨੂੰ ਭੇਜਿਆ ਮੰਗ ਪੱਤਰ



ਸਮਾਣਾ, 9 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ ਤਹਿਸੀਲ ਸਮਾਣਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਬਲਵਿੰਦਰ ਸਿੰਘ ਟੋਡਰਪੁਰ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਨੰਬਰਦਾਰ ਸਹਿਬਾਨ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ ਗਈ ਅਤੇ ਕਈ ਮੁੱਦਿਆਂ ਦਾ ਮੌਕੇ 'ਤੇ ਹੀ ਹੱਲ ਵੀ ਕੀਤਾ ਗਿਆ। ਮੀਟਿੰਗ ਵਿੱਚ ਇੱਕ ਮਤਾ ਪਾਸ ਕਰਦੇ ਹੋਏ ਫੈਸਲਾ ਲਿਆ ਗਿਆ ਕਿ ਪੰਜਾਬ ਨੰਬਰਦਾਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਅਤੇ ਸੂਬਾ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤਹਿਸੀਲ ਸਮਾਣਾ ਵੱਲੋਂ ਮੰਗ ਪੱਤਰ ਐਸ.ਡੀ.ਐਮ. ਸਮਾਣਾ ਰਾਹੀਂ ਪ੍ਰਿੰਸੀਪਲ ਸੈਕਟਰੀ, ਮਾਲ ਵਿਭਾਗ ਨੂੰ ਭੇਜਿਆ ਗਿਆ ਹੈ। ਇਸ ਮੌਕੇ ਐਸ.ਡੀ.ਐਮ. ਸਮਾਣਾ ਸ੍ਰੀਮਤੀ ਰਿਚਾ ਗੋਇਲ ਨੇ ਭਰੋਸਾ ਦਿਵਾਇਆ ਕਿ ਮੰਗ ਪੱਤਰ ਨੂੰ ਉੱਚ ਅਧਿਕਾਰੀਆਂ ਤੱਕ ਜਲਦ ਪਹੁੰਚਾਇਆ ਜਾਵੇਗਾ। ਇਸ ਸਬੰਧੀ ਮੰਗਾਂ ਰੱਖਦਿਆਂ ਕਿਹਾ ਗਿਆ ਕਿ ਨੰਬਰਦਾਰਾਂ ਦਾ ਮਾਣਭੱਤਾ ਵਧਾ ਕੇ ਘੱਟੋ-ਘੱਟ ਪੰਜ ਹਜ਼ਾਰ ਰੁਪਏ ਕੀਤਾ ਜਾਵੇ, ਬੱਸ ਕਿਰਾਇਆ, ਟੋਲ ਟੈਕਸ ਅਤੇ ਪਾਰਕਿੰਗ ਫੀਸ ਮੁਆਫ਼ ਕੀਤੀ ਜਾਵੇ।ਇਸ ਤੋਂ ਇਲਾਵਾ ਮੰਗ ਕੀਤੀ ਗਈ ਕਿ ਨੰਬਰਦਾਰ ਦੀ ਮੌਤ ਤੋਂ ਬਾਅਦ ਉਸ ਦੇ ਪੁੱਤਰ ਨੂੰ ਬਿਨਾਂ ਸ਼ਰਤ ਨੰਬਰਦਾਰ ਨਿਯੁਕਤ ਕੀਤਾ ਜਾਵੇ, ਤਹਿਸੀਲ ਕੰਪਲੈਕਸ ਵਿੱਚ ਨੰਬਰਦਾਰਾਂ ਲਈ ਬੈਠਕ ਕਮਰੇ ਅਲਾਟ ਕੀਤੇ ਜਾਣ ਅਤੇ ਹਰਿਆਣਾ ਸਰਕਾਰ ਦੀ ਤਰਜ਼ 'ਤੇ ਨੰਬਰਦਾਰਾਂ ਲਈ ਪੰਜ ਲੱਖ ਰੁਪਏ ਦਾ ਬੀਮਾ ਅਤੇ ਹੋਰ ਸਹੂਲਤਾਂ ਦਿੱਤੀਆਂ ਜਾਣ। ਕੇਵਾਈਸੀ ਅਤੇ ਆਨਲਾਈਨ ਮੈਪਿੰਗ ਲਈ ਮੋਬਾਈਲ ਫੋਨ ਅਤੇ ਨੈੱਟ ਪੈਕ ਮੁਹੱਈਆ ਕਰਵਾਉਣ ਦੀ ਮੰਗ ਵੀ ਕੀਤੀ ਗਈ। ਮੀਟਿੰਗ ਵਿੱਚ ਇਹ ਵੀ ਜ਼ੋਰ ਦਿੱਤਾ ਗਿਆ ਕਿ ਨੰਬਰਦਾਰਾਂ ਨੂੰ ਜ਼ਿਲ੍ਹਾ ਅਤੇ ਤਹਿਸੀਲ ਪੱਧਰ ਦੀਆਂ ਸ਼ਿਕਾਇਤ ਨਿਵਾਰਨ ਕਮੇਟੀਆਂ ਵਿੱਚ ਯੋਗ ਪ੍ਰਤਿਨਿਧਿਤਾ ਦਿੱਤੀ ਜਾਵੇ। ਐਸੋਸੀਏਸ਼ਨ ਨੇ ਪੰਜਾਬ ਸਰਕਾਰ ਤੋਂ ਉਮੀਦ ਜਤਾਈ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰਦੇ ਹੋਏ ਜਲਦ ਪੂਰਾ ਕੀਤਾ ਜਾਵੇਗਾ। ਇਸ ਮੌਕੇ ਬੇਅੰਤ ਸਿੰਘ, ਹਰਜੀਤ ਸਿੰਘ ਕਮਾਸਪੁਰ, ਜਗਤਾਰ ਸਿੰਘ ਚੁੱਪਕੀ, ਗੁਰਮੇਲ ਸਿੰਘ ਕਮਾਲਪੁਰ, ਗੁਰਪ੍ਰੀਤ ਸਿੰਘ ਘੱਗਰੋਲੀ, ਅਮਨਦੀਪ ਸਿੰਘ, ਨਵਦੀਪ ਸਿੰਘ ਬੜੈਚਾਂ, ਅਮ੍ਰਿਤਪਾਲ ਸਿੰਘ ਮਿਆਲਾ, ਭਗਵੰਤ ਸਿੰਘ ਖਾਨਪੁਰ, ਕੰਧਾਰਾ ਸਿੰਘ ਅਚਰਾਲਾਂ, ਭੂਪਿੰਦਰ ਸਿੰਘ ਬਦਨਪੁਰ, ਤਰਨਜੀਤ ਸਿੰਘ ਕੋਟਲਾ, ਸੁਰਿੰਦਰ ਸਿੰਘ ਬੜੈਚਾਂ, ਹਰਿੰਦਰਜੀਤ ਸਿੰਘ ਦੁੱਲੜ, ਜਗਤਾਰ ਸਿੰਘ ਕੁਲਾਰਾਂ, ਸਤਿੰਦਰਪਾਲ ਸਿੰਘ, ਬਹਾਦਰ ਸਿੰਘ ਖਾਨਪੁਰ, ਅਵਤਾਰ ਸਿੰਘ ਦੋਦੜਾ, ਗੁਰਪਿਆਰ ਸਿੰਘ ਕੋਟਲੀ, ਨਛੱਤਰ ਸਿੰਘ ਦੋਦੜਾ ਸਮੇਤ ਕਈ ਨੰਬਰਦਾਰ ਸਹਿਬਾਨ ਹਾਜ਼ਰ ਸਨ।

## ਕਣਕ ਦੀ ਖ਼ਰੀਦ ਸਮੇਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮੌਕੇ ਸੰਧੂ ਵੱਲੋਂ ਸ਼ਮੂਲੀਅਤ

ਦੇਵੀਗੜ੍ਹ, 9 ਅਪ੍ਰੈਲ (ਗੁਰਜੀਤ ਸਿੰਘ ਢੋਟ) : ਆੜ੍ਹਤੀ ਐਸੋਸੀਏਸ਼ਨ ਦੁਧਨਸਾਧਾਂ ਵੱਲੋਂ ਹਾੜ੍ਹੀ ਦੇ ਸੀਜ਼ਨ ਦੀ ਸ਼ੁਰੂਆਤ ਵੇਲੇ ਅਨਾਜ ਮੰਡੀ ਦੁਧਨਸਾਧਾਂ ਵਿੱਖੇ ਰਖਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਸੰਬੋਧਨ ਕਰਦਿਆਂ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਿਟਿਡ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਸਮੂਹ ਆੜ੍ਹਤੀ, ਕਿਸਾਨ, ਮਜ਼ਦੂਰ, ਟਰੱਕ ਅਪਰੇਟਰਾਂ ਨੂੰ ਸੀਜਨ ਸ਼ੁਰੂ ਹੋਣ 'ਤੇ ਵਧਾਈ ਦਿੱਤੀ । ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨੀ ਵਾਸਤੇ ਪਹਿਲਾਂ ਹੀ ਬਹੁਤ ਸਾਰੇ ਉਪਰਾਲੇ ਕਰ ਰਹੀ ਹੈ ਜਿਵੇਂ ਕਿ ਰਾਜਬਾਹਿਆਂ ਨੂੰ ਪੱਕਾ ਕਰਨਾ, ਖੇਤਾਂ ਨੂੰ ਨਹਿਰੀ ਪਾਣੀ ਲੱਗਦਾ ਕਰਨਾ , ਮੋਟਰਾਂ ਲਈ ਦਿਨ ਵਿੱਚ ਬਿਜਲੀ ਮੁਹੱਈਆ ਕਰਾਉਣਾ ਸਰਕਾਰ ਦੇ ਸ਼ਲਾਘਾਯੋਗ ਉਪਰਾਲੇ ਹਨ । ਸੰਧੂ ਨੇ ਕਿਹਾ ਕਿ ਉਹਨਾਂ ਦਾ ਵਿਭਾਗ ਕਨਵੇਅਰ ਅਤੇ ਪੰਜਾਬ ਵੇਅਰਹਾਊਸ ਦਾ ਰਿਸ਼ਤਾ ਬਹੁਤ ਕਰੀਬੀ ਵਾਲਾ ਹੈ, ਸੋ ਜਿੱਥੇ ਕਿਤੇ ਵੇਅਰਹਾਊਸ ਦੇ ਖਰੀਦ ਕੇਂਦਰ ਹੋਣਗੇ, ਉੱਥੇ ਉਹ ਪੂਰੀ ਜ਼ਿੰਮੇਵਾਰੀ ਨਾਲ ਕਿਸਾਨਾਂ ਦੀ ਜਿਣਸ ਚੁਕਵਾਉਣ ਲਈ ਉਪਰਾਲੇ ਕਰਨਗੇ ।



## ਸੜਕ ਸੁਰੱਖਿਆ ਫੋਰਸ ਰੋਜ਼ਾਨਾਂ ਬਚਾਅ ਰਹੀ ਹੈ ਕੀਮਤੀ ਜਾਨਾਂ : ਗਗਨ ਅਜੀਤ ਸਿੰਘ



ਮਲੇਰਕੋਟਲਾ, 9 ਅਪ੍ਰੈਲ (ਬਲਜੀਤ ਸਿੰਘ ਟਿੱਬਾ) :ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਲਈ ਲਗਾਤਾਰ ਕਦਮ ਚੁੱਕ ਰਹੀ ਹੈ। ਸੜਕ ਹਾਦਸਿਆਂ ਦੌਰਾਨ ਜ਼ਖ਼ਮੀਆਂ ਨੂੰ ਤੁਰੰਤ ਮਦਦ ਅਤੇ ਕੀਮਤੀ ਜਾਨਾਂ ਬਚਾਉਣ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਸੂਬੇ ਭਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਇਹ ਜਾਣਕਾਰੀ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ.) ਮਾਲੇਰਕੋਟਲਾ ਗਗਨ ਅਜੀਤ ਸਿੰਘ ਵੱਲੋਂ ਸਾਂਝੀ ਕੀਤੀ ਗਈ। ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਦੱਸਿਆ ਕਿ ਸੜਕ ਸੁਰੱਖਿਆ ਫੋਰਸ ਦੇ ਕਾਰਜਸ਼ੀਲ ਹੋਣ ਨਾਲ ਸੜਕ ਹਾਦਸਿਆਂ ਦੌਰਾਨ ਤੁਰੰਤ ਮਦਦ ਮੁਹੱਈਆ ਕਰਵਾਉਣ ਵਿੱਚ ਕਾਫ਼ੀ ਸੁਧਾਰ ਆਇਆ ਹੈ। ਉਨ੍ਹਾਂ ਕਿਹਾ ਕਿ ਐਸ.ਐਸ.ਐਫ. ਦੀਆਂ ਟੀਮਾਂ ਹਾਈਵੇਅ ਅਤੇ ਮੁੱਖ ਸੜਕਾਂ 'ਤੇ ਲਗਾਤਾਰ ਗਸ਼ਤ ਕਰਦੀਆਂ ਰਹਿੰਦੀਆਂ ਹਨ ਅਤੇ ਜਿਵੇਂ ਹੀ ਕਿਸੇ ਹਾਦਸੇ ਜਾਂ ਐਮਰਜੈਂਸੀ ਸਥਿਤੀ ਬਾਰੇ ਜਾਣਕਾਰੀ ਮਿਲਦੀ ਹੈ, ਟੀਮ ਤੁਰੰਤ ਮੌਕੇ 'ਤੇ ਪਹੁੰਚ ਕੇ ਜ਼ਖ਼ਮੀਆਂ ਨੂੰ ਮੁਢਲੀ ਸਹਾਇਤਾ ਮੁਹੱਈਆ ਕਰਵਾਉਂਦੀ ਹੈ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਤੁਰੰਤ ਨਜ਼ਦੀਕੀ ਹਸਪਤਾਲ ਤੱਕ ਵੀ ਪਹੁੰਚਾਉਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਹੁਣ ਤੱਕ ਕੁੱਲ 527 ਸੜਕ ਦੁਰਘਟਨਾਵਾਂ ਮੌਕੇ 'ਤੇ ਪਹੁੰਚ ਕੇ ਸਹਾਇਤਾ ਪ੍ਰਦਾਨ ਕੀਤੀ ਗਈ ਹੈ ਅਤੇ ਕਈ ਗੰਭੀਰ ਰੂਪ ਵਿੱਚ ਜ਼ਖ਼ਮੀ ਵਿਅਕਤੀਆਂ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।ਐਸ.ਐਸ.ਪੀ. ਨੇ ਕਿਹਾ ਕਿ ਸੜਕ ਹਾਦਸਿਆਂ ਦੌਰਾਨ ਪਹਿਲੇ ਕੁਝ ਮਿੰਟ ਬਹੁਤ ਹੀ ਅਹਿਮ ਹੁੰਦੇ ਹਨ ਅਤੇ ਸਮੇਂ ਸਿਰ ਮਿਲੀ ਮਦਦ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਸੜਕ ਸੁਰੱਖਿਆ ਫੋਰਸ ਇਸ ਮਕਸਦ ਨੂੰ ਧਿਆਨ ਵਿੱਚ ਰੱਖਦਿਆਂ ਲਗਾਤਾਰ ਲੋਕਾਂ ਦੀ ਸੇਵਾ ਵਿੱਚ ਤਤਪਰ ਹੈ।

## ਗੁਰਭਜਨ ਸਿੰਘ ਲਚਕਾਣੀ ਵੱਲੋਂ ਚੇਅਰਮੈਨ ਜਗਜੀਤ ਸਿੰਘ ਸੱਗੂ ਦਾ ਸਨਮਾਨ



ਪਟਿਆਲਾ, 9 ਅਪ੍ਰੈਲ (ਚ.ਨ.ਸ.) : ਹਰਜੀਤ ਸਿੰਘ ਰਾਮਗੜ੍ਹੀਆ ਦੀ ਅਗਵਾਈ ਹੇਠ ਅਤੇ ਚੇਅਰਮੈਨ ਦੇ ਨਿਸ਼ਾ-ਨਿਰਦੇਸ਼ ਹੇਠ ਰਾਮਗੜ੍ਹੀਆ ਅਕਾਲ ਜੱਥੇਬੰਦੀ ਪੰਜਾਬ ਵੱਲੋਂ ਨਿਯੁਕਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਜਗਜੀਤ ਸਿੰਘ ਸੱਗੂ ਵੱਲੋਂ ਨਿਯੁਕਤੀ ਪੱਤਰ ਅਤੇ ਸਿਰੋਪਾਓ ਭੇਟ ਕਰਕੇ ਆਗੂਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਜ਼ੋਨ 35 ਪਟਿਆਲਾ ਦੇ ਪ੍ਰਧਾਨ ਸ. ਗੁਰਭਜਨ ਸਿੰਘ ਲਚਕਾਣੀ , ਪਟਿਆਲਾ ਦੇਹਾਤੀ ਦੇ ਪ੍ਰਧਾਨ ਹਰਪ੍ਰੀਤ ਸਿੰਘ ਭੰਮਰਾ ਅਤੇ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਸੁਰਿੰਦਰ ਸਿੰਘ ਜੰਡੂ ਅਤੇ ਨਾਭਾ ਦੇ ਪ੍ਰਧਾਨ ਸ. ਤਰਸਵੀਰ ਸਿੰਘ ਸਮੇਤ ਕਈ ਹੋਰ ਪ੍ਰਮੁੱਖ ਆਗੂ ਮੌਜੂਦ ਰਹੇ। ਸਮਾਗਮ ਦੌਰਾਨ ਸ. ਗੁਰਭਜਨ ਸਿੰਘ ਲਚਕਾਣੀ ਵੱਲੋਂ ਚੇਅਰਮੈਨ ਜਗਜੀਤ ਸਿੰਘ ਸੱਗੂ ਦਾ ਸਨਮਾਨ ਕੀਤਾ ਗਿਆ।

*ਮਾਮਲਾ ਮੋਰਚੇ ਦੌਰਾਨ ਕਿਸਾਨ ਦੀ ਹੋਈ ਮੌਤ ਦਾ*

## ਕਿਸਾਨ ਦੇ ਪੁੱਤਰ ਨੂੰ ਦਿੱਤਾ 5 ਲੱਖ ਦਾ ਚੈਕ, ਨੌਕਰੀ ਤੇ ਕਰਜ਼ਾ ਮੁਆਫ਼ ਕਰਨ ਦਾ ਭਰੋਸਾ ਦੇ ਕੇ ਧਰਨਾ ਖ਼ਤਮ ਕਰਵਾਇਆ



ਸਮਾਣਾ, 9 ਅਪ੍ਰੈਲ (ਵਿਜੇ ਕੁਮਾਰ/ਜਵੰਦਾ/ਅਮਿਤ) : ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਲੱਗੇ ਧਰਨੇ ਦੌਰਾਨ ਕਿਸਾਨ ਆਗੂਆਂ ਨਾਲ ਮਿਲ ਕੇ ਧਰਨਾ ਸਮਾਪਤ ਕੀਤਾ। ਬਾਬਾ ਬੰਦਾ ਸਿੰਘ ਬਹਾਦਰ ਚੌਕ 'ਚ ਇਹ ਧਰਨਾ ਲਗਭਗ ਡੇਢ ਮਹੀਨੇ ਤੱਕ ਚੱਲ ਰਿਹਾ ਸੀ, ਜਿਸ ਵਿੱਚ ਦੂਰ-ਨੇੜਿਓਂ ਕਾਫੀ ਲੋਕ ਸ਼ਾਮਿਲ ਹੋਏ ਸਨ। ਪਿਛਲੇ ਦਿਨੀਂ ਧਰਨੇ ਦੌਰਾਨ ਮੋਰਚੇ ਵਿੱਚ ਸ਼ਾਮਿਲ ਬਜ਼ੁਰਗ ਕਿਸਾਨ ਗੋਬਿੰਦ ਸਿੰਘ (70 ਸਾਲ) ਪਿੰਡ ਚੱਠਾ ਨਨਹੇੜਾ ਦਾ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਕਿਸਾਨ ਆਗੂਆਂ ਨੇ ਮ੍ਰਿਤਕ ਕਿਸਾਨ ਦੇ ਪਰਿਵਾਰ ਲਈ ਮਦਦ ਦੀ ਮੰਗ ਕੀਤੀ ਸੀ। ਇਸ ਮੌਕੇ ਵਿਧਾਇਕ ਚੇਤਨ ਸਿੰਘ ਨੇ ਮੁੱਖ ਮੰਤਰੀ ਰਿਲੀਫ਼ ਫੰਡ ਤੋਂ 5 ਲੱਖ ਰੁਪਏ ਦਾ ਚੈੱਕ ਮ੍ਰਿਤਕ ਕਿਸਾਨ ਦੇ ਪਰਿਵਾਰ ਨੂੰ ਹੱਥੋਂ ਹੱਥ ਦਿੱਤਾ। ਉਨ੍ਹਾਂ ਨੇ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਅਤੇ ਕਰਜ਼ਾ ਮਾਫ ਕਰਨ ਦਾ ਐਲਾਨ ਵੀ ਕੀਤਾ। ਧਰਨੇ ਦੌਰਾਨ ਐਸ.ਡੀ.ਐਮ. ਰਿਚਾ ਗੋਇਲ, ਡੀ.ਐਸ.ਪੀ. ਫਤਹਿ ਸਿੰਘ ਬਰਾੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਰਹੇ। ਵਿਧਾਇਕ ਦੇ ਇਹ ਕਦਮ ਕਿਸਾਨਾਂ ਅਤੇ ਸਮਾਜ ਵਿੱਚ ਸਮਰਥਨ ਅਤੇ ਸੁਖ-ਸਹੂਲਤ ਪ੍ਰਦਾਨ ਕਰਨ ਵਾਲੇ ਤਰੀਕੇ ਵਜੋਂ ਦੇਖੇ ਗਏ। ਇਸ ਘਟਨਾ ਦੇ ਬਾਅਦ ਧਰਨੇ ਦਾ ਸਮਾਪਨ ਹੋ ਗਿਆ।

## ਚੌਥਾ ਵਿਸ਼ਾਲ ਕੀਰਤਨ ਦਰਬਾਰ ਭਲਕੇ

ਸਮਾਣਾ, 9 ਅਪ੍ਰੈਲ (ਵਿਜੇ ਕੁਮਾਰ) : ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਨੌਜਵਾਨ ਸੁਸਾਇਟੀ ਵੱਲੋਂ 11 ਅਪ੍ਰੈਲ ਨੂੰ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਚੌਥਾ ਵਿਸ਼ਾਲ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸੰਦੀਪ ਸਿੰਘ ਖਾਲਸਾ ਨੇ ਦੱਸਿਆ ਕਿ ਸਥਾਨਕ ਨਾਈਆਂ ਮੁਹੱਲਾ ਨੇੜੇ ਦਫਤਰ ਨਗਰ ਕੌਂਸਲ ਸਮਾਣਾ ਵਿਖੇ 11 ਅਪ੍ਰੈਲ ਦਿਨ ਸ਼ੁਕਰਵਾਰ ਨੂੰ ਸ਼ਾਮ ਸਾਢੇ 6 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰੈਣ ਸਬਾਈ ਕੀਰਤਨ ਦਰਬਾਰ ਸਜਾਇਆ ਜਾਵੇਗਾ, ਜਿਸ ਵਿਚ ਭਾਈ ਜਗਨਜੋਤ ਸਿੰਘ, ਭਾਈ ਲਵਜੋਤ ਸਿੰਘ,ਗਰਨੂਰ ਸੰਗੀਤ ਅਕੈਡਮੀ ਸਮਾਣਾ ਤੋਂ ਇਲਾਵਾ ਅਖੰਡ ਕੀਰਤਨੀਆਂ ਜਥੇ ਵੱਲੋਂ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।

## ਵਿਸ਼ਵ ਨਵਕਾਰ ਮਹਾਂਮੰਤਰ ਦਿਵਸ 'ਤੇ ਮਹਾਂਮੰਤਰ ਜਾਪ ਕਰਵਾਇਆ

ਸਮਾਣਾ, 9 ਅਪ੍ਰੈਲ (ਵਿਜੇ ਕੁਮਾਰ) : ਵਿਸ਼ਵ ਨਵਕਾਰ ਮਹਾਂਮੰਤਰ ਦਿਵਸ ਦੇ ਮੌਕੇ 'ਤੇ ਐਸ. ਐਸ. ਜੈਨ ਸਭਾ ਸਮਾਣਾ ਵੱਲੋਂ ਪ੍ਰਧਾਨ ਮਨਿੰਦਰ ਜੈਨ ਮਨੀ ਅਤੇ ਮਹਿਲਾ ਸੰਘ ਦੀ ਪ੍ਰਧਾਨ ਮੀਨਾਕਸ਼ੀ ਜੈਨ ਦੀ ਅਗਵਾਈ ਹੇਠ ਵਿਸ਼ਵ ਸ਼ਾਂਤੀ ਦੀ ਭਾਵਨਾ ਨਾਲ ਨਵਕਾਰ ਮਹਾਮੰਤਰ ਜਾਪ ਦਾ ਆਯੋਜਨ ਕੀਤਾ ਗਿਆ। ਸਥਾਨਕ ਜੈਨ ਸਥਾਨਕ ਵਿੱਚ ਆਯੋਜਿਤ ਇਸ ਮਹਾਮੰਤਰ ਜਾਪ ਦੌਰਾਨ ਪੰਚ ਪਰਮੇਸ਼ਠੀ ਦੇ ਮਾਧਿਅਮ ਰਾਹੀਂ ਅਰਿਹੰਤ ਪ੍ਰਭੂ, ਸਿੱਧ ਪ੍ਰਭੂ, ਅਚਾਰੀਆ ਭਗਵੰਤ, ਉਪਾਧਿਆਇ ਅਤੇ ਵਿਸ਼ਵ ਦੇ ਸਮੂਹ ਸਾਧੂਆਂ ਨੂੰ ਨਮਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਮਰਦਾਂ ਨੇ ਸਾਮਾਇਕ ਤਪੱਸਿਆ ਦੀ ਅਰਾਧਨਾ ਕਰਦਿਆਂ ਮਹਾਮੰਤਰ ਦਾ ਜਾਪ ਕੀਤਾ। ਸੰਸਥਾ ਦੇ ਜਨਰਲ ਸਕੱਤਰ ਰਾਜੇਸ਼ ਜੈਨ ਹੀਰਾ ਨੇ ਕਿਹਾ ਕਿ ਨਵਕਾਰ ਮਹਾਮੰਤਰ ਸਿਰਫ਼ ਇੱਕ ਮੰਤਰ ਨਹੀਂ, ਸਗੋਂ ਸਾਡੀ ਆਸਥਾ ਦਾ ਕੇਂਦਰ ਹੈ। ਇਸ ਨਾਲ ਮਨ ਸ਼ਾਂਤ ਅਤੇ ਸਥਿਰ ਹੁੰਦਾ ਹੈ। ਜੈਨ ਧਰਮ ਦੇ ਸਿਧਾਂਤਾਂ ਅਹਿੰਸਾ, ਅਪਰਿਗ੍ਰਹਿ ਅਤੇ ਦਇਆ ਵਿੱਚ ਹੀ ਅੱਜ ਦੇ ਯੁੱਧ, ਅੱਤਵਾਦ ਅਤੇ ਵਾਤਾਵਰਣ ਦੀਆਂ ਚੁਣੌਤੀਆਂ ਦਾ ਹੱਲ ਛੁਪਿਆ ਹੋਇਆ ਹੈ। ਇਸ ਮੌਕੇ 'ਤੇ ਸੁਰਿੰਦਰ ਜੈਨ ਮਿੰਟਾ, ਰਮੇਸ਼ ਕੁਮਾਰ, ਨਿਲੇਸ਼ ਕੁਮਾਰ, ਅਰੁਣ ਕਾਲਾ, ਯਸ਼ਪਾਲ, ਪ੍ਰਦੀਪ ਕੁਮਾਰ, ਨੀਲਮ ਜੈਨ, ਊਸ਼ਾ ਜੈਨ, ਰਚਨਾ ਜੈਨ, ਕਿਰਨ ਜੈਨ ਸਮੇਤ ਸੰਘ ਦੇ ਹੋਰ ਸੀਨੀਅਰ ਮੈਂਬਰ ਵੀ ਹਾਜ਼ਰ ਸਨ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 9 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਨੇ ਲਵਲੀ ਕੁਮਾਰ ਵਾਸੀ ਗਲੀ ਨੰ. 1 ਮੁਹੱਲਾ ਵਾਲਮਿਕ ਤ੍ਰਿਪੜੀ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ।ਐਸ.ਆਈ ਗੁਰਜਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਲੇਬਰ ਚੌਂਕ ਮੋੜ ਡੀ.ਐਲ.ਐਫ ਕਲੋਨੀ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਦੋਸ਼ੀ ਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ।

## ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਿੰਡ ਰੂੜਕੀ ਕਲਾਂ ਵਿਖੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ



ਅਮਰਗੜ੍ਹ, 9 ਅਪ੍ਰੈਲ (ਗੁਰਮੀਤ ਮੰਨਵੀਂ/ਲਵਦੀਪ ਮੰਨਵੀਂ) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ ਮਾਲੇਰਕੋਟਲਾ ਵੱਲੋਂ ਅੱਜ ਪਿੰਡ ਰੁੜਕੀ ਕਲਾਂ ਅਤੇ ਰੂੜਕੀ ਖੁਰਦ ਵਿੱਚ ਕਰਾਪ ਰੇਜਿਡਿਊ ਮੈਨੇਜਮੈਂਟ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮਕਸਦ ਕਿਸਾਨਾਂ ਨੂੰ ਕਣਕ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਰੋਕਣਾ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਖੇਤੀਬਾੜੀ ਵਿਭਾਗ ਦੇ ਏ.ਡੀ.ਓ. ਡਾ. ਲਾਜਿੰਦਰ ਸਿੰਘ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਫਸਲੀ ਅਵਸ਼ੇਸ਼ਾਂ ਨੂੰ ਅੱਗ ਲਗਾਉਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਮਿੱਟੀ ਵਿੱਚ ਮੌਜੂਦ ਲਾਭਦਾਇਕ ਜੀਵਾਣੂ ਨਸ਼ਟ ਹੋ ਜਾਂਦੇ ਹਨ। ਇਸ ਦੇ ਨਾਲ ਹੀ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ ਅਤੇ ਧੂੰਏਂ ਕਾਰਨ ਮਨੁੱਖੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਸਾੜਨ ਦੀ ਬਜਾਏ ਖੇਤਾਂ ਵਿੱਚ ਹੀ ਮਸ਼ੀਨਰੀ ਦੀ ਮਦਦ ਨਾਲ ਮਿੱਟੀ ਵਿੱਚ ਮਿਲਾਇਆ ਜਾਵੇ, ਜਿਸ ਨਾਲ ਮਿੱਟੀ ਦੀ ਸਿਹਤ ਸੁਧਰਦੀ ਹੈ ਅਤੇ ਅਗਲੀ ਫਸਲ ਲਈ ਲਾਭਕਾਰੀ ਤੱਤ ਪ੍ਰਾਪਤ ਹੁੰਦੇ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਯੂਰੀਆ ਖਾਦ ਦੀ ਜ਼ਿਆਦਾ ਵਰਤੋਂ ਵੀ ਫਸਲ ਅਤੇ ਮਿੱਟੀ ਦੋਵਾਂ ਲਈ ਨੁਕਸਾਨਦਾਇਕ ਹੈ। ਇਸ ਲਈ ਕਿਸਾਨ ਮਿੱਟੀ ਦੀ ਜਾਂਚ ਦੇ ਅਧਾਰ 'ਤੇ ਹੀ ਖਾਦਾਂ ਦੀ ਵਰਤੋਂ ਕਰਨ ਤਾਂ ਜੋ ਖਰਚ ਘਟਾਇਆ ਜਾ ਸਕੇ ਅਤੇ ਉਤਪਾਦਨ ਵਿੱਚ ਵਾਧਾ ਕੀਤਾ ਜਾ ਸਕੇ। ਕੈਂਪ ਦੌਰਾਨ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਫਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ 'ਤੇ ਸਬਸਿਡੀ ਦਿੱਤੀ ਜਾ ਰਹੀ ਹੈ। ਚਾਹਵਾਨ ਕਿਸਾਨ ਮਸ਼ੀਨਰੀ ਲਈ ਆਨਲਾਈਨ ਅਰਜ਼ੀਆਂ 24 ਅਪ੍ਰੈਲ 2026 ਤੱਕ ਦੇ ਸਕਦੇ ਹਨ ਅਤੇ ਕਿਸਾਨਾਂ ਨੂੰ ਇਸ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਵੀ ਕੀਤਾ । ਇਸ ਮੌਕੇ ਮੌਜੂਦ ਕਿਸਾਨਾਂ ਨੇ ਖੇਤੀਬਾੜੀ ਵਿਭਾਗ ਵੱਲੋਂ ਲਗਾਏ ਗਏ ਜਾਗਰੂਕਤਾ ਕੈਂਪ ਦੀ ਪ੍ਰਸ਼ੰਸਾ ਕੀਤੀ ।

## ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਤਾਰ ਸਿੰਘ ਸਰਾਭਾ ਯਾਦਗਾਰੀ ਸਮਾਗਮ 23 ਮਈ ਨੂੰ

ਪਟਿਆਲਾ, 9 ਅਪ੍ਰੈਲ (ਰੁਪਾਣਾ/ਦੀਪਕ ਜੈਦਕਾ) : ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਿਤ ਸਮਾਗਮ 23 ਮਈ ਉਨ੍ਹਾਂ ਦੇ ਪਿੰਡ ਸਰਾਭਾ ਵਿਖੇ ਕਰਵਾਇਆ ਜਾਵੇ। 16 ਸਾਲ ਦੀ ਉਮਰ ਵਿੱਚ ਕਰਤਾਰ ਸਿੰਘ ਸਰਾਭਾ ਕੈਲੀਫੋਰਨੀਆ ਦੀ ਬਰਕਲੇ ਯੂਨੀਵਰਸਿਟੀ ਵਿਚ ਰਸਾਇਣ ਵਿਗਿਆਨ ਦੀ ਪੜ੍ਹਾਈ ਕਰਨ ਗਿਆ ਪਰ ਬਾਬਾ ਸੋਹਣ ਸਿੰਘ ਭਕਨਾ 'ਤੇ ਲਾਲਾ ਹਰਦਿਆਲ ਦੇ ਸੰਪਰਕ ਕਾਰਨ ਉਹ ਦੇਸ਼ ਨੂੰ ਆਜ਼ਾਦ ਕਰਾਉਣ ਦੇ ਜਜ਼ਬੇ ਨਾਲ ਰੰਗਿਆ ਗਿਆ ਅਤੇ ਗਦਰ ਪਾਰਟੀ ਦਾ ਤੇਜ਼ ਤਰਾਰ ਜਰਨੈਲ ਬਣ ਗਿਆ। ਉਹ ਪੰਜਾਬ ਦਾ ਸਭ ਤੋਂ ਛੋਟੀ ਉਮਰ ਦਾ (ਸ਼ਾਇਦ ਪਹਿਲਾ ਵੀ) ਪੱਤਰਕਾਰ ਸੀ ਜੋ ਆਪਣੇ ਅਖ਼ਬਾਰ ਲਈ ਨਾ ਕੇਵਲ ਲਿਖਦਾ ਸਗੋਂ ਰਾਤਾਂ ਨੂੰ ਕੰਪੋਜ ਕਰਦਾ, ਹੱਥੀਂ ਪ੍ਰੈਸ ਗੇੜ ਕੇ ਇਸ ਦੀ ਛਪਾਈ ਕਰਦਾ ਅਤੇ ਥਾਉਂ ਥਾਈਂ ਪਹੁੰਚਾਉਂਦਾ। ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਦੇਸ਼ ਦੀ ਆਜ਼ਾਦੀ ਲਈ 19 ਸਾਲ ਦੀ ਉਮਰ ਵਿੱਚ ਫਾਂਸੀ ਚੜ੍ਹਨ ਵਾਲੇ ਕਰਤਾਰ ਸਿੰਘ ਸਰਾਭਾ ਦਾ 24 ਮਈ 2026 ਐਤਵਾਰ ਨੂੰ ਜਨਮ ਦਿਨ ਆ ਰਿਹਾ ਹੈ। ਸਰਾਭਾ ਪਿੰਡ ਵਾਸੀਆਂ ਵੱਲੋਂ ਉਸਦੇ ਜਨਮ ਦਿਨ 'ਤੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਪਾ ਕੇ ਉਸ ਨੂੰ ਸਾਨੂੰ ਯਾਦ ਕੀਤਾ ਜਾਣਾ ਹੈ। ਭਾਸ਼ਾ ਵਿਭਾਗ ਪੰਜਾਬ ਵੱਲੋਂ 23 ਮਈ 2026 ਸ਼ਨੀਵਾਰ ਨੂੰ ਪਿੰਡ ਸਰਾਭਾ ਵਿਖੇ ਵਿਸ਼ੇਸ਼ ਸਮਾਗਮ ਕੀਤੇ ਜਾਣ ਦੀ ਤਜਵੀਜ਼ ਹੈ । ਸਭ ਨੂੰ 23 ਮਈ 2026 ਨੂੰ ਸਵੇਰੇ 10 ਵਜੇ ਪਿੰਡ ਸਰਾਭਾ ਵਿਖੇ ਪਹੁੰਚਣ ਦਾ ਸੱਦਾ ਹੈ। ਸਮਾਗਮ ਵਿੱਚ ਵਿੱਚ ਭਾਗ ਲੈਣ ਦੇ ਚਾਹਵਾਨ ਵਿਦਵਾਨ, ਕਵੀ, ਅਤੇ ਵਿਦਿਆਰਥੀ ਭਾਸ਼ਾ ਵਿਭਾਗ ਦੇ ਖੋਜ ਅਫ਼ਸਰ ਡਾ: ਸੁਖਦਰਸ਼ਨ ਸਿੰਘ ਚਹਿਲ (97795 90575) ਅਤੇ ਜ਼ਿਲ੍ਹਾ ਭਾਸ਼ਾ ਅਫਸਰ ਸ੍ਰੀ ਡਾ: ਸੰਦੀਪ ਸ਼ਰਮਾ (88720 00423) ਨਾਲ ਸੰਪਰਕ ਕਰਨ। ਸਭ ਨੂੰ 23 ਮਈ 2026 ਨੂੰ ਸਵੇਰੇ 10 ਵਜੇ ਪਿੰਡ ਸਰਾਭਾ ਵਿਖੇ ਪਹੁੰਚਣ ਦਾ ਸੱਦਾ ਹੈ।